ਸੋਮਵਾਰ, 17 ਅਗਸਤ, 2026
1 ਭਾਦੋਂ { ਨਾਨਕਸ਼ਾਹੀ 558
ਬਿਕਰਮੀ 2083
ਜਿਲਦ/VOL. : 75
ਅੰਕ/NO. : 76

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 17 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਹਰਿਆਣਾ ਸਰਕਾਰ ਦਾ ਕਿਸਾਨ ਪ੍ਰੇਮ...



**ਚੰਡੀਗੜ੍ਹ** : ਹਰਿਆਣਾ ਪੁਲਸ ਨੇ ਕਿਸਾਨਾਂ ਨੂੰ ਰਾਜਧਾਨੀ ਵੱਲ ਵਧਣ ਤੋਂ ਰੋਕਣ ਲਈ ਖਨੌਰੀ ਚੈੱਕਪੋਸਟ 'ਤੇ ਭਾਰੀ ਬੈਰੀਕੇਡਿੰਗ ਕਰ ਦਿੱਤੀ ਹੈ। ਇਨ੍ਹਾਂ ਵਿੱਚ ਕੰਕਰੀਟ ਦੇ ਬਲਾਕ ਤੇ ਜ਼ੰਜੀਰਾਂ ਨਾਲ ਬੰਨ੍ਹੇ ਲੋਹੇ ਦੇ ਪਿੰਜਰੇ ਸ਼ਾਮਲ ਹਨ। ਐੱਮ ਐੱਸ ਪੀ ਦੀ ਗਰੰਟੀ ਲੈਣ ਲਈ ਕਿਸਾਨ-ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰਸਿਆਸੀ) ਦੇ ਬੈਨਰ ਹੇਠ ਸੈਂਕੜੇ ਕਿਸਾਨ ਐਤਵਾਰ ਸਰਹੱਦ 'ਤੇ ਇਕੱਠੇ ਹੋਏ, ਪਰ ਉਨ੍ਹਾਂ ਨੂੰ ਪੰਜਾਬ ਵਾਲੇ ਪਾਸੇ ਹੀ ਰੋਕ ਲਿਆ ਗਿਆ। ਖਨੌਰੀ ਬਾਰਡਰ ਪੰਜਾਬ ਅਤੇ ਹਰਿਆਣਾ ਨੂੰ ਜੋੜਨ ਵਾਲਾ ਇੱਕ ਅਹਿਮ ਰੂਟ ਹੈ, ਜਿਸ ਕਾਰਨ ਇੱਥੇ ਲਗਾਈਆਂ ਗਈਆਂ ਰੋਕਾਂ ਦਾ ਅਸਰ ਦੋਵਾਂ ਸੂਬਿਆਂ ਵਿਚਾਲੇ ਆਵਾਜਾਈ 'ਤੇ ਪੈਣਾ ਲਾਜ਼ਮੀ ਹੈ। ਪ੍ਰਸ਼ਾਸਨ ਨੇ ਯਾਤਰੀਆਂ ਨੂੰ ਚੌਕਸ ਰਹਿਣ ਅਤੇ ਬਦਲਵੇਂ ਰੂਟ ਵਰਤਣ ਦੀ ਸਲਾਹ ਦਿੱਤੀ ਹੈ।

ਦੂਜੇ ਪਾਸੇ ਕਿਸਾਨਾਂ ਨੇ ਸਾਫ ਕਰ ਦਿੱਤਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸੰਘਰਸ਼ ਜਾਰੀ ਰਹੇਗਾ।

# ਮੋਬਾਇਲ ਤੇ ਆਧਾਰ ਨੰਬਰ ਮੰਗਣ 'ਤੇ ਮਾਹਰ ਚਿੰਤਤ

**ਨਵੀਂ ਦਿੱਲੀ (ਨ ਜ਼ ਸ)**

ਕਈ ਜਨਤਕ ਨੀਤੀ ਮਾਹਰਾਂ ਨੇ ਜਨਗਣਨਾ ਗਣਨਾਕਾਰਾਂ ਨਾਲ ਨਿੱਜੀ ਜਾਣਕਾਰੀ, ਜਿਵੇਂ ਕਿ ਮੋਬਾਈਲ ਤੇ ਆਧਾਰ ਨੰਬਰ ਅਤੇ ਮਾਪਿਆਂ ਦੇ ਵੇਰਵੇ ਸਾਂਝੇ ਕਰਨ ਦੀ ਲੋੜ 'ਤੇ ਸਵਾਲ ਉਠਾਏ ਹਨ, ਜੋ ਕਿ ਵਿਸ਼ਾਲ ਅਤੇ ਸੰਵੇਦਨਸ਼ੀਲ ਡੇਟਾ ਪੂਲ ਦੀ ਰੱਖਿਆ ਦੀ ਚੁਣੌਤੀ ਨੂੰ ਉਜਾਗਰ ਕਰਦੇ ਹਨ।

ਭਾਰਤ ਦੇ ਰਜਿਸਟਰਾਰ ਜਨਰਲ ਨੇ 2027 ਦੀ ਮਰਦਮਸ਼ੁਮਾਰੀ ਲਈ 40-ਆਈਟਮਾਂ ਵਾਲੀ ਪ੍ਰਸ਼ਨਾਵਲੀ ਜਾਰੀ ਕੀਤੀ ਹੈ, ਜਿਸ ਵਿੱਚ 2011 ਦੀ ਮਰਦਮਸ਼ੁਮਾਰੀ ਦੇ ਮੁਕਾਬਲੇ 13 ਨਵੇਂ ਖੇਤਰ ਸ਼ਾਮਲ ਹਨ। ਸਰਕਾਰ ਵੱਲੋਂ ਮੰਗੀ ਗਈ ਵਾਧੂ ਜਾਣਕਾਰੀ ਵਿੱਚ ਮਾਪਿਆਂ ਦੇ ਵੇਰਵੇ, ਬੈਂਕ ਖਾਤਿਆਂ ਦੀ ਗਿਣਤੀ, ਸਥਾਈ ਰਿਹਾਇਸ਼ੀ ਪਤਾ ਅਤੇ ਮੋਬਾਈਲ, ਆਧਾਰ, ਵੋਟਰ ਆਈ ਡੀ ਅਤੇ ਪਾਸਪੋਰਟ ਨੰਬਰ ਸ਼ਾਮਲ ਹਨ। ਜਨਗਣਨਾ ਐਕਟ 1948 ਲੋਕਾਂ ਵੱਲੋਂ ਸਾਂਝੇ ਕੀਤੇ ਗਏ ਡੇਟਾ ਦੀ ਸੁਰੱਖਿਆ ਦੀ ਵਿਵਸਥਾ ਕਰਦਾ ਹੈ। ਕਾਨੂੰਨ ਦੀ ਧਾਰਾ 8 ਕਹਿੰਦੀ ਹੈ ਕਿ ਇੱਕ ਵਿਅਕਤੀ ਕਾਨੂੰਨੀ ਤੌਰ 'ਤੇ ਆਪਣੇ ਵਿਸ਼ਵਾਸਾਂ ਦੇ ਅਨੁਸਾਰ ਸਾਰੇ ਪ੍ਰਸ਼ਨਾਂ ਦੇ ਉੱਤਰ ਦੇਣ ਲਈ ਪਾਬੰਦ ਹੈ। ਧਾਰਾ 15 ਕਹਿੰਦੀ ਹੈ ਕਿ ਸਾਂਝਾ ਕੀਤਾ ਗਿਆ ਡੇਟਾ ਕਿਸੇ ਵੀ ਸਿਵਲ ਜਾਂ ਅਪਰਾਧਕ ਕਾਰਵਾਈ ਵਿੱਚ ਸਬੂਤ ਵਜੋਂ ਅਯੋਗ ਹੈ।

ਜਨਤਕ ਨੀਤੀ ਅਤੇ ਆਬਾਦੀ ਅਧਿਐਨ ਦੇ ਮਾਹਰ ਪ੍ਰੋਫੈਸਰ ਅਮਿਤਾਭ ਕੁੰਡੂ ਨੇ ਨਿੱਜੀ ਅਤੇ ਗੁਪਤ ਡੇਟਾ ਦੀ ਸੁਰੱਖਿਆ 'ਤੇ ਚਿੰਤਾ ਪ੍ਰਗਟ ਕੀਤੀ ਹੈ। ਕੁੰਡੂ ਨੇ ਕਿਹਾ, "ਜਨਗਣਨਾ ਐਕਟ 1948 ਦੀ ਧਾਰਾ 15 ਨਿੱਜੀ ਡੇਟਾ ਦੀ ਗੁਪਤਤਾ ਦੀ ਵਿਵਸਥਾ ਕਰਦੀ ਹੈ। ਇਨ੍ਹਾਂ ਦੀ ਵਰਤੋਂ ਅੰਕੜਿਆਂ ਅਤੇ ਯੋਜਨਾਬੰਦੀ ਦੇ ਉਦੇਸ਼ਾਂ ਲਈ ਕੀਤੀ ਜਾ ਸਕਦੀ ਹੈ, ਪਰ ਕਾਨੂੰਨੀ ਤੌਰ 'ਤੇ ਕਿਸੇ ਵੀ ਵਿਅਕਤੀ ਦੇ ਵਿਰੁੱਧ ਨਹੀਂ। ਇੰਨੇ ਵਿਸ਼ਾਲ ਡੇਟਾ ਦੀ ਗੁਪਤਤਾ

**ਜਨਗਣਨਾ**

ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣਾ ਸਰਕਾਰੀ ਪ੍ਰਣਾਲੀ ਲਈ ਇੱਕ ਚੁਣੌਤੀ ਹੋਵੇਗੀ ਅਤੇ ਨਿਸ਼ਚਤ ਤੌਰ 'ਤੇ ਲੋਕਾਂ ਦੇ ਮਨਾਂ ਵਿੱਚ ਸਵਾਲ ਖੜ੍ਹੇ ਕਰੇਗੀ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਜੇ ਜਨਗਣਨਾ ਡੇਟਾ ਮੈਕਰੋ-ਪੱਧਰੀ ਨੀਤੀ-ਨਿਰਮਾਣ ਅਤੇ ਸਰੋਤ ਵੰਡ ਲਈ ਹੈ, ਤਾਂ ਵਿਅਕਤੀਗਤ-ਵਿਸ਼ੇਸ਼ ਸੰਵੇਦਨਸ਼ੀਲ ਡੇਟਾ ਇਕੱਠਾ ਕਰਨ ਦੀ ਕੀ ਲੋੜ ਹੈ?"

ਰਾਸ਼ਟਰੀ ਅੰਕੜਾ ਕਮਿਸ਼ਨ (ਐੱਨ ਐੱਸ ਸੀ) ਦੇ ਸਾਬਕਾ ਕਾਰਜਕਾਰੀ ਚੇਅਰਪਰਸਨ ਪੀ ਸੀ ਮੋਹਨਨ ਨੇ ਕਿਹਾ ਕਿ ਜਨਗਣਨਾ ਲਈ ਮੋਬਾਈਲ ਜਾਂ ਆਧਾਰ ਨੰਬਰ ਵਰਗੇ ਨਿੱਜੀ ਡੇਟਾ ਦਾ ਸੰਗ੍ਰਹਿ ਅਪ੍ਰਸੰਗਕ ਹੈ। ਉਨ੍ਹਾ ਕਿਹਾ ਕਿ ਜਨਗਣਨਾ ਦਾ ਉਦੇਸ਼ ਨੀਤੀ ਨਿਰਮਾਣ ਅਤੇ ਖੋਜ ਲਈ ਆਰਥਿਕ ਅਤੇ ਆਬਾਦੀ ਡੇਟਾ ਇਕੱਠਾ ਕਰਨਾ ਹੈ। ਆਧਾਰ ਨੰਬਰ ਬਾਰੇ ਪੁੱਛਣ ਦੀ ਬਜਾਏ, ਸਵਾਲ ਇਹ ਹੋਣਾ ਚਾਹੀਦਾ ਹੈ ਕਿ ਕੀ ਕਿਸੇ ਕੋਲ ਆਧਾਰ ਹੈ ਜਾਂ ਨਹੀਂ। ਕਿਸੇ ਵੀ ਜਨਗਣਨਾ ਜਾਂ ਸਰਵੇਖਣ ਵਿੱਚ ਨਿੱਜੀ ਡੇਟਾ ਤੋਂ ਬਚਿਆ ਜਾਂਦਾ ਹੈ। ਨਿੱਜੀ ਡੇਟਾ ਮੰਗਣ ਵਾਲੇ ਸਵਾਲ ਲੋਕਾਂ ਵਿੱਚ ਇਸ ਅਭਿਆਸ ਪਿਛਲੇ ਸਰਕਾਰ ਦੇ ਇਰਾਦੇ ਬਾਰੇ ਸ਼ੱਕ ਪੈਦਾ ਕਰਨਗੇ।

ਉਨ੍ਹਾ ਕਿਹਾ ਕਿ ਭਾਵੇਂ ਜਨਗਣਨਾ ਐਕਟ ਹੋਰ ਉਦੇਸ਼ਾਂ ਲਈ ਡੇਟਾ ਦੀ ਵਰਤੋਂ 'ਤੇ ਪਾਬੰਦੀ ਲਗਾਉਂਦਾ ਹੈ, ਪਰ ਲੋਕ ਸਟੋਰੇਜ, ਸੁਰੱਖਿਆ ਅਤੇ ਸੰਭਾਵਤ ਦੁਰਵਰਤੋਂ ਬਾਰੇ ਚਿੰਤਤ ਹੋਣਗੇ। ਡੇਟਾ ਇੱਕ ਸਰਵਰ 'ਤੇ ਜਾਵੇਗਾ, ਪਰ ਉਹ ਕਿੰਨੇ ਸੁਰੱਖਿਅਤ ਹਨ? ਉੱਤਰਦਾਤਾਵਾਂ ਦੇ ਮਾਪਿਆਂ ਬਾਰੇ ਸਵਾਲ ਹਨ। ਜਿਨ੍ਹਾਂ ਨੇ ਆਪਣੇ ਮਾਪਿਆਂ ਨੂੰ ਗੁਆ ਦਿੱਤਾ ਹੈ, ਉਹ ਹੈਰਾਨ ਹੋਣਗੇ ਕਿ ਵੇਰਵੇ ਕਿਉਂ ਢੁੱਕਵੇਂ ਹਨ। ਅਜਿਹੇ ਮਾਪਿਆਂ ਦੇ ਡੇਟਾ ਨਾਲ ਨੀਤੀ ਨਿਰਮਾਣ ਦਾ ਕੀ ਉਦੇਸ਼ ਪੂਰਾ ਹੋ ਸਕਦਾ ਹੈ?

ਸਰਕਾਰ ਨੇ 2027 ਦੀ ਮਰਦਮਸ਼ੁਮਾਰੀ ਦੇ ਘਰਾਂ ਦੀ ਸੂਚੀ ਦੇ ਪੜਾਅ ਦੌਰਾਨ ਇੱਕ ਡਿਜੀਟਲ ਸਵੈ-ਗਣਨਾ ਵਿਕਲਪ ਪੇਸ਼ ਕੀਤਾ ਹੈ। ਮੋਹਨਨ ਨੇ ਕਿਹਾ ਕਿ ਸਵੈ-ਗਣਨਾ ਵਿੱਚ ਗਲਤ ਡੇਟਾ ਐਂਟਰੀ ਦੀ ਗੁੰਜਾਇਸ਼ ਹੈ। ਜੇ ਅਜਿਹਾ ਹੁੰਦਾ ਹੈ ਤਾਂ ਇਹ ਜਨਗਣਨਾ ਦੇ ਅੰਕੜਿਆਂ ਦੀ ਭਰੋਸੇਯੋਗਤਾ ਨੂੰ ਪ੍ਰਭਾਵਤ ਕਰ ਸਕਦਾ ਹੈ। ਚੇਨਈ ਮੈਥੇਮੈਟੀਕਲ ਇੰਸਟੀਚਿਊਟ ਦੇ ਸਾਬਕਾ ਡਾਇਰੈਕਟਰ ਪ੍ਰੋ. ਰਾਜੀਵ ਕਰਾਂਦੀਕਰ ਨੇ ਕਿਹਾ ਕਿ ਸਰਕਾਰ ਜੋ ਨਿੱਜੀ ਡੇਟਾ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਰਹੀ ਸੀ, ਉਸ ਵਿੱਚੋਂ ਜ਼ਿਆਦਾਤਰ ਜਨਤਕ ਖੇਤਰ ਵਿੱਚ ਸੀ, ਕਿਉਂਕਿ ਲੋਕ ਇਸ ਨੂੰ ਡਿਜੀਟਲ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਾਂਝਾ ਕਰਦੇ ਹਨ। ਸਰਕਾਰ ਕਾਨੂੰਨੀ ਤੌਰ 'ਤੇ ਡੇਟਾ ਨੂੰ ਲੀਕ ਜਾਂ ਦੁਰਵਰਤੋਂ ਤੋਂ ਬਚਾਉਣ ਲਈ ਪਾਬੰਦ ਹੈ। ਲੋਕ ਡੇਟਾ-ਸੁਰੱਖਿਆ ਉਪਾਵਾਂ ਨੂੰ ਸਮਝੇ ਜਾਂ ਜਾਂਚ ਕੀਤੇ ਬਿਨਾਂ ਵੀ ਵੱਖ-ਵੱਖ ਪਲੇਟਫਾਰਮਾਂ 'ਤੇ ਬਹੁਤ ਸਾਰਾ ਨਿੱਜੀ ਡੇਟਾ ਸਾਂਝਾ ਕਰਦੇ ਹਨ।

## ਪ੍ਰਧਾਨ ਮੰਤਰੀ ਦਾ ਪੰਛੀ ਪ੍ਰੇਮ...



**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਦੁਪਹਿਰ ਇੰਸਟਾਗ੍ਰਾਮ 'ਤੇ ਨਵਾਂ ਵੀਡੀਓ ਸਾਂਝਾ ਕਰਕੇ ਖੁਲਾਸਾ ਕੀਤਾ ਕਿ 15 ਅਗਸਤ ਨੂੰ ਲਾਲ ਕਿਲ੍ਹੇ ਜਾਣ ਤੋਂ ਪਹਿਲਾਂ ਉਨ੍ਹਾ ਨੇ ਆਪਣੀ ਰਿਹਾਇਸ਼ 'ਤੇ ਜਾਨਵਰਾਂ ਅਤੇ ਪੰਛੀਆਂ ਨੂੰ ਖਾਣਾ ਖੁਆਇਆ ਸੀ।

ਉਨ੍ਹਾ ਲਿਖਿਆ, "ਹਰ ਸਵੇਰ ਆਪਣੇ ਦੋਸਤਾਂ ਨੂੰ ਖਾਣਾ ਖੁਆਉਣਾ ਮੇਰਾ ਰੋਜ਼ਾਨਾ ਦਾ ਰੁਟੀਨ ਹੈ। ਕੱਲ੍ਹ ਸਵੇਰੇ ਉਨ੍ਹਾਂ ਨੂੰ ਕਿਸੇ ਤਰ੍ਹਾਂ ਪਤਾ ਲੱਗਾ ਕਿ ਮੈਂ ਜਲਦੀ ਜਾ ਰਿਹਾ ਹਾਂ, ਇਸ ਲਈ ਜਦੋਂ ਮੈਂ ਲਾਲ ਕਿਲ੍ਹੇ ਲਈ ਜਾ ਰਿਹਾ ਸੀ ਤਾਂ ਉਹ ਮੈਨੂੰ ਮਿਲਣ ਆਏ।"

# ਕਾਮਰੇਡ ਯੇਚੁਰੀ ਦੇ ਜੀਵਨ ਤੋਂ ਸੇਧ ਲੈ ਕੇ ਸੰਘਰਸ਼ ਤੇਜ਼ ਕਰਨ ਦਾ ਸੱਦਾ

### ਧਾਲੀਵਾਲ, ਸੇਖੋਂ, ਪ੍ਰੋ. ਅਰਵਿੰਦ, ਪ੍ਰੋ. ਚਮਨ ਲਾਲ ਤੇ ਹੋਰਨਾਂ ਵੱਲੋਂ ਸ਼ਰਧਾਂਜਲੀਆਂ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਸੀ ਪੀ ਆਈ (ਐੱਮ) ਵੱਲੋਂ ਪਾਰਟੀ ਦੇ ਸਾਬਕਾ ਕੌਮੀ ਜਨਰਲ ਸਕੱਤਰ ਮਰਹੂਮ ਕਾਮਰੇਡ ਸੀਤਾਰਾਮ ਯੇਚੁਰੀ ਦੀ ਦੂਜੀ ਬਰਸੀ ਨੂੰ ਸਮਰਪਤ ਸਥਾਨਕ ਸੈਕਟਰ 29-ਡੀ ਦੇ ਬਾਬਾ ਸੋਹਣ ਸਿੰਘ ਭਕਨਾ ਭਵਨ ਵਿਖੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ, ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਵਾਈਸ ਚਾਂਸਲਰ ਪ੍ਰੋ. ਅਰਵਿੰਦ, ਜੇ ਐੱਨ ਯੂ ਟੀਚਰਜ਼ ਯੂਨੀਅਨ ਦੇ ਸਾਬਕਾ ਪ੍ਰਧਾਨ ਪ੍ਰੋ. ਚਮਨ ਲਾਲ, ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰੇਤ ਮੈਂਬਰ ਭੂਪ ਚੰਦ ਚੰਨੋ ਤੇ ਗੁਰਦਰਸ਼ਨ ਸਿੰਘ ਖਾਸਪੁਰ ਬਿਰਾਜਮਾਨ ਸਨ।

ਕਾਮਰੇਡ ਸੀਤਾਰਾਮ ਯੇਚੁਰੀ ਨੂੰ ਸ਼ਰਧਾ ਦੇ ਫੁੱਲ ਭੇਟ



ਕਰਦਿਆਂ ਕਾਮਰੇਡ ਸੇਖੋਂ ਨੇ ਕਿਹਾ ਕਿ ਕਾਮਰੇਡ ਯੇਚੁਰੀ ਦੀ ਰਾਜਨੀਤਕ ਸੂਝ ਦੇ ਉਨ੍ਹਾ ਦੇ ਸਿਰੇ ਦੇ ਸਿਆਸੀ ਵਿਰੋਧੀ ਵੀ ਕਾਇਲ ਸਨ। ਉਨ੍ਹਾ 2024 ਦੀਆਂ ਆਮ ਚੋਣਾਂ ਮੌਕੇ ਇੰਡੀਆ ਬਲਾਕ ਦੇ ਗਠਨ ਵਿੱਚ ਅਹਿਮ ਭੂਮਿਕਾ ਨਿਭਾਈ। ਹਾਲਾਂਕਿ ਉਸ ਵੇਲੇ ਉਨ੍ਹਾ ਇਹ ਗੱਲ ਕਹੀ ਸੀ ਕਿ ਅਸੀਂ ਇਸ ਦੇ ਅਹੁਦੇਦਾਰ ਨਹੀਂ, ਹਿੱਸੇਦਾਰ ਹੋਵਾਂਗੇ। ਉਨ੍ਹਾ ਇਸ ਮੌਕੇ ਕਿਹਾ ਸੀ ਕਿ ਪੂਰੇ ਯਤਨ ਕੀਤੇ ਜਾਣਗੇ ਕਿ ਵਿਰੋਧੀ ਵੋਟਾਂ ਦੀ ਵੰਡ ਨੂੰ ਰੋਕਿਆ ਜਾ ਸਕੇ। ਇਸ ਦਾ ਨਤੀਜਾ ਇਹ ਹੋਇਆ ਕਿ ਜਿਹੜੇ 400 ਪਾਰ ਦਾ ਨਾਅਰਾ ਲਾ ਰਹੇ ਸਨ, ਉਹ 240 ਸੀਟਾਂ 'ਤੇ ਸਿਮਟ ਗਏ। ਉਹਨਾ ਕਿਹਾ ਕਿ ਭਾਜਪਾ-ਆਰ ਐੱਸ ਐੱਸ ਦਾ ਏਜੰਡਾ 400 ਪਾਰ ਦਾ ਨਾਅਰਾ ਦੇ ਕੇ ਦੇਸ਼ ਦੇ ਸੰਵਿਧਾਨ ਨੂੰ ਤੋੜ ਕੇ ਹਿੰਦੂ ਰਾਸ਼ਟਰ ਬਣਾਉਣਾ ਸੀ। ਕਾਮਰੇਡ ਯੇਚੁਰੀ ਦੂਰ-ਅੰਦੇਸ਼ੀ ਵਾਲੇ ਆਗੂ ਸਨ। ਜਦੋਂ ਰਾਮ ਮੰਦਰ ਦੇ ਉਦਘਾਟਨ ਦਾ ਸੱਦਾ ਪੱਤਰ ਪਾਰਟੀ ਨੂੰ ਮਿਲਿਆ ਤਾਂ ਉਨ੍ਹਾ ਇਸ ਦੇ ਜਵਾਬ ਵਿੱਚ ਕਿਹਾ ਕਿ ਦੇਸ਼ ਦੇ ਸੰਵਿਧਾਨ ਅਨੁਸਾਰ ਕੋਈ ਵੀ ਸਿਆਸੀ ਪਾਰਟੀ ਧਰਮ ਵਿੱਚ ਸਿੱਧਾ ਦਖ਼ਲ ਨਹੀਂ ਦੇ ਸਕਦੀ। ਉਨ੍ਹਾ ਉਦੋਂ ਇਹ ਵੀ ਕਿਹਾ ਸੀ ਕਿ • ਬਾਕੀ ਸਫਾ 2 'ਤੇ

## 1930 ਤੋਂ ਅਟਕੀ ਕਾਦੀਆਂ-ਬਿਆਸ ਰੇਲ ਲਾਈਨ ਦੇ 1419 ਕਰੋੜ ਦੇ ਅਨੁਮਾਨ ਨੂੰ ਮਨਜ਼ੂਰੀ : ਬਿੱਟੂ

**ਚੰਡੀਗੜ੍ਹ** : ਸਾਬਕਾ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਤਵਾਰ ਦੱਸਿਆ ਕਿ ਕੇਂਦਰ ਨੇ ਪੰਜਾਬ ਵਿੱਚ 39.68 ਕਿੱਲੋਮੀਟਰ ਲੰਮੀ ਕਾਦੀਆਂ-ਬਿਆਸ ਨਵੀਂ 'ਬ੍ਰੌਡਗੇਜ' ਰੇਲਵੇ ਲਾਈਨ ਲਈ 1,419.05 ਕਰੋੜ ਰੁਪਏ ਦੇ ਵਿਸਤ੍ਰਿਤ ਅਨੁਮਾਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਬਿੱਟੂ ਨੇ ਕਿਹਾ, 'ਮੈਂ ਨਿੱਜੀ ਤੌਰ 'ਤੇ ਇਸ ਪੈਂਡਿੰਗ ਪ੍ਰੋਜੈਕਟ ਨੂੰ ਅੱਗੇ ਵਧਵਾਇਆ ਅਤੇ ਇਹ ਯਕੀਨੀ ਬਣਾਇਆ ਕਿ ਸਾਲਾਂ ਤੋਂ ਅਟਕੀ ਕਾਦੀਆਂ-ਬਿਆਸ ਰੇਲ ਲਾਈਨ ਉੱਤੇ ਲੱਗੀ ਰੋਕ ਹਟੇ।' ਇਸ ਪ੍ਰੋਜੈਕਟ ਨੂੰ ਅਸਲ ਵਿੱਚ 1928-29 ਵਿੱਚ ਮਨਜ਼ੂਰੀ ਮਿਲੀ ਸੀ। ਉਸ ਸਮੇਂ ਨਿਰਮਾਣ ਕਾਰਜ ਕਾਫੀ ਅੱਗੇ ਵਧ ਚੁੱਕਾ ਸੀ, ਪਰ 1930 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਇਸ ਨੂੰ ਬੰਦ ਕਰ ਦਿੱਤਾ ਗਿਆ ਸੀ। ਇਸੇ ਦੌਰਾਨ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਫੰਡ ਮਨਜ਼ੂਰ ਹੋਣ ਦਾ ਸਵਾਗਤ ਕੀਤਾ ਹੈ। ਇਹ ਲਾਈਨ ਕਾਦੀਆਂ, ਘੁਮਾਣ, ਬਟਾਲਾ, ਸਠਿਆਲਾ ਅਤੇ ਆਸ-ਪਾਸ ਦੇ ਇਲਾਕਿਆਂ ਨੂੰ ਲੋੜੀਂਦਾ ਰੇਲ ਸੰਪਰਕ ਪ੍ਰਦਾਨ ਕਰੇਗੀ।

## ਖੰਡ 20 ਫੀਸਦੀ ਤੱਕ ਮਹਿੰਗੀ

**ਚੰਡੀਗੜ੍ਹ** : ਤਿਉਹਾਰਾਂ ਤੋਂ ਪਹਿਲਾਂ ਘਰੇਲੂ ਬਾਜ਼ਾਰ ਵਿੱਚ ਖੰਡ ਦੀਆਂ ਕੀਮਤਾਂ ਲੱਗਭੱਗ 15 ਤੋਂ 20 ਫੀਸਦੀ ਤੱਕ ਵਧ ਗਈਆਂ ਹਨ। ਪਹਿਲਾਂ ਹੋਲਸੇਲ ਰੇਟ 4500 ਤੋਂ 4700 ਰੁਪਏ ਅਤੇ ਰਿਟੇਲ ਰੇਟ 48 ਤੋਂ 50 ਰੁਪਏ ਸੀ। ਹੁਣ ਹੋਲਸੇਲ ਰੇਟ 5800 ਤੋਂ 6000 ਰੁਪਏ ਅਤੇ ਰਿਟੇਲ ਰੇਟ 62 ਤੋਂ 65 ਰੁਪਏ ਹੋ ਚੁੱਕਿਆ ਹੈ। ਸ਼ੱਕਰ ਦਾ ਪਹਿਲਾਂ ਹੋਲਸੇਲ ਰੇਟ 4500 ਤੋਂ 4700 ਰੁਪਏ ਅਤੇ ਰਿਟੇਲ ਰੇਟ 52 ਤੋਂ 55 ਰੁਪਏ ਸੀ। ਹੁਣ ਹੋਲਸੇਲ ਰੇਟ 6400 ਤੋਂ 6500 ਰੁਪਏ ਅਤੇ ਰਿਟੇਲ ਰੇਟ 70 ਤੋਂ 75 ਰੁਪਏ ਹੈ। ਗੁੜ ਦਾ ਪਹਿਲਾਂ ਹੋਲਸੇਲ ਰੇਟ 4200 ਤੋਂ 4500 ਰੁਪਏ ਅਤੇ ਰਿਟੇਲ ਰੇਟ 45 ਤੋਂ 50 ਰੁਪਏ ਸੀ। ਹੁਣ ਹੋਲਸੇਲ ਰੇਟ 5800 ਤੋਂ 6000 ਰੁਪਏ ਅਤੇ ਰਿਟੇਲ ਰੇਟ 62 ਤੋਂ 65 ਰੁਪਏ ਹੈ।

## ਹਵਾਈ ਅੱਡੇ 'ਤੇ ਗੋਲੀ ਚੱਲ ਗਈ

**ਵਾਰਾਣਸੀ** : ਇੱਥੇ ਹਵਾਈ ਅੱਡੇ 'ਤੇ ਐਤਵਾਰ ਸਵੇਰੇ ਸੁਰੱਖਿਆ ਜਾਂਚ ਦੌਰਾਨ ਇੱਕ ਯਾਤਰੀ ਦਾ ਲਾਇਸੈਂਸੀ ਪਿਸਤੌਲ ਅਚਾਨਕ ਚੱਲ ਗਿਆ, ਜਿਸ ਨਾਲ ਦੋ ਵਿਅਕਤੀ ਜ਼ਖ਼ਮੀ ਹੋ ਗਏ। ਏਅਰਪੋਰਟ ਡਾਇਰੈਕਟਰ ਪੁਨੀਤ ਗੁਪਤਾ ਨੇ ਦੱਸਿਆ ਕਿ ਸਵੇਰੇ ਲੱਗਭੱਗ 9:30 ਵਜੇ ਮੁੰਬਈ ਜਾਣ ਵਾਲੀ ਫਲਾਈਟ ਵਿੱਚ ਆਪਣੀ ਪਤਨੀ ਨਾਲ ਯਾਤਰਾ ਕਰ ਰਹੇ ਆਜ਼ਮਗੜ੍ਹ ਜ਼ਿਲ੍ਹੇ ਦੇ ਕਮਲੇਸ਼ ਰਾਏ ਨੇ ਹਥਿਆਰ ਬਾਰੇ ਦੱਸਿਆ ਤੇ ਜਾਂਚ ਦੌਰਾਨ ਅਚਾਨਕ ਇੱਕ ਗੋਲੀ ਚੱਲ ਗਈ।

# ਦਿੱਲੀ ਰੈਲੀ 'ਚ ਮੋਗਾ ਜ਼ਿਲ੍ਹਾ ਵੱਡੀ ਗਿਣਤੀ 'ਚ ਹੋਵੇਗਾ ਸ਼ਾਮਲ : ਕੁਲਦੀਪ ਭੋਲਾ

**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 6 ਅਗਸਤ ਤੋਂ 15 ਅਗਸਤ ਤੱਕ ਕੀਤੀ ਜਾ ਰਹੀ ਪਦ ਯਾਤਰਾ ਤਹਿਤ ਬਲਾਕ ਮੋਗਾ-1 ਵੱਲੋਂ ਪਿੰਡ ਚੂਹੜਚੱਕ, ਢੁੱਡੀਕੇ, ਅਜੀਤਵਾਲ, ਮਟਵਾਣੀ, ਨੱਥੂਵਾਲਾ, ਝੰਡੇਆਣਾ, ਤਖਾਣਵੱਧ, ਡਾਲਾ, ਬਹੋਨਾ, ਬੁੱਟਰ, ਮਹਿਰੋਂ, ਰਾਮੂੰਵਾਲਾ ਨਵਾਂ, ਰਾਮੂੰਵਾਲਾ, ਹਰਚੋਕੇ ਵਿੱਚ ਜਨ-ਸੰਪਰਕ ਮੁਹਿੰਮ ਤਹਿਤ ਮੀਟਿੰਗਾਂ ਕੀਤੀਆਂ ਗਈਆਂ। ਇਸ ਜਥੇ ਦੀ ਅਗਵਾਈ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ, ਜਗਜੀਤ ਸਿੰਘ ਧੂੜਕੋਟ ਮੈਂਬਰ ਕੰਟਰੋਲ ਕਮਿਸ਼ਨ ਸੀ ਪੀ ਆਈ, ਸਹਾਇਕ ਸਕੱਤਰ ਡਾ. ਇੰਦਰਵੀਰ ਗਿੱਲ, ਬਲਾਕ ਸਕੱਤਰ ਸਵਰਾਜ ਢੁਡੀਕੇ ਅਤੇ ਬਲਾਕ ਸਹਾਇਕ ਸਕੱਤਰ ਇਕਬਾਲ ਤਖਾਣਵੱਧ ਨੇ ਕੀਤੀ।ਇਸ ਮੌਕੇ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਆਰਥਿਕ ਨੀਤੀਆਂ ਨੇ ਆਮ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਵਾਧਾ ਕੀਤਾ ਹੈ। ਮਹਿੰਗਾਈ ਕਾਰਨ ਰੋਜ਼ਾਨਾ ਵਰਤੋਂ ਦੀਆਂ ਵਸਤਾਂ ਮਹਿੰਗੀਆਂ ਹੋ ਰਹੀਆਂ ਹਨ, ਜਦਕਿ ਨੌਜਵਾਨਾਂ ਲਈ ਪੱਕੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਸਰਕਾਰ ਅਸਫਲ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਵੱਡੀ ਵਸੋਂ ਅੱਜ ਰੁਜ਼ਗਾਰ, ਮਹਿੰਗਾਈ ਅਤੇ ਆਮਦਨ ਨਾਲ ਜੁੜੀਆਂ ਸਮੱਸਿਆਵਾਂ ਨਾਲ ਜੂਝ ਰਹੀ ਹੈ।

ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਸਰਕਾਰ ਨੂੰ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਦੀ ਬਜਾਏ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਦੀ ਭਲਾਈ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਅਦਾਰਿਆਂ ਨੂੰ ਮਜ਼ਬੂਤ ਕਰਨ, ਨੌਜਵਾਨਾਂ ਨੂੰ ਰੁਜ਼ਗਾਰ ਦੇਣ ਅਤੇ ਲੋਕਾਂ ਲਈ ਸਿੱਖਿਆ ਤੇ ਸਿਹਤ ਦੀਆਂ ਬਿਹਤਰ ਸਹੂਲਤਾਂ ਯਕੀਨੀ ਬਣਾਉਣ ਦੀ ਲੋੜ ਹੈ।



ਇਕਬਾਲ ਤਖਾਣਵੱਧ, ਗੁਰਦਿੱਤ ਦੀਨਾ ਅਤੇ ਇੰਜੀਨੀਅਰ ਸਵਰਨ ਖੋਸਾ ਨੇ ਕਿਹਾ ਕਿ ਪਦ ਯਾਤਰਾ ਰਾਹੀਂ ਪਾਰਟੀ ਵੱਲੋਂ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਬਾਰੇ ਵਿਚਾਰ ਸਾਂਝੇ ਕੀਤੇ ਗਏ। ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਜਨਤਕ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ।

ਬੋਹੜ ਬੁੱਟਰ ਨੇ ਕਿਹਾ ਕਿ ਦੇਸ਼ ਦੀ ਤਰੱਕੀ ਦਾ ਅਸਲ ਪੈਮਾਨਾ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਸੁਧਾਰ ਹੈ। ਉਨ੍ਹਾ ਕਿਹਾ ਕਿ ਮਜ਼ਦੂਰਾਂ ਨੂੰ ਪੂਰਾ ਰੁਜ਼ਗਾਰ, ਮਿਹਨਤ ਦਾ ਵਾਜਬ ਮੁੱਲ ਅਤੇ ਸਮੇਂ ਸਿਰ ਮਜ਼ਦੂਰੀ ਮਿਲਣੀ ਚਾਹੀਦੀ ਹੈ। ਮਨਰੇਗਾ ਮਜ਼ਦੂਰਾਂ ਲਈ ਕੰਮ • ਬਾਕੀ ਸਫਾ 2 'ਤੇ

## 21 ਦੀ ਮੁਕਤਸਰ ਤੇ ਪਹਿਲੀ ਦੀ ਦਿੱਲੀ ਰੈਲੀ 'ਚ ਪੁੱਜਣ ਦਾ ਸੱਦਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਸੀ ਪੀ ਆਈ ਸ੍ਰੀ ਮੁਕਤਸਰ ਸਾਹਿਬ ਦਾ ਜਥਾ ਮਾਰਚ ਐਤਵਾਰ ਪਿੰਡ ਦੋਦਾ ਤੋਂ ਜਨ ਸਭਾ ਕਰਕੇ ਸ਼ੁਰੂ ਕੀਤਾ ਗਿਆ। ਇਸ ਇਕੱਠ ਨੂੰ ਜਗਰੂਪ ਸਿੰਘ, ਬੋਹੜ ਸਿੰਘ ਸੁਖਣਾ ਅਤੇ ਚਰਨਜੀਤ ਸਿੰਘ ਦੋਦਾ ਨੇ ਸੰਬੋਧਨ ਕੀਤਾ। ਆਗੂਆਂ ਨੇ 21 ਅਗਸਤ ਨੂੰ ਖੰਡਾ ਪਾਰਕ ਮੁਕਤਸਰ ਵਿੱਚ ਨਰੇਗਾ ਬਹਾਲੀ ਰੈਲੀ ਅਤੇ ਇਕ ਸਤੰਬਰ ਨੂੰ ਸੀ ਪੀ ਆਈ ਦੇ ਸੱਦੇ 'ਤੇ ਰਾਮਲੀਲ੍ਹਾ ਮੈਦਾਨ ਦਿੱਲੀ ਰੈਲੀ ਦੀ ਮਹੱਤਤਾ ਦਾ ਵਿਸਥਾਰ ਸਹਿਤ ਵਿਖਿਆਨ ਕੀਤਾ। ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਅਤੇ ਆਮ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਜਥਾ ਮਾਰਚ ਗਿਆਨੀ ਗੁਰਬਚਨ ਸਿੰਘ, ਬਲਵੀਰ ਸਿੰਘ ਕੋਠੇ ਦਸਮੇਸ਼ ਨਗਰ ਅਤੇ ਚਰਨਜੀਤ ਸਿੰਘ ਦੋਦਾ ਦੀ ਅਗਵਾਈ ਵਿੱਚ ਭਲਾਈਆਣਾ, ਕੋਟਲੀ ਅਬਲੂ ਅਤੇ ਕੋਠੇ ਅਮਨਗੜ੍ਹ ਲਈ ਰਵਾਨਾ ਹੋਇਆ।ਇਸ ਮੌਕੇ ਪਾਰਟੀ ਮੈਂਬਰ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂ ਤੇ ਵਰਕਰ ਹਾਜ਼ਰ ਸਨ।

# 'ਦਿਮਾਗੀ ਨਕਸਲੀ' ਨੂੰ ਲੈ ਕੇ ਸਰਕਾਰ ਬੈਕਫੁੱਟ 'ਤੇ

**ਨਵੀਂ ਦਿੱਲੀ (ਨ ਜ਼ ਸ)**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੇ 80ਵੇਂ ਸੁਤੰਤਰਤਾ ਦਿਵਸ ਦੇ ਭਾਸ਼ਣ ਵਿੱਚ 'ਦਿਮਾਗੀ ਨਕਸਲੀ' ਸ਼ਬਦ ਦੀ ਵਰਤੋਂ ਦਾ ਤਿੱਖਾ ਵਿਰੋਧ ਹੋਣ ਤੋਂ ਬਾਅਦ ਸਰਕਾਰ ਨੇ ਐਤਵਾਰ ਸਵੇਰੇ ਸਪੱਸ਼ਟੀਕਰਨ ਦਿੱਤਾ।

ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਇਹ ਇਸ਼ਾਰਾ ਉਨ੍ਹਾਂ ਲੋਕਾਂ ਲਈ ਨਹੀਂ ਸੀ, ਜੋ ਭਾਰਤੀ ਸੰਵਿਧਾਨ ਵਿੱਚ ਵਿਸ਼ਵਾਸ ਰੱਖਦੇ ਹਨ, ਸਿਰਫ ਉਨ੍ਹਾਂ ਲਈ ਸੀ, ਜੋ ਵੱਖਵਾਦੀ ਭਾਵਨਾਵਾਂ ਰੱਖਦੇ ਹਨ। ਰਿਜਿਜੂ ਨੇ ਕਿਹਾ, "ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਰੋਧੀ ਆਗੂਆਂ ਨੂੰ ਦਿਮਾਗੀ ਨਕਸਲੀ ਨਹੀਂ ਕਿਹਾ।"

ਸਪੱਸ਼ਟੀਕਰਨ ਦਿੰਦਿਆਂ ਕਿਰਨ ਰਿਜਿਜੂ ਨੇ ਤਿੰਨ ਸ਼੍ਰੇਣੀਆਂ ਦਾ ਜ਼ਿਕਰ ਕੀਤਾ : ਜਿਹੜੇ ਮਾਓਵਾਦੀਆਂ ਦਾ ਸਮਰਥਨ ਕਰਦੇ ਹਨ ਅਤੇ ਭਾਰਤੀ ਸੰਵਿਧਾਨ ਨੂੰ ਰੱਦ ਕਰਦੇ ਹਨ, ਜਿਹੜੇ ਵੱਖਵਾਦੀਆਂ ਦੇ ਨਾਲ ਖੜ੍ਹੇ ਹਨ ਅਤੇ ਧਾਰਾ 370 ਦਾ ਸਮਰਥਨ ਕਰਦੇ ਹਨ ਅਤੇ ਜਿਹੜੇ ਉੱਤਰ-ਪੂਰਬ ਨੂੰ ਭਾਰਤ ਤੋਂ ਅਲੱਗ ਕਰਨ ਲਈ ਚਿਕਨ ਨੈੱਕ ਨੂੰ ਕੱਟਣਾ ਚਾਹੁੰਦੇ ਹਨ। ਪ੍ਰਧਾਨ ਮੰਤਰੀ ਨੇ ਸ਼ਨਿੱਚਰਵਾਰ ਕਿਹਾ ਸੀ ਕਿ ਜਦੋਂ ਕਿ ਭਾਰਤ ਨੇ ਹਥਿਆਰਬੰਦ ਨਕਸਲੀਆਂ ਨੂੰ ਸਫਲਤਾਪੂਰਵਕ ਖਤਮ ਕਰ ਦਿੱਤਾ ਹੈ, ਸਾਨੂੰ 'ਦਿਮਾਗੀ ਨਕਸਲੀਆਂ' ਤੋਂ ਸਾਵਧਾਨ ਰਹਿਣਾ ਚਾਹੀਦਾ ਹੈ ਜੋ ਖੱਬੇ-ਪੱਖੀ ਅੱਤਵਾਦ ਨੂੰ ਬੌਧਿਕ ਖੁਰਾਕ ਪ੍ਰਦਾਨ ਕਰਦੇ ਹਨ। ਉਨ੍ਹਾ ਨਾਗਰਿਕਾਂ ਨੂੰ 'ਦਿਮਾਗੀ ਨਕਸਲੀਆਂ' ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਵੱਖ ਕਰਨ ਦਾ ਸੱਦਾ ਵੀ ਦਿੱਤਾ। ਸੀਨੀਅਰ ਕਾਂਗਰਸ ਆਗੂ ਤੇ ਸਾਬਕਾ ਗ੍ਰਹਿ ਮੰਤਰੀ ਪੀ ਚਿਦੰਬਰਮ ਨੇ ਕਿਹਾ ਕਿ ਉਨ੍ਹਾ ਨੂੰ 'ਦਿਮਾਗੀ ਨਕਸਲੀ' ਹੋਣ 'ਤੇ ਮਾਣ ਹੈ। ਕਾਕਰੋਚ ਜਨਤਾ ਪਾਰਟੀ ਦੇ ਬੁਲਾਰੇ ਸੌਰਵ ਦਾਸ ਨੇ ਕਿਹਾ, "ਦਿਮਾਗੀ ਨਕਸਲੀ ਜਾਂ ਹੋਰ ਕੁਝ ਵੀ ਹੁਣ ਕੰਮ ਨਹੀਂ ਕਰਨ ਵਾਲਾ, ਪ੍ਰਧਾਨ ਮੰਤਰੀ ਜੀ। ਤੁਸੀਂ ਪੜ੍ਹੇ-ਲਿਖੇ ਨੌਜਵਾਨਾਂ ਨੂੰ ਨਕਸਲੀ ਆਦਿ ਕਿਵੇਂ ਕਹਿ ਸਕਦੇ ਹੋ?"

## ਸਾਬਕਾ ਡਿਪਟੀ ਸਪੀਕਰ ਦੀ ਲਾਸ਼ ਲਟਕਦੀ ਮਿਲੀ

**ਕੋਲਕਾਤਾ** : ਸਾਬਕਾ ਡਿਪਟੀ ਸਪੀਕਰ ਅਤੇ ਤ੍ਰਿਣਮੂਲ ਕਾਂਗਰਸ ਦੇ ਸੀਨੀਅਰ ਨੇਤਾ ਆਸ਼ੀਸ਼ ਬੈਨਰਜੀ ਦੀ ਐਤਵਾਰ ਸਵੇਰੇ ਬੀਰਭੂਮ ਜ਼ਿਲ੍ਹੇ ਦੇ ਰਾਮਪੁਰਹਾਟ ਵਿੱਚ ਸਥਿਤ ਪਾਰਟੀ ਦਫਤਰ ਵਿੱਚੋਂ ਫਾਹੇ ਨਾਲ ਲਟਕਦੀ ਲਾਸ਼ ਬਰਾਮਦ ਹੋਈ।

ਪੁਲਸ ਨੂੰ ਇੱਕ ਕਥਿਤ 'ਸੁਸਾਈਡ ਨੋਟ' ਵੀ ਮਿਲਿਆ ਹੈ। ਰਾਮਪੁਰਹਾਟ ਤੋਂ ਪੰਜ ਵਾਰ ਵਿਧਾਇਕ ਰਹੇ ਆਸ਼ੀਸ਼ ਨੇ ਸੁਸਾਈਡ ਨੋਟ ਵਿੱਚ ਕਿਹਾ ਹੈ : ਤਾਰਾਪੀਠ ਰਾਮਪੁਰਹਾਟ ਵਿਕਾਸ ਅਥਾਰਟੀ ਦੇ ਟੈਂਡਰ ਨਾਲ ਸੰਬੰਧਤ ਫੈਸਲਿਆਂ ਵਿੱਚ ਉਨ੍ਹਾ ਦੀ ਕੋਈ ਭੂਮਿਕਾ ਨਹੀਂ ਸੀ। ਉਨ੍ਹਾ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ। ਉਨ੍ਹਾ ਨੂੰ ਮਹਿਸੂਸ ਹੋਇਆ ਕਿ ਸਿਆਸਤ ਵਿੱਚ ਦਾਖਲ ਹੋਣਾ ਇੱਕ ਗਲਤੀ ਸੀ।

# ਚੈਟ ਬੋਟ ਨੇ ਲਭਾਈ ਚਰਨਦਾਸੀ

**ਪਣਜੀ (ਨ ਜ਼ ਸ)**

ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਰੋਜ਼ਾਨਾ ਦੇ ਅਜੀਬੋ-ਗਰੀਬ ਮਸਲਿਆਂ ਨੂੰ ਵੀ ਹੱਲ ਕਰ ਸਕਦੀ ਹੈ। ਗੋਆ ਦੇ ਇੱਕ ਨੌਜਵਾਨ ਨੇ ਧਰਮ ਸਥਾਨਾਂ ਦੇ ਬਾਹਰੋਂ ਗੁਆਚੇ ਜੁੱਤੇ-ਚੱਪਲਾਂ ਲੱਭਣ 'ਚ ਹੁੰਦੀ ਪਰੇਸ਼ਾਨੀ ਨਾਲ ਨਿਪਟਣ ਲਈ ਚੈਟ-ਜੀ ਪੀ ਟੀ ਦਾ ਸਹਾਰਾ ਲਿਆ ਅਤੇ ਸੈਂਕੜੇ ਜੁੱਤੀਆਂ ਦੇ ਢੇਰ ਵਿੱਚੋਂ ਆਪਣੀ ਗੁਆਚੀ ਚੱਪਲ ਲੱਭ ਲਈ।

ਮੱਧ ਪ੍ਰਦੇਸ਼ ਦੇ ਉਜੈਨ ਸਥਿਤ ਮਹਾਕਾਲ ਮੰਦਰ ਦੇ ਬਾਹਰ ਸ਼ੁਭੰਗ ਬੋਰਕਰ ਨਾਂਅ ਦੇ ਨੌਜਵਾਨ ਨੇ ਆਪਣੇ ਮੋਬਾਇਲ ਫੋਨ ਨੂੰ ਸਪੈਸ਼ਲ ਸਕੈਨਿੰਗ ਡਿਵਾਈਸ 'ਚ ਬਦਲ ਦਿੱਤਾ। ਉਸ ਨੇ ਰੈਕ 'ਤੇ ਰੱਖੀਆਂ ਜੁੱਤੀਆਂ ਦੀਆਂ ਤਸਵੀਰਾਂ ਲਗਾਤਾਰ ਚੈਟਬੋਟ ਨਾਲ ਸਾਂਝੀਆਂ ਕੀਤੀਆਂ, ਜਿਸ ਤੋਂ ਬਾਅਦ ਏ ਆਈ ਨੇ ਉਸ ਦੀ ਗੁਆਚੀ ਚੱਪਲ ਦੀ ਸਹੀ ਪਛਾਣ ਕਰ ਕੇ ਦੇ ਦਿੱਤੀ।

ਪੇਸ਼ੇ ਤੋਂ ਸਾਈਬਰ ਸੁਰੱਖਿਆ ਮਾਹਰ ਅਤੇ ਵੀਕੈਂਡ 'ਤੇ ਘੁੰਮਣ-ਫਿਰਨ ਦੇ ਸ਼ੌਕੀਨ ਸ਼ੁਭੰਗ ਨੇ ਚਾਰ ਦਿਨ ਪਹਿਲਾਂ ਇੰਸਟਾਗ੍ਰਾਮ 'ਤੇ ਇਸ ਪ੍ਰਯੋਗ ਦੀ ਇੱਕ ਵੀਡੀਓ ਸਾਂਝੀ ਕਰਦਿਆਂ ਦਿਖਾਇਆ ਕਿ ਮੰਦਰ ਦੇ ਬਾਹਰ ਭੀੜ-ਭੜੱਕੇ ਵਾਲੇ ਰੈਕਾਂ 'ਚੋਂ ਇੱਕੋ ਜਿਹੀਆਂ ਜੁੱਤੀਆਂ 'ਚੋਂ ਆਪਣੀ ਜੋੜੀ ਪਛਾਣਨਾ ਕਿੰਨਾ ਔਖਾ ਸੀ।

ਸ਼ੁਭੰਗ ਨੇ ਸਭ ਤੋਂ ਪਹਿਲਾਂ ਚੈਟ-ਜੀ ਪੀ ਟੀ 'ਤੇ ਆਪਣੀ ਚੱਪਲ ਦੀ ਪੁਰਾਣੀ ਤਸਵੀਰ ਅੱਪਲੋਡ ਕੀਤੀ ਅਤੇ ਦੱਸਿਆ ਕਿ ਉਹ ਉਜੈਨ ਦੇ ਮਹਾਕਾਲ ਮੰਦਰ ਬਾਹਰ ਹੈ ਤੇ ਉਸ ਦੀ ਚੱਪਲ ਗੁਆਚ ਗਈ ਹੈ। ਇਸ ਤੋਂ ਬਾਅਦ ਉਸ ਨੇ ਮੰਦਰ ਦੇ ਬਾਹਰ ਰੈਕਾਂ 'ਚ • ਬਾਕੀ ਸਫਾ 2 'ਤੇ

## ਅੱਜ-ਨਾਮਾ

ਪਾਣੀਪਤ ਵਿੱਚ ਹੋਈ ਜਾਇਦਾਦ ਵਿਕਰੀ,
ਹੋਇਆ ਕਰੋੜਾਂ ਦਾ ਗੋਲ ਹੈ ਮਾਲ ਮੀਆਂ।
ਵੇਚਣ ਵਾਲੇ ਤੇ ਗਾਹਕ ਨੇ ਸਭ ਜਾਅਲੀ,
ਅਫਸਰ ਸੁਣੀਂਦੇ ਰਲੇ ਸਨ ਨਾਲ ਮੀਆਂ।
ਬੰਦਾ ਮਰ ਗਿਆ ਚੋਖਾ ਸੀ ਸਮਾਂ ਪਹਿਲਾਂ,
ਛੱਤੀ ਕੁ ਲੰਘ ਗਏ ਸੁਣੀਂਦੇ ਸਾਲ ਮੀਆਂ।
ਉਹਦੇ ਪੁੱਤਰ ਦੁਹਾਈ ਫਿਰ ਆਣ ਪਾਈ,
ਮਰੇ ਬਾਪ ਦੀ ਕਰਾਉ ਕੋਈ ਭਾਲ ਮੀਆਂ।
ਹੋਵੇ ਸਰਕਾਰ ਤਾਂ ਠੱਗੀ ਨਹੀਂ ਹੋਣ ਦੇਂਦੀ,
ਘੁੰਮਦੀ ਸਰਕਾਰ ਹੈ ਵੱਲ ਪੰਜਾਬ ਮੀਆਂ।
ਅਗਲੀ ਚੋਣ ਲਈ ਲੱਗਾ ਈ ਜ਼ੋਰ ਏਧਰ,
ਹਰਿਆਣਾ ਭੁੱਲੇ ਹਨ ਬੈਠੇ ਜਨਾਬ ਮੀਆਂ।

-ਤੀਸ ਮਾਰ ਖਾਂ

# ਆਜ਼ਾਦੀ ਅੰਦੋਲਨ ਨੂੰ ਢਾਹ ਲਾਉਣ ਵਾਲੇ ਰਾਜ-ਭਾਗ ਦੇ ਮਾਲਕ ਬਣੀ ਬੈਠੇ : ਅਰਸ਼ੀ

**ਧਿਆਨਪੁਰ (ਨ ਜ਼ ਸ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਜ਼ਾਦੀ ਦਿਹਾੜਾ ਧਿਆਨਪੁਰ ਦੇ ਸ੍ਰੀ ਬਾਵਾ ਲਾਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਰਾਸ਼ਟਰੀ ਝੰਡਾ ਲਹਿਰਾ ਕੇ ਮਨਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਨਿਭਾਈ। ਰਾਸ਼ਟਰੀ ਝੰਡੇ ਨੂੰ ਪੁਲਸ ਦੀ ਟੁਕੜੀ ਨੇ ਸਲਾਮੀ ਦਿੱਤੀ। ਇਸ ਤੋਂ ਬਾਅਦ ਪਾਰਟੀ ਵੱਲੋਂ ਕੀਤੀ ਗਈ ਰਾਜਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਾਮਰੇਡ ਅਰਸ਼ੀ ਨੇ ਦੇਸ਼ ਦੇ ਮੌਜੂਦਾ ਹਾਲਤਾਂ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਅਨੇਕਾਂ ਦੇਸ਼ ਭਗਤਾਂ ਨੇ ਕੁਰਬਾਨੀਆਂ ਦੇ ਕੇ ਦੇਸ਼ ਨੂੰ ਵਿਦੇਸ਼ੀ ਹਾਕਮਾਂ ਤੋਂ ਅਜ਼ਾਦ ਕਰਵਾਇਆ ਸੀ, ਪਰੰਤੂ ਅੱਜ ਦੇਸ਼ ਦੀ ਵਾਗਡੋਰ ਉਹਨਾਂ ਤਾਕਤਾਂ ਭਾਜਪਾ, ਆਰ ਐੱਸ ਐੱਸ ਦੇ ਹੱਥਾਂ ਵਿੱਚ ਹੈ, ਜਿਹਨਾਂ ਦਾ ਅਜ਼ਾਦੀ ਦੇ ਅੰਦੋਲਨ ਅੰਦਰ ਕੋਈ ਰੋਲ ਨਹੀਂ ਸੀ। ਉਲਟਾ ਇਹ ਤਾਕਤਾਂ ਅੰਗਰੇਜ਼ਾਂ ਦੀਆਂ ਪਿੱਠੂ ਬਣ ਕੇ ਅਜ਼ਾਦੀ ਅੰਦੋਲਨ ਨੂੰ ਢਾਹ ਲਾਉਂਦੀਆਂ ਰਹੀਆਂ। ਇਹਨਾਂ ਤਾਕਤਾਂ ਦੀ ਅਗਵਾਈ ਹੇਠ ਅੱਜ ਦੇਸ਼ ਦੇ ਸੰਵਿਧਾਨ ਨੂੰ ਖਤਰਾ ਬਣਿਆ ਹੋਇਆ ਹੈ।



ਦੇਸ਼ ਦੇ ਸਾਰੇ ਜਮਹੂਰੀ ਅਦਾਰਿਆਂ ਅਤੇ ਕੇਂਦਰੀ ਏਜੰਸੀਆਂ 'ਤੇ ਕਬਜਾ ਕਰਕੇ ਹੁਣ ਦੇਸ਼ ਦੇ ਸੰਵਿਧਾਨ ਨੂੰ ਬਦਲਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਇਸ ਲਈ ਇਹਨਾਂ ਤਾਕਤਾਂ ਵਿਰੁੱਧ ਪਾਰਟੀ ਵੱਲੋਂ 1 ਸਤੰਬਰ ਨੂੰ ਦਿੱਲੀ ਵਿਖੇ ਵੱਡੀ ਰੈਲੀ ਰਾਮਲੀਲ੍ਹਾ ਗਰਾਊਂਡ ਵਿਖੇ ਕੀਤੀ ਜਾ ਰਹੀ ਹੈ। ਉਨ੍ਹਾ ਰੈਲੀ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਟਰੇਡ ਯੂਨੀਅਨ ਆਗੂ ਅਮਰਜੀਤ ਸਿੰਘ ਆਸਲ ਨੇ ਆਪਣੇ ਸੰਬੋਧਨ ਵਿੱਚ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ-ਮੁਲਾਜਮਾਂ ਨਾਲ ਕੀਤੀ ਜਾ ਰਹੀ ਧੱਕੇਸਾਹੀ ਅਤੇ ਵਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਮਜ਼ਦੂਰਾਂ ਦੇ ਲੇਬਰ ਲਾਅ ਨੂੰ ਬਦਲਣ ਅਤੇ ਮਨਰੇਗਾ ਕਨੂੰਨ ਨੂੰ ਮੁੜ ਬਹਾਲ ਕਰਨ ਦੀ ਗੱਲ ਕੀਤੀ। ਕਿਸਾਨ ਆਗੂ ਲਖਬੀਰ ਸਿੰਘ ਨਿਜ਼ਾਮਪੁਰ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਦੇ ਭਾਰਤ ਦੀ ਖੇਤੀਬਾੜੀ 'ਤੇ ਪੈਣ ਵਾਲੇ ਪ੍ਰਭਾਵ, ਬਿਜਲੀ ਕਨੂੰਨ ਅਤੇ ਬੀਜ ਕਨੂੰਨ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਅਤੇ ਮੰਗ ਕੀਤੀ ਕਿ ਕੇਂਦਰ ਸਰਕਾਰ ਇਹਨਾਂ ਲੋਕ ਵਿਰੋਧੀ ਕਦਮਾਂ ਤੋਂ ਬਾਜ ਆਵੇ।

ਇਸ ਤੋਂ ਇਲਾਵਾ ਉਹਨਾ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਦੇ ਮਸਲਿਆਂ—ਦਰਿਆਈ ਪਾਣੀਆ ਦੀ ਸਹੀ ਵੰਡ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਉੱਪਰ ਪੰਜਾਬ ਦਾ ਹੱਕ ਬਹਾਲ ਕਰਨ, ਚੰਡੀਗੜ੍ਹ ਯੂਨੀਵਰਸਿਟੀ ਅਤੇ ਚੰਡੀਗੜ੍ਹ ਰਾਜਧਾਨੀ ਪੰਜਾਬ ਹਵਾਲੇ ਕਰਨ ਵਾਸਤੇ 1 ਸਤੰਬਰ ਤੋਂ 7 ਸਤੰਬਰ ਤੱਕ ਚੰਡੀਗੜ੍ਹ ਵਿਖੇ ਲੱਗਣ ਵਾਲੇ ਮੋਰਚੇ ਵਿੱਚ ਪਹੁੰਚਣ ਦੀ ਅਪੀਲ ਕੀਤੀ।

ਇਸ ਕਾਨਫਰੰਸ ਨੂੰ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਗੁਲਜਾਰ ਸਿੰਘ ਬਸੰਤਕੋਟ, ਬਲਬੀਰ ਸਿੰਘ ਕੱਤੋਵਾਲ, ਬਲਦੇਵ ਸਿੰਘ ਖਹਿਰਾ ਅਤੇ ਸੁਖਦੇਵ ਸਿੰਘ ਊਧੋਵਾਲੀ ਨੇ ਸੰਬੋਧਨ ਕੀਤਾ। ਕਾਨਫਰੰਸ ਅੰਦਰ ਪੰਜਾਬੀ ਦੇ ਉਘੇ ਵਿਦਵਾਨ ਅਤੇ ਲੇਖਕ ਡਾਕਟਰ ਅਨੂਪ ਸਿੰਘ ਬਟਾਲਾ ਅਤੇ ਕਰਨੈਲ ਸਿੰਘ ਸ਼ਮਸ਼ੇਰਪੁਰ ਨੂੰ ਸਨਮਾਨਤ ਕੀਤਾ ਗਿਆ। ਕਾਨਫਰੰਸ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਹਰਜੀਤ ਸਿੰਘ ਕਲਾਨੌਰ, ਦਿਲਬਾਗ ਸਿੰਘ ਡੋਗਰ, ਬਲਬੀਰ ਸਿੰਘ ਰੰਧਾਵਾ ਤੋਂ ਇਲਾਵਾ ਜਸਵਿੰਦਰ ਸਿੰਘ ਅਠਵਾਲ, ਜਗਜੀਤ ਸਿੰਘ ਅਲੂਣਾ, ਸੁਭਾਸ਼ ਕੈਰੇ, ਹਰਚਰਨ ਸਿੰਘ ਔਜਲਾ, ਨੌਜਵਾਨ ਆਗੂ ਰਕੇਸ਼ ਕੁਮਾਰ, ਰਣਜੀਤ ਸਿੰਘ ਹਰਗੋਬਿੰਦਪੁਰ, ਜੋਗਿੰਦਰ ਸਿੰਘ ਖੰਨਾ ਚਮਾਰਾ, ਸਰੂਪ ਸਿੰਘ ਸ਼ਾਹਪੁਰ ਜਾਜਨ, ਦਵਿੰਦਰ ਸਿੰਘ, ਅਮਨਜੋਤ ਸਿੰਘ, ਦਿਲਬਾਗ ਸਿੰਘ, ਰਣਜੀਤ ਸਿੰਘ ਘਣੀਏਕੇ ਬਾਂਗਰ, ਗੁਰਬਖਸ਼ ਸਿੰਘ, ਜਤਿੰਦਰ ਸਿੰਘ ਪ੍ਰਧਾਨ ਬਟਾਲਾ ਰੋਡਵੇਜ਼, ਜਰਨੈਲ ਸਿੰਘ ਸਠਿਆਲੀ ਕਾਹਨੂੰਵਾਨ, ਅਸ਼ਵਨੀ ਕੁਮਾਰ ਲੱਖਣ ਕਲਾਂ ਆਦਿ ਆਪਣੇ ਸਾਥੀਆਂ ਨਾਲ ਪਹੁੰਚੇ ਹੋਏ ਸਨ।

## ਸ਼ਾਹਰੁਖ, ਦੇਵਗਨ ਤੇ ਟਾਈਗਰ ਨੂੰ ਕਾਰਨ ਦੱਸੋ ਨੋਟਿਸ

**ਮੁੰਬਈ** : ਮਹਾਰਾਸ਼ਟਰ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਨੇ 'ਵਿਮਲ ਇਲਾਇਚੀ' ਦੇ ਇਸ਼ਤਿਹਾਰ ਨੂੰ ਲੈ ਕੇ ਅਦਾਕਾਰ ਸ਼ਾਹਰੁਖ ਖਾਨ, ਅਜੇ ਦੇਵਗਨ ਅਤੇ ਟਾਈਗਰ ਸ਼ਰਾਫ ਨੂੰ 11 ਅਗਸਤ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ 15 ਦਿਨਾਂ ਵਿੱਚ ਜਵਾਬ ਮੰਗਿਆ ਹੈ। ਉਸ ਦਾ ਦੋਸ਼ ਹੈ ਕਿ ਇਹ ਇਸ਼ਤਿਹਾਰ ਮੁੱਢਲੇ ਤੌਰ 'ਤੇ ਪਾਬੰਦੀਸ਼ੁਦਾ ਪਾਨ ਮਸਾਲਾ ਅਤੇ ਤੰਬਾਕੂ ਨਾਲ ਜੁੜੇ ਉਤਪਾਦਾਂ ਦੀ ਅਸਿੱਧੀ ਪ੍ਰਮੋਸ਼ਨ ਵਜੋਂ ਕੰਮ ਕਰਦਾ ਹੈ। ਨੋਟਿਸ ਵਿੱਚ ਅਦਾਕਾਰਾਂ ਨੂੰ ਦਸਤਾਵੇਜ਼ੀ ਸਬੂਤ ਦੇਣ ਲਈ ਕਿਹਾ ਗਿਆ ਹੈ ਕਿ ਕੀ 'ਵਿਮਲ ਇਲਾਇਚੀ' ਬਾਜ਼ਾਰ ਵਿੱਚ ਅਸਲ ਵਿੱਚ ਉਪਲੱਬਧ ਇੱਕ ਸੁਤੰਤਰ ਉਤਪਾਦ ਹੈ, ਜਾਂ ਕੀ ਇਹ ਵਿਮਲ ਪਾਨ ਮਸਾਲੇ ਨੂੰ ਪ੍ਰਮੋਟ ਕਰਨ ਦਾ ਇੱਕ ਸਾਧਨ ਹੈ। ਇਸ ਤੋਂ ਇਲਾਵਾ ਐਂਡੋਰਸਮੈਂਟ ਸਮਝੌਤਿਆਂ, ਮੁਹਿੰਮ ਦੇ ਵੇਰਵਿਆਂ ਤੇ ਵਿਗਿਆਪਨ ਏਜੰਸੀਆਂ ਦੀ ਜਾਣਕਾਰੀ ਵੀ ਮੰਗੀ ਗਈ ਹੈ।

## ਡਾਕਟਰ ਕਲਾਮ ਇੰਟਰਨੈਸ਼ਨਲ ਸਕੂਲ ਵਿਖੇ ਸ਼ਾਨੋ-ਸ਼ੌਕਤ ਨਾਲ ਮਨਾਇਆ ਆਜ਼ਾਦੀ ਦਿਹਾੜਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਡਾਕਟਰ ਕਲਾਮ ਇੰਟਰਨੈਸ਼ਨਲ ਸਕੂਲ ਵਿਖੇ ਆਜ਼ਾਦੀ ਦਿਹਾੜਾ ਬੜੇ ਉਤਸ਼ਾਹ, ਸ਼ਾਨੋ-ਸ਼ੌਕਤ ਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਦੇ ਮੈਂਬਰ ਰਾਮ ਗੁਪਤਾ, ਮੈਡਮ ਅਗ਼ਸ਼ੀ ਗੁਪਤਾ, ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ, ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਸਮਾਗਮ ਦੀ ਸ਼ੁਰੂਆਤ ਸਕੂਲ ਦੀ ਪ੍ਰਿੰਸੀਪਲ ਤੇ ਮੁੱਖ ਮਹਿਮਾਨਾਂ ਵੱਲੋਂ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਉਣ ਦੀ ਰਸਮ ਨਾਲ ਹੋਈ।ਇਸ ਉਪਰੰਤ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਪ੍ਰਬੰਧਕਾਂ ਨੇ ਮਿਲ ਕੇ ਰਾਸ਼ਟਰੀ ਗਾਨ ਗਾਇਆ।ਵਿਦਿਆਰਥੀਆਂ ਵੱਲੋਂ ਤਿਰੰਗੇ ਨੂੰ ਸਲਾਮੀ ਦੇ ਕੇ ਦੇਸ਼ ਪ੍ਰਤੀ ਸਤਿਕਾਰ ਤੇ ਆਪਣੀ ਜ਼ਿੰਮੇਵਾਰੀ ਦਾ ਪ੍ਰਗਟਾਵਾ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤਾਂ ਤੇ ਕੋਰੀਓਗ੍ਰਾਫੀ ਰਾਹੀਂ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਹਾਜ਼ਰੀਨ ਦਾ ਮਨ ਮੋਹ ਲਿਆ ਗਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਭਾਸ਼ਣਾਂ ਤੇ ਕਵਿਤਾਵਾਂ ਰਾਹੀਂ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਆਜ਼ਾਦੀ ਘੁਲਾਟੀਆਂ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਸਮਾਗਮ ਦੌਰਾਨ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਤੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਨੂੰ ਦਰਸਾਉਂਦਿਆਂ ਵਿਸ਼ੇਸ਼ ਨਾਟਕ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ ਨੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ।ਉਨ੍ਹਾਂ ਨੇ ਡਾਕਟਰ ਅਬਦੁਲ ਕਲਾਮ ਦੇ ਵਿਚਾਰਾਂ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ, ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਤੇ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਮਿਠਾਈਆਂ ਵੰਡੀਆਂ ਗਈਆਂ।ਆਖਰ ਵਿੱਚ 'ਭਾਰਤ ਮਾਤਾ ਦੀ ਜੈ' ਦੇ ਜੈਕਾਰਿਆਂ ਨਾਲ ਆਜ਼ਾਦੀ ਦਿਹਾੜੇ ਦਾ ਇਹ ਸਮਾਗਮ ਦੇਸ਼ ਭਗਤੀ ਦੇ ਜਜ਼ਬੇ ਨਾਲ ਸਫ਼ਲਤਾਪੂਰਵਕ ਸੰਪੰਨ ਹੋਇਆ।

## ਕਿੰਡਰ ਗਾਰਟਨ ਸਕੂਲ 'ਚ ਸੁਤੰਤਰਤਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਸੀ. ਸੈ. ਸਕੂਲ ਵਿੱਚ ਸੁਤੰਤਰਤਾ ਦਿਵਸ ਮਨਾਇਆ ਗਿਆ। ਜਿਸ ਦੀ ਸ਼ੁਰੂਆਤ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਅਤੇ ਪ੍ਰਿੰਸੀਪਲ ਰਣਜੋਤ ਕੌਰ ਵੱਲੋਂ ਤਿਰੰਗਾ ਝੰਡਾ ਲਹਿਰਾ ਕੇ ਕੀਤੀ ਗਈ।ਇਸ ਤੋਂ ਉਪਰੰਤ ਬੱਚਿਆਂ ਨੇ ਮਾਰਚ ਪਾਸਟ ਕੀਤਾ ਅਤੇ ਰਾਸ਼ਟਰੀ ਗੀਤ ਪੇਸ਼ ਕੀਤਾ। ਇਸ ਮੌਕੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤਾਂ ਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ ਅਤੇ ਗੀਤ ਗਾਏ। ਸਾਨੂੰ ਸਾਰਿਆਂ ਨੂੰ ਉਹਨਾਂ ਸ਼ਹੀਦਾਂ ਨੂੰ ਪ੍ਰਣਾਮ ਕਰਨਾ ਚਾਹੀਦਾ ਹੈ ਜਿਨ੍ਹਾ ਸਾਨੂੰ ਆਜ਼ਾਦੀ ਦਿਵਾਉਣ ਲਈ ਆਪਣੀਆਂ ਕੁਰਬਾਨੀਆਂ ਦਿੱਤੀਆਂ । ਇਸ ਦਿਨ ਹੀ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੇ ਭਾਰਤ ਦਾ ਕੌਮੀ ਝੰਡਾ ਤਿਰੰਗਾ ਲਹਿਰਾਇਆ ਸੀ ।ਅੰਤ ਵਿੱਚ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਨੇ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੁਤੰਤਰਤਾ ਦਿਵਸ ਦੀਆਂ ਬਹੁਤ ਬਹੁਤ ਵਧਾਈਆਂ ਦਿੱਤੀਆਂ।

## ਕੇ ਜੇ 'ਚ ਤੀਆਂ ਦਾ ਤਿਉਹਾਰ ਤੇ ਅਜ਼ਾਦੀ ਦਿਵਸ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇ ਜੇ ਇੰਟਰਨੈਸ਼ਨਲ ਪਬਲਿਕ ਸਕੂਲ ਪਿੰਡ ਰਸੂਲਪੁਰ ਵਿਖੇ ਸਕੂਲ ਦੇ ਸਟਾਫ ਤੇ ਵਿਦਿਆਰਥੀਆਂ ਨੇ ਤੀਆਂ ਦਾ ਤਿਉਹਾਰ ਅਤੇ ਅਜ਼ਾਦੀ ਦਿਵਸ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ।ਵੱਖ ਵੱਖ ਕਲਾਸ ਦੇ ਵਿਦਿਆਰਥੀਆਂ ਨੇ ਸਭਿਆਚਾਰਕ ਲੋਕ ਨਾਚ ਅਤੇ ਨਾਟਕ ਪੇਸ਼ ਕੀਤੇ।ਲੜਕੀਆਂ ਨੇ ਗਿੱਧਾ ਤੇ ਬੋਲੀਆਂ ਪਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਪ੍ਰਿੰਸੀਪਲ ਇੰ. ਹਰਮਨਪ੍ਰੀਤ ਸਿੰਘ ਨੇ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਅਜਿਹੇ ਰੰਗਾਰੰਗ ਪ੍ਰੋਗਰਾਮ ਕਰਨ ਲਈ ਪ੍ਰੇਰਿਆ।

## ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਮਨਾਇਆ ਆਜ਼ਾਦੀ ਦਿਵਸ




**ਜਗਰਾਉਂ (ਅਮਿਤ ਖੰਨਾ)**-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸ਼ੁੱਕਰਵਾਰ ਆਜ਼ਾਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਬੜੇ ਹੀ ਉਤਸ਼ਾਹ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਪਲੇਅ ਵੇਅ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਪੂਰੇ ਜੋਸ਼ ਨਾਲ ਭਾਗ ਲੈਂਦਿਆਂ ਵੱਖ-ਵੱਖ ਦੇਸ਼ ਭਗਤੀ ਭਰਪੂਰ ਡਾਂਸ, ਨਾਟਕ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਦੇਸ਼ ਲਈ ਕੁਰਬਾਨੀਆਂ ਦੇਣ ਵਾਲੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਵਿੱਚ ਦੇਸ਼ਭਗਤੀ, ਏਕਤਾ ਅਤੇ ਰਾਸ਼ਟਰੀ ਚੇਤਨਾ ਦੀ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਮਨਪ੍ਰੀਤ ਸਿੰਘ ਬਰਾੜ ਨੇ ਵੀ ਆਜ਼ਾਦੀ ਦਿਵਸ ਨੂੰ ਸਮਰਪਿਤ ਆਪਣੇ ਵਿਚਾਰ ਸਾਂਝੇ ਕੀਤੇ।

## ਪੈਰਾਮਾਊਂਟ ਸਕੂਲ 'ਚ ਮਨਾਇਆ ਸੁਤੰਤਰਤਾ ਦਿਵਸ



**ਭੀਖੀ (ਧਰਮਵੀਰ ਸ਼ਰਮਾ)**-ਪੈਰਾਮਾਊਂਟ ਪਬਲਿਕ ਸਕੂਲ ਚੀਮਾ ਵਿਖੇ 80ਵਾਂ ਸੁਤੰਤਰਤਾ ਦਿਵਸ ਮਨਾਇਆ ਗਿਆ। ਸਭ ਤੋਂ ਪਹਿਲਾਂ ਸਕੂਲ ਵਿੱਚ ਪ੍ਰਾਰਥਨਾ ਸਮੇਂ ਬੱਚਿਆਂ ਨੂੰ 'ਸੁਤੰਤਰਤਾਂ ਦਿਵਸ' ਦੀ ਮਹੱਤਤਾ ਦੱਸਦੇ ਹੋਏ ਉਹਨਾਂ ਸ਼ਹੀਦਾਂ ਨੂੰ ਯਾਦ ਕੀਤਾ ਗਿਆ, ਜਿਨ੍ਹਾਂ ਸਦਕਾ ਸਾਨੂੰ ਇਹ ਅਜ਼ਾਦੀ ਮਿਲੀ ਹੈ। ਇਸਦੇ ਨਾਲ ਹੀ ਬੱਚਿਆਂ ਦੁਆਰਾ ਰਾਸ਼ਟਰੀ ਗੀਤ ਗਾ ਕੇ ਪ੍ਰੋਗਰਾਮ ਨੂੰ ਸ਼ੁਰੂ ਕੀਤਾ ਗਿਆ। ਇਸ ਦੌਰਾਨ ਬੱਚਿਆਂ ਦੁਆਰਾ ਸਕੂਲ ਦੇ ਸੰਗੀਤ ਅਧਿਆਪਕਾਂ ਦੁਆਰਾ ਤਿਆਰ ਕਰਵਾਏ ਗਏ ਦੇਸ਼ ਭਗਤੀ ਦੇ ਗੀਤ ਗਾਏ ਗਏ। ਪ੍ਰੋਗਰਾਮ ਦੀ ਸਮਾਪਤੀ ਸਮੇਂ ਸਕੂਲ ਦੇ ਐੱਮ.ਡੀ. ਸ. ਜਸਵੀਰ ਸਿੰਘ ਚੀਮਾਂ ਨੇ ਬੱਚਿਆਂ ਨੂੰ ਸੁਤੰਤਰਤਾ ਦਿਵਸ ਦੀ ਮਹੱਤਤਾ ਦੱਸਦੇ ਹੋਏ ਸਭ ਨੂੰ ਇਸ ਦਿਨ ਦੀ ਵਧਾਈ ਦਿੱਤੀ। ਇਸ ਮੌਕੇ ਮੈਡਮ ਕਿਰਨਪਾਲ ਕੌਰ, ਪ੍ਰਿੰਸੀਪਲ ਸੰਜੇ ਕੁਮਾਰ, ਵਾਇਸ- ਪ੍ਰਿੰਸੀਪਲ ਭੁਸ਼ਪਿੰਦਰ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

## ਮਨ ਦੇ ਬੰਧਨਾਂ ਤੋਂ ਆਜ਼ਾਦੀ ਹੀ ਅਸਲ ਮੁਕਤੀ : ਸੁਦੀਕਸ਼ਾ ਮਹਾਰਾਜ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੂਰਾ ਭਾਰਤ ਸਾਲਾਨਾ ਆਜ਼ਾਦੀ ਦਿਹਾੜਾ ਜਿੱਥੇ ਦੇਸ਼ ਭਗਤੀ, ਗੌਰਵ ਤੇ ਉਤਸ਼ਾਹ ਨਾਲ ਮਨਾ ਰਿਹਾ ਸੀ, ਉੱਥੇ ਹੀ ਸੰਤ ਨਿਰੰਕਾਰੀ ਮਿਸ਼ਨ ਨੇ ਇਸ ਇਤਿਹਾਸਕ ਦਿਹਾੜੇ ਮੌਕੇ 'ਤੇ ਬ੍ਰਹਮਗਿਆਨ ਦੁਆਰਾ ਪ੍ਰਾਪਤ ਆਤਮਿਕ ਆਜ਼ਾਦੀ ਦੇ ਰੂਹਾਨੀ ਸੰਦੇਸ਼ ਨੂੰ ਵੀ ਜਨ-ਜਨ ਤੱਕ ਪੁਚਾਇਆ।ਇਹ ਪਰਵ ਇਸ ਸੱਚ ਨੂੰ ਸਾਕਾਰ ਕਰਦਾ ਹੈ ਕਿ ਅਸਲ ਮੁਕਤੀ ਬਾਹਰੀ ਬੰਧਨਾਂ ਤੋਂ ਨਹੀਂ, ਸਗੋਂ ਅਗਿਆਨਤਾ, ਹੰਕਾਰ ਤੇ ਵਿਤਕਰੇ ਤੋਂ ਮੁਕਤ ਹੋ ਕੇ ਆਤਮ-ਬੋਧ ਤੇ ਪਰਮਾਤਮ-ਬੋਧ ਦੀ ਅਨੁਭੂਤੀ ਵਿੱਚ ਨਿਹਿਤ ਹੈ।ਮੁਕਤੀ ਪਰਵ ਦਾ ਇਹ ਪਾਵਨ ਮੌਕਾ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਪਾਵਨ ਛਤਰ-ਛਾਇਆ ਹੇਠ ਦਿੱਲੀ ਸਥਿਤ ਨਿਰੰਕਾਰੀ ਸਰੋਵਰ ਦੇ ਸਾਹਮਣੇ, ਗਰਾਊਂਡ ਨੰ. 2, ਨਿਰੰਕਾਰੀ ਚੌਕ, ਬੁਰਾੜੀ ਰੋਡ 'ਤੇ ਸ਼ਰਧਾ, ਭਗਤੀ ਅਤੇ ਉਤਸ਼ਾਹਪੂਰਨ ਮਾਹੌਲ ਵਿੱਚ ਆਯੋਜਤ ਹੋਇਆ। ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਫਰਮਾਇਆ ਕਿ ਸੱਚੀ ਮੁਕਤੀ ਬਾਹਰੀ ਬੰਧਨਾਂ ਤੋਂ ਨਹੀਂ, ਸਗੋਂ ਨਫ਼ਰਤ, ਹੰਕਾਰ, ਛੋਟੀ ਸੋਚ ਤੇ ਪੱਖਪਾਤ ਤੋਂ ਮੁਕਤ ਹੋਣ ਵਿੱਚ ਹੈ।ਹਰ ਸਾਹ ਵਿੱਚ ਨਿਰੰਕਾਰ ਦਾ ਅਹਿਸਾਸ ਰੱਖਦੇ ਹੋਏ ਪ੍ਰੇਮ, ਭਗਤੀ ਅਤੇ ਸਵੀਕਾਰਤਾ ਨਾਲ ਜਿਉਣਾ ਹੀ ਜਿਉਂਦੇ-ਜੀਅ ਮੁਕਤੀ ਹੈ।ਉਨ੍ਹਾਂ ਫਰਮਾਇਆ ਕਿ ਮਾਤਾ ਸਵਿੰਦਰ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਂਦੇ ਹੋਏ 'ਲਾਈਟ ਹਾਊਸ' ਦੀ ਉਦਾਹਰਣ ਦਿੱਤੀ ਕਿ ਪ੍ਰਸਥਿਤੀਆਂ ਕਿਹੋ ਜਿਹੀਆਂ ਵੀ ਹੋਣ, ਅੰਦਰੂਨੀ ਸ਼ਾਂਤੀ, ਪ੍ਰੇਮ ਤੇ ਹਾਂ-ਪੱਖੀ (ਸਕਾਰਾਤਮਕ) ਰੌਸ਼ਨੀ ਸਦਾ ਬਰਕਰਾਰ ਰੱਖੋ।ਸੰਤਾਂ ਦੀਆਂ ਸਿੱਖਿਆਵਾਂ ਨੂੰ ਕੇਵਲ ਸੁਣਨਾ ਨਹੀਂ, ਸਗੋਂ ਵਿਚਾਰ, ਕਰਮ ਤੇ ਜੀਵਨ ਵਿੱਚ ਉਤਾਰਨਾ ਹੀ ਅਸਲ ਸਾਧਨਾ ਅਤੇ ਮੁਕਤੀ ਦਾ ਮਾਰਗ ਹੈ।ਮੁਕਤੀ ਪਰਵ ਦਿਵਸ ਮੌਕੇ ਸੰਤ ਨਿਰੰਕਾਰੀ ਸਤਿਸੰਗ ਭਵਨ ਪਟਿਆਲਾ ਰੋਡ ਸਮਾਣਾ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਦਾ ਰਸਮੀ ਉਦਘਾਟਨ ਗਿਆਨ ਪ੍ਰਚਾਰਕ ਸੰਤ ਵਿਜੇ ਧੀਰ ਜੀ ਪਟਿਆਲਾ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਖ਼ੂਨਦਾਨ ਕੈਂਪ ਵਿੱਚ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਬਲੱਡ ਬੈਂਕ ਦੇ ਡਾਕਟਰ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਡਾਕਟਰਾਂ ਦੀ ਟੀਮ ਵੱਲੋਂ ਕਰੀਬ ਇਕ 170 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।

# ਪੱਕਾ ਤੇ ਸੁਰੱਖਿਅਤ ਰੁਜ਼ਗਾਰ ਦਿਵਾਉਣ ਲਈ ਮੋਰਚਾ ਲਾਉਣ ਦਾ ਐਲਾਨ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਸੀਨੀਅਰ ਮੀਤ ਪ੍ਰਧਾਨ ਜਗਰੂਪ ਸਿੰਘ, ਹਾਕਮ ਸਿੰਘ ਧਨੇਠਾ, ਸੂਬਾ ਖਜ਼ਾਨਚੀ ਰੁਪਿੰਦਰ ਸਿੰਘ, ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਮਨਪ੍ਰੀਤ ਸਿੰਘ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸਹਾਇਕ ਖਜ਼ਾਨਚੀ ਸੁਰਿੰਦਰ ਸਿੰਘ, ਸੂਬਾ ਦਫ਼ਤਰੀ ਸਕੱਤਰ ਓਂਕਾਰ ਸਿੰਘ, ਸੂਬਾ ਪ੍ਰਚਾਰ ਸਕੱਤਰ ਪ੍ਰਦੁਮਣ ਸਿੰਘ, ਬਲਜੀਤ ਸਿੰਘ ਭੱਟੀ, ਤਜਿੰਦਰ ਸਿੰਘ ਮਾਨ,ਗੁਰਵਿੰਦਰ ਸਿੰਘ ਬਾਠ, ਜੱਥੇਬੰਦਕ ਸਕੱਤਰ ਜਸਵੀਰ ਜਿਦਵੜੀ, ਗੁਰਵਿੰਦਰ ਪੰਜੋਲੀ, ਮੇਜਰ ਮੋਹਾਲੀ ਨੇ ਕਿਹਾ ਕਿ ਬੀਤੇ ਦਿਨ ਜਥੇਬੰਦੀ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਈਸੜੂ ਭਵਨ ਲੁਧਿਆਣਾ ਵਿਖੇ ਕਰਕੇ ਇਨਲਿਸਟਮੈਂਟ ਤੇ ਇਨਲਿਸਟਮੈਂਟ ਵਰਕਰਾਂ ਨੂੰ ਵਿਭਾਗ 'ਚ ਕੰਟਰੈਕਟ ਅਧੀਨ ਮਰਜ ਕਰਕੇ ਪੱਕਾ ਅਤੇ ਸੁਰੱਖਿਅਤ ਰੁਜ਼ਗਾਰ ਕਰਵਾਉਣ ਤੱਕ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਦੇ ਖਿਲਾਫ ਪੂਰ ਅਮਨ ਢੰਗ ਨਾਲ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ।

ਆਗੂਆਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਅਤੇ ਵਿਭਾਗ ਦੀ ਮੈਨੇਜਮੈਂਟ ਨਾਲ ਯੂਨੀਅਨ ਵੱਲੋਂ ਬੀਤੇ ਸਮੇਂ ਦੌਰਾਨ ਕੀਤੀਆਂ ਗਈਆਂ ਮੀਟਿੰਗਾਂ 'ਚ ਬਣੀ ਸਹਿਮਤੀ ਮੁਤਾਬਿਕ ਇਨਲਿਸਟਮੈਂਟ ਵਰਕਰਾਂ ਦੀਆਂ ਮੰਗਾਂ-ਮਸਲਿਆਂ ਦਾ ਹੱਲ ਨਹੀਂ ਕੀਤਾ ਜਾ ਰਿਹਾ ਹੈ ਤੇ ਹਰ ਵਾਰ ਸਿਰਫ ਲਾਰੇ ਹੀ ਲਗਾਏ ਜਾਂਦੇ ਹਨ, ਕਿਉਂਕਿ 10 ਅਗਸਤ 2026 ਨੂੰ ਪੰਜਾਬ ਵਿਧਾਨ ਸਭਾ ਸੈਸ਼ਨ 'ਚ ਪਾਸ ਕੀਤੇ ਗਏ ਪੰਜਾਬ ਸਟੇਟ ਆਊਟਸੋਰਸ ਪਰਸੋਨਲ ਬਿੱਲ 2026 'ਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਪਿਛਲੇ 20-22 ਸਾਲਾਂ ਤੋਂ ਲਗਾਤਾਰ ਕੰਮ ਕਰਦੇ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਲ ਨਹੀਂ ਕੀਤਾ ਗਿਆ ਹੈ। ਇਸਦੇ ਇਲਾਵਾ ਕੈਬਨਿਟ ਦੀ ਮੀਟਿੰਗ ਵਿੱਚ ਇਨਲਿਸਟਮੈਂਟ ਵਰਕਰਾਂ ਦੀਆਂ ਮੰਗਾਂ ਦਾ ਹੱਲ ਕਰਨ ਸਬੰਧੀ ਕੋਈ ਏਜੰਡਾ ਪਾਸ ਨਹੀਂ ਕੀਤਾ ਗਿਆ ਹੈ, ਜਦਕਿ ਜਲ ਸਪਲਾਈ ਸਕੀਮਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਇਨਲਿਸਟਮੈਂਟ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸਦੇ ਚੱਲਦੇ ਵਰਕਰਾਂ ਵੱਲੋਂ ਮਜ਼ਬੂਰੀ ਵੱਸ ਆਪਣੇ ਕੱਚੇ-ਪਿੱਲੇ ਰੁਜ਼ਗਾਰ ਨੂੰ ਬਚਾਉਣ ਲਈ ਸੰਘਰਸ਼ ਦਾ ਰਸਤਾ ਅਪਣਾਇਆ ਜਾ ਰਿਹਾ ਹੈ। ਸੂਬਾ ਆਗੂਆਂ ਨੇ ਕਿਹਾ ਕਿ 17 ਅਗਸਤ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਨਾਲ ਹੋਣ ਵਾਲੀ ਪੈਨਲ ਮੀਟਿੰਗ ਵਿੱਚ ਜੇਕਰ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 'ਚ ਇਨਲਿਸਟਮੈਂਟ ਕਾਮਿਆਂ ਨੂੰ ਵੀ ਸ਼ਾਮਲ ਕਰਕੇ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਤਾਂ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਪਰਿਵਾਰ-ਬੱਚਿਆਂ ਸਮੇਤ ਕੈਬਨਿਟ ਮੰਤਰੀ ਦੇ ਹਲਕੇ ਸਾਹਨੇਵਾਲ ਵਿਚ ਪੂਰਅਮਨ ਢੰਗ ਨਾਲ 19 ਅਗਸਤ 2026 ਦਿਨ ਬੁੱਧਵਾਰ ਨੂੰ ਲਗਾਤਾਰ ਮੋਰਚਾ ਲਾਇਆ ਜਾਵੇਗਾ। ਇਸ ਦੌਰਾਨ ਹਲਕਾ ਸਾਹਨੇਵਾਲਾ ਦੇ ਪਿੰਡਾਂ ਵਿੱਚ ਝੰਡਾ ਮਾਰਚ ਵੀ ਹਰ ਰੋਜ ਕੀਤਾ ਜਾਵੇਗਾ। ਇਹ ਮੋਰਚਾ ਮੰਗਾਂ-ਮਸਲਿਆਂ ਦਾ ਹੱਲ ਲਿਖਤੀ ਰੂਪ ਵਿੱਚ ਕਰਾਉਣ ਤੱਕ ਜਾਰੀ ਰੱਖਿਆ ਜਾਵੇਗਾ।

# ਨਸ਼ਾ ਤਸਕਰਾਂ ਦੀਆਂ ਇਮਾਰਤਾਂ 'ਤੇ ਚੱਲਿਆ ਬੁਲਡੋਜ਼ਰ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਤਹਿਤ ਨਸ਼ਾ ਤਸਕਰੀ ਨਾਲ ਸਬੰਧਤ ਦੋ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈਆਂ ਇਮਾਰਤਾਂ ਨੂੰ ਢਾਹਿਆ ਗਿਆ। ਨਾਇਬ ਤਹਿਸੀਲਦਾਰ ਗੁਰਬਖਸ਼ ਸਿੰਘ ਨੇ ਦੱਸਿਆ ਕਿ ਪੁਲਿਸ ਥਾਣਾ ਕਿੱਲਿਆਂਵਾਲੀ ਅਧੀਨ ਪੈਂਦੇ ਮੰਡੀ ਕਿੱਲਿਆਂਵਾਲੀ ਵਿਖੇ ਕਾਂਤਾ ਉਰਫ ਮਾਣੀ, ਸੁਨੀਲ ਕੁਮਾਰ ਉਰਫ ਸ਼ੀਲੂ ਪੁੱਤਰ ਰਾਮ ਨਿਵਾਸ (ਦੋਵੇਂ ਮਾਂ-ਪੁੱਤ) ਤੇ ਸਤਪਾਲ ਪੁੱਤਰ ਰਾਮ ਲਾਲ ਨਾਲ ਸਬੰਧਿਤ ਦੋ ਗੈਰ-ਕਾਨੂੰਨੀ ਇਮਾਰਤਾਂ ਨੂੰ ਸਮਰੱਥ ਅਥਾਰਟੀ ਦੇ ਹੁਕਮਾਂ ਅਨੁਸਾਰ ਢਾਹਿਆ ਗਿਆ।ਉਨ੍ਹਾਂ ਦੱਸਿਆ ਕਿ ਕਾਰਵਾਈ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਪੁਲਸ ਵਿਭਾਗ ਦੀ ਸਹਾਇਤਾ ਲਈ ਗਈ ਅਤੇ ਸਾਰੀ ਕਾਰਵਾਈ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕਰਦਿਆਂ ਕੀਤੀ ਗਈ।

ਮਨਮੀਤ ਸਿੰਘ ਢਿੱਲੋਂ, ਐਸ.ਪੀ. (ਡੀ) ਨੇ ਦੱਸਿਆ ਕਿ ਉਕਤ ਤਿੰਨਾਂ ਤੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮੇ ਦਰਜ ਹਨ।ਉਨ੍ਹਾਂ ਅੱਗੇ ਦੱਸਿਆ ਕਿ ਸ਼੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ, ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਤੇ ਪੰਜਾਬ ਸਰਕਾਰ ਤੇ ਡੀ.ਜੀ.ਪੀ. ਪੰਜਾਬ ਦੇ ਹੁਕਮਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਵਿਆਪਕ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਧੰਦੇ ਰਾਹੀਂ ਬਣਾਈ ਗਈ ਕਿਸੇ ਵੀ ਜਾਇਦਾਦ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਕੰਪੀਟੈਂਟ ਅਥਾਰਟੀ, ਦਿੱਲੀ ਤੋਂ ਅਟੈਚ ਕਰਵਾ ਕੇ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਨਸ਼ਾ ਤਸਕਰੀ ਸਬੰਧੀ ਕੋਈ ਜਾਣਕਾਰੀ ਹੋਵੇ ਤਾਂ ਉਹ ਬੇਝਿਜਕ ਪੁਲਿਸ ਨੂੰ ਸੂਚਿਤ ਕਰਨ।ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਨਜਾਇਜ਼ ਸ਼ਰਾਬ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**

ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸਵਾ 9 ਬੋਤਲਾਂ ਸਣੇ 1 ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਏ.ਐਸ.ਆਈ. ਸਰਵਨ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਬਾਹਮਣੀ ਵਾਲੀ ਚੁੰਗੀ ਚੌਕ ਦੇ ਕੋਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੰਦੀਪ ਸਿੰਘ ਪੁਤਰ ਸੁਰਜੀਤ ਸਿੰਘ ਵਾਸੀ ਕਨਲਾ ਵਾਲੇ ਝੁੱਗੇ ਜਲਾਲਾਬਾਦ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਆਦੀ ਹੈ, ਜੋ ਹੁਣ ਵੀ ਆਪਣੇ ਘਰ ਦੇ ਬਾਹਰ ਨਜਾਇਜ ਸ਼ਰਾਬ ਵੇਚ ਰਿਹਾ ਹੈ। ਜਿਸ 'ਤੇ ਪੁਲਸ ਪਾਰਟੀ ਨੇ ਇਤਲਾਹ ਭਰੋਸੇਯੋਗ ਹੋਣ ਤੇ ਛਾਪੇਮਾਰੀ ਕਰਕੇ ਸੰਦੀਪ ਸਿੰਘ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਆਬਕਾਰੀ ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।

## ਸਨੌਰ 'ਚ ਨਿੱਤ ਹੋ ਰਹੇ ਕਤਲਾਂ, ਲੁੱਟਾਂ ਤੇ ਝਗੜਿਆਂ ਤੋਂ ਲੋਕਾਂ 'ਚ ਸਹਿਮ : ਗੌਰਵ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਦਿਨੀਂ ਸਨੌਰ ਵਿਖੇ ਇੱਕ ਨੌਜਵਾਨ ਦੇ ਕੀਤੇ ਕਤਲ, ਪਰਵਾਸੀਆਂ 'ਚ ਸਰੇਆਮ ਸੜਕਾਂ 'ਤੇ ਹੋਈ ਲੜਾਈ ਅਤੇ ਰਾਤ ਸਮੇਂ ਦੁਕਾਨਾਂ ਦੇ ਜਿੰਦਰੇ ਤੋੜ ਕੇ ਲੁੱਟਣ ਦੇ ਨਾਲ ਨਾਲ ਰਾਤ ਸਮੇਂ ਦੁਕਾਨਾਂ ਨੂੰ ਲਗਾਈ ਅੱਗ ਦੀਆਂ ਘਟਨਾਵਾਂ ਆਮ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਸਨੌਰ ਪੁਲਸ ਦੀ ਘਟੀਆ ਕਾਰੁਜ਼ਗਾਰੀ 'ਤੇ ਪ੍ਰਸ਼ਨ ਲਗਾ ਰਹੀਆਂ ਹਨ। ਨਿੱਤ ਵਾਪਰ ਰਹੀਆਂ ਮੰਦਭਾਗੀ ਘਟਨਾਵਾਂ ਕਾਰਨ ਲੋਕਾਂ 'ਚ ਸਹਿਮ ਪਾਇਆ ਜਾ ਰਿਹਾ ਹੈ। ਕਾਂਗਰਸ ਸੀਨੀਅਰ ਦੇ ਆਗੂ ਗੌਰਵ ਸੰਧੂ ਨੇ ਸਨੌਰ ਸ਼ਹਿਰ 'ਚ ਨਿੱਤ ਵਾਪਰ ਰਹੀਆਂ ਮੰਦਭਾਗੀ ਘਟਨਾਵਾਂ ਤੇ ਆਪਣਾ ਪ੍ਰਤੀਕਰਮ ਦੇਣ ਸਮੇਂ ਇਸ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ 2027 ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮਾਈਨਿੰਗ ਮਾਫ਼ੀਆ ਨੂੰ ਖ਼ਤਮ ਕਰਕੇ ਪੰਜਾਬ ਦਾ ਰੇਤਾ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।ਘਰ ਬਣਾਉਣ, ਘਰ ਦੀ ਮੁਰੰਮਤ, ਸਕੂਲਾਂ, ਸੜਕਾਂ ਤੇ ਹੋਰ ਜਨਤਕ ਵਿਕਾਸ ਕਾਰਜਾਂ ਲਈ ਕਾਨੂੰਨੀ ਤਰੀਕੇ ਨਾਲ ਕੱਢੀ ਗਈ ਰੇਤ ਆਮ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।ਗੌਰਵ ਨੇ ਹਲਕਾ ਸਨੌਰ ਦੇ ਪਿੰਡਾਂ ਚ ਕਾਂਗਰਸ 2027 ਮਿਸ਼ਨ ਮੁਹਿੰਮ ਤਹਿਤ ਲੋਕਾਂ ਨੂੰ ਕਾਂਗਰਸ ਨਾਲ ਜੋੜਨ ਦੀ ਮੁਹਿੰਮ ਤਹਿਤ ਪਿੰਡਾਂ ਦਾ ਦੌਰਾ ਕਰਨ ਸਮੇਂ ਕਿਹਾ ਕਿ ਰੇਤ ਕੋਈ ਲਗਜ਼ਰੀ ਨਹੀਂ, ਹਰ ਪਰਿਵਾਰ ਦੀ ਲੋੜ ਹੈ।ਜਦੋਂ ਪੰਜਾਬ ਦੇ ਕੁਦਰਤੀ ਸਰੋਤ ਪੰਜਾਬ ਵਿੱਚ ਹੀ ਹਨ ਤਾਂ ਪੰਜਾਬ ਦੇ ਲੋਕਾਂ ਨੂੰ ਇਸ ਲਈ ਮਹਿੰਗੀ ਕੀਮਤ ਕਿਉਂ ਦੇਣੀ ਪਵੇ ? ਉਨ੍ਹਾਂ ਕਿਹਾ ਕਿ ਝਾੜੂ ਸਰਕਾਰ ਨੇ ਪੰਜਾਬ ਦੀ ਰੇਤ ਵਿੱਚ ਸਰਕਾਰੀ ਕਮਾਈ ਦੇਖੀ, ਪਰ ਸਾਡਾ ਮਕਸਦ ਆਮ ਪਰਿਵਾਰਾਂ ਦਾ ਨਿਰਮਾਣ ਖਰਚ ਘਟਾਉਣਾ, ਵਿਕਾਸ ਕਾਰਜਾਂ ਦੀ ਲਾਗਤ ਘਟਾਉਣਾ ਤੇ ਮਜ਼ਦੂਰਾਂ ਤੇ ਛੋਟੇ ਠੇਕੇਦਾਰਾਂ ਲਈ ਰੁਜ਼ਗਾਰ ਦੇ ਮੌਕੇ ਵਧਾਉਣਾ ਹੈ।ਸਮਸ਼ਪੁਰ ਨੇ ਕਿਹਾ ਕਿ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਨ ਤੇ ਪੰਜਾਬ ਅੰਦਰ ਗੈਰ-ਕਾਨੂੰਨੀ ਮਾਈਨਿੰਗ 'ਤੇ ਨੱਥ ਪਾ ਕੇ ਪਾਰਦਰਸ਼ੀ ਤੇ ਤਕਨੀਕ ਅਧਾਰਤ ਮਾਈਨਿੰਗ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ।

## ਫੂਡ ਏਜੰਸੀਆਂ 'ਚ ਕੰਮ ਕਰਦੇ ਮਜ਼ਦੂਰਾਂ ਨੂੰ ਵੀ ਠੇਕੇਦਾਰਾਂ ਦੀ ਗੁਲਾਮੀ ਤੋਂ ਆਜ਼ਾਦ ਕੀਤਾ ਜਾਵੇ : ਬਲਵੀਰ ਲਹਿਰਾ

**ਮੱਖੂ (ਰਛਪਾਲ ਸਿੰਘ ਸੰਧੂ)**-ਫੂਡ ਗਰੇਨ ਐਂਡ ਅਲਾਈਡ ਵਰਕਰ ਯੂਨੀਅਨ ਮਖੂ ਵੱਲੋਂ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਦਾਨਾ ਮੰਡੀ ਮਖੂ ਵਿਖੇ ਯੂਨੀਅਨ ਦੇ ਦਫਤਰ 'ਚ ਮਨਾਈ ਗਈ।ਇਸ ਮੌਕੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਯੂਨੀਅਨ ਦੇ ਪ੍ਰਧਾਨ ਅਨਵਰ ਮਸੀਹ ਤੇ ਸੂਬਾਈ ਆਗੂ ਬਲਵੀਰ ਸਿੰਘ ਲਹਿਰਾ ਵੱਲੋਂ ਨਿਭਾਈ ਗਈ।ਇਸ ਮੌਕੇ ਬਲਵੀਰ ਸਿੰਘ ਲਹਿਰਾ ਨੇ ਦੱਸਿਆ ਕਿ ਸਮੁੱਚਾ ਦੇਸ ਅੱਜ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਮਨਾ ਰਿਹਾ ਹੈ, ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਪੰਜਾਬ ਸਰਕਾਰ ਦੀਆਂ ਫੂਡ ਏਜੰਸੀਆਂ 'ਚ ਕੰਮ ਕਰਦੇ ਮਜ਼ਦੂਰ ਅੱਜ ਵੀ ਠੇਕੇਦਾਰਾਂ ਦੀ ਗੁਲਾਮੀ ਦਾ ਸੰਤਾਪ ਹੰਢਾ ਰਹੇ ਹਨ, ਕਿਉਂਕਿ ਪੰਜਾਬ ਸਰਕਾਰ ਦੀਆਂ ਏਜੰਸੀਆਂ ਜਿਵੇਂ ਕਿ ਮਾਰਕਫੈੱਡ, ਪੰਜਾਬ ਸਟੇਟ ਵੇਅਰ ਹਾਉਸ, ਪਨਗ੍ਰੇਨ, ਪਨਸਪ ਆਦਿ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਠੇਕੇਦਾਰੀ ਪ੍ਰਥਾ ਵਿੱਚ ਰੱਖਿਆ ਹੋਇਆ ਹੈ।ਠੇਕੇਦਾਰ ਇਨ੍ਹਾਂ ਮਜ਼ਦੂਰਾਂ ਦਾ ਆਰਥਿਕ ਤੇ ਸਰੀਰਕ ਸ਼ੋਸ਼ਣ ਕਰਦੇ ਹਨ।ਸਰਕਾਰ ਤੋਂ ਲਏ ਪੈਸਿਆਂ 'ਚੋਂ ਮੋਟਾ ਕਮਿਸ਼ਨ ਰੱਖ ਕੇ ਬਹੁਤ ਘੱਟ ਰੇਟਾਂ 'ਤੇ ਮਜ਼ਦੂਰਾਂ ਕੋਲੋਂ ਕੰਮ ਕਰਾਇਆ ਜਾਂਦਾ ਹੈ, ਮਜ਼ਦੂਰਾਂ ਦੇ ਬਣਦੇ ਫੰਡ ਵੀ ਠੀਕ ਤਰ੍ਹਾਂ ਜਮ੍ਹਾਂ ਨਹੀਂ ਕਰਵਾਏ ਜਾਂਦੇ, ਜਿਸ ਕਾਰਨ ਉਹ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਤੋਂ ਵੀ ਵਾਂਝੇ ਰਹਿ ਜਾਂਦੇ ਹਨ।ਬਲਵੀਰ ਲਹਿਰਾ ਨੇ ਕਿਹਾ ਕਿ ਇਹ ਉਹੀ ਮਜ਼ਦੂਰ ਹਨ, ਜਿਨ੍ਹਾਂ ਨੇ ਕੋਰੋਨਾ ਕਾਲ ਵਿੱਚ ਆਪਣੀਆਂ ਜਾਨਾਂ ਦੀ ਪ੍ਰਵਾਹ ਨਾ ਕਰਦੇ ਹੋਏ ਦੇਸ਼ ਦੇ ਕੋਨੇ ਕੋਨੇ ਵਿੱਚ ਅਨਾਜ ਪਹੁੰਚਾਇਆ। ਯੂਨੀਅਨ ਦੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਇਨ੍ਹਾਂ ਮਜ਼ਦੂਰਾਂ ਨੂੰ ਵੀ ਠੇਕੇਦਾਰਾਂ ਦੀ ਗੁਲਾਮੀ ਤੋਂ ਆਜ਼ਾਦ ਕਰਾਇਆ ਜਾਵੇ ਤੇ ਮਜ਼ਦੂਰਾਂ ਦੀ ਬਣਦੀ ਮਜ਼ਦੂਰੀ ਇਨ੍ਹਾਂ ਨੂੰ ਸਿੱਧੀ ਦਿੱਤੀ ਜਾਵੇ ਤਾਂ ਜੋ ਇਹ ਵੀ ਅਪਣੇ ਆਜ਼ਾਦ ਦੇਸ਼ ਵਿੱਚ ਆਜ਼ਾਦੀ ਦਾ ਨਿੱਘ ਮਾਣ ਸਕਣ।ਇਸ ਮੌਕੇ ਟੋਲੀ ਆਗੂ ਪੂਰਨ ਮਸੀਹ, ਜਗਤਾਰ ਮਸੀਹ, ਜੋਗਿੰਦਰ ਮਸੀਹ, ਸੁੱਖਾ ਮਸੀਹ, ਜਸਪਾਲ ਤਲਵੰਡੀ, ਬੂਟਾ ਮਸੀਹ, ਫੌਜੀ ਤਲਵੰਡੀ, ਕਾਰਜ ਬਹਿਕਾਂ, ਤਰਸੇਮ ਮਸੀਹ, ਪਤਰਸ ਮਸੀਹ, ਪਰਗਟ ਸਿੰਘ ਪਿੰਕਾ, ਕਰਨ ਮਸੀਹ, ਬੂਟਾ ਭੱਟੀ ਮੁਨੀਮ, ਗਗਨਦੀਪ ਸਿੰਘ, ਪਿਆਰਾ ਮਸੀਹ, ਸੁਨੀਲ ਸਰਪੰਚ, ਵਿਸ਼ਾਲ ਮਸੀਹ, ਰੂਪ ਲਾਲ ਭੱਟੀ, ਫਰਿਆਦ ਮਸੀਹ ਆਦਿ ਹਾਜ਼ਰ ਸਨ।



## ਸਫਾ 1 ਦੇ ਬਾਕੀ...

### ਕਾਮਰੇਡ ਯੇਚੁਰੀ ਦੇ ...

ਇਹ ਸਟੇਟ ਸਪਾਂਸਰਡ ਸਮਾਗਮ ਹੈ। ਇਸ ਤੋਂ ਬਾਅਦ ਹੀ ਹੋਰਨਾਂ ਵਿਰੋਧੀ ਪਾਰਟੀਆਂ ਨੇ ਆਪਣਾ ਜਵਾਬ ਦਿੱਤਾ ਸੀ। 2014 ਵਿੱਚ ਜਦੋਂ ਮੋਦੀ ਸਰਕਾਰ ਭੂਮੀ ਅਧਿਗ੍ਰਹਿਣ ਬਿੱਲ ਲੈ ਕੇ ਆਈ ਤਾਂ ਇਸ ਨੂੰ ਲੋਕ ਸਭਾ ਵਿੱਚ ਪਾਸ ਕਰਨ ਮਗਰੋਂ ਦੋ ਵਾਰ ਰਾਜ ਸਭਾ ਵਿੱਚ ਪੇਸ਼ ਕੀਤਾ ਗਿਆ, ਪਰ ਕਾਮਰੇਡ ਯੇਚੁਰੀ ਵੱਲੋਂ ਵਿਰੋਧੀ ਮੈਂਬਰਾਂ ਦੀ ਲਾਮਬੰਦੀ ਕਾਰਨ ਇਹ ਰਾਜ ਸਭਾ ਵਿੱਚ ਪਾਸ ਨਹੀਂ ਹੋ ਸਕਿਆ। ਉਨ੍ਹਾ ਕਿਹਾ ਕਿ ਇਸ ਬਿੱਲ ਦੇ ਪਾਸ ਹੋਣ ਦੀ ਸੂਰਤ ਵਿੱਚ ਅਜਿਹਾ ਕਾਨੂੰਨ ਹੋਂਦ ਵਿੱਚ ਆ ਜਾਂਦਾ, ਜਿਸ ਨਾਲ ਕਿਸਾਨਾਂ ਦੀ 32.09, ਫ਼ੀਸਦੀ ਪ੍ਰਮੁੱਖ ਜ਼ਮੀਨ ਐਕਵਾਇਰ ਕਰ ਕੇ ਅੰਬਾਨੀਆਂ-ਅਡਾਨੀਆਂ ਨੂੰ ਦੇ ਦਿੱਤੀ ਜਾਂਦੀ। ਇਸ ਦੇ ਨਤੀਜੇ ਵਜੋਂ ਉਪਜ ਦੀ ਘਾਟ ਹੋ ਜਾਂਦੀ ਤੇ ਅਨਾਜ ਬਾਹਰੋਂ ਮੰਗਵਾਉਣਾ ਪੈਂਦਾ।

ਕਾਮਰੇਡ ਸੇਖੋਂ ਨੇ ਕਿਹਾ ਕਿ ਕਾਮਰੇਡ ਯੇਚੁਰੀ ਦੇ ਦੇਹਾਂਤ ਮਗਰੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ ਕਿ ਕਾਮਰੇਡ ਯੇਚੁਰੀ ਇੱਕ ਅਜਿਹੇ ਆਗੂ ਸਨ, ਜੋ ਆਪਣੇ ਵਿਰੋਧੀਆਂ ਨਾਲ ਵੀ ਸੰਵਾਦ ਰਚਾਉਣ ਦੀ ਸਮਰੱਥਾ ਰੱਖਦੇ ਸਨ। ਕਾਮਰੇਡ ਯੇਚੁਰੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਨ੍ਹਾ ਦੀ ਸੋਚ ਨੂੰ ਅਪਣਾਉਂਦਿਆਂ ਹੁਕਮਰਾਨਾਂ ਵੱਲੋਂ ਬਣਾਏ ਹਾਲਾਤ ਬਾਰੇ ਜਨਤਾ ਨੂੰ ਜਾਗਰੂਕ ਕਰ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇ।

ਪ੍ਰੋ.ਚਮਨ ਲਾਲ ਨੇ ਕਿਹਾ ਕਿ ਵਿਦਿਆਰਥੀ ਜੀਵਨ ਦੌਰਾਨ ਤੇ ਬਾਅਦ ਵਿੱਚ ਕਾਮਰੇਡ ਯੇਚੁਰੀ ਨੂੰ ਸੀਤਾ ਕਹਿ ਕੇ ਬੁਲਾਇਆ ਜਾਂਦਾ ਸੀ। ਉਨ੍ਹਾ ਦੀ ਕਾਮਰੇਡ ਯੇਚੁਰੀ ਨਾਲ ਬਹੁਤ ਸਾਂਝ ਰਹੀ। 1977 ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨਵੀਂ ਦਿੱਲੀ ਦਾ ਚਾਂਸਲਰ ਦਾ ਅਹੁਦਾ ਉਸ ਸਮੇਂ ਦੀ ਪ੍ਰਧਾਨ ਮੰਤਰੀ ਮਰਹੂਮ ਇੰਦਰਾ ਗਾਂਧੀ ਕੋਲ ਹੁੰਦਾ ਸੀ। ਐਮਰਜੈਂਸੀ ਦੌਰਾਨ ਵਿਦਿਆਰਥੀਆਂ ਦੇ ਹੱਕਾਂ ਨੂੰ ਬੁਰੀ ਤਰ੍ਹਾਂ ਕੁਚਲਿਆ ਗਿਆ, ਇਸ ਦੇ ਵਿਰੋਧ ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੀ ਵਿਦਿਆਰਥੀ ਜਥੇਬੰਦੀ ਵੱਲੋਂ ਸੰਘਰਸ਼ ਸ਼ੁਰੂ ਕੀਤਾ ਗਿਆ, ਜਿਸ ਦੀ ਅਗਵਾਈ ਕਾਮਰੇਡ ਯੇਚੁਰੀ ਨੇ ਕੀਤੀ। ਇਸ ਮੌਕੇ ਪ੍ਰਧਾਨ ਮੰਤਰੀ ਮਰਹੂਮ ਇੰਦਰਾ ਗਾਂਧੀ ਵਿਦਿਆਰਥੀਆਂ ਦੇ ਧਰਨੇ ਵਿੱਚ ਪਹੁੰਚੀ। ਇਸ ਦੌਰਾਨ ਕਾਮਰੇਡ ਯੇਚੁਰੀ ਨੇ ਮੈਮੋਰੰਡਮ ਪੜ੍ਹਿਆ, ਜਿਸ ਵਿੱਚ ਵਿਦਿਆਰਥੀਆਂ 'ਤੇ ਜ਼ੁਲਮਾਂ ਦੀ ਗੱਲ ਕੀਤੀ ਗਈ ਤੇ ਮੰਗ ਕੀਤੀ ਗਈ ਕਿ ਪ੍ਰਧਾਨ ਮੰਤਰੀ ਨੂੰ ਯੂਨੀਵਰਸਿਟੀ ਦੇ ਚਾਂਸਲਰ ਦੇ ਅਹੁਦੇ ਤੋਂ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ।

ਇਹ ਸਭ ਸੁਣ ਕੇ ਪ੍ਰਧਾਨ ਮੰਤਰੀ ਮਰਹੂਮ ਇੰਦਰਾ ਗਾਂਧੀ ਗੁੱਸੇ 'ਚ ਉੱਥੋਂ ਚਲੇ ਗਏ। ਅਗਲੇ ਦਿਨਾਂ 'ਚ ਉਨ੍ਹਾ ਵੱਲੋਂ ਯੂਨੀਵਰਸਿਟੀ ਦੇ ਚਾਂਸਲਰ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਗਿਆ। ਪ੍ਰੋ. ਚਮਨ ਲਾਲ ਨੇ ਕਿਹਾ ਕਿ ਦੇਸ਼ 'ਚ ਰਾਜ ਕਰ ਰਹੀ ਪਾਰਟੀ ਨੇ ਪਿਛਲੇ 12 ਸਾਲਾਂ 'ਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨੂੰ ਬਰਬਾਦ ਕਰਨ 'ਚ ਕੋਈ ਕਸਰ ਨਹੀਂ ਛੱਡੀ। ਉਨ੍ਹਾ ਕਿਹਾ ਕਿ ਅੱਜ ਜੋ ਦੇਸ਼ ਦੇ ਹਾਲਾਤ ਹਨ, ਉਹ ਕਿਸੇ ਤੋਂ ਲੁਕੇ ਹੋਏ ਨਹੀਂ। ਅਜਿਹੇ 'ਚ ਕਾਮਰੇਡ ਯੇਚੁਰੀ ਦੇ ਦੱਸੇ ਰਸਤੇ 'ਤੇ ਚੱਲ ਕੇ ਸੰਘਰਸ਼ ਕਰਨਾ ਲਾਜ਼ਮੀ ਹੈ।

ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਕਾਮਰੇਡ ਯੇਚੁਰੀ ਨੇ ਜਿਸ ਵਿਚਾਰਧਾਰਾ ਨੂੰ ਅਪਣਾਇਆ, ਉਨ੍ਹਾ ਆਖ਼ਰੀ ਸਾਹ ਤੱਕ ਉਸ 'ਤੇ ਪਹਿਰਾ ਦਿੱਤਾ। ਉਨ੍ਹਾ ਦਾ ਦੂਜੀਆਂ ਸਿਆਸੀ ਵਿਰੋਧੀ ਪਾਰਟੀਆਂ ਵਿੱਚ ਵੀ ਪੂਰਾ ਸਤਿਕਾਰ ਸੀ। ਅੱਜ ਦੇਸ਼ ਦੇ ਜੋ ਸਮਾਜਿਕ, ਆਰਥਿਕ ਤੇ ਸੱਭਿਆਚਾਰਕ ਹਾਲਾਤ ਹਨ, ਉਨ੍ਹਾਂ ਨੂੰ ਦੇਖਦਿਆਂ ਕਾਮਰੇਡ ਯੇਚੁਰੀ ਦੇ ਜੀਵਨ ਤੋਂ ਸੇਧ ਲੈਂਦਿਆਂ ਸੰਘਰਸ਼ ਨੂੰ ਹੋਰ ਤੇਜ਼ ਕਰਨਾ ਹੋਵੇਗਾ। ਉਨ੍ਹਾ ਕਿਹਾ ਕਿ ਭਾਜਪਾ-ਆਰ ਐੱਸ ਐੱਸ ਨੇ ਦੇਸ਼ ਦੀ ਆਜ਼ਾਦੀ ਦੇ ਸੰਗਰਾਮ 'ਚ ਗ਼ੱਦਾਰਾਂ ਵਾਲਾ ਰੋਲ ਅਦਾ ਕੀਤਾ। ਇਨ੍ਹਾਂ ਵੱਲੋਂ ਜੋ ਅੱਜ ਨਫ਼ਰਤ ਦੇ ਕੰਡੇ ਬੀਜੇ ਜਾ ਰਹੇ ਹਨ, ਉਨ੍ਹਾਂ ਨੂੰ ਲਾਂਭੇ ਕਰਨਾ ਲਾਜ਼ਮੀ ਹੈ। ਉਨ੍ਹਾ ਕਿਹਾ ਕਿ ਬੇਸ਼ੱਕ ਖੱਬੇ-ਪੱਖੀਆਂ ਦੀ ਕੁਝ ਤਾਕਤ ਘਟੀ ਹੈ, ਪਰ ਇਤਿਹਾਸ ਦੱਸਦਾ ਹੈ ਕਿ ਖੱਬੇ-ਪੱਖੀਆਂ ਨੇ ਹਰੇਕ ਹਾਲਾਤ ਦਾ ਡਟ ਕੇ ਸਾਹਮਣਾ ਕੀਤਾ ਹੈ। ਪ੍ਰੋ. ਅਰਵਿੰਦ ਨੇ ਕਿਹਾ ਕਿ ਅੱਜ ਲੋੜ ਹੈ ਕਿ ਕਾਮਰੇਡ ਯੇਚੁਰੀ ਦੇ ਵਿਚਾਰਾਂ ਤੇ ਸਿੱਖਿਆ ਤੋਂ ਸੇਧ ਲੈ ਕੇ ਸੰਘਰਸ਼ 'ਚ ਅੱਗੇ ਵਧਿਆ ਜਾਵੇ। ਉਨ੍ਹਾ ਕਿਹਾ ਕਿ ਉਨ੍ਹਾ ਦਾ ਪਰਵਾਰ 1940 ਤੋਂ ਖੱਬੇ-ਪੱਖੀ ਵਿਚਾਰਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾ ਨੂੰ ਕਾਮਰੇਡ ਯੇਚੁਰੀ ਨੂੰ ਸੁਣਨ ਦਾ ਮੌਕਾ 1987 'ਚ ਜਲੰਧਰ ਵਿਖੇ ਪਹਿਲੀ ਵਾਰ ਉਦੋਂ ਮਿਲਿਆ, ਜਦੋਂ ਉਹ ਐੱਸ ਐੱਫ਼ ਆਈ ਦੀ ਮੀਟਿੰਗ ਨੂੰ ਸੰਬੋਧਨ ਕਰਨ ਆਏ ਸਨ। ਉਨ੍ਹਾ ਉਸ ਮੌਕੇ ਦੇਸ਼ ਤੇ ਪੰਜਾਬ ਦੇ ਹਾਲਾਤ ਬਾਰੇ ਗੱਲ ਕਰਦਿਆਂ ਸਾਮਰਾਜ ਬਾਰੇ ਵੀ ਖੁੱਲ੍ਹ ਕੇ ਗੱਲ ਕੀਤੀ ਸੀ। ਉਨ੍ਹਾ ਕਿਹਾ ਕਿ ਕਾਮਰੇਡ ਯੇਚੁਰੀ ਨੇ ਵਿਦਿਆਰਥੀ ਜੀਵਨ ਦੌਰਾਨ ਵਿਦਿਆਰਥੀਆਂ ਨੂੰ ਲਾਮਬੰਦ ਕਰਕੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ਼ ਲੜਿਆ। ਉਨ੍ਹਾ ਕਿਹਾ ਕਿ ਅੱਜ ਵੀ ਹੁਕਮਰਾਨ ਉਸੇ ਤਰ੍ਹਾਂ ਦੇ ਹਾਲਾਤ ਪੈਦਾ ਕਰ ਰਹੇ ਹਨ, ਜਿਸ ਦੀ ਮਿਸਾਲ ਪਿਛਲੇ ਦਿਨੀ ਦਿੱਲੀ ਵਿਖੇ ਹੋਏ ਵਿਦਿਆਰਥੀਆਂ ਦੇ ਸੰਘਰਸ਼ ਤੋਂ ਮਿਲਦੀ ਹੈ। ਉਨ੍ਹਾ ਕਿਹਾ ਕਿ ਸਾਨੂੰ ਕਾਮਰੇਡ ਯੇਚੁਰੀ ਦੇ ਵਿਚਾਰਾਂ ਤੇ ਸਿੱਖਿਆ ਤੋਂ ਸੇਧ ਲੈ ਕੇ ਜਮਹੂਰੀ ਢੰਗ ਨਾਲ ਅੱਗੇ ਵਧਣਾ ਹੋਵੇਗਾ। ਇਸ ਲਈ ਵੱਖ-ਵੱਖ ਖੱਬੀਆਂ ਧਿਰਾਂ ਦੀ ਲਾਮਬੰਦੀ ਵੀ ਲਾਜ਼ਮੀ ਹੈ। ਉਨ੍ਹਾ ਕਿਹਾ ਕਿ ਜਿਸ ਤਰ੍ਹਾਂ ਕਾਮਰੇਡ ਯੇਚੁਰੀ ਨੇ ਕਾਮਰੇਡ ਸੁਰਜੀਤ ਦੇ ਰੋਲ ਨੂੰ ਬਰਕਰਾਰ ਰੱਖਿਆ, ਉਹ ਸਾਡੇ ਲਈ ਰਾਹ-ਦਸੇਰਾ ਹੈ।

ਗੁਰਦਰਸ਼ਨ ਸਿੰਘ ਖਾਸਪੁਰ ਨੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਉਂਦਿਆਂ ਕਾਮਰੇਡ ਯੇਚੁਰੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਦੌਰਾਨ ਸੀ ਪੀ ਆਈ (ਐੱਮ) ਦੇ ਸੂਬਾ ਦਫ਼ਤਰ ਸਕੱਤਰ ਆਰ ਐੱਲ ਮੌਦਗਿਲ ਨੇ ਵੀ ਕਾਮਰੇਡ ਸੀਤਾਰਾਮ ਯੇਚੁਰੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਸੂਬਾ ਸਕੱਤਰੇਤ ਮੈਂਬਰ ਮੇਜਰ ਸਿੰਘ ਭਿੱਖੀਵਿੰਡ, ਗੁਰਨੇਕ ਸਿੰਘ ਭੱਜਲ, ਅਬਦੁਲ ਸਤਾਰ, ਸਤਨਾਮ ਸਿੰਘ ਵੜੈਚ, ਸੁਖਪ੍ਰੀਤ ਸਿੰਘ ਜੌਹਲ, ਜਤਿੰਦਰਪਾਲ ਸਿੰਘ ਤੇ ਸੂਬਾ ਸਕੱਤਰੇਤ ਦੇ ਪਰਮਾਨੈਂਟ ਇਨਵਾਇਟੀ ਮੈਂਬਰ ਚਮਕੌਰ ਸਿੰਘ ਖੇੜੀ ਵੀ ਮੌਜੂਦ ਸਨ। ਸੈਮੀਨਾਰ ਦੇ ਅਖ਼ੀਰ 'ਚ ਭੂਪ ਚੰਦ ਚੰਨੋ ਨੇ ਸਾਰਿਆਂ ਦਾ ਧੰਨਵਾਦ ਕੀਤਾ।

### ਚੈਟ ਬੋਟ ਨੇ ...

ਪਈਆਂ ਜੁੱਤੀਆਂ ਦੇ ਵੱਖ-ਵੱਖ ਹਿੱਸਿਆਂ ਦੀਆਂ ਫੋਟੋਆਂ ਖਿੱਚ ਕੇ ਭੇਜਣੀਆਂ ਸ਼ੁਰੂ ਕਰ ਦਿੱਤੀਆਂ। ਚੈਟਬੋਟ ਨੇ ਤਸਵੀਰਾਂ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕੀਤਾ ਅਤੇ ਆਖਰਕਾਰ ਉਸ ਨੂੰ ਇੱਕ ਖਾਸ ਹਿੱਸੇ ਵੱਲ ਇਸ਼ਾਰਾ ਕਰਦਿਆਂ ਉਸ ਦੀ ਚੱਪਲ ਦੀ ਲੋਕੇਸ਼ਨ ਦੱਸ ਦਿੱਤੀ। ਇਸ ਅਨੋਖੇ ਤਜਰਬੇ ਨੇ ਮੰਦਰ ਦੇ ਬਾਹਰ ਜੁੱਤੇ ਲੱਭਣ ਦੀ ਪਰੇਸ਼ਾਨੀ ਨੂੰ ਏ ਆਈ ਦੀ ਮਦਦ ਨਾਲ ਇੱਕ ਮਜ਼ੇਦਾਰ ਖੋਜ 'ਚ ਬਦਲ ਦਿੱਤਾ, ਜਿਸ ਦੀ ਸੋਸ਼ਲ ਮੀਡੀਆ 'ਤੇ ਕਾਫੀ ਚਰਚਾ ਹੋ ਰਹੀ ਹੈ।

### ਦਿੱਲੀ ਰੈਲੀ 'ਚ ਮੋਗਾ ...

ਦੇ ਦਿਨ ਵਧਾਉਣ ਅਤੇ ਸਮੇਂ ਸਿਰ ਮਜ਼ਦੂਰੀ ਦੇਣ ਦੀ ਵੀ ਉਨ੍ਹਾਂ ਮੰਗ ਕੀਤੀ ਅਤੇ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਹੋ ਰਹੀ ਰੈਲੀ ਵਿਚ ਪਹੁੰਚਣ ਦੀ ਅਪੀਲ ਕੀਤੀ। ਆਗੂਆਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਲੋਕਾਂ ਨੂੰ ਜਾਗਰੂਕ ਕਰਨ ਲਈ ਪਦ ਯਾਤਰਾ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ।ਇਸ ਮੌਕੇ ਪਾਰਟੀ ਦੇ ਆਗੂ ਹਰਪ੍ਰੀਤ ਡਾਲਾ, ਜਗਮੇਲ ਸਿੰਘ ਢੁੱਡੀਕੇ, ਮਨਮੋਹਨ ਰਾਜੂ, ਸੁਰਜੀਤ ਸਿੰਘ ਤਖਾਣਵੱਧ ਆਦਿ ਹਾਜ਼ਰ ਸਨ।

## ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ 80ਵਾਂ ਆਜ਼ਾਦੀ ਦਿਹਾੜਾ



**ਅਟਾਰਾ (ਇਕਬਾਲ ਸਿੰਘ ਬੱਲ)**-ਸੇਂਟ ਜੇਵੀਅਰਜ਼ ਇੰਟਰਨੈਸ਼ਨਲ ਸਕੂਲ ਵਿਖੇ ਭਾਰਤ ਦਾ 80ਵਾਂ ਆਜ਼ਾਦੀ ਦਿਹਾੜਾ ਬੜੇ ਉਤਸ਼ਾਹ, ਗੌਰਵ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਪੂਰਾ ਸਕੂਲ ਕੰਪਲੈਕਸ ਤਿਰੰਗੇ ਦੇ ਰੰਗਾਂ ਵਿੱਚ ਰੰਗਿਆ ਹੋਇਆ ਨਜ਼ਰ ਆਇਆ।ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੇ ਪ੍ਰੇਰਨਾਦਾਇਕ ਭਾਸ਼ਣਾਂ, ਦੇਸ਼ ਭਗਤੀ ਦੇ ਗੀਤਾਂ ਅਤੇ ਨ੍ਰਿਤ ਰਾਹੀਂ ਦੇਸ਼ ਦੇ ਮਹਾਨ ਇਤਿਹਾਸ ਤੇ ਆਜ਼ਾਦੀ ਦੇ ਸੰਘਰਸ਼ ਨੂੰ ਸ਼ਰਧਾਂਜਲੀ ਭੇਟ ਕੀਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਸ੍ਰੀ ਬਿਕਾਸ ਸਿਨਹਾ ਨੇ ਭਾਰਤ ਦੀ ਆਜ਼ਾਦੀ ਦੇ ਇਤਿਹਾਸਕ ਸਫ਼ਰ 'ਤੇ ਚਾਨਣਾ ਪਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਯਾਦ ਦਿਵਾਇਆ ਕਿ ਬ੍ਰਿਟਿਸ਼ ਹਕੂਮਤ ਤੋਂ ਆਜ਼ਾਦੀ ਪ੍ਰਾਪਤ ਕਰਨ ਲਈ ਅਣਗਿਣਤ ਦੇਸ਼ ਵਾਸੀਆਂ ਨੇ ਕੁਰਬਾਨੀਆਂ ਦਿੱਤੀਆਂ ਸਨ।ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈ ਰਹੇ ਹਾਂ, ਉਹ ਸਾਡੇ ਦੇਸ਼ ਦੇ ਅਮਰ ਸ਼ਹੀਦਾਂ ਦੇ ਤਿਆਗ ਦਾ ਹੀ ਨਤੀਜਾ ਹੈ।ਸਕੂਲ ਦੇ ਡਾਇਰੈਕਟਰ ਸ੍ਰੀ ਅਰਨਬ ਸਰਕਾਰ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਦੇਸ਼ ਦੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਆਜ਼ਾਦੀ ਘੁਲਾਟੀਆਂ ਦੇ ਸੰਘਰਸ਼ ਅਤੇ ਦੇਸ਼ ਪ੍ਰੇਮ ਦੀਆਂ ਗਾਥਾਵਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਵਿਦਿਆਰਥੀਆਂ ਨੂੰ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

## ਸੈਂਟੀਨਲ ਸਕੂਲ 'ਚ ਆਜ਼ਾਦੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿੱਚ ਅੱਸੀਵਾਂ ਆਜ਼ਾਦੀ ਦਿਵਸ ਸਮਾਰੋਹ ਦੀ ਸ਼ੁਰੂਆਤ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ।ਤਿਰੰਗੇ ਨੂੰ ਆਦਰ ਨਾਲ ਲਹਿਰਾਇਆ ਗਿਆ ਅਤੇ ਸਲਾਮੀ ਦਿੱਤੀ ਗਈ।ਰਾਸ਼ਟਰੀ ਗੀਤ ਗੂੰਜਿਆ, ਜਿਸ ਨਾਲ ਪੂਰੇ ਸਕੂਲ ਵਿੱਚ ਦੇਸ਼ ਭਗਤੀ ਦਾ ਮਾਹੌਲ ਬਣ ਗਿਆ।ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਸ ਪਵਿੱਤਰ ਪਲ ਲਈ ਇੱਕ ਜੁਟ ਹੋ ਕੇ ਭਾਰਤ ਮਾਤਾ ਲਈ ਆਪਣੇ ਪ੍ਰੇਮ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।ਰਸਮੀ ਸਮਾਰੋਹ ਤੋਂ ਬਾਅਦ ਸੱਭਿਆਚਾਰਕ ਪ੍ਰੋਗਰਾਮ ਸ਼ੁਰੂ ਹੋਏ। ਐਮ. ਡੀ. ਮੈਡਮ ਅੰਮ੍ਰਿਤਪਾਲ ਕੌਰ ਢਿਲੋਂ ਨੇ ਸਭ ਨੂੰ ਵਧਾਇਆਂ ਦਿੰਦਿਆਂ ਕਿਹਾ ਕਿ ਭਾਰਤ ਦਾ ਭਵਿੱਖ ਸਾਡੀ ਨੌਜਵਾਨ ਪੀੜ੍ਹੀ ਦੇ ਹੱਥ ਵਿੱਚ ਹੈ ਅਤੇ ਅਸੀਂ ਉਨ੍ਹਾਂ ਨੂੰ ਚੰਗੇ ਸੰਸਕਾਰ ਦੇ ਕੇ ਹੀ ਦੇਸ਼ ਨੂੰ ਅੱਗੇ ਲੈ ਜਾ ਸਕਦੇ ਹਾਂ।

## ਚੌਧਰੀ ਮਾਤੂ ਰਾਮ ਦੇ ਗ੍ਰਹਿ ਗੂੰਜੇ ਵੰਦੇ ਮਾਤਰਮ ਦੇ ਜੈਕਾਰੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਚੌਧਰੀ ਮਾਤੂ ਰਾਮ ਇੰਦੌਰਾ ਸਾਬਕਾ ਵਿਧਾਇਕ ਦੇ ਗ੍ਰਹਿ ਵਿਖੇ ਧਾਨਕ ਸਮਾਜ ਵੱਲੋਂ 80ਵਾਂ ਅਜ਼ਾਦੀ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ ਤੇ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਝੰਡੇ ਲਹਿਰਾਉਣ ਦੀ ਰਸਮ ਐਡਵੋਕੇਟ ਕਰਨ ਵੀਰ ਸਿੰਘ ਇੰਦੌਰਾ ਸਾਬਕਾ ਮੈਂਬਰ ਐੱਸਸੀ ਕਮਿਸ਼ਨ ਪੰਜਾਬ ਨੇ ਅਦਾ ਕੀਤੀ ਤੇ ਆਏ ਲੋਕਾਂ ਦਾ ਲੱਡੂ ਵੰਡ ਕੇ ਮੂੰਹ ਮਿੱਠਾ ਕਰਵਾਇਆ।ਇਸ ਦੌਰਾਨ ਭਾਰਤ ਮਾਤਾ ਕੀ ਜੈ, ਵੰਦੇਮਾਤਰਮ ਦੇ ਨਾਰੇ ਲਗਾਏ ਗਏ।ਝੰਡਾ ਫਹਿਰਾਉਣ 'ਤੇ ਰਾਸ਼ਟਰੀ ਗੀਤ ਗਾਇਆ ਗਿਆ।ਇਸ ਮੌਕੇ ਕਰਨ ਵੀਰ ਸਿੰਘ ਇੰਦੌਰਾ ਨੇ ਆਪਣੇ ਸੰਬੋਧਨ ਵਿੱਚ ਲੋਕਾਂ ਨੂੰ ਇੱਕਠਾ ਰਹਿਣ ਦੀ ਗੱਲ ਕਹੀ ਅਤੇ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਅਪੀਲ ਕੀਤੀ ਗਈ।ਨਾਲ ਹੀ ਸਭ ਨੂੰ 15 ਅਗਸਤ ਦੇ ਦਿਨ ਦੀ ਵਧਾਈ ਦਿੱਤੀ।ਇਸ ਮੌਕੇ ਮਾਸਟਰ ਰਾਜ ਕੁਮਾਰ, ਕ੍ਰਿਸ਼ਨ ਲਾਲ ਜਾਂਡ, ਅਸ਼ੋਕ ਕੁਮਾਰ, ਮੁਕੇਸ਼ ਕੁਮਾਰ, ਸੋਮਪਾਲ, ਸੁਦੇਸ਼ ਕੁਮਾਰ, ਲਵਜੀਤ ਕੁਮਾਰ, ਚਰਨ ਸਿੰਘ, ਨੀਰਜ ਕੁਮਾਰ, ਸੁਨੀਲ ਕੁਮਾਰ, ਭਾਨਾ ਰਾਮ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ, ਰਮੇਸ਼ ਕੁਮਾਰ, ਰਮਨ ਕੁਮਾਰ, ਬੰਟੀ, ਰਾਮ ਪ੍ਰਕਾਸ਼ ਸ਼ਰਮਾ, ਸੋਨੂੰ ਇੰਦੌਰਾ ਆਦਿ ਮੌਜੂਦ ਸਨ।

## ਪੀ ਜੀ ਆਈ ਨੇ ਆਜ਼ਾਦੀ ਦਿਹਾੜਾ ਮਰੀਜ਼ ਸੇਵਾ ਪ੍ਰਤੀ ਵਚਨਬੱਧਤਾ ਨਾਲ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਵੱਲੋਂ ਪ੍ਰੋ. ਵਿਵੇਕ ਲਾਲ, ਡਾਇਰੈਕਟਰ ਦੀ ਅਗਵਾਈ ਹੇਠ 80ਵਾਂ ਆਜ਼ਾਦੀ ਦਿਹਾੜਾ ਉਤਸ਼ਾਹ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਤੇ ਗਾਰਡ ਆਫ਼ ਆਨਰ ਨਾਲ ਹੋਈ।ਇਸ ਤੋਂ ਬਾਅਦ ਨਰਸਿੰਗ ਅਧਿਕਾਰੀਆਂ ਵੱਲੋਂ ਭਾਵਪੂਰਤ 'ਮੇਰਾ ਰੰਗ ਦੇ ਬਸੰਤੀ ਚੋਲਾ' ਗੀਤ ਪੇਸ਼ ਕੀਤਾ ਗਿਆ ਤੇ ਜੀਵੰਤ ਸੱਭਿਆਚਾਰਕ ਨਾਚ ਪੇਸ਼ਕਾਰੀਆਂ ਕੀਤੀਆਂ ਗਈਆਂ।ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰੋ. ਲਾਲ ਨੇ ਸੰਸਥਾ ਦੇ ਕਰਮਯੋਗੀਆਂ ਲਈ ਮਰੀਜ਼ ਦੀ ਭਲਾਈ ਤੋਂ ਵੱਧ ਹੋਰ ਕੁਝ ਵੀ ਮਹੱਤਵ ਨਹੀਂ ਰੱਖਦਾ।ਇਸ ਮੌਕੇ ਨੂੰ ਵਿਸ਼ੇਸ਼ ਦੱਸਦਿਆਂ ਪ੍ਰੋ. ਲਾਲ ਨੇ ਕਿ ਕਿਹਾ ਕਿ ਪ੍ਰਧਾਨ ਮੰਤਰੀ ਨੇ ਪੀਜੀਆਈ ਦੀ ਸ਼ਾਨ ਨੂੰ ਸਵੀਕਾਰ ਕਰਨ ਲਈ ਵਿਸ਼ੇਸ਼ ਤੌਰ 'ਤੇ ਸਮਾਂ ਕੱਢਿਆ।ਉਨ੍ਹਾਂ ਪੀਜੀਆਈ ਵਿੱਚ ਇਲਾਜ ਲਈ ਆਉਣ ਵਾਲੇ 30 ਲੱਖ ਤੋਂ ਵੱਧ ਮਰੀਜ਼ਾਂ ਦਾ ਜ਼ਿਕਰ ਕਰਦਿਆਂ ਕਿ ਕਿਹਾ ਕਿ ਸਾਡੇ ਕੋਲ ਮਰੀਜ਼ਾਂ ਨੂੰ ਦੇਣ ਲਈ ਬਹੁਤ ਕੁਝ ਹੈ।ਉਨ੍ਹਾਂ ਕਿਹਾ ਕਿ ਪੀਜੀਆਈ ਵਿੱਚ ਜਦੋਂ ਕੋਈ ਮਰੀਜ਼ ਸਾਡੇ ਕੋਲ ਆਉਂਦਾ ਹੈ ਤਾਂ ਚੁਣੌਤੀ ਮੁਸ਼ਕਲ ਹੋਣ ਕਾਰਨ ਅਸੀਂ ਪਿੱਛੇ ਨਹੀਂ ਹਟ ਸਕਦੇ।ਉਨ੍ਹਾਂ ਕਿਹਾ ਕਿ ਜੇ ਕਦੇ ਸਿਰ ਝੁਕਾਉਣਾ ਪਵੇ ਤਾਂ ਸਿਰਫ਼ ਉਸ ਮਰੀਜ਼ ਦੇ ਸਾਹਮਣੇ ਝੁਕਾਓ, ਜੋ ਤੁਹਾਨੂੰ ਦਿਲੋਂ ਅਸੀਸ ਦਿੰਦਾ ਹੈ।ਸਿਰ ਉੱਚਾ ਰੱਖ ਕੇ ਕੰਮ ਕਰੋ।ਕਿਸੇ ਤੋਂ ਨਾ ਡਰੋ।ਅੰਗ ਟਰਾਂਸਪਲਾਂਟ ਦੇ ਖੇਤਰ ਵਿੱਚ ਪੀਜੀਆਈ ਦੀ ਰਾਸ਼ਟਰੀ ਪ੍ਰਾਪਤੀ ਦਾ ਜ਼ਿਕਰ ਕਰਦਿਆਂ ਪ੍ਰੋ. ਲਾਲ ਨੇ ਲਗਾਤਾਰ ਤੀਜੀ ਵਾਰ ਸਰਵੋਤਮ 'ਰੋਟੋ' ਐਵਾਰਡ ਪ੍ਰਾਪਤ ਕਰਨ ਨੂੰ ਉਜਾਗਰ ਕੀਤਾ।ਸੰਸਥਾ ਦੀ ਰੈਜ਼ੀਡੈਂਸੀ ਵਿਵਸਥਾ ਵਿੱਚ ਆਪਣੇ ਭਰੋਸੇ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਇਹ ਪੂਰੀ ਦੁਨੀਆ ਵਿੱਚ ਸਭ ਤੋਂ ਵਧੀਆ ਰੈਜ਼ੀਡੈਂਸੀ ਪੀਜੀਆਈ ਚੰਡੀਗੜ੍ਹ ਵਿੱਚ ਹੈ।

## ਪੂਟਾ ਵੱਲੋਂ ਅਧਿਆਪਕਾਂ ਦੀਆਂ ਮੰਗਾਂ ਮਨਵਾਉਣ ਲਈ ਲਾਇਆ ਧਰਨਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਅਧਿਆਪਕ ਸੰਘ ਵੱਲੋਂ ਵੱਖ ਵੱਖ ਮੰਗਾਂ ਨੂੰ ਲੈ ਕੇ ਵਾਈਸ ਚਾਂਸਲਰ ਦਫ਼ਤਰ ਦੇ ਅੱਗੇ ਇੱਕ ਰੋਸਮਈ ਧਰਨਾ ਦਿੱਤਾ ਗਿਆ, ਜਿਸ ਨੂੰ ਭਰਵਾਂ ਹੁੰਗਾਰਾ ਮਿਲਿਆ।ਡਾ. ਨਿਸ਼ਾਨ ਸਿੰਘ ਦਿਓਲ ਸੰਬੋਧਨ ਕਰਦਿਆਂ ਆਖਿਆ ਕਿ ਅਧਿਆਪਕਾਂ ਦੀਆਂ ਮੰਗਾਂ ਨੂੰ ਲੈ ਕੇ ਵਾਈਸ ਚਾਂਸਲਰ ਨੂੰ ਕਈ ਵਾਰ ਮੀਟਿੰਗ ਕੀਤੀ ਗਈ ਹੈ, ਪਰ ਉਹਨਾਂ ਨੇ ਮਿੱਠੀਆਂ ਗੋਲ਼ੀਆਂ ਹੀ ਦਿੱਤੀਆਂ ਹਨ, ਸੱਮਸਿਆਵਾਂ ਦਾ ਹੱਲ ਕਰਨ ਦੀ ਜਗ੍ਹਾ ਉਨ੍ਹਾਂ ਨੂੰ ਲਟਕਾਇਆ ਗਿਆ।ਇਨ੍ਹਾਂ ਮੁੱਖ ਮੰਗਾਂ ਵਿੱਚ ਵਿੱਚ ਯੂ.ਜੀ.ਸੀ ਦੇ ਨਿਯਮਾਂ 2016 ਨੂੰ ਇੰਨ-ਬਿੰਨ ਲਾਗੂ ਕਰਨਾ ਜਿਸ ਅਨੁਸਾਰ ਇਹ ਨਿਯਮ 31 ਦਸੰਬਰ 2024 ਤੋਂ ਪਹਿਲਾਂ ਲਟਕਦੇ ਕੇਸਾਂ ਉੱਤੇ ਲਾਉਣੇ ਬਣਦੇ ਸਨ, ਪਰ ਪਿਛਲੇ ਸਮੇਂ ਉੱਤੇ ਵੀ 2018 ਵਾਲ਼ੇ ਨਿਯਮ ਲਾਗੂ ਕਰਕੇ ਅਧਿਆਪਕਾਂ ਨਾਲ਼ ਧੱਕਾ ਕੀਤਾ ਜਾ ਰਿਹਾ।ਅਗਲੀਆਂ ਮੰਗਾਂ ਅਧਿਆਪਕਾਂ ਦੀ ਪ੍ਰੋਮੋਸ਼ਨਾਂ ਨੂੰ ਤੁਰੰਤ ਕਰਨਾ, ਸੱਤਵੇਂ ਪੇ ਕਮਿਸ਼ਨ ਤੋਂ ਵਧੀਆਂ ਹੋਈਆਂ ਤਨਖ਼ਾਹਾਂ ਦੇ ਬਕਾਏ ਜਾਰੀ ਕਰਨਾ, ਅਧਿਆਪਕਾਂ ਦੀਆਂ ਨਵੀਂਆਂ ਭਰਤੀਆਂ ਕਰਨਾ, ਐਡਹਾਕ ਅਧਿਆਪਕਾਂ ਨੂੰ ਰੈਗੂਲਰ ਕਰਨਾ ਆਦਿ ਹਨ।ਇਸ ਸਮੇਂ ਯੂਨੀਵਰਸਿਟੀ ਪ੍ਰਸ਼ਾਸ਼ਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜੀ ਕੀਤੀ ਗਈ।ਪੂਟਾ ਦੇ ਅਧਿਆਪਕ ਆਗੂਆਂ ਨੇ ਆਖਿਆ ਕਿ ਜਦੋਂ ਤੱਕ ਮੰਗਾਂ ਬਾਰੇ ਪ੍ਰਸ਼ਾਸਨ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਗੱਲਬਾਤ ਕਰਕੇ ਕਿਸੇ ਸਕਾਰਾਤਮਕ ਅੰਜਾਮ ਤੱਕ ਨਹੀਂ ਲੈ ਕੇ ਜਾਂਦੀ ਇਹ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।ਪੂਟਾ ਦੇ ਸਕੱਤਰ ਡਾ. ਅਵਨੀਤਪਾਲ ਸਿੰਘ ਨੇ ਦੱਸਿਆ ਕਿ ਧਰਨੇ ਵਿੱਚ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

## ਮੋਟਰਾਂ ਦੀਆਂ ਤਾਰਾਂ ਚੋਰੀ ਕਰਨ ਵਾਲੇ ਦੋ ਕਾਬੂ



**ਹਠੂਰ (ਨਛੱਤਰ ਸੰਧੂ)**-ਪਰਮਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਮਾਣੂਕੇ ਥਾਣਾ ਹਠੂਰ ਜ਼ਿਲ੍ਹਾ ਲੁਧਿਆਣਾ ਨੇ ਥਾਣਾ ਹਠੂਰ ਵਿਖੇ ਬਿਆਨ ਲਿਖਾਇਆ ਸੀ ਕਿ ਉਨ੍ਹਾਂ ਦੇ ਖੇਤਾਂ 'ਚੋਂ ਬਿਜਲੀ ਦੀਆਂ ਟਿਊਬਵੈੱਲ ਮੋਟਰਾਂ ਤੋਂ ਤਾਰਾਂ ਚੋਰੀ ਹੁੰਦੀਆਂ ਸਨ ਤੇ ਇਸ ਸਬੰਧੀ ਉਹ ਆਪਣੀਆਂ ਟਿਊਬਵੈੱਲ ਮੋਟਰਾਂ ਦੇ ਕੋਠਿਆਂ ਉਪਰ ਨਿਗਰਾਨੀ ਰੱਖ ਰਹੇ ਸਨ। ਰਾਤ ਨੂੰ ਦੋ ਮੋਨੇ ਵਿਅਕਤੀ ਆਏ, ਜਿਨ੍ਹਾਂ ਵਿੱਚੋਂ ਇੱਕ ਕੋਲ ਦਾਤ ਸੀ। ਉਨ੍ਹਾਂ ਨੇ ਮੁਦਈ ਪਰਮਜੀਤ ਸਿੰਘ ਨੂੰ ਕਾਬੂ ਕਰਕੇ ਡਰਾ ਧਮਕਾ ਕੇ ਉਸ ਤੋਂ ਉਸਦਾ ਮੋਬਾਇਲ ਫੋਨ ਮੰਗਿਆ। ਮੁਦਈ ਪਾਸ ਮੋਬਾਇਲ ਫੋਨ ਨਹੀਂ ਸੀ ਤਾਂ ਉਨ੍ਹਾਂ ਨੇ ਮੁਦਈ ਦਾ ਪਰਸ ਕੱਢ ਲਿਆ, ਜਿਸ ਵਿੱਚ ਆਧਾਰ ਕਾਰਡ ਤੇ ਕੁਝ ਪੈਸੇ ਸਨ ਤਾਂ ਉਨ੍ਹਾਂ ਨੇ ਮੁਦਈ ਨੂੰ ਧੱਕੇ ਮਾਰ ਕੇ ਉਸ ਨਾਲ ਹੱਥੋਪਾਈ ਕੀਤੀ ਅਤੇ ਮੋਟਰ ਟਿਊਬਵੈੱਲ ਲਈ ਬਣੇ ਕੋਠੇ ਵਿੱਚ ਬੰਦ ਕਰ ਦਿੱਤਾ ਤੇ ਮੋਟਰ ਦੀਆਂ ਤਾਰਾਂ ਕੱਟ ਕੇ ਚੋਰੀ ਕਰਕੇ ਲੈ ਗਏ।ਇਸ ਸਬੰਧੀ ਥਾਣਾ ਹਠੂਰ ਮੁਕਦਮਾ ਨੰਬਰ 143 ਮਿਤੀ 14-8-26 ਅਧੀਨ ਧਾਰਾ 309 (4), 127 (2), 303 (2) ਦਰਜ ਕਰਕੇ ਤਫਤੀਸ਼ ਕੀਤੀ ਗਈ। ਤਫਤੀਸ਼ ਦੌਰਾਨ ਦੋਸ਼ੀ ਪਵਨ ਸਾਹ ਉਰਫ ਪਵਨ ਕੁਮਾਰ ਗੁਪਤਾ ਪੁੱਤਰ ਫੌਜਦਾਰ ਵਾਸੀ ਜੰਡਾਪੁਰ ਥਾਣਾ ਬੀਹਾਪੁਰ ਜ਼ਿਲ੍ਹਾ ਬਾਸਨਪੁਰ ਬਿਹਾਰ ਹਾਲ ਵਾਸੀ ਪਿੰਡ ਜੱਸੀਆਂ ਥਾਣਾ ਹੈਬੋਵਾਲ ਜ਼ਿਲ੍ਹਾ ਲੁਧਿਆਣਾ ਤੇ ਅਨੂ ਕੁਮਾਰ ਪੁੱਤਰ ਮਹੇਸ਼ਵਰ ਪ੍ਰਸਾਦ ਵਾਸੀ ਤਾਜਪੁਰ ਬਿਹਾਰ ਹਾਲ ਵਾਸੀ ਪਿੰਡ ਜੱਸੀਆਂ ਥਾਣਾ ਹੈਬੋਵਾਲ ਲੁਧਿਆਣਾ ਨਾਮਜ਼ਦ ਹੋਏ। ਇਨ੍ਹਾਂ ਦੀ ਪੁੱਛਗਿੱਛ ਤੋਂ ਮੁਕੱਦਮੇ ਵਿੱਚ ਇੱਕ ਕਬਾੜੀਆ ਦੋਸ਼ੀ ਛੋਟੂ ਰਾਮ ਉਰਫ ਆਨੰਦ ਪ੍ਰਤਾਪ ਸਿੰਘ ਪੁੱਤਰ ਵਿਜੇ ਵਾਸੀ ਪਿੰਡ ਜੱਸੀਆਂ ਥਾਣਾ ਹੈਬੋਵਾਲ, ਲੁਧਿਆਣਾ ਜਿਸ ਨੂੰ ਇਹ ਚੋਰੀ ਦਾ ਸਮਾਨ ਵੇਚਦੇ ਸਨ, ਉਹਨੂੰ ਵੀ ਮੁਕੱਦਮੇ 'ਚ ਨਾਮਜ਼ਦ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਜੋਸ਼ੋ-ਖਰੋਸ਼ ਤੇ ਇਨਕਲਾਬੀ ਜਜ਼ਬੇ ਨਾਲ ਮਨਾਇਆ ਵੱਖ-ਵੱਖ ਥਾਈਂ ਭਾਰਤ ਦਾ 80ਵਾਂ ਆਜ਼ਾਦੀ ਦਿਹਾੜਾ


ਬਟਾਲਾ


ਪਠਾਨਕੋਟ


ਅੰਮ੍ਰਿਤਸਰ


ਮਜੀਠਾ

**ਪਠਾਨਕੋਟ, (ਦਵਿੰਦਰ ਸਿੰਘ)**- ਦੇਸ਼ ਦਾ 80ਵਾਂ ਆਜ਼ਾਦੀ ਦਿਹਾੜਾ ਜ਼ਿਲ੍ਹਾ ਪਠਾਨਕੋਟ ਵਿੱਚ ਬੜੀ ਸ਼ਰਧਾ, ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ ਵਿਖੇ ਮਨਾਇਆ ਗਿਆ।ਜ਼ਿਲ੍ਹਾ ਪੱਧਰੀ ਸਮਾਰੋਹ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਤਿਰੰਗਾ ਲਹਿਰਾਇਆ ਅਤੇ ਪਰੇਡ ਦੀ ਸਲਾਮੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ, ਦਲਜਿੰਦਰ ਸਿੰਘ ਢਿੱਲੋਂ ਐੱਸਐੱਸਪੀ ਪਠਾਨਕੋਟ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ, ਪੁਲਸ ਅਧਿਕਾਰੀ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ-ਕਰਮਚਾਰੀ, ਸਕੂਲੀ ਵਿਦਿਆਰਥੀ ਅਤੇ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਵਾਸੀ ਹਾਜ਼ਰ ਸਨ।ਸਮਾਰੋਹ ਦਾ ਆਗਾਜ਼ ਰਾਸ਼ਟਰੀ ਗੀਤ ਨਾਲ ਹੋਇਆ।ਉਪਰੰਤ ਮੁੱਖ ਮਹਿਮਾਨ ਕਟਾਰੂਚੱਕ ਵੱਲੋਂ ਕੌਮੀ ਤਿਰੰਗਾ ਲਹਿਰਾਇਆ ਗਿਆ ਅਤੇ ਪ੍ਰਤਾਪ ਵਰਲਡ ਸਕੂਲ ਦੇ ਬੈਂਡ ਵੱਲੋਂ ਰਾਸ਼ਟਰੀ ਗਾਣ ਦੀ ਪੇਸ਼ਕਾਰੀ ਕੀਤੀ ਗਈ। ਮੁੱਖ ਮਹਿਮਾਨ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਹਵਾ ਵਿੱਚ ਗੁਬਾਰੇ ਛੱਡ ਕੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ ਗਿਆ।


ਅੰਮ੍ਰਿਤਸਰ

**ਬਟਾਲਾ, (ਤਰਲਕ ਬੱਗਾ)**- ਆਜ਼ਾਦੀ ਦਿਵਸ ਸਮਾਗਮ ਬਟਾਲਾ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਸਰਕਾਰੀ ਬਹੁ-ਤਕਨੀਕੀ ਕਾਲਜ ਬਟਾਲਾ ਦੇ ਰਾਜੀਵ ਗਾਂਧੀ ਸਟੇਡੀਅਮ ਵਿਖੇ ਆਜ਼ਾਦੀ ਦਿਵਸ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਐੱਸ.ਡੀ.ਐੱਮ ਬਟਾਲਾ ਸਾਰੰਗਪ੍ਰੀਤ ਸਿੰਘ, ਬਟਾਲਾ ਨੇ ਅਦਾ ਕੀਤੀ।ਤਿਰੰਗਾ ਝੰਡਾ ਲਹਿਰਾਉਣ ਤੋਂ ਬਾਅਦ ਮੁੱਖ ਮਹਿਮਾਨ ਸਾਰੰਗਪ੍ਰੀਤ ਸਿੰਘ ਨੇ ਪਰੇਡ ਦਾ ਮੁਆਇਨਾ ਕੀਤਾ।ਉਪਰੰਤ ਐੱਸ. ਆਈ. ਸਕੱਤਰ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਸ ਦੇ ਜਵਾਨਾਂ, ਮਹਿਲਾ ਪੁਲਸ, ਪੰਜਾਬ ਹੋਮਗਾਰਡ ਦੇ ਜਵਾਨਾਂ ਅਤੇ ਐੱਨ. ਸੀ. ਸੀ 22 ਪੰਜਾਬ ਬਟਾਲੀਅਨ ਕੈਡਿਟਸ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਇਸ ਮੌਕੇ ਐੱਸ. ਡੀ. ਐੱਮ ਬਟਾਲਾ ਦੀ ਧਰਮ ਪਤਨੀ ਸ਼ਿਵਾਨੀ ਸਿਵਲ ਜੱਜ ਬਟਾਲਾ, ਐੱਸ.ਡੀ.ਐੱਮ ਬਟਾਲਾ ਦੇ ਪਿਤਾ ਐੱਸ.ਐੱਸ. ਔਜਲਾ, ਮਾਤਾ ਸੁਰਜੀਤ ਕੌਰ ਔਜਲਾ, ਭੈਣ ਸ਼ੁਭਦੀਪ ਕੌਰ, ਸੁਹਰਾ ਨਿਰਮਲਜੀਤ ਅਤੇ ਸੱਸ ਮਾਂ ਸੁਰਿੰਦਰ ਕੁਮਾਰੀ ਅਤੇ ਪਰਿਵਾਰਕ ਮੈਂਬਰ, ਮਾਣਯੋਗ ਹਰਜੋਤ ਸਿੰਘ ਗਿੱਲ, ਸਿਵਲ ਜੱਜ ਸੀਨੀਅਰ ਡਵੀਜ਼ਨ, ਗਗਨਦੀਪ ਸਿੰਘ ਸਿਵਲ ਜੱਜ ਸੀਨੀਅਰ ਡਵੀਜ਼ਨ, ਦਵਿੰਦਰ ਸਿੰਘ ਸਿਵਲ ਜੱਜ, ਬਲਜਿੰਦਰ ਕੌਰ, ਸਿਵਲ ਜੱਜ, ਮਿਨਾਕਸ਼ੀ ਸਿਵਲ ਜੱਜ, ਸ਼ਿਵਾਨੀ ਸਿਵਲ ਜੱਜ, ਅੰਮ੍ਰਿਤ ਕਲਸੀ, ਐੱਸ. ਪੀ. ਸੰਦੀਪ ਵਡੇਰਾ, ਮੇਅਰ ਭੁਪਿੰਦਰ ਸਿੰਘ ਬਾਜਵਾ, ਸੀਨੀਅਰ ਡਿਪਟੀ ਮੇਅਰ ਸੁਖਰਾਜ ਕੌਰ, ਡਿਪਟੀ ਮੇਅਰ ਨੀਲਮ ਚੌਹਾਨ, ਚੇਅਰਮੈਨ ਕਿਰਪਾਲ ਸਿੰਘ ਉਦੋਵਾਲੀ, ਡੀ ਐੱਸ ਪੀ ਸੁਖਇੰਦਰ ਸਿੰਘ, ਵਿਜੇ ਕੁਮਾਰ ਸੋਨੀ ਪ੍ਰਧਾਨ ਸ਼ਿਵ ਕੁਮਾਰ ਆਡੀਟੋਰੀਅਮ ਬਟਾਲਾ ਸਮੇਤ ਵੱਖ-ਵੱਖ ਸ਼ਖਸੀਅਤਾਂ ਮੌਜੂਦ ਸਨ।

**ਅੰਮ੍ਰਿਤਸਰ (ਅਰੋੜਾ)**- ਮਹਾਨਗਰ ਵਿਖੇ ਬੁੱਧੀਜੀਵੀਆ ਅਤੇ ਪੰਤਵੰਤਿਆ ਦੇ ਸੰਗਠਨ ਵਜੋਂ ਜਾਣੇ ਜਾਂਦੇ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿਖੇ ਹਰ ਸਾਲ ਦੀ ਤਰ੍ਹਾਂ ਸੁਤੰਤਰਤਾ ਦਿਵਸ ਮੌਕੇ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਰਾਸ਼ਟਰੀ ਤਿਰੰਗਾ ਲਹਿਰਾਉਣ ਦੀ ਰਸਮ ਕਲੱਬ ਦੇ ਪ੍ਰਧਾਨ ਸਮਾਜ ਸੇਵਕ ਲਲਿਤ ਮੋਹਨ ਚੰਡੋਕ ਵੱਲੋਂ ਵਿਧੀ ਵਿਧਾਨ ਦੇ ਨਾਲ ਨਿਭਾਈ ਗਈ।ਸਾਰੇ ਮੈਂਬਰਾਂ ਨੇ ਰਾਸ਼ਟਰੀ ਗੀਤ ਦੇ ਨਾਲ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਸ਼ਹੀਦਾਂ ਨੂੰ ਯਾਦ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

**ਮਜੀਠਾ (ਸੋਇਮ ਆਨੰਦ)** ਆਨੰਦ ਗਰੁੱਪ ਆਫ਼ ਕਾਲਜਿਜ਼ ਵਿਖੇ 15 ਅਗਸਤ ਨੂੰ ਆਜ਼ਾਦੀ ਦਿਵਸ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਕਾਲਜ ਕੈਂਪਸ ਵਿੱਚ ਤਿਰੰਗਾ ਝੰਡਾ ਲਹਿਰਾਇਆ ਗਿਆ।ਝੰਡਾ ਲਹਿਰਾਉਣ ਉਪਰੰਤ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ।ਇਸ ਮੌਕੇ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਨਮਨ ਕੀਤਾ ਗਿਆ। ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਪਿਆਰ, ਸਤਿਕਾਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।


ਚਵਿੰਡਾ ਦੇਵੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਨਾਮਵਰ ਵਿੱਦਿਅਕ ਸੰਸਥਾ ਸੰਤ ਸਿੰਘ ਸੁੱਖਾ ਸਿੰਘ ਖ਼ਾਲਸਾ ਵਿੱਦਿਅਕ ਸੰਸਥਾਵਾਂ ਦੀ ਅਗਵਾਈ ਵਿੱਚ ਗੁਰੂ ਨਗਰੀ 'ਚ ਵਿੱਦਿਅਕ ਸੇਵਾਵਾਂ ਨਿਭਾ ਰਹੇ ਸੰਤ ਸਿੰਘ ਸੁੱਖਾ ਸਿੰਘ ਮਾਡਰਨ ਹਾਈ ਸਕੂਲ, ਮਾਤਾ ਕੌਲਾਂ ਜੀ ਮਾਰਗ ਵਿੱਖੇ 80ਵਾਂ ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ 2026 ਨੂੰ ਸਕੂਲ ਦੇ ਵਿੱਦਿਅਕ ਭਵਨ ਵਿੱਚ ਮਨਾਇਆ ਗਿਆ।ਸੰਤ ਸਿੰਘ ਸੁੱਖਾ ਸਿੰਘ ਖਾਲਸਾ ਵਿੱਦਿਅਕ ਸੰਸਥਾਵਾਂ ਦੇ ਡਾਇਰੈਕਟਰ ਜਗਦੀਸ਼ ਸਿੰਘ ਮੁੱਖ ਮਹਿਮਾਨ ਐੱਮ. ਐੱਲ.ਏ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ, ਸੁਪਰੀਟੈਂਡੈਂਟ ਸ੍ਰ. ਜਗਜੀਤ ਸਿੰਘ ਜੀ (ਜੱਗੀ) ਅਤੇ ਦਿਲਬਾਗ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਪ੍ਰੋਗਰਾਮ ਦੀ ਆਰੰਭਤਾ ਤੋਂ ਪਹਿਲਾਂ ਡਾਇਰੈਕਟਰ ਜਗਦੀਸ਼ ਸਿੰਘ ਜੀ ਅਤੇ ਮੁੱਖ ਮਹਿਮਾਨ ਐਮ.ਐਲ.ਏ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਜੀ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਪ੍ਰੋਗਰਾਮ ਦਾ ਆਰੰਭ ਸਕੂਲ ਐਨਥਮ ਨਾਲ ਕੀਤਾ ਗਿਆ। ਸਮਾਰੋਹ ਵਿੱਚ ਯੂਨਿਟ-2 ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ ਦਾ ਗਾਇਨ ਅਤੇ ਬਡਜ਼ ਚਾਰਮ ਦੇ ਨੰਨ੍ਹੇ - ਮੁੰਨੇ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ ਤੇ ਡਾਂਸਕਰਕੇ ਸਾਰਿਆਂ ਦਾ ਮਨ ਮੋਹਿਆ।

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**: ਆਜ਼ਾਦੀ ਦਿਵਸ 15 ਅਗਸਤ ਦੇ ਮੌਕੇ ਅੰਮ੍ਰਿਤਸਰ ਦੇ ਭੰਡਾਰੀ ਪੁਲ ਵਿਖੇ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਪ੍ਰਧਾਨ ਅਤੇ ਪਾਰਟੀ ਦੇ ਹੋਰ ਅਹੁਦੇਦਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਯੂਥ ਵਿੰਗ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਨੌਜਵਾਨਾਂ ਨਾਲ ਦੇਸ਼ ਪ੍ਰਤੀ ਉਨ੍ਹਾਂ ਦੀ ਜ਼ਿੰਮੇਵਾਰੀ, ਦੇਸ਼ ਦੀ ਤਰੱਕੀ ਅਤੇ ਸਮਾਜ ਵਿੱਚ ਨੌਜਵਾਨਾਂ ਦੀ ਭੂਮਿਕਾ ਸਬੰਧੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੌਜਵਾਨਾਂ ਨੂੰ ਦੇਸ਼ ਅਤੇ ਸਮਾਜ ਪ੍ਰਤੀ ਜਾਗਰੂਕ ਰਹਿਣ ਅਤੇ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।ਮੀਟਿੰਗ ਦੌਰਾਨ ਆਜ਼ਾਦੀ ਦਿਵਸ ਦੀ ਮਹੱਤਤਾ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ।

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦੇਸ਼ ਦੀ ਅਜ਼ਾਦੀ ਦਾ 80ਵਾਂ ਅਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ। ਜ਼ਿਲ੍ਹਾ ਪੱਧਰੀ ਅਜ਼ਾਦੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ, ਰੁਜ਼ਗਾਰ ਉਤਪਤੀ ਤੇ ਸਿਖਲਾਈ, ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਵੱਲੋਂ ਨਿਭਾਈ ਗਈ। ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਜ਼ਿਲ੍ਹਾ ਵਾਸੀਆਂ ਨੂੰ ਅਜ਼ਾਦੀ ਦਿਵਸ ਦੀ ਵਧਾਈ ਦਿੰਦੇ ਹੋਏ ਆਪਣੇ ਸੰਦੇਸ਼ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲ਼ੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ ਤੇ ਆਰੰਭੇ ਗਏ ਸੰਘਰਸ਼ਾਂ ਕਾਰਨ ਹੀ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ।


ਅੰਮ੍ਰਿਤਸਰ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**: ਸੱਤਿਆ ਭਾਰਤੀ ਸਕੂਲ ਚਵਿੰਡਾ ਦੇਵੀ ਵਿੱਚ ਆਜ਼ਾਦੀ ਦਿਹਾੜਾ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਮਾਰੋਹ ਵਿੱਚ ਮੁੱਖ ਮਹਿਮਾਨ ਸਰਪੰਚ ਮੈਡਮ ਪਰਮਜੀਤ ਕੌਰ, ਪੰਚਾਇਤ ਮੈਂਬਰ, ਪਿੰਡ ਵਾਸੀਆਂ ਅਤੇ ਕਮੇਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਪ੍ਰਿੰਸੀਪਲ ਸੁਖਬੀਰ ਕੌਰ ਰੰਧਾਵਾ, ਕਲੱਸਟਰ ਕੋਆਰਡੀਨੇਟਰ ਸ਼੍ਰੀ ਸੁਖਵਿੰਦਰ ਸਿੰਘ ਅਤੇ ਸਮੂਹ ਸਟਾਫ਼ ਮੈਂਬਰਾਂ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਦੇ ਗੀਤ, ਭੰਗੜਾ, ਗਿੱਧਾ ਅਤੇ ਕਵਿਤਾ ਪਾਠ ਸਮੇਤ ਵੱਖ-ਵੱਖ ਸੱਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਸਮਾਰੋਹ ਵਿੱਚ ਦੇਸ਼ਭਗਤੀ ਅਤੇ ਉਤਸ਼ਾਹ ਦਾ ਮਾਹੌਲ ਸਿਰਜ ਦਿੱਤਾ।ਸਮਾਗਮ ਦੌਰਾਨ ਹਾਜ਼ਰ ਮਹਿਮਾਨਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਉਨ੍ਹਾਂ ਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ।

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਝਬਾਲ ਵਿਖੇ 80ਵਾਂ ਅਜ਼ਾਦੀ ਦਿਵਸ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਐੱਮ. ਡੀ. ਪਰਮਜੀਤ ਸਿੰਘ ਸੋਹਲ ਵੱਲੋਂ ਤਿਰੰਗਾ ਝੰਡਾ ਲਹਿਰਾ ਕੇ ਕੀਤੀ ਗਈ। ਇਸ ਮੌਕੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਤਿਰੰਗੇ ਝੰਡੇ ਹੇਠ ਖੜ੍ਹੇ ਹੋ ਕੇ ਰਾਸ਼ਟਰੀ ਗੀਤ ਗਾਇਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਤ ਲੈਕਚਰ, ਗੀਤ, ਕਵਿਤਾਵਾਂ ਪੜ੍ਹੀਆਂ ਗਈਆਂ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਬੱਚਿਆਂ ਦੇ ਪ੍ਰੋਗਰਾਮਾਂ ਨੇ ਮਾਹੌਲ ਨੂੰ ਦੇਸ਼ ਭਗਤੀ ਨਾਲ ਭਰ ਦਿੱਤਾ।ਇਸ ਮੌਕੇ ਐਮ. ਡੀ. ਸ੍ਰੀ ਪਰਮਜੀਤ ਸਿੰਘ ਸੋਹਲ ਨੇ ਦੇਸ਼ ਦੀ ਆਜ਼ਾਦੀ ਵਿੱਚ ਪੰਜਾਬੀਆਂ ਵੱਲੋਂ ਪਾਏ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।


ਗੁਰਦਾਸਪੁਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)** ਦਸਮੇਸ਼ ਹੈਰੀਟੇਜ ਪਬਲਿਕ ਸਕੂਲ, ਮਹਿਤਾ ਚੌਂਕ ਵਿਖੇ ਆਜ਼ਾਦੀ ਦਿਵਸ ਬੜੇ ਧੂਮ- ਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕੀਤਾ ਗਿਆ। ਵਿਦਿਆਰਥੀਆਂ ਦੁਆਰਾ ਸਟੇਜੀ ਗਤੀਵਿਧੀਆਂ, ਜਿਸ ਵਿੱਚ ਗੀਤ -ਸੰਗੀਤ, ਕਵਿਤਾਵਾਂ, ਗਰੁੱਪ- ਸੌਂਗ, ਗਰੁੱਪ- ਡਾਂਸ, ਭਾਸ਼ਣ, ਕੋਰੀਓਗ੍ਰਾਫੀ ਆਦਿ ਪੇਸ਼ ਕਰਕੇ ਦੇਸ਼ ਪ੍ਰੇਮ ਅਤੇ ਦੇਸ਼ ਭਗਤੀ ਦੇ ਭਾਵਾਂ ਨੂੰ ਪ੍ਰਗਟ ਕੀਤਾ।ਵਿਦਿਆਰਥੀਆਂ ਦੁਆਰਾ ਬੜੇ ਜੋਸ਼ ਨਾਲ ਆਪਣੇ ਆਜ਼ਾਦ ਭਾਰਤ ਦੀ ਮਹਿਮਾ ਨੂੰ ਗਾਇਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨਾਲ ਦੇਸ਼ ਦੀ ਆਜ਼ਾਦੀ ਦੇ ਇਤਿਹਾਸ ਅਤੇ ਗੌਰਵਮਈ ਪਿਛੋਕੜ ਬਾਰੇ ਵਿਚਾਰ ਪ੍ਰਗਟ ਕੀਤੇ।


ਤਰਸਿੱਕਾ

**ਚੋਹਲਾ ਸਾਹਿਬ (ਰਮਨ ਚੱਢਾ)**- ਸ਼ਿਪਸ ਇੰਸਟੀਚਿਊਟ ਰਾਣੀਵਲਾਹ ਵਿਖੇ ਆਜ਼ਾਦੀ ਦਿਹਾੜਾ ਮਨਾਉਂਦੇ ਹੋਏ ਤਿਰੰਗਾ ਝੰਡਾ ਲਹਿਰਾਇਆ। ਵਿਦਿਆਰਥੀਆਂ ਨੇ ਆਜ਼ਾਦੀ ਦਿਹਾੜੇ ਨਾਲ ਸਬੰਧਿਤ ਪ੍ਰੋਗਰਾਮ ਪੇਸ਼ ਕੀਤਾ। ਇਹ ਪ੍ਰੋਗਰਾਮ ਇਹ ਦਰਸਾਉਂਦਾ ਸੀ ਕਿ ਕਿਵੇਂ ਵਿਦਿਆਰਥੀਆਂ ਅੰਦਰ ਅਜਾਦੀ ਦਾ ਜ਼ਜਬਾ ਕੁੱਟ ਕੁੱਟ ਕੇ ਭਰਿਆ ਹੋਇਆ ਹੈ।ਇਸ ਸਮੇਂ ਕਾਰਜਕਾਰੀ ਪ੍ਰਧਾਨ ਸ਼ਸ਼ੀ ਸ਼ਰਮਾ ਨੇ ਆਜ਼ਾਦੀ ਦਿਹਾੜੇ ਦੀ ਬੱਚਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਨਵਦੀਪ ਕੌਰ ਸੰਧੂ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ।


ਚੋਹਲਾ ਸਾਹਿਬ


ਝਬਾਲ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਆਜ਼ਾਦੀ ਦਿਵਸ 15 ਅਗਸਤ ਮੌਕੇ ਹਲਕਾ ਮਜੀਠਾ ਦੇ ਪਿੰਡ ਪੁਰਾਣਾ ਤਨੇਲ ਸਥਿਤ ਸਤਿਆ ਭਾਰਤੀ ਸਕੂਲ ਵਿਖੇ ਦੇਸ਼ ਭਗਤੀ ਦੀ ਭਾਵਨਾ ਨਾਲ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਮਜੀਠਾ ਦੇ ਕੋਆਰਡੀਨੇਟਰ, ਪਿੰਡ ਪੁਰਾਣਾ ਤਨੇਲ ਦੇ ਸਰਪੰਚ ਮਨਦੀਪ ਸਿੰਘ ਵੱਲੋਂ ਭਾਰਤ ਦੇਸ਼ ਦਾ ਤਿਰੰਗਾ ਝੰਡਾ ਲਹਿਰਾਇਆ ਗਿਆ।ਇਸ ਮੌਕੇ ਸਰਪੰਚ ਮਨਦੀਪ ਸਿੰਘ ਨੇ ਸਕੂਲ ਦੇ ਬੱਚਿਆਂ ਨਾਲ ਦੇਸ਼ ਪ੍ਰਤੀ ਪਿਆਰ ਅਤੇ ਜ਼ਿੰਮੇਵਾਰੀਆਂ ਸੰਬੰਧੀ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਜਾਗਰੂਕ ਕੀਤਾ। ਸਕੂਲ ਦੀ ਪ੍ਰਿੰ. ਹਰਜਿੰਦਰ ਕੌਰ ਨੇ ਵੀ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ।


ਚਵਿੰਡਾ ਦੇਵੀ

**ਧਾਰੀਵਾਲ, (ਮਨਦੀਪ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਸ੍ਰੀਮਤੀ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਹਰਤਾਜ ਸਿੰਘ ਸਿੱਧੂ ਦੀ ਅਗਵਾਈ ਹੇਠ ਆਜ਼ਾਦੀ ਦਿਵਸ ਬੜੇ ਉਤਸ਼ਾਹ ਅਤੇ ਧੂਮ ਧਾਮ ਨਾਲ ਮਨਾਇਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਸ਼ਾਮਲ ਹੋਏ, ਉਨ੍ਹਾਂ ਨਾਲ ਰਾਜੇਸ਼ ਨੰਦਾ, ਐੱਸਡੀਓ ਰਾਜਿੰਦਰ, ਟਰੇਡ ਕਮਿਸ਼ਨ ਮੈਂਬਰ ਸ੍ਰੀ ਨੀਟੂ, ਵਿਭੂ ਵੋਹਰਾ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਅਮਰ ਜੋਤੀ ਜਲਾ ਕੇ ਕੀਤੀ। ਉਪਰੰਤ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਰਾਸ਼ਟਰੀ ਗਾਣ ਗਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਪਰੇਡ ਵੀ ਕੀਤੀ ਗਈ। ਲਿਟਲ ਸਪਰਾਊਟਸ ਸਕੂਲ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵੱਲੋਂ ਦੇਸ ਭਗਤੀ ਨਾਲ ਭਰਪੂਰ ਗੀਤ, ਕਵਿਤਾਵਾਂ, ਭਾਸ਼ਣ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।

**ਦੀਨਾਨਗਰ -(ਬਲਵਿੰਦਰ ਸਿੰਘ ਬਿੱਲਾ)**= ਮਹਾਰਾਜਾ ਰਣਜੀਤ ਸਿੰਘ ਯਾਦਗਾਰੀ ਪਾਰਕ ਦੀਨਾਨਗਰ ਵਿਖੇ ਦੇਸ਼ ਦਾ 80ਵਾਂ ਆਜ਼ਾਦੀ ਦਿਹਾੜਾ ਬੜੀ ਧੂਮ ਧਾਮ ਅਤੇ ਦੇਸ਼ ਭਗਤੀ ਦੇ ਜਜਬੇ ਨਾਲ ਮਨਾਇਆ ਗਿਆ।ਸਮਾਗਮ ਵਿਚ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਤਿਰੰਗਾ ਲਹਿਰਾਉਣ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਆਜ਼ਾਦੀ ਸਾਨੂੰ ਮਹਾਨ ਸ਼ਹੀਦਾਂ ਦੀਆਂ ਅਣਗਿਣਤ ਕੁਰਬਾਨੀਆਂ ਸਦਕਾ ਮਿਲੀ ਹੈ, ਜਿਸ ਦੀ ਸੰਭਾਲ ਕਰਨਾ ਹਰ ਨਾਗਰਿਕ ਦਾ ਫਰਜ਼ ਹੈ।

**ਤਰਨਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਸੁਤੰਤਰਤਾ ਦਿਵਸ ਬੜੇ ਉਤਸ਼ਾਹ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਦੇਸ਼ਭਗਤੀ ਨਾਲ ਸੰਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਦੇਸ਼ ਭਗਤੀ ਗੀਤ, ਕਵਿਤਾਵਾਂ, ਭਾਸ਼ਣ, ਨਾਟਕ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਜ਼ਾਦੀ ਦੇ ਮਹੱਤਵ ਨੂੰ ਦਰਸਾਇਆ। ਇਸ ਤੋਂ ਇਲਾਵਾ ਸਕੂਲ ਵਿੱਚ ਤਿਰੰਗੇ ਨਾਲ ਸੰਬੰਧਤ ਗਤੀਵਿਧੀਆਂ ਵੀ ਕਰਵਾਈਆਂ ਗਈਆਂ ਅਤੇ ਤਿਰੰਗਾ ਮਾਰਚ ਵੀ ਕੱਢਿਆ ਗਿਆ।ਬੱਚਿਆਂ ਨੇ ਇਹਨਾਂ ਕਰਵਾਈਆਂ ਗਈਆਂ ਗਤੀਵਿਧੀਆਂ ਵਿੱਚ ਭਾਗ ਲੈਂਦਿਆਂ ਦੇਸ਼ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਨੂੰ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਬਾਰੇ ਜਾਣੂ ਕਰਵਾਇਆ ਗਿਆ।


ਅਜਨਾਲਾ

**ਧਾਰੀਵਾਲ, (ਮਨਦੀਪ ਵਿੱਕੀ)**- ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਵਿਖੇ ਪ੍ਰਿੰਸੀਪਲ ਡਾ: ਗਗਨਜੀਤ ਕੌਰ ਦੀ ਰਹਿਨੁਮਾਈ ਹੇਠ ਬੜੀ ਧੂਮ-ਧਾਮ ਨਾਲ ਆਜ਼ਾਦੀ ਦਿਵਸ ਮਨਾਇਆ। ਇਸ ਸਬੰਧੀ ਸਕੂਲ ਕੈਂਪਸ ਵਿੱਚ ਕਰਵਾਏ ਪ੍ਰਭਾਵਸ਼ਾਲੀ ਪ੍ਰੋਗਰਾਮ ਦੌਰਾਨ ਯੂ.ਕੇ.ਜੀ. ਤੋਂ ਸੱਤਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲੈ ਕੇ ਦੇਸ ਭਗਤੀ ਦੇ ਗੀਤ, ਕਵਿਤਾਵਾਂ, ਗਿੱਧਾ, ਭੰਗੜਾ ਪੇਸ਼ ਕਰਕੇ ਆਜ਼ਾਦੀ ਦਿਵਸ ਦੇ ਜਸ਼ਨ ਮਨਾਏ। ਪ੍ਰੋਗਰਾਮ ਤਿਰੰਗੇ ਦੇ ਰੰਗ ਵਿੱਚ ਰੰਗੇ ਬੱਚੇ ਬਹੁਤ ਖੁਸ਼ੀ ਅਤੇ ਸੁੰਦਰ ਦਿਖਾਈ ਦੇ ਰਹੇ ਸਨ। ਇਸ ਮੌਕੇ ਪ੍ਰਿੰਸੀਪਲ ਡਾ. ਗਗਨਜੀਤ ਕੌਰ ਨੇ ਬੱਚਿਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਆਜ਼ਾਦੀ ਦਿਵਸ ਸਬੰਧਿਤ ਜਾਣਕਾਰੀ ਦਿੱਤੀ।

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ, ਝਬਾਲ ਵਿਖੇ ਭਾਰਤ ਦਾ ਆਜ਼ਾਦੀ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ, ਸਟਾਫ ਮੈਂਬਰਾਂ ਅਤੇ ਨਾਨ-ਟੀਚਿੰਗ ਸਟਾਫ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ।ਇਸ ਉਪਰੰਤ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਰਾਸ਼ਟਰੀ ਗੀਤ ਗਾਇਆ।ਵਿਦਿਆਰਥੀਆਂ ਵੱਲੋਂ ਮੈਡਮ ਦੀਪਿਕਾ, ਮੈਡਮ ਯੋਗਿਤਾ, ਮੈਡਮ ਸਿਮਰਪ੍ਰੀਤ ਕੌਰ, ਮੈਡਮ ਸ਼ਸ਼ੀ ਅਤੇ ਮੈਡਮ ਗੁਰਜਿੰਦਰ ਕੌਰ ਦੀ ਅਗਵਾਈ ਵਿੱਚ ਦੇਸ਼-ਭਗਤੀ ਦੇ ਗੀਤ, ਕਵਿਤਾਵਾਂ, ਭਾਸ਼ਣ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਆਜ਼ਾਦੀ ਘੁਲਾਟੀਆਂ ਦੇ ਜੀਵਨ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਦੇਸ਼ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ।ਮੈਡਮ ਰਾਜਬੀਰ ਦੀ ਅਗਵਾਈ ਵਿੱਚ ਜਮਾਤ ਛੇਵੀਂ ਦੇ ਵਿਦਿਆਰਥੀਆਂ ਨੇ ਨਾਟਕ ਪੇਸ਼ ਕਰਕੇ ਦੇਸ਼-ਭਗਤੀ ਦੀ ਭਾਵਨਾ ਨੂੰ ਉਜਾਗਰ ਕੀਤਾ ਗਿਆ।


ਸਰਾਏ ਅਮਾਨਤ ਖਾਂ

**ਅੰਮ੍ਰਿਤਸਰ (ਅਰੋੜਾ)** : ਰੋਟਰੀ ਕਲੱਬ ਆਸਥਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਲਚੀਆਂ ਵਿੱਚ ਸਿੱਖਿਆ ਖੇਤਰ ਅਤੇ ਜਿਆਦਾ ਪ੍ਰਫੁਲਿਤ ਕਰਨ ਅਤੇ ਵਿਦਿਆਰਥੀਆਂ ਦੀ ਸਹਾਇਤਾ ਲਈ ਕਾਪੀਆਂ, ਸਟੇਸ਼ਨਰੀ ਅਤੇ ਖਾਣ ਪੀਣ ਦੀ ਸਮੱਗਰੀ ਵੰਡੀ ਗਈ।ਰੋਟਰੀ ਕਲੱਬ ਆਸਥਾ ਦੇ ਪ੍ਰਧਾਨ ਇੰਜੀਨੀਅਰ ਅਸ਼ੋਕ ਸ਼ਰਮਾ, ਸਕੱਤਰ ਸਰਵਜੀਤ ਸਿੰਘ ਦੇ ਆਦੇਸ਼ਾ ਦੇ ਅਨੁਸਾਰ ਪ੍ਰਿੰਸੀਪਲ ਦਵਿੰਦਰ ਸਿੰਘ ਅਤੇ ਡਿਸਟ੍ਰਿਕਟ ਨੂੰ ਕੋਆਰਡੀਨੇਟਰ ਲਿਟਰੇਸੀ ਰੋਟੇਰੀਅਨ ਅਸ਼ਵਨੀ ਅਵਸਥੀ ਜੀ ਦੀ ਯੋਗ ਰਹਿਨੁਮਾਈ ਵਿੱਚ 800 ਦੇ ਕਰੀਬ ਵਿਦਿਆਰਥੀਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡਣ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ। ਪ੍ਰਿੰਸੀਪਲ ਦਵਿੰਦਰ ਸਿੰਘ ਨੇ ਸਿੱਖਿਆ ਦੀ ਮਹੱਤਤਾ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜੇਕਰ ਸਾਰੇ ਵਿਦਿਆਰਥੀ ਪੜ੍ਹ ਲਿਖ ਕੇ ਦੇਸ਼ ਦੇ ਚੰਗੇ ਨਾਗਰਿਕ ਬਣਨ ਤਾਂ ਉਨ੍ਹਾਂ ਦਾ ਨਾਮ ਪੂਰੇ ਸਮਾਜ ਵਿੱਚ ਬੁਲੰਦੀਆਂ ਨੂੰ ਛੂਹ ਸਕਦਾ ਹੈ। ਉਨ੍ਹਾਂ ਨੇ ਕਿਹਾ ਰੋਟਰੀ ਕਲੱਬ ਆਸਥਾ ਦੇ ਵੱਲੋਂ ਲੋੜਵੰਦ ਲੋਕਾਂ ਦੀਆਂ ਅੱਖਾਂ ਦੇ ਮੁਫ਼ਤ ਆਪਰੇਸ਼ਨ, ਲੋੜਵੰਦ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਹਰ ਤਰ੍ਹਾਂ ਦੀ ਸਹਾਇਤਾ ਦੇ ਨਾਲ ਨਾਲ ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਰੱਖਣ ਲਈ ਵਣੀ ਤਰ੍ਹਾਂ ਦੇ ਪ੍ਰਾਜੈਕਟ ਕੀਤੇ ਜਾ ਰਹੇ ਹਨ ਜੋ ਕਿ ਰੋਟਰੀ ਜਗਤ ਵਿੱਚ ਇੱਕ ਮਿਸਾਲ ਦੀ ਤਰ੍ਹਾਂ ਮੰਨੇ ਜਾਂਦੇ ਹਨ। ਇਸ ਮੌਕੇ ਤੇ ਸਕੂਲ ਦੇ ਸਾਬਕਾ ਮੁਖ ਪ੍ਰਿੰਸੀਪਲ ਹਰਵਿੰਦਰ ਸਿੰਘ ਦਾ ਵੀ ਧੰਨਵਾਦ ਕੀਤਾ। ਇਸ ਸਾਰਾ ਸਮਾਗਮ ਵਿੱਚ ਲੈਕਚਰਰ ਗੁਰਿੰਦਰ ਕੌਰ, ਰਾਹੁਲ ਭਾਟੀਆ, ਹਰਜਸਮੀਤ ਸਿੰਘ, ਇੰਦਰਬੀਰ ਸਿੰਘ, ਮੰਗਲ ਸਿੰਘ, ਭਾਰਤੀ ਸ਼ਰਮਾ, ਸੁਖਜਿੰਦਰ ਕੌਰ, ਮੀਨੂ ਠਾਕੁਰ, ਰਿਪੀ ਮੈਡਮ, ਮੀਨੂ ਗਿੱਲ, ਸ਼ਾਲਨੀ ਜੋਸ਼ੀ, ਰਵਜੋਤ ਕੌਰ, ਜੁਪਿੰਦਰ ਸਿੰਘ, ਬਲਰਾਜ ਸਿੰਘ, ਸੁਖਵਿੰਦਰ ਕੌਰ, ਪਰਮਜੀਤ ਸਿੰਘ, ਨਿਰਮਲ ਸਿੰਘ, ਰੁਪਿੰਦਰ ਕੌਰ, ਰਸ਼ਪਾਲ ਕੌਰ, ਚਰਨਜੀਤ ਕੌਰ ਸਹਿਤ ਸਕੂਲ ਸਟਾਫ਼ ਅਤੇ ਰੋਟਰੀ ਕਲੱਬ ਆਸਥਾ ਦੇ ਸਮੂਹ ਮੈਂਬਰ ਮੌਜੂਦ ਸਨ।

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਜੀ. ਆਰ. ਡੀ. ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਵਿੱਚ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਵਿੱਚ ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ ਅਤੇ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਾ ਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਮੇਲੇ ਵਰਗਾ ਦ੍ਰਿਸ਼ ਸਿਰਜਿਆ ਗਿਆ।ਨੰਨ੍ਹੇ-ਮੁੰਨੇ ਬੱਚਿਆਂ ਨੇ ਵੀ ਬੜੇ ਉਤਸ਼ਾਹ ਦੇ ਨਾਲ ਇਸ ਤਿਉਹਾਰ ਦਾ ਆਨੰਦ ਮਾਣਿਆ।

**ਅਜਨਾਲਾ: (ਸੁਖਤਿੰਦਰ ਸਿੰਘ ਰਾਜੂ)**- ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ, ਅਜਨਾਲਾ ਵਿਖੇ 15 ਅਗਸਤ ਦਾ ਆਜ਼ਾਦੀ ਦਿਵਸ ਬੜੇ ਉਤਸ਼ਾਹ, ਦੇਸ਼-ਭਗਤੀ ਅਤੇ ਖੁਸ਼ੀ ਦੇ ਮਾਹੌਲ ਵਿੱਚ ਮਨਾਇਆ ਗਿਆ।ਸਮਾਗਮ ਵਿੱਚ ਸਕੂਲ ਦੇ ਐੱਮ. ਡੀ. ਸੰਤੋਸ਼ ਬਜਾਜ, ਬਚਪਨ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਖੋਖਰ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਦੇ ਪ੍ਰਿੰ. ਅੰਸ਼ ਬਜਾਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।


ਚਵਿੰਡਾ ਦੇਵੀ


ਅਜਨਾਲਾ

**ਗੁਰਦਾਸਪੁਰ, (ਜਨਕ ਮਹਾਜਨ, ਦਿਨੇਸ਼ ਕੁਮਾਰ)**- ਡਾ. ਬਲਜੀਤ ਕੌਰ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਪੰਜਾਬ ਵਲੋਂ ਸਥਾਨਕ ਸ਼ਹੀਦ ਲੈਫ. ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਮੌਕੇ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਤੇ ਜ਼ਿਲ੍ਹਾ ਵਾਸੀਆਂ ਨੂੰ ਆਪਣਾ ਸੰਦੇਸ਼ ਦਿੱਤਾ ਗਿਆ।ਆਜ਼ਾਦੀ ਦਿਵਸ ਸਮਾਗਮ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਪਤੀ ਇੰਜੀਨੀਅਰ ਦਲਜੀਤ ਸਿੰਘ ਐਡੀਸ਼ਨਲ ਸੁਪਰਡੰਟ ਪੀਐਸਪੀਸੀ ਐੱਲ, ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਆਦਿਤਿਆ ਉੱਪਲ ਡਿਪਟੀ ਕਮਿਸ਼ਨਰ, ਦਿਲਬਾਗ ਸਿੰਘ ਜੌਹਲ, ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ, ਆਈਜੀ ਰਾਜਪਾਲ ਸਿੰਘ, ਆਦਿਤਿਆ ਐੱਸਐੱਸਪੀ ਗੁਰਦਾਸਪੁਰ, ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ, ਸੀਨੀਅਰ ਆਗੂ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਗੁਰਸਿਮਰਨ ਸਿੰਘ ਢਿੱਲੋਂ ਏਡਸੀ (ਜ), ਗੁਰਪ੍ਰੀਤ ਸਿੰਘ ਗਿੱਲ ਏਡੀਸੀ (ਵਿਕਾਸ), ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ), ਅਸ਼ੋਕ ਕੁਮਾਰ ਐੱਸਡੀਐੱਮ, ਉਲੰਪੀਅਨ ਜੁਗਰਾਜ ਸਿੰਘ ਐੱਸਪੀ (ਐੱਚ) ਦਵਿੰਦਰ ਚੌਧਰੀ ਐੱਸ.ਪੀ (ਡੀ) ਗੁਰਦਾਸਪੁਰ ਸਮੇਤ ਪ੍ਰਮੁੱਖ ਹਸਤੀਆਂ ਮੌਜੂਦ ਸਨ।


ਧਾਰੀਵਾਲ


ਦੀਨਾਨਗਰ


ਤਰਨਤਾਰਨ


ਧਾਰੀਵਾਲ

## ਆਜ਼ਾਦੀ ਦਿਹਾੜੇ ਮੌਕੇ ਖੂਨਦਾਨ ਕੈਂਪ

**ਬਿਆਸ (ਪਰਮਜੀਤ ਸਿੰਘ ਰੱਖੜਾ)** ਆਜ਼ਾਦੀ ਦਿਵਸ ਮੌਕੇ ਚੌਂਕਾ ਚੁੱਲ੍ਹਾ ਢਾਬਾ ਬਿਆਸ ਦੇ ਮਾਲਕ ਵਰਿੰਦਰ ਸਿੰਘ ਜੋਤੀ ਢਿੱਲੋਂ ਅਤੇ ਸਮੁੱਚੀ ਟੀਮ ਵੱਲੋਂ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਖੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਵਰਿੰਦਰ ਸਿੰਘ ਤੇ ਸੁਰਜਨ ਸਿੰਘ ਭਲਾਈਪੁਰ, ਦਲਜੀਤ ਸਿੰਘ ਭੁੱਲਰ ਤੇ ਪ੍ਰਬੰਧਕਾਂ ਅਤੇ ਟੀਮ ਵੱਲੋਂ ਲੋਕਾਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਕੈਂਪ ਵਿੱਚ ਪਹੁੰਚ ਕੇ ਖੂਨਦਾਨ ਕੀਤਾ। ਇਸ ਖੂਨਦਾਨ ਕੈਂਪ ਵਿੱਚ ਗੁਰੂ ਰਾਮ ਦਾਸ ਚੈਰੀਟੇਬਲ ਹਸਪਤਾਲ ਦੀ ਡਾਕਟਰੀ ਟੀਮ ਅਤੇ ਸਮੂਹ ਸਟਾਫ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਡਾਕਟਰਾਂ ਅਤੇ ਸਟਾਫ ਨੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੀ ਡਿਊਟੀ ਨਿਭਾਉਂਦਿਆਂ ਖੂਨਦਾਨ ਕਰਨ ਵਾਲੇ ਵਿਅਕਤੀਆਂ ਦੀ ਸਿਹਤ ਜਾਂਚ ਕੀਤੀ ਅਤੇ ਖੂਨ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ। ਵਰਿੰਦਰ ਸਿੰਘ ਜੋਤੀ ਨੇ ਕਿਹਾ ਕਿ ਆਜ਼ਾਦੀ ਦਿਵਸ ਨੂੰ ਸਿਰਫ਼ ਸਮਾਗਮਾਂ ਤੱਕ ਸੀਮਿਤ ਨਾ ਰੱਖ ਕੇ ਮਨੁੱਖਤਾ ਦੀ ਸੇਵਾ ਕਰਨਾ ਹੀ ਇਸ ਦਿਨ ਨੂੰ ਮਨਾਉਣ ਦਾ ਸੱਚਾ ਉਪਰਾਲਾ ਹੈ। ਉਨ੍ਹਾਂ ਖੂਨਦਾਨੀਆਂ, ਡਾਕਟਰਾਂ ਦੀ ਟੀਮ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਕੈਂਪ ਦੌਰਾਨ ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਵੀ ਕੀਤੀ। ਰਾਜਦੀਪ ਸਿੰਘ ਥਾਣਾ ਬਿਆਸ ਮੁੱਖ ਮੁਨਸ਼ੀ, ਦਲਜੀਤ ਸਿੰਘ ਮੁਨਸ਼ੀ ਥਾਣਾ ਬਿਆਸ, ਰਫੀ ਮੁਹੰਮਦ ਸਪੈਸ਼ਲ ਬਰਾਂਚ, ਹਰਵਿੰਦਰ ਸਿੰਘ, ਡਾਕਟਰ ਰਜਿੰਦਰ ਰਿਖੀ, ਚਮਕੌਰ ਸਿੰਘ, ਜਗਜੀਤ ਸਿੰਘ, ਸਰਪੰਚ ਬਲਦੇਵ ਸਿੰਘ ਭਲੋਜਲਾ, ਸਰਪੰਚ ਬਲਦੇਵ ਸਿੰਘ ਵਜ਼ੀਰ ਭੁੱਲਰ, ਸਿਮਰਨਜੀਤ ਸਿੰਘ ਵਾਈਸ ਪ੍ਰਧਾਨ ਯੂਥ ਕਾਂਗਰਸ, ਗੁਰਜੀਤ ਸਿੰਘ ਸੋਨੂ, ਬਲਵਿੰਦਰ ਸਿੰਘ ਬੱਲ ਕੈਂਪਿੰਗ ਇੰਚਾਰਜ, ਵਿਕਰਮਜੀਤ ਸਿੰਘ, ਡਾਕਟਰ ਕ੍ਰਿਸ਼ਮਾ ਅੰਮ੍ਰਿਤਸਰ, ਮਨਪ੍ਰੀਤ ਕੌਰ, ਇੰਦਰਜੀਤ ਕੌਰ, ਅਰਸ਼ਦੀਪ ਕੌਰ, ਮਨਜੀਤ ਸਿੰਘ ਤੇ ਰੇਸ਼ਮ ਸਿੰਘ ਵਜ਼ੀਰ ਭੁੱਲਰ।




## ਲਾਪਤਾ ਬੱਚੇ ਨੂੰ ਪੁਲਸ ਨੇ 19 ਘੰਟਿਆਂ 'ਚ ਬਰਾਮਦ ਕਰਕੇ ਪਰਿਵਾਰ ਨੂੰ ਸੌਂਪਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਾਦੀਆਂ ਪੁਲਸ ਨੇ ਲਾਪਤਾ ਹੋਏ 12 ਸਾਲਾ ਬੱਚੇ ਨੂੰ ਸਿਰਫ਼ 19 ਘੰਟਿਆਂ 'ਚ ਬਰਾਮਦ ਕਰਕੇ ਪਰਿਵਾਰ ਦੇ ਹਵਾਲੇ ਕਰ ਦਿੱਤਾ।ਪੁਲਸ ਸਟੇਸ਼ਨ ਕਾਦੀਆਂ ਦੇ ਐੱਸ. ਐੱਚ. ਓ. ਕੰਵਲਪ੍ਰੀਤ ਸਿੰਘ ਨੇ ਦੱਸਿਆ ਕਿ ਸ਼ਨੀਵਾਰ ਨੂੰ ਕਾਦੀਆਂ ਦੇ ਮੁਹੱਲਾ ਧਰਮਪੁਰਾ ਨਿਵਾਸੀ ਵਿਜੇ ਕੁਮਾਰ ਨੇ ਪੁਲਸ ਨੂੰ ਸ਼ਿਕਾਇਤ ਦਰਜ ਕਰਵਾ ਕੇ ਦੱਸਿਆ ਸੀ ਕਿ ਉਸਦਾ 12 ਸਾਲਾ ਬੇਟਾ ਅਭਿਸ਼ੇਕ ਸ਼ਰਮਾ ਲਾਪਤਾ ਹੋ ਗਿਆ ਹੈ। ਸ਼ਿਕਾਇਤ ਮਿਲਦੇ ਹੀ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਨ੍ਹਾਂ ਦੇ ਘਰਾਂ ਦੇ ਨੇੜੇ ਅਤੇ ਹੋਰ ਥਾਵਾਂ ਤੇ ਲੱਗੇ ਸੀਸੀਟੀਵੀ ਕੈਮਰੇ ਚੈਕ ਕੀਤੇ। ਪੁਲਸ ਟੀਮ ਨੇ ਮਿਹਨਤ ਨਾਲ ਤਲਾਸ਼ ਕਰਦੇ ਹੋਏ ਪਿੰਡ ਸੁਨਾਇਆ ਦੇ ਕੋਲ ਇੱਕ ਚਰਚ ਤੋਂ ਬੱਚੇ ਨੂੰ ਬਰਾਮਦ ਕਰ ਲਿਆ।ਮੈਡੀਕਲ ਜਾਂਚ ਤੋਂ ਬਾਅਦ ਅਭਿਸ਼ੇਕ ਨੂੰ ਪਰਿਵਾਰ ਨੂੰ ਸੌਂਪ ਦਿੱਤਾ ਗਿਆ।ਪਰਿਵਾਰ ਵਾਲਿਆਂ ਨੇ ਪੁਲਸ ਦੀ ਤੁਰੰਤ ਕਾਰਵਾਈ ਅਤੇ ਸਹਿਯੋਗ ਦੀ ਸ਼ਲਾਘਾ ਕਰਦੇ ਹੋਏ ਐੱਸ. ਐੱਚ. ਓ. ਕੰਵਲਪ੍ਰੀਤ ਸਿੰਘ ਅਤੇ ਪੂਰੀ ਟੀਮ ਦਾ ਧੰਨਵਾਦ ਕੀਤਾ।ਪੁਲਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਬੱਚਿਆਂ ਤੇ ਵਿਸ਼ੇਸ਼ ਧਿਆਨ ਰੱਖਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਤੁਰੰਤ ਪੁਲਸ ਨੂੰ ਦੇਣ।



## ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਤੀਆਂ ਦਾ ਤਿਉਹਾਰ ਮਨਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਾਨਯੋਗ ਉਪ ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. (ਡਾ.) ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੁੜਿਆ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਸਿੱਧ ਵਿਗਿਆਨੀ ਅਤੇ ਸਿੱਖਿਆ ਸ਼ਾਸਤਰੀ ਡਾ. ਜਸਮੀਤ ਕੌਰ ਨਾਇਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਵਿਦਿਆਰਥਣਾਂ ਵੱਲੋਂ ਗਿੱਧਾ, ਲੋਕ-ਗੀਤਾਂ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਪੰਜਾਬੀ ਪਹਿਰਾਵੇ ਵਿੱਚ ਸਜੀਆਂ ਵਿਦਿਆਰਥਣਾਂ ਨੇ ਰਵਾਇਤੀ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬੀ ਵਿਰਸੇ ਦੀ ਸੁੰਦਰ ਝਲਕ ਪੇਸ਼ ਕੀਤੀ। ਇਸ ਮੌਕੇ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੂੰ 'ਤੀਆਂ ਦੀ ਰਾਣੀ', ਬੀ.ਸੀ.ਏ. ਸਮੈਸਟਰ ਪੰਜਵਾਂ ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ 'ਪੰਜਾਬਣ ਮੁਟਿਆਰ' ਅਤੇ ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਸੁਖਮਨ ਕੌਰ ਨੂੰ 'ਸੁਨੱਖੀ ਮੁਟਿਆਰ' ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ, ਲੋਕ-ਪਰੰਪਰਾਵਾਂ ਅਤੇ ਧੀਆਂ ਦੀ ਖੁਸ਼ੀ ਨਾਲ ਜੁੜਿਆ ਹੋਇਆ ਹੈ। ਅਜਿਹੇ ਸਮਾਗਮ ਵਿਦਿਆਰਥਣਾਂ ਨੂੰ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੀ ਪ੍ਰਤਿਭਾ ਨੂੰ ਪ੍ਰਗਟ ਕਰਨ ਲਈ ਮੰਚ ਪ੍ਰਦਾਨ ਕਰਦੇ ਹਨ।

ਉਨ੍ਹਾਂ ਨੇ ਕਿਹਾ ਕਿ ਸਾਨੂੰ ਆਪਣੀਆਂ ਲੋਕ-ਪਰੰਪਰਾਵਾਂ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਨਿਰੰਤਰ ਉਪਰਾਲੇ ਕਰਨੇ ਚਾਹੀਦੇ ਹਨ। ਮੁੱਖ ਮਹਿਮਾਨ ਡਾ. ਜਸਮੀਤ ਕੌਰ ਨਾਇਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਇੱਕ ਵਿਲੱਖਣ ਅਤੇ ਖੂਬਸੂਰਤ ਤਿਉਹਾਰ ਹੈ, ਜੋ ਧੀਆਂ ਦੀ ਖੁਸ਼ੀ, ਸਾਂਝ ਅਤੇ ਭੈਣਚਾਰੇ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਲਈ ਅਜਿਹੇ ਸਮਾਗਮ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਕਾਲਜ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਨੂੰ ਸਮੂਹ ਸਟਾਫ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

ਨਵਾਂ ਜ਼ਮਾਨਾ

ਸੋਮਵਾਰ, 17 ਅਗਸਤ 2026

# ਚੋਣ ਭਾਸ਼ਣ

ਬੀਤੇ ਵਾਂਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਤੋਂ ਦੇਸ਼ ਵਾਸੀਆਂ ਅੱਗੇ ਕੋਈ ਉਸਾਰੂ ਨਜ਼ਰੀਆ ਪੇਸ਼ ਕਰਨ ਦੀ ਥਾਂ ਚੋਣ ਭਾਸ਼ਣ ਹੀ ਦਿੱਤਾ। ਅੰਦੋਲਨਜੀਵੀ ਤੇ ਪਰਜੀਵੀ ਵਰਗੇ ਲਕਬਾਂ ਨਾਲ ਆਪੋਜ਼ੀਸ਼ਨ ਨੂੰ ਭੰਡਣ ਵਾਲੇ ਮੋਦੀ ਨੇ ਐਤਕੀਂ 'ਦਿਮਾਗੀ ਨਕਸਲ' ਸ਼ਬਦ ਕੱਢ ਲਿਆਂਦਾ। ਪ੍ਰਧਾਨ ਮੰਤਰੀ ਨੇ ਕਿਹਾ-ਹਤਿਆਰੇ ਨਕਸਲੀ ਤਾਂ ਖਤਮ ਕਰ ਦਿੱਤੇ, ਪਰ ਇਹ ਦਿਮਾਗੀ ਨਕਸਲ ਅਰਾਜਕਤਾ ਪੈਦਾ ਕਰਨ ਲਈ ਮੌਕੇ ਦੀ ਤਲਾਸ਼ 'ਚ ਹਨ। ਮੋਦੀ ਨੇ ਪਹਿਲਾਂ ਵੀ ਵਾਰ-ਵਾਰ 'ਸ਼ਹਿਰੀ ਨਕਸਲੀਆਂ' ਦਾ ਜ਼ਿਕਰ ਕੀਤਾ ਹੈ-ਮੁੱਖ ਤੌਰ 'ਤੇ ਸਥਾਪਤੀ ਵਿਰੋਧੀ ਅਤੇ ਖੱਬੇ-ਪੱਖੀ ਝੁਕਾਅ ਵਾਲੇ ਸਿੱਖਿਆ ਸ਼ਾਸਤਰੀਆਂ, ਪੱਤਰਕਾਰਾਂ, ਕਾਰਕੁਨਾਂ ਅਤੇ ਵਕੀਲਾਂ ਨੂੰ ਨਿਸ਼ਾਨਾ ਬਣਾਉਣ ਲਈ, ਪਰ ਇਹ ਪਹਿਲੀ ਵਾਰ ਹੈ, ਜਦੋਂ ਉਨ੍ਹਾ 'ਦਿਮਾਗੀ ਨਕਸਲ' ਸ਼ਬਦ ਦੀ ਵਰਤੋਂ ਕੀਤੀ। ਉਨ੍ਹਾ ਕਿਹਾ ਕਿ ਮਾਓਵਾਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਲੋਕਾਂ ਨੇ ਸੱਤਾ ਦੇ ਗਲਿਆਰਿਆਂ ਵਿੱਚ ਆਪਣੇ-ਆਪ ਨੂੰ ਸਥਾਪਤ ਕੀਤਾ ਹੈ ਅਤੇ ਨੀਤੀ ਨਿਰਮਾਣ ਨੂੰ ਪ੍ਰਭਾਵਤ ਕੀਤਾ ਹੈ, ਜਿਸ ਵਿੱਚ 'ਸਰਕਾਰੀ ਕਮੇਟੀਆਂ ਵਿੱਚ ਸਲਾਹਕਾਰਾਂ' ਦੀ ਭੂਮਿਕਾ ਵੀ ਸ਼ਾਮਲ ਹੈ। ਉਨ੍ਹਾ ਦਾਅਵਾ ਕੀਤਾ, 'ਅਸੀਂ ਜੰਗਲਾਂ ਤੋਂ ਹਥਿਆਰਬੰਦ ਨਕਸਲੀਆਂ ਨੂੰ ਖਤਮ ਕਰਨ ਅਤੇ ਦੇਸ਼ ਨੂੰ ਗੰਭੀਰ ਖਤਰੇ ਤੋਂ ਮੁਕਤ ਕਰਨ ਵਿੱਚ ਸਫਲ ਹੋਏ ਹਾਂ, ਪਰ ਇਹ ਵਿਚਾਰਧਾਰਕ ਨਕਸਲੀ ਮੌਕਿਆਂ ਦੀ ਉਡੀਕ ਕਰ ਰਹੇ ਹਨ। ਉਹ ਹਿੰਸਾ ਅਤੇ ਅਰਾਜਕਤਾ ਦੇ ਰਾਹਾਂ ਨੂੰ ਮੁੜ ਸੁਰਜੀਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ... ਸਾਨੂੰ ਇਨ੍ਹਾਂ ਵਿਚਾਰਧਾਰਕ ਨਕਸਲੀਆਂ ਦੀ ਪਛਾਣ ਕਰਨੀ ਪੈਣੀ ਹੈ ਅਤੇ ਉਨ੍ਹਾਂ ਨੂੰ ਅਲੱਗ-ਥਲੱਗ ਕਰਨਾ ਪੈਣਾ ਹੈ।'

ਭਾਜਪਾ ਨੇ ਸ਼ੁਰੂ ਵਿੱਚ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਵਾਲੇ ਵਿਰੋਧ ਪ੍ਰਦਰਸ਼ਨ ਨੂੰ ਭਾਰਤ ਵਿੱਚ ਅਰਾਜਕਤਾ ਫੈਲਾਉਣ ਲਈ ਇੱਕ ਬਾਹਰੀ 'ਗਲੋਬਲ ਟੂਲਕਿੱਟ' ਵੱਲੋਂ ਚਲਾਏ ਜਾ ਰਹੇ ਪ੍ਰਦਰਸ਼ਨ ਵਜੋਂ ਦਰਸਾਉਣ ਦੀ ਕੋਸ਼ਿਸ਼ ਕੀਤੀ ਸੀ। ਬਾਅਦ ਵਿੱਚ ਇਹ ਸਪੱਸ਼ਟ ਹੋਣ ਤੋਂ ਬਾਅਦ ਕਿ ਬਹੁਤ ਸਾਰੇ ਪ੍ਰਦਰਸ਼ਨਕਾਰੀ ਭਾਜਪਾ-ਪੱਖੀ ਪਰਵਾਰਾਂ ਤੋਂ ਹਨ, ਉਸ ਨੇ ਗੇਅਰ ਬਦਲ ਲਿਆ।

ਕਾਕਰੋਚ ਜਨਤਾ ਪਾਰਟੀ ਵੱਲੋਂ ਪੇਪਰ ਲੀਕ ਨੂੰ ਲੈ ਕੇ ਚਲਾਏ ਗਏ ਅੰਦੋਲਨ ਵਿੱਚ ਖੱਬੇ-ਪੱਖੀ ਵਿਦਿਆਰਥੀ ਤੇ ਨੌਜਵਾਨ ਜਥੇਬੰਦੀਆਂ ਅਤੇ ਸਮਾਜ ਦੇ ਹੋਰ ਵਰਗਾਂ ਦੇ ਲੋਕਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਸੀ। ਸ਼ੁਰੂ ਵਿੱਚ ਬੇਪਰਵਾਹ ਰਹੀ ਮੋਦੀ ਸਰਕਾਰ ਨੂੰ ਆਖਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਬਲੀ ਦੇਣੀ ਪਈ ਸੀ। ਹੁਣ ਤੱਕ ਕਿਸੇ ਦੀ ਗੱਲ ਨਾ ਮੰਨਣ ਵਾਲੇ ਪ੍ਰਧਾਨ ਮੰਤਰੀ ਲਈ ਕਿਸਾਨ ਅੰਦੋਲਨ ਤੋਂ ਬਾਅਦ ਇਹ ਸਭ ਤੋਂ ਵੱਡੀ ਨਮੋਸ਼ੀ ਸੀ। 'ਦਿਮਾਗੀ ਨਕਸਲ' ਕਹਿਣ ਵਾਲੇ ਪ੍ਰਧਾਨ ਮੰਤਰੀ ਇਸ ਨਮੋਸ਼ੀ ਨੂੰ ਸਹਿ ਨਹੀਂ ਪਾ ਰਹੇ, ਪਰ ਉਨ੍ਹਾ ਨੂੰ ਇਹ ਮੰਨਣਾ ਪੈਣਾ ਹੈ ਕਿ ਪੜ੍ਹੇ-ਲਿਖੇ ਨੌਜਵਾਨਾਂ ਨੂੰ ਸਿਰਫ ਸਰਕਾਰ 'ਤੇ ਸਵਾਲ ਉਠਾਉਣ ਲਈ ਨਕਸਲੀ ਕਹਿ ਕੇ ਉਹ ਬਦਨਾਮ ਨਹੀਂ ਕਰ ਸਕਦੇ। ਸ਼ਾਇਦ 12 ਸਾਲਾਂ ਬਾਅਦ, ਐਤਕੀਂ ਦੇਸ਼ ਨੇ 'ਆਪਣੇ ਅਸਲ ਅਰਥਾਂ ਵਿੱਚ' ਆਜ਼ਾਦੀ ਦਿਵਸ ਮਨਾਇਆ, ਕਿਉਂਕਿ ਲੋਕ ਆਖਰਕਾਰ ਸਰਕਾਰੀ ਡਰ ਤੋਂ ਆਜ਼ਾਦ ਹੋ ਗਏ ਹਨ। ਇੱਕ ਪੀੜ੍ਹੀ, ਜਿਸ ਨੂੰ ਚੁੱਪ ਰਹਿਣ ਲਈ ਕਿਹਾ ਗਿਆ ਸੀ, ਨੇ ਆਪਣੀ ਆਵਾਜ਼ ਅਤੇ ਮਾਧਿਅਮ ਲੱਭ ਲਿਆ, ਜਦੋਂ ਕਿ ਇੱਕ ਪੀੜ੍ਹੀ, ਜਿਸ ਨੂੰ ਕਿਹਾ ਗਿਆ ਸੀ ਕਿ ਕੁਝ ਵੀ ਨਹੀਂ ਬਦਲੇਗਾ, ਨੇ ਦੁਬਾਰਾ ਵਿਸ਼ਵਾਸ ਕਰਨਾ ਸ਼ੁਰੂ ਕਰ ਦਿੱਤਾ ਹੈ। ਜਾਗਰੂਕਤਾ ਦਾ ਯੁੱਗ ਸ਼ੁਰੂ ਹੋ ਗਿਆ ਹੈ। ਸ਼ਾਂਤਮਈ ਵਿਰੋਧ ਦਾ ਯੁੱਗ ਸ਼ੁਰੂ ਹੋ ਗਿਆ ਹੈ। ਲੋਕ ਹੌਲੀ-ਹੌਲੀ 'ਪੁਰਾਣੇ, ਭ੍ਰਿਸ਼ਟ, ਅਯੋਗ ਅਤੇ ਹੰਕਾਰੀ' ਨੂੰ ਬੇਦਖਲ ਕਰ ਦੇਣਗੇ। ਮਨ ਹੁਣ ਡਰ ਤੋਂ ਰਹਿਤ ਹੈ ਅਤੇ ਪਿੱਛੇ ਮੁੜਨ ਦੀ ਕੋਈ ਸੰਭਾਵਨਾ ਨਹੀਂ।

# ਪੰਜਾਬੀਆਂ ਦਾ ਪਰਵਾਸ : ਅਤੀਤ, ਵਰਤਮਾਨ ਅਤੇ ਭਵਿੱਖ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਆਮ ਬੋਲਚਾਲ ਦੀ ਭਾਸ਼ਾ ਵਿਚ ਜੇਕਰ 'ਪਰਵਾਸ' ਸ਼ਬਦ ਦੇ ਅਰਥ ਸਮਝੇ ਜਾਣ ਤਾਂ ਉਹ ਹਨ 'ਪਰਾਈ ਥਾਂ 'ਤੇ ਜਾ ਕੇ ਵਾਸ ਕਰਨਾ' ਭਾਵ ਕਿ ਉਹ ਥਾਂ, ਜੋ ਸਾਡੇ ਜਨਮ, ਸਾਡੀ ਭਾਸ਼ਾ ਜਾਂ ਸਾਡੇ ਸੱਭਿਆਚਾਰ ਦੇ ਪੱਖ ਤੋਂ ਸਾਡੀ 'ਆਪਣੀ' ਨਹੀਂ। ਸੋ ਜਦੋਂ ਅਸੀਂ ਆਪਣੇ ਖਿੱਤੇ,ਆਪਣੀ ਬੋਲੀ ਤੇ ਆਪਣੇ ਲੋਕਾਂ ਨੂੰ ਛੱਡ ਕੇ ਪਰਾਏ ਖਿੱਤੇ,ਪਰਾਈ ਬੋਲੀ ਤੇ ਪਰਾਏ ਲੋਕਾਂ ਵਿਚ ਜਾ ਵੱਸਦੇ ਹਾਂ ਤਾਂ ਇਸ ਨੂੰ 'ਪਰਵਾਸ' ਕਿਹਾ ਜਾਂਦਾ ਹੈ, ਫਿਰ ਚਾਹੇ ਉਹ ਪਰਵਾਸ ਭਾਰਤੀਆਂ ਵੱਲੋਂ ਆਪਣਾ ਮੁਲਕ ਛੱਡ ਕੇ ਵਿਦੇਸ਼ਾਂ ਵੱਲ ਨੂੰ ਜਾਣ ਦੇ ਰੁਝਾਨ ਨਾਲ ਸਬੰਧ ਰੱਖਦਾ ਹੋਵੇ ਜਾਂ ਫਿਰ ਭਾਰਤ ਦੇ ਦੂਜੇ ਸੂਬਿਆਂ ਦੇ ਵਸਨੀਕਾਂ ਦੇ ਪੰਜਾਬ ਅੰਦਰ ਆ ਕੇ ਵੱਸ ਜਾਣ ਜਾਂ ਕੰਮ ਕਰਨ ਨਾਲ ਸੰਬੰਧਿਤ ਹੋਵੇ।

ਪਰਵਾਸ, ਦਰਅਸਲ ਕਦੇ ਵੀ ਕਿਸੇ ਲਈ ਬਹੁਤ ਸ਼ਖਾਵਾਂ ਨਹੀਂ ਹੁੰਦਾ। ਦੇਸ ਛੱਡ ਕੇ ਪਰਵਾਸੀ ਹੋਣ ਵਾਲੇ ਬੱਚੇ, ਨੌਜਵਾਨ ਤੇ ਬਜ਼ੁਰਗ ਸਾਰੀ ਉਮਰ ਆਪਣੇ ਪਿੱਛੇ ਰਹਿ ਗਏ ਪਿੰਡ, ਸ਼ਹਿਰ ਜਾਂ ਪਰਵਾਰਕ ਮੈਂਬਰਾਂ ਨੂੰ ਯਾਦ ਕਰਦੇ ਰਹਿੰਦੇ ਹਨ ਤੇ ਇਧਰ ਉਨ੍ਹਾਂ ਦੇ ਇਹ ਪਿੱਛੇ ਰਹਿ ਗਏ ਪਰਿਵਾਰਕ ਮੈਂਬਰ ਉਨ੍ਹਾਂ ਪਰਵਾਸੀਆਂ ਦੀ ਗਲਵਕੜੀ ਦਾ ਨਿੱਘ ਮਾਨਣ ਲਈ ਸਦਾ ਹੀ ਵਿਆਕੁਲ ਰਹਿੰਦੇ ਹਨ। ਆਧੁਨਿਕ ਤਕਨਾਲੋਜੀ ਦੀ ਮਦਦ ਨਾਲ ਅੱਜ ਬੇਸ਼ੱਕ ਵਿਦੇਸ਼ ਵਿਚ ਬੈਠੇ ਸਾਡੇ ਆਪਣਿਆਂ ਨਾਲ ਸਾਡਾ ਗੱਲ ਕਰਨਾ ਜਾਂ ਉਨ੍ਹਾ ਨੂੰ ਵੀਡੀਓ ਕਾਲ ਰਾਹੀਂ ਵੇਖਣਾ ਬੇਸ਼ੱਕ ਸੁਖਾਲਾ ਹੋ ਗਿਆ ਹੋਵੇ, ਪਰ ਕੌੜਾ ਸੱਚ ਇਹੋ ਹੈ ਕਿ ਜਨਮ ਦਿਨ 'ਤੇ ਆਪਣੇ ਬਾਪ ਹੱਥੋਂ ਕੇਕ ਦਾ ਇਕ ਟੁਕੜਾ ਮੂੰਹ 'ਚ ਪਾਉਣ ਦੀ ਖ਼ਾਹਿਸ਼ ਜਾਂ ਵਿਦੇਸ਼ ਵਿਚ ਕੋਈ ਦੁੱਖ ਜਾਂ ਪ੍ਰੇਸ਼ਾਨੀ ਆਉਣ 'ਤੇ ਭਾਰਤ ਵਿਚ ਬੈਠੀ ਆਪਣੀ ਮਾਂ ਦੇ ਮੋਢੇ ਨਾਲ ਲੱਗ ਕੇ ਹੰਝੂ ਸੁੱਟਣ 'ਤੇ ਹਾਸਿਲ ਹੋਣ ਵਾਲੀ ਤਸੱਲੀ ਆਧੁਨਿਕ ਤਕਨੀਕ ਰਾਹੀਂ ਨਾ ਤਾਂ ਕਦੇ ਪ੍ਰਾਪਤ ਹੋ ਸਕੀ ਹੈ ਤੇ ਨਾ ਹੀ ਕਦੇ ਹੋ ਸਕੇਗੀ।

ਸਾਡੇ ਸਾਹਿਤ ਅਤੇ ਸੱਭਿਆਚਾਰ ਵਿਚ ਵੀ ਪਰਵਾਸ ਨੂੰ ਕੋਈ ਬਹੁਤਾ ਵਡਿਆਇਆ ਨਹੀਂ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ 1380 'ਤੇ ਦਰਜ ਬਾਬਾ ਫ਼ਰੀਦ ਜੀ ਦਾ ਇਕ ਸਲੋਕ ਹੈ :

*ਫ਼ਰੀਦਾ ਬਾਰਿ ਪਰਾਇਐ ਬੈਸਣਾ ਸਾਈ ਮੁਝੈ ਨ ਦੇਹਿ ॥*
*ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ ॥*

ਇਸ ਸਲੋਕ ਵਿਚ ਬਾਬਾ ਫ਼ਰੀਦ ਜੀ ਪਰਮਾਤਮਾ ਦੇ ਚਰਨਾਂ ਵਿਚ ਅਰਜ਼ੋਈ ਕਰਦਿਆਂ ਆਖਦੇ ਹਨ ਕਿ ਪਰਮਾਤਮਾ ਉਨ੍ਹਾ ਦੇ ਜੀਵਨ ਵਿਚ ਆਪਣਾ ਦਰ ਛੱਡ ਕੇ 'ਪਰਾਏ' ਦਰ 'ਤੇ ਬੈਠਣ ਦੀ ਨੌਬਤ ਕਦੇ ਵੀ ਨਾ ਲਿਆਵੇ ਤੇ ਜੇਕਰ ਪਰਮਾਤਮਾ ਨੇ ਅਜਿਹਾ ਕਰਨਾ ਹੀ ਹੈ ਤਾਂ ਉਨ੍ਹਾ ਨੂੰ ਪਰਾਏ ਦਰ 'ਤੇ ਬਿਠਾਉਣ ਨਾਲੋਂ ਤਾਂ ਚੰਗਾ ਹੈ ਕਿ ਉਨ੍ਹਾ ਦੇ ਪ੍ਰਾਣ ਹੀ ਲੈ ਲਏ। ਇਥੋਂ ਤੱਕ ਕਿ ਕੁਦਰਤ ਵੱਲੋਂ ਕੁਝ ਕਾਰਨਾਂ ਕਰਕੇ ਕਈ ਪੰਛੀਆਂ ਨੂੰ ਵੀ ਕੁਝ ਮਹੀਨਿਆਂ ਵਿਚ ਹਜ਼ਾਰਾਂ ਮੀਲ ਦੂਰ ਉਡਾਰੀ ਮਾਰ ਕੇ ਪਰਵਾਸ ਹੰਢਾਉਣਾ ਪੈਂਦਾ ਹੈ, ਪਰ ਅਖ਼ੀਰ ਉਹ ਆਪਣੇ ਅਸਲ ਦੇਸ਼ ਤੇ ਅਸਲ ਘਰ ਵੱਲ ਨੂੰ ਮੁੜ ਹੀ ਜਾਂਦੇ ਹਨ।

ਭਾਰਤੀਆਂ ਵੱਲੋਂ ਤੇ ਖ਼ਾਸ ਕਰਕੇ ਪੰਜਾਬੀਆਂ ਵੱਲੋਂ ਆਪਣਾ ਦੇਸ਼ ਛੱਡ ਕੇ ਪਰਾਏ ਮੁਲਕਾਂ ਵਿਚ ਜਾਣ ਦਾ ਰੁਝਾਨ ਕੋਈ ਨਵਾਂ ਨਹੀਂ। ਪਹਿਲੀ ਹੀ ਸਦੀ ਵਿਚ ਉੱਤਰ ਭਾਰਤ ਦੇ ਅਜੋਕੇ ਹਰਿਆਣਾ ਅਤੇ ਰਾਜਸਥਾਨ ਆਦਿ ਸੂਬਿਆਂ ਤੋਂ ਲੋਕਾਂ ਦੇ ਵੱਡੇ ਇਕੱਠ ਯਰੂਪ ਵੱਲ ਨੂੰ ਪਰਵਾਸ ਕਰ ਗਏ ਸਨ ਤੇ ਅਜੋਕੇ ਰੋਮਾਨੀ ਲੋਕਾਂ ਦੇ ਪੂਰਵਜ਼ ਹੋ ਨਿੱਬੜੇ ਸਨ। ਇਸੇ ਹੀ ਪਹਿਲੀ ਸਦੀ ਦੇ ਆਸਪਾਸ ਬ੍ਰਾਹਮਣ ਸਮਾਜ ਦੇ ਕੁਝ ਲੋਕ ਦੱਖਣ-ਪੂਰਬੀ ਏਸ਼ੀਆ ਵੱਲ ਨੂੰ ਪਰਵਾਸ ਕਰ ਗਏ ਸਨ ਤੇ ਉਨ੍ਹਾਂ ਮਲੇਸ਼ੀਆ, ਕੰਬੋਡੀਆ ਅਤੇ ਇੰਡੋਨੇਸ਼ੀਆ ਜਿਹੇ ਮੁਲਕਾਂ ਦੇ ਸੱਭਿਆਚਾਰ ਨੂੰ ਪ੍ਰਭਾਵਤ ਕਰਦਿਆਂ ਉਸ ਸੱਭਿਆਚਾਰ ਨੂੰ 'ਭਾਰਤੀ ਰੰਗ' ਚੜ੍ਹਾ ਦਿੱਤਾ ਸੀ।

ਇਸੇ ਤਰ੍ਹਾ ਸੰਨ 1614 ਵਿਚ ਇਕ ਬਰਤਾਨਵੀ ਨਾਵਿਕ, ਇਕ ਭਾਰਤੀ ਲੜਕੇ ਨੂੰ ਇੰਗਲੈਂਡ ਲੈ ਗਿਆ ਸੀ ਤੇ ਸੰਨ 1616 ਵਿਚ ਉਥੇ ਉਸ ਨੂੰ ਈਸਾਈ ਬਣਾ ਕੇ ਭਾਰਤ ਵਿਖੇ ਵਾਪਿਸ ਭੇਜ ਦਿੱਤਾ ਸੀ। ਪੱਛਮੀ ਵਿੱਦਿਅਕ ਪ੍ਰਣਾਲੀ ਨਾਲ ਸੰਬੰਧਿਤ ਪੜ੍ਹਾਈ ਕਰਕੇ ਯਰੂਪ ਜਾਣ ਵਾਲਾ ਪਹਿਲਾ ਭਾਰਤੀ ਸ਼ਖ਼ਸ ਇਜ਼ਮੂਦੀਨ ਸੀ, ਜੋ ਕਿ ਇਕ ਮੁਗ਼ਲ ਰਾਜਦੂਤ ਸੀ ਤੇ ਸੰਨ 1765 ਵਿਚ ਵਿਦੇਸ਼ ਗਿਆ ਸੀ। ਅਮਰੀਕਾ ਦੇ ਵਰਜੀਨੀਆ ਖਿੱਤੇ ਅਧੀਨ ਸਥਿਤ ਜੇਮਜ਼ਟਾਊਨ ਦੇ ਰਿਕਾਰਡ ਅਨੁਸਾਰ ਸੰਨ 1635 ਵਿਚ ਇਥੇ ਪਹਿਲਾ ਭਾਰਤੀ ਵਿਅਕਤੀ, ਜੋ ਪੁੱਜਿਆ ਸੀ, ਉਸ ਦਾ ਨਾਂਅ'ਟੌਮ' ਸੀ ਤੇ ਉਹ ਬਤੌਰ ਮਜ਼ਦੂਰ ਇਥੇ ਆਇਆ ਸੀ। ਸੰਸਾਰ ਦੇ ਵੱਖ-ਵੱਖ ਮੁਲਕਾਂ ਅੰਦਰ ਭਾਰਤੀਆਂ ਨੂੰ ਬਤੌਰ ਮਜ਼ਦੂਰ ਜਾਂ ਸੈਨਿਕ ਲਿਜਾਇਆ ਗਿਆ ਸੀ ਤੇ ਫਿਰ ਉਥੇ ਹੀ ਵੱਸ ਜਾਣ ਵਾਲੇ ਭਾਰਤੀਆਂ ਨੇ ਵੱਖ-ਵੱਖ ਮੁਲਕਾਂ ਦੀ ਖੇਤੀਬਾੜੀ, ਵਪਾਰ, ਸਨਅਤਾਂ ਅਤੇ ਸਮੁੱਚੀ ਆਰਥਿਕਤਾ ਨੂੰ ਹੁਲਾਰਾ ਦੇਣ ਦੇ ਨਾਲ-ਨਾਲ ਉਥੋਂ ਦੀ ਰਾਜਨੀਤੀ ਵਿਚ ਵੀ ਵੱਡਾ ਤੇ ਸ਼ਲਾਘਾਯੋਗ ਯੋਗਦਾਨ ਪਾਇਆ ਸੀ। ਉਨ੍ਹਾ ਭਾਰਤੀਆਂ ਦੀ ਵੇਖਾ-ਵੇਖੀ ਕਈ ਹੋਰ ਭਾਰਤੀ ਵੀ ਹੌਲੀ-ਹੌਲੀ ਵਿਦੇਸ਼ ਵੱਲ ਨੂੰ ਖਿੱਚੇ ਗਏ ਸਨ।

ਸਾਡੇ ਕਈ ਦੇਸ਼ ਭਗਤ, ਵਿਗਿਆਨੀ, ਡਾਕਟਰ, ਇੰਜੀਨਿਅਰ, ਕਾਨੂੰਨਦਾਨ ਅਤੇ ਸੁਤੰਤਰਤਾ ਸੰਗਰਾਮੀ ਲੋਕ ਵੱਖ-ਵੱਖ ਸਮਿਆਂ ਅੰਦਰ ਵਿਦੇਸ਼ਾਂ ਵਿਚ ਗਏ ਸਨ, ਪਰ ਉਨ੍ਹਾਂ ਵਿੱਚੋਂ ਬਹੁਤੇ ਵਾਪਸ ਆ ਗਏ ਸਨ ਤੇ ਆਪਣੇ ਮੁਲਕ ਅਤੇ ਆਪਣੇ ਲੋਕਾਂ ਦਰਮਿਆਨ ਹੀ ਸਰਗਰਮ ਰਹੇ ਸਨ। ਆਪਣੀ ਆਰਥਿਕ ਸਥਿਤੀ ਸੁਧਾਰਨ ਲਈ ਪਰਵਾਸ ਹੰਢਾਉਣ ਵਾਲੇ ਪਹਿਲੇ ਸਮਿਆਂ ਦੇ ਭਾਰਤੀਆਂ ਅਤੇ ਵਿਸ਼ੇਸ਼ ਕਰਕੇ ਪੰਜਾਬੀਆਂ ਨੇ ਵਿਦੇਸ਼ਾਂ ਵਿਚ ਜਾ ਕੇ ਹੱਡ-ਭੰਨਵੀਂ ਮਿਹਨਤ ਕੀਤੀ ਸੀ ਤੇ ਉਥੋਂ ਡਾਲਰ, ਪੌਂਡ ਅਤੇ ਦਿਨਾਰ ਜਾਂ ਦਰਾਮ ਕਮਾਅ ਕੇ ਪਿੱਛੇ ਭਾਰਤ ਅੰਦਰ ਰਹਿੰਦੇ ਆਪਣੇ ਪਰਵਾਰਕ ਮੈਂਬਰਾਂ ਨੂੰ ਭੇਜੇ ਸਨ, ਜਿਸ ਕਰਕੇ ਉਸ ਪੈਸੇ ਨੇ ਇਥੇ ਉਨ੍ਹਾਂ ਦੀ ਮਾਤਭੂਮੀ ਦੇ ਵਿਕਾਸ ਵਿਚ ਯੋਗਦਾਨ ਪਾਇਆ ਸੀ। ਪੰਜਾਬ 'ਚੋਂ ਪਰਵਾਸ ਕਰਨ ਵਾਲੇ ਅਧਿਕਾਰਤ ਪੰਜਾਬੀਆਂ ਨੇ ਜੋ ਪੈਸਾ ਕਮਾਅ ਕੇ ਪਿੱਛੇ ਭੇਜਿਆ ਸੀ, ਉਸ ਨਾਲ ਉਨ੍ਹਾ ਦੇ ਪਰਿਵਾਰਕ ਮੈਂਬਰਾਂ ਨੇ ਹੋਰ ਜ਼ਮੀਨਾਂ ਖ਼ਰੀਦੀਆਂ, ਖੇਤੀ ਦੇ ਆਧੁਨਿਕ ਸੰਦ ਖ਼ਰੀਦੇ, ਇਥੇ ਸਨਅਤਾਂ ਲਗਾਈਆਂ, ਕੋਈ ਵਪਾਰ, ਕੋਈ ਕਾਰੋਬਾਰ ਸ਼ੁਰੂ ਕੀਤਾ ਅਤੇ ਆਪਣੇ ਪਿੰਡ ਦੇ ਸਕੂਲ, ਹਸਪਤਾਲ ਜਾਂ ਧਾਰਮਿਕ ਅਸਥਾਨ ਦੀ ਦਸ਼ਾ ਸੁਧਾਰੀ ਸੀ।

ਇਸ ਅਤਿਅੰਤ 'ਉਤਸ਼ਾਹ ਅਤੇ ਤਰੱਕੀ ਵਧਾਊ ਅਤੀਤ' ਵਿਚਲੇ ਪਰਵਾਸ ਨੇ ਜਦੋਂ ਕਰਵਟ ਬਦਲੀ ਤਾਂ ਇਸ ਦਾ ਜੋ ਰੂਪ ਸਾਡੇ ਸਾਹਮਣੇ ਆਇਆ, ਉਹ ਵਰਤਮਾਨ ਰੂਪ ਹੈ ਤੇ ਇਹ ਰੂਪ ਬੜਾ ਹੀ 'ਕਰੂਰ' ਅਤੇ 'ਕਰੂਪ' ਹੈ। ਵਰਤਮਾਨ ਸਮੇਂ ਅੰਦਰ ਪਰਵਾਸ ਹੰਢਾਉਣ ਵਾਲੇ ਭਾਰਤੀਆਂ ਤੇ ਪੰਜਾਬੀਆਂ ਨੇ ਹੁਣ ਪੰਜਾਬ ਵਿਚ ਰਹਿ ਗਏ ਆਪਣੇ ਪਰਿਵਾਰਕ ਮੈਂਬਰਾਂ ਨੂੰ ਪੈਸੇ ਭੇਜ ਕੇ ਹੋਰ ਜ਼ਮੀਨਾਂ ਖ਼ਰੀਦਣ ਦੀ ਥਾਂ ਰਹਿ ਗਈਆਂ ਜ਼ਮੀਨਾਂ ਵੀ ਵੇਚ ਕੇ ਵਿਦੇਸ਼ ਸੱਦ ਲੈਣ ਦਾ ਕੰਮ ਸ਼ੁਰੂ ਕੀਤਾ ਹੋਇਆ ਹੈ। ਅਜੋਕੇ ਨੌਜਵਾਨ ਹੁਣ ਆਪਣੀ ਜ਼ਮੀਨ, ਘਰ ਅਤੇ ਸਭ ਕੁਝ ਵੇਚਣ ਤੋਂ ਇਲਾਵਾ ਕਰਜ਼ੇ ਦੀਆਂ ਪੰਡਾਂ ਚੁੱਕ ਕੇ ਵੀ ਵਿਦੇਸ਼ ਜਾਣ ਦਾ 'ਜੂਆ' ਖੇਡ ਰਹੇ ਹਨ। ਹੱਦ ਤਾਂ ਇਥੋਂ ਤੱਕ ਵੀ ਹੋ ਗਈ ਹੈ ਕਿ 60-70 ਲੱਖ ਰੁਪਏ ਲਗਾ ਕੇ ਵੀ ਜਾਨਲੇਵਾ 'ਡੰਕੀ' ਰੂਟ ਰਾਹੀਂ ਵੀ ਵਿਦੇਸ਼ ਜਾਣ ਲਈ ਸਾਡੇ ਨੌਜਵਾਨ ਤਰਲੋਮੱਛੀ ਹੋ ਰਹੇ ਹਨ। ਅਜੋਕੇ ਪਰਵਾਸ ਦਾ ਦੁਖਦਾਇਕ ਪਹਿਲੂ ਇਹ ਹੈ ਕਿ ਡੰਕੀ ਰੂਟ ਰਾਹੀਂ ਜਾਣ ਵਾਲੇ ਨੌਜਵਾਨਾਂ ਵਿੱਚੋਂ ਬਹੁਤਿਆਂ ਦੀਆਂ ਤਾਂ ਲਾਸ਼ਾਂ ਵੀ ਵਾਪਸ ਨਹੀਂ ਆ ਰਹੀਆਂ ਹਨ ਤੇ ਵਿਦੇਸ਼ ਦੀ ਧਰਤੀ 'ਤੇ ਕਦਮ ਰੱਖਣ ਵਿਚ ਸਫ਼ਲ ਹੋ ਜਾਣ ਵਾਲਿਆਂ ਦੀ ਵੀ ਉਥੋਂ ਦੀ ਪੁਲਸ ਵੱਲੋਂ ਫੜੋ-ਫੜਾਈ ਕੀਤੀ ਜਾ ਰਹੀ ਹੈ ਤੇ ਬੜੇ ਹੀ 'ਅਪਮਾਨਜਨਕ' ਢੰਗ ਨਾਲ ਡਿਪੋਰਟ ਕੀਤਾ ਜਾ ਰਿਹਾ ਹੈ। ਲੱਖਾਂ ਰੁਪਏ ਬਰਬਾਦ ਕਰਕੇ ਡਿਪੋਰਟ ਹੋਣ ਵਾਲੇ ਨੌਜਵਾਨਾਂ ਦੇ ਆਪਣੇ ਅਤੇ ਉਨ੍ਹਾਂ ਦੇ ਮਾਪਿਆਂ ਦੇ ਪੱਲੇ ਕੱਖ ਨਹੀਂ ਰਹਿ ਰਿਹਾ।

ਵਿਦੇਸ਼ੀ ਮੁਲਕਾਂ ਵਿਚ ਪੁੱਜ ਗਏ ਗ਼ੈਂਗਸਟਰਾਂ ਅਤੇ ਧੋਖਾਧੜੀ ਕਰਨ ਵਾਲਿਆਂ ਨੇ ਭਾਰਤੀਆਂ ਦਾ ਅਕਸ ਖ਼ਰਾਬ ਕੀਤਾ ਹੈ ਤੇ ਵਿਦੇਸ਼ੀ ਮੁਲਕਾਂ ਵੱਲੋਂ ਨਿੱਤ ਦਿਨ ਸਖ਼ਤ ਕੀਤੇ ਜਾ ਰਹੇ ਇਮੀਗ੍ਰੇਸ਼ਨ ਦੇ ਨਿਯਮਾਂ ਕਰਕੇ ਵਰਤਮਾਨ ਪੀੜ੍ਹੀ ਦੇ ਨੌਜਵਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਾਡੇ ਜ਼ਿਆਦਾਤਰ ਬੱਚੇ ਕੇਵਲ ਪਲੱਸ ਟੂ ਜਮਾਤ ਤੱਕ ਪੜ੍ਹਾਈ ਕਰਕੇ ਅਤੇ ਆਈਲੈਟਸ ਦਾ ਟੈਸਟ ਪਾਸ ਕਰਕੇ ਵਿਦੇਸ਼ਾਂ ਨੂੰ ਕੂਚ ਕਰ ਰਹੇ ਸਨ, ਪਰ ਹੁਣ ਵਿਦੇਸ਼ੀ ਸਰਕਾਰਾਂ ਦੁਆਰਾ ਘੜੇ ਨਵੇਂ ਨਿਯਮਾਂ ਕਰਕੇ ਅਨੇਕਾਂ ਬੱਚਿਆਂ ਤੇ ਨੌਜਵਾਨਾਂ ਨੂੰ ਹੁਣ ਆਪਣੇ ਮੁਲਕ ਅੰਦਰ ਰਹਿ ਕੇ ਹੀ ਗ੍ਰੈਜੂਏਸ਼ਨ ਕਰਨੀ ਪੈ ਰਹੀ ਹੈ, ਜਿਸ ਨਾਲ ਬੰਦ ਹੋਣ ਦੇ ਮੁਹਾਣੇ 'ਤੇ ਪੁੱਜ ਚੁੱਕੇ ਸਾਡੇ ਕਈ ਕਾਲਜਾਂ ਤੇ ਯੂਨੀਵਰਸਿਟੀਆਂ 'ਚ ਥੋੜ੍ਹੀ ਰੌਣਕ ਵਧੀ ਹੈ। ਕੋਈ ਵੇਲਾ ਸੀ ਕਿ ਮਾੜੇ ਘਰਾਂ ਨਾਲ ਸੰਬੰਧਤ ਨੌਜਵਾਨ ਆਪਣਾ ਵਰਤਮਾਨ ਤੇ ਭਵਿੱਖ ਸੁਆਰਨ ਲਈ ਪਰਵਾਸ ਹੰਢਾਉਂਦੇ ਸਨ, ਪਰ ਹੁਣ ਹਾਲਾਤ ਇਹ ਹਨ ਕਿ ਸੈਂਕੜੇ ਕਿੱਲਿਆਂ ਦੇ ਮਾਲਕ ਕਿਸਾਨਾਂ,ਵੱਡੇ ਧਨਾਢ ਵਪਾਰੀਆਂ, ਸਨਅਤਕਾਰਾਂ ਅਤੇ ਹੋਰ ਅਮੀਰ ਘਰਾਣਿਆਂ ਨਾਲ ਸੰਬੰਧਤ ਨੌਜਵਾਨ ਵੀ ਵਿਦੇਸ਼ਾਂ ਵੱਲ ਨੂੰ ਭੱਜੇ ਜਾ ਰਹੇ ਹਨ।

ਪਰਵਾਸ ਦੀ ਵਰਤਮਾਨ ਕਰੂਪਤਾ ਦਾ ਇਕ ਕਾਲਾ ਪੱਖ ਇਹ ਵੀ ਹੈ ਕਿ ਕਈ ਪੰਜਾਬੀਆਂ ਨੇ ਆਪਣੀਆਂ ਆਈਲੈਟਸ ਪਾਸ ਧੀਆਂ ਨੂੰ 'ਨਕਲੀ ਵਿਆਹਾਂ' ਦੀ ਦਲਦਲ 'ਚ ਧਕੇਲ ਦਿੱਤਾ ਹੈ। ਹੁਣ ਲੜਕੇ ਵਾਲਿਆਂ ਤੋਂ ਲੱਖਾਂ ਰੁਪਏ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ 'ਚ ਨਕਲੀ ਵਿਆਹ ਕੀਤੇ ਜਾ ਰਹੇ ਹਨ, ਜਿਸ ਨਾਲ ਜਿੱਥੇ ਇਕ ਪਾਸੇ ਸਾਡੇ ਅੰਦਰ ਆ ਚੁੱਕੀ ਨੈਤਿਕ ਗਿਰਾਵਟ ਪ੍ਰਗਟ ਹੋ ਰਹੀ ਹੈ, ਉਥੇ ਹੀ ਦੂਜੇ ਪਾਸੇ ਅਜਿਹੇ ਕਾਰਜਾਂ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ 'ਬੇਅਦਬੀ' ਵੀ ਹੋ ਰਹੀ ਹੈ। ਅਸੀਂ 'ਕੰਟ੍ਰੈਕਟ ਮੈਰਿਜ' ਭਾਵ 'ਸੌਦੇਬਾਜ਼ੀ ਵਾਲੇ ਵਿਆਹਾਂ' ਵਿਚ ਆਪਣੇ ਧਾਰਮਿਕ ਗ੍ਰੰਥਾਂ ਨੂੰ ਵੀ ਸ਼ਾਮਿਲ ਕਰ ਲਿਆ ਹੈ। ਪੰਜਾਬ ਦੇ ਨੌਜਵਾਨਾਂ ਨਾਲ ਜੁੜੇ ਅਜਿਹੇ ਅਨੇਕਾਂ ਮਾਮਲੇ ਸਾਹਮਣੇ ਆ ਚੁੱਕੇ ਹਨ, ਜਿਨ੍ਹਾਂ ਵਿਚ ਮੁੰਡੇ ਵਾਲਿਆਂ ਦੇ ਪੈਸੇ ਨਾਲ ਵਿਦੇਸ਼ ਗਈਆਂ ਇਹ 'ਨਕਲੀ ਦੁਲਹਨਾਂ' ਉਥੇ ਜਾ ਕੇ 'ਅੱਖਾਂ ਫੇਰ ਲੈਂਦੀਆਂ ਹਨ' ਤੇ ਪੈਸਾ,ਪਤਨੀ ਅਤੇ ਵਿਦੇਸ਼ ਜਾਣ ਦੀ ਆਪਣੀ ਖ਼ਾਹਿਸ਼ ਦੇ ਇੰਜ ਖੁੱਸ ਜਾਣ ਤੋਂ ਨਿਰਾਸ਼ ਸੰਬੰਧਤ ਨੌਜਵਾਨ ਲੜਕੇ ਨਿਰਾਸ਼ਤਾ ਦੇ ਆਲਮ ਵਿਚ ਖ਼ੁਦਕੁਸ਼ੀਆਂ ਦੇ ਜਾਂ ਥਾਣਿਆਂ ਅਤੇ ਅਦਾਲਤਾਂ ਦੇ ਰਾਹ ਪੈ ਰਹੇ ਹਨ।

ਪਰਵਾਸ ਦਾ ਵਰਤਮਾਨ ਰੂਪ ਜਿੰਨਾ ਭਿਆਨਕ ਹੁੰਦਾ ਜਾ ਰਿਹਾ ਹੈ, ਉਸ ਤੋਂ ਲੱਗਦਾ ਹੈ ਕਿ ਪਰਵਾਸ ਦਾ ਭਵਿੱਖ ਕਾਫ਼ੀ ਦਰਦਨਾਕ ਤੇ ਵਿਨਾਸ਼ਕਾਰੀ ਹੋਵੇਗਾ। ਭਵਿੱਖ ਦੇ ਪਰਵਾਸ ਸੰਬੰਧੀ ਕਈ ਚਿੰਤਾਜਨਕ ਪ੍ਰਸ਼ਨ ਵਰਤਮਾਨ ਦੇ ਗਰਭ ਵਿਚ ਉਸਲਵੱਟੇ ਲੈ ਰਹੇ ਹਨ। ਜੇਕਰ ਵਿਦੇਸ਼ੀ ਮੁਲਕ ਆਪਣੇ ਨਿਯਮ ਸਖ਼ਤ ਕਰਦੇ ਹਨ ਤਾਂ ਆਉਣ ਵਾਲੇ ਸਮੇਂ ਵਿਚ ਵਿਦੇਸ਼ ਜਾਣ ਦੀ ਇੱਛਾ ਰੱਖਣ ਵਾਲੇ ਹਰ ਨੌਜਵਾਨ ਦੀ ਇੱਛਾ ਪੂਰੀ ਹੋ ਪਾਉਣੀ ਮੁਸ਼ਕਲ ਹੋ ਜਾਵੇਗੀ। ਜੇਕਰ ਸਾਡੀਆਂ ਨਿਕੰਮੀਆਂ ਸਰਕਾਰਾਂ ਸਾਡੇ ਨੌਜਵਾਨਾਂ ਦੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਥਾਂ ਲੋਕਾਂ ਨੂੰ 'ਮੁਫ਼ਤਖ਼ੋਰੇ' ਬਣਾਉਣ ਦੀਆਂ ਸਕੀਮਾਂ ਦਿੰਦੀਆਂ ਰਹਿਣਗੀਆਂ ਤਾਂ ਟੁੱਟੇ ਸੁਫ਼ਨਿਆਂ ਅਤੇ ਅਧੂਰੀਆਂ ਖ਼ਾਹਿਸ਼ਾਂ ਵਾਲੇ ਹਤਾਸ਼ ਤੇ ਨਿਰਾਸ਼ ਨੌਜਵਾਨਾਂ ਨੂੰ ਨਸ਼ਾਖੋਰੀ, ਅਪਰਾਧ ਜਾਂ ਖ਼ੁਦਕੁਸ਼ੀ ਦੇ ਲੜ ਲੱਗਣ ਤੋਂ ਇਲਾਵਾ ਕੋਈ ਹੋਰ ਰਸਤਾ ਨਜ਼ਰ ਨਹੀਂ ਆਵੇਗਾ।

ਪੰਜਾਬ ਅੰਦਰ ਅੱਜ ਹਰੇਕ ਛੋਟੇ-ਵੱਡੇ ਕੰਮ 'ਤੇ ਦੂਜੇ ਸੂਬਿਆਂ ਤੋਂ ਆਏ ਪਰਵਾਸੀਆਂ ਦਾ ਗ਼ਲਬਾ ਹੈ। ਇਹ ਵੀ ਕੌੜਾ ਸੱਚ ਹੈ ਕਿ ਇਨ੍ਹਾਂ ਪਰਵਾਸੀ ਕਾਮਿਆਂ ਨੇ ਆਪਣੀ ਮਿਹਨਤ ਅਤੇ ਲਗਨ ਸਦਕਾ ਆਪਣਾ ਸਥਾਨ ਬਣਾਇਆ ਹੈ। ਜਿਹੜੇ ਕੰਮ-ਧੰਦੇ ਸਾਡੇ ਪੰਜਾਬੀਆਂ ਨੇ 'ਛੋਟੇ ਜਾਂ ਨਿਗੂਣੇ' ਆਖ ਕੇ ਤਿਆਗ ਦਿੱਤੇ ਸਨ, ਉਨ੍ਹਾਂ ਨੂੰ ਅਪਣਾ ਕੇ ਤੇ ਉਨ੍ਹਾਂ ਨੂੰ ਸਖ਼ਤ ਮਿਹਨਤ ਦਾ ਤੜਕਾ ਲਗਾ ਕੇ ਪਰਵਾਸੀ ਭਾਰਤੀਆਂ ਨੇ ਵੱਡੀਆਂ ਧਨਰਾਸ਼ੀਆਂ ਜੋੜ ਲਈਆਂ ਹਨ ਤੇ ਹੁਣ ਅਸੀਂ ਇਨ੍ਹਾ ਨੂੰ ਪਿੰਡਾਂ ਜਾਂ ਸ਼ਹਿਰਾਂ 'ਚੋਂ ਕੱਢ ਦੇਣ ਦੇ ਗ਼ੈਰਕਾਨੂੰਨੀ ਮਤੇ ਪਾਉਂਦੇ ਫਿਰਦੇ ਹਾਂ। ਸਾਡੇ ਅਸੰਖਾਂ ਪੰਜਾਬੀ ਨੌਜਵਾਨ ਕੋਸ਼ਿਸ਼ਾਂ ਕਰਕੇ ਵੀ ਵਿਦੇਸ਼ ਨਹੀਂ ਜਾ ਪਾ ਰਹੇ ਤੇ ਅਨੇਕਾਂ ਹੀ ਵਿਦੇਸ਼ਾਂ ਤੋਂ ਵਾਪਸ ਵੀ ਪਰਤਾਏ ਜਾ ਰਹੇ ਹਨ। ਸਰਕਾਰਾਂ ਅਤੇ ਸਮਾਜ ਅੱਖਾਂ ਮੁੰਦ ਕੇ ਬੈਠੇ ਹਨ ਤੇ ਜ਼ਰਾ ਵੀ ਫ਼ਿਕਰਮੰਦ ਨਹੀਂ ਹਨ ਕਿ ਬੇਕਾਰ ਨੌਜਵਾਨਾਂ ਦੀ ਇਹ ਜੁੜਦੀ ਜਾ ਰਹੀ 'ਫ਼ੌਜ' ਭਵਿੱਖ ਵਿਚ ਸਮਾਜ ਦਾ, ਦੇਸ਼ ਦਾ ਤੇ ਖ਼ਾਸ ਕਰਕੇ ਪੰਜਾਬ ਦਾ ਕਿੰਨਾ ਵੱਡਾ ਨੁਕਸਾਨ ਕਰ ਸਕਦੀ ਹੈ।

# ਸੰਪਰਕ : 97816-46008

ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਮਦਨ ਲਾਲ ਢੀਂਗਰਾ

ਦਲਜੀਤ ਰਾਏ ਕਾਲੀਆ

ਮਹਾਨ ਦੇਸ਼ ਭਗਤ, ਕੁਰਬਾਨੀ ਦੇ ਪੁੰਜ ਮਦਨ ਲਾਲ ਢੀਂਗਰਾ ਦਾ ਜਨਮ 18 ਫਰਵਰੀ, 1883 ਐਤਵਾਰ ਨੂੰ ਡਾ. ਸਾਹਿਬ ਦਿੱਤਾ ਮੱਲ ਦੇ ਘਰ ਅੰਮ੍ਰਿਤਸਰ ਵਿਖੇ ਹੋਇਆ । ਡਾ. ਸਾਹਿਬ ਦਿੱਤਾ ਮੱਲ ਕਾਫੀ ਅਸਰ-ਰਸੂਖ ਵਾਲੇ ਅਮੀਰ ਅਤੇ ਪ੍ਰਭਾਵਸ਼ਾਲੀ ਵਿਅਕਤੀ ਸਨ । ਉਹਨਾ ਦੀ ਅੰਗਰੇਜ਼ੀ ਰਾਜ ਪ੍ਰਤੀ ਵਫ਼ਾਦਾਰੀ ਸਦਕਾ ਉਹਨਾ ਨੂੰ ਰਾਏ ਸਾਹਿਬ ਦਾ ਖਿਤਾਬ ਮਿਲਿਆ ਹੋਇਆ ਸੀ। ਮਦਨ ਲਾਲ ਆਪਣੇ ਚਾਰ ਭਰਾਵਾਂ ਤੇ ਇੱਕ ਭੈਣ ਤੋਂ ਛੋਟਾ ਸੀ ।ਉਹ ਆਪਣੇ ਭਰਾ ਭਜਨ ਲਾਲ ਤੋਂ ਵੱਡਾ ਸੀ।ਮਦਨ ਲਾਲ ਢੀਂਗਰਾ ਦਾ ਬਚਪਨ ਬੜੇ ਸ਼ਾਹੀ ਠਾਠ ਨਾਲ ਬੀਤਿਆ। ਉਸ ਨੇ ਮੁੱਢਲੀ ਸਿੱਖਿਆ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ। ਬਾਅਦ ਵਿੱਚ ਉਸ ਨੇ ਗੌਰਮਿੰਟ ਕਾਲਜ ਲਾਹੌਰ ਤੋਂ ਐੱਫ ਐੱਸ ਸੀ ਦਾ ਇਮਤਿਹਾਨ ਪਾਸ ਕੀਤਾ। ਲਾਹੌਰ ਉਸ ਸਮੇਂ ਵਿੱਦਿਅਕ ਅਤੇ ਰਾਜਸੀ ਜਾਗ੍ਰਤੀ ਦਾ ਪ੍ਰਮੁੱਖ ਕੇਂਦਰ ਸੀ। ਲਾਹੌਰ ਵਿੱਚ ਰਹਿਣ ਸਮੇਂ ਮਦਨ ਲਾਲ ਨੂੰ ਅੰਗਰੇਜ਼ਾਂ ਦੀਆਂ ਨੀਤੀਆਂ ਅਤੇ ਵਧੀਕੀਆਂ ਬਾਰੇ ਬਹੁਤ ਅਨੁਭਵ ਹੋਇਆ ।

ਮਦਨ ਲਾਲ ਉਚੇਰੀ ਪੜ੍ਹਾਈ ਕਰਨ ਲਈ ਮਈ 1906 ਦੇ ਅਖੀਰ ਇੰਗਲੈਂਡ ਲਈ ਰਵਾਨਾ ਹੋ ਗਿਆ। ਇੰਗਲੈਂਡ ਪਹੁੰਚ ਕੇ ਮਦਨ ਲਾਲ ਨੇ 19 ਅਕਤੂਬਰ 1906 ਨੂੰ ਮਕੈਨੀਕਲ ਇੰਜੀਨੀਅਰਿੰਗ ਕਰਨ ਲਈ ਲੰਡਨ ਦੇ ਯੂਨੀਵਰਸਿਟੀ ਕਾਲਜ ਵਿੱਚ ਦਾਖਲਾ ਲੈ ਲਿਆ। ਲੰਡਨ ਵਿੱਚ ਰਹਿਣ ਸਮੇਂ ਉਸ ਦਾ ਸੰਪਰਕ ਸ੍ਰੀ ਸ਼ਿਆਮ ਜੀ ਕ੍ਰਿਸ਼ਨਾ ਵਰਮਾ ਅਤੇ ਵੀਰ ਸਾਵਰਕਰ ਨਾਲ ਹੋਇਆ। ਉਹ ਕ੍ਰਾਂਤੀਕਾਰੀ ਲੀਡਰ ਵੀਰ ਸਾਵਰਕਰ ਦੇ ਪ੍ਰਭਾਵ ਸਦਕਾ 'ਅਭਿਨਵ ਭਾਰਤ ਸੰਸਥਾ' ਦਾ ਸਰਗਰਮ ਮੈਂਬਰ ਬਣ ਗਿਆ, ਪਰ ਇਸ ਤੋਂ ਪਹਿਲਾਂ ਉਸ ਨੂੰ ਵੀਰ ਸਾਵਰਕਰ ਦੀ ਪ੍ਰੀਖਿਆ ਵਿੱਚੋਂ ਪਾਸ ਹੋਣਾ ਪਿਆ ਸੀ । ਵੀਰ ਸਾਵਰਕਰ ਨੇ ਮਦਨ ਲਾਲ ਦੀ ਪਰਖ ਕਰਨ ਵਾਸਤੇ ਉਸ ਦਾ ਹੱਥ ਜ਼ਮੀਨ 'ਤੇ ਰਖਾ ਕੇ ਜ਼ੋਰ ਦੀ ਸੂਆ ਉਸ ਵਿੱਚ ਖੋਭ ਦਿੱਤਾ ਸੀ, ਪਰ ਬਹਾਦਰ ਮਦਨ ਲਾਲ ਨੇ ਸੀਅ ਤੱਕ ਨਾ ਕੀਤੀ । ਇਸ 'ਤੇ ਸਾਵਰਕਰ ਨੂੰ ਦ੍ਰਿੜ੍ਹ ਨਿਸ਼ਚਾ ਹੋ ਗਿਆ ਕਿ ਮਦਨ ਲਾਲ ਢੀਂਗਰਾ ਦੇਸ਼ ਲਈ ਕੁਰਬਾਨੀ ਕਰ ਸਕਦਾ ਹੈ। ਸ਼ਿਆਮ ਜੀ ਕ੍ਰਿਸ਼ਨਾ ਵਰਮਾ ਨੇ ਪੈਰਿਸ ਤੋਂ 'ਇੰਡੀਅਨ ਸੋਸ਼ਿਆਲੋਜਿਸਟ' ਨਾਂਅ ਦਾ ਕ੍ਰਾਂਤੀਕਾਰੀ ਪਰਚਾ ਜਾਰੀ ਕੀਤਾ ਹੋਇਆ ਸੀ। ਮਦਨ ਲਾਲ ਸ਼ਿਆਮਾ ਜੀ ਕ੍ਰਿਸ਼ਨਾ ਵਰਮਾ ਦੇ ਕ੍ਰਾਂਤੀਕਾਰੀ ਵਿਚਾਰਾਂ ਤੋਂ ਬਹੁਤ ਪ੍ਰਭਾਵਤ ਹੋਏ। 1908-09 ਦੌਰਾਨ ਇੰਡੀਆ ਹਾਊਸ ਵਿੱਚ ਕ੍ਰਾਂਤੀਕਾਰੀ ਸਰਗਰਮੀਆਂ ਬੜੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਸਨ।ਅੰਗਰੇਜ਼ਾਂ ਵੱਲੋਂ ਇੰਡੀਆ ਹਾਊਸ ਅਤੇ ਅਭਿਨਵ ਭਾਰਤ ਸੰਸਥਾ ਦੇ ਮੁਕਾਬਲੇ ਵਿੱਚ ਇੰਡੀਅਨ ਐਸੋਸੀਏਸ਼ਨ ਬਣਾਈ ਹੋਈ ਸੀ। ਇਹ ਐਸੋਸੀਏਸ਼ਨ ਭਾਰਤ ਵਿੱਚ ਰਹਿ ਚੁੱਕੇ ਵੱਡੇ-ਵੱਡੇ ਅੰਗਰੇਜ਼ ਅਧਿਕਾਰੀਆਂ ਵੱਲੋਂ ਬਣਾਈ ਗਈ ਸੀ।ਇਸ ਦਾ ਬਾਹਰੀ ਉਦੇਸ਼ ਹਿੰਦੁਸਤਾਨੀ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਸਹੂਲਤਾਂ ਦੇਣਾ ਸੀ, ਪਰ ਅੰਦਰੂਨੀ ਤੌਰ 'ਤੇ ਇਸ ਦਾ ਉਦੇਸ਼ ਭਾਰਤੀਆਂ ਵਿੱਚ ਗੁਲਾਮੀ ਦੀਆਂ ਜੰਜ਼ੀਰਾਂ ਨੂੰ ਪੱਕਿਆ ਕਰਨਾ ਸੀ । ਅੰਗਰੇਜ਼ ਅਧਿਕਾਰੀ ਕਰਜ਼ਨ ਵਾਇਲੀ ਇਸ ਵਿੱਚ ਬਹੁਤ ਸਰਗਰਮ ਸੀ। ਮਦਨ ਲਾਲ ਢੀਂਗਰਾ ਇਸ ਸੰਸਥਾ ਵਿੱਚ ਘੁਸਪੈਠ ਕਰਨ ਲਈ ਅਪ੍ਰੈਲ 1909 ਵਿੱਚ ਇਸ ਦਾ ਮੈਂਬਰ ਬਣ ਗਿਆ। ਦੇਸ਼ ਵਿੱਚ 1908 ਵਿੱਚ ਅਲੀਪੁਰ ਦੀ ਸਾਜ਼ਿਸ਼ ਦਾ ਮੁਕੱਦਮਾ ਖੜਾ ਹੋ ਚੁੱਕਿਆ ਸੀ। ਕਨਹਾਈ ਅਤੇ ਸਤਿੰਦਰ ਨਾਥ ਨੂੰ ਫਾਂਸੀ ਹੋ ਗਈ ਸੀ। ਇਸ ਤਰ੍ਹਾਂ ਦੀਆਂ ਭੜਕਾਊ ਖਬਰਾਂ ਇੰਗਲੈਂਡ ਵੀ ਪੁੱਜ ਚੁੱਕੀਆਂ ਸਨ।ਇਹ ਖਬਰਾਂ ਸੁਣ ਕੇ ਅਭਿਨਵ ਭਾਰਤ ਸੰਸਥਾ ਦੇ ਮੈਂਬਰਾਂ ਨੂੰ ਅੱਗ ਲੱਗੀ ਹੋਈ ਸੀ। 8 ਜੂਨ,1909 ਨੂੰ ਵੀਰ ਸਾਵਰਕਰ ਦੇ ਵੱਡੇ ਭਰਾ ਗਣੇਸ਼ ਦਮੋਦਰ ਸਾਵਰਕਰ ਨੂੰ ਕਾਲੇ ਪਾਣੀ ਦੀ ਸਜ਼ਾ ਦਿੱਤੀ ਗਈ। ਮਦਨ ਲਾਲ ਢੀਂਗਰਾ ਨੇ ਕਰਜ਼ਨ ਵਾਇਲੀ ਨੂੰ ਕਤਲ ਕਰਨ ਦੀ ਉਸੇ ਦਿਨ ਯੋਜਨਾ ਬਣਾਈ, ਪਰ ਕਾਮਯਾਬ ਨਾ ਹੋ ਸਕਿਆ।

1 ਜੁਲਾਈ, 1909 ਲੰਡਨ ਦੇ ਇੰਪੀਰੀਅਲ ਇੰਸਟੀਚਿਊਟ ਦੇ ਜਹਾਂਗੀਰ ਹਾਲ ਵਿੱਚ ਅੰਗਰੇਜ਼ਾਂ ਦੇ ਪਿੱਠੂਆਂ ਅਤੇ ਅਮੀਰ ਵਪਾਰੀਆਂ ਵੱਲੋਂ ਇਕ ਸ਼ਾਨਦਾਰ ਸਮਾਗਮ ਕੀਤਾ ਜਾ ਰਿਹਾ ਸੀ ।ਇਸ ਵਿੱਚ ਭਾਰਤ ਵਿੱਚੋਂ ਰਿਟਾਇਰ ਹੋ ਕੇ ਗਏ ਅੰਗਰੇਜ਼ ਅਫਸਰ ਅਤੇ ਉਹਨਾਂ ਦੇ ਝੋਲੀਚੁੱਕ ਸ਼ਾਮਿਲ ਸਨ । ਮਦਨ ਲਾਲ ਢੀਂਗਰਾ ਵੀ ਨਿਸ਼ਾਨੇਬਾਜੀ ਵਿਚ ਪੱਕੀ ਮੁਹਾਰਤ ਹਾਸਲ ਕਰਕੇ ਇਸ ਸਮਾਗਮ ਵਿੱਚ ਸ਼ਾਮਲ ਹੋਇਆ ਸੀ। ਮਦਨ ਲਾਲ ਕੋਲ ਦੋ ਭਰੇ ਹੋਏ ਪਿਸਤੌਲ ਸਨ। ਸਰ ਚਾਰਲਸ ਲਾਇਲ ਚੀਫ਼



ਕਮਿਸ਼ਨਰ ਅਤੇ ਲੇਡੀ ਲਾਇਲ ਮਹਿਮਾਨਾਂ ਦਾ ਸਵਾਗਤ ਕਰ ਰਹੇ ਸਨ। ਕਰਜ਼ਨ ਵਾਇਲੀ ਅਤੇ ਉਸ ਦੀ ਪਤਨੀ ਵੀ ਇਸ ਸਮਾਗਮ ਵਿੱਚ ਪਹੁੰਚੇ ਹੋਏ ਸਨ। ਮਦਨ ਲਾਲ ਢੀਂਗਰਾ ਮੌਕੇ ਦੀ ਤਾੜ ਵਿਚ ਸੀ। ਮਦਨ ਲਾਲ ਨੇ ਆਪਣੀ ਜੇਬ ਵਿੱਚੋਂ ਰਿਵਾਲਵਰ ਕੱਢਿਆ ਅਤੇ ਕਰਜ਼ਨ ਵਾਇਲੀ 'ਤੇ ਗੋਲੀਆਂ ਦਾਗ ਦਿੱਤੀਆਂ। ਕਰਜ਼ਨ ਵਾਇਲੀ ਥਾਂ 'ਤੇ ਹੀ ਢੇਰੀ ਹੋ ਗਿਆ। ਸ਼ੰਘਾਈ ਦਾ ਪ੍ਰਸਿੱਧ ਡਾ. ਕਵਾਸ ਜੀ ਲਾਲ ਕਾਕਾ ਉਸ ਨੂੰ ਬਚਾਉਣ ਲਈ ਅੱਗੇ ਵਧਿਆ ਤਾਂ ਉਹ ਵੀ ਮਦਨ ਲਾਲ ਦੁਆਰਾ ਚਲਾਈਆਂ ਗੋਲੀਆਂ ਨਾਲ ਜ਼ਖਮੀ ਹੋ ਗਿਆ। ਸੇਂਟ ਜਾਰਜ ਹਸਪਤਾਲ ਜਾ ਕੇ ਉਸ ਦੀ ਮੌਤ ਹੋ ਗਈ। ਸਾਰੇ ਹਾਲ ਵਿੱਚ ਭਗਦੜ ਮੱਚ ਗਈ। ਮਦਨ ਲਾਲ ਬਿਲਕੁਲ ਸ਼ਾਂਤ ਆਪਣੀ ਥਾਂ ਤੇ ਖੜਾ ਰਿਹਾ। ਉਸ ਨੇ ਭੱਜਣ ਦੀ ਕੋਈ ਕੋਸ਼ਿਸ਼ ਨਾ ਕੀਤੀ । ਗ੍ਰਿਫ਼ਤਾਰ ਕਰਕੇ ਉਸ ਨੂੰ ਬ੍ਰਿਕਸਟਨ ਜੇਲ੍ਹ ਦੀ ਹਵਾਲਾਤ ਵਿੱਚ ਬੰਦ ਕਰ ਦਿੱਤਾ ਗਿਆ। ਲੰਦਨ ਵਿੱਚ ਹੋਏ ਪਹਿਲੇ ਸਿਆਸੀ ਕਤਲ ਕਰਕੇ ਸਾਰੇ ਇੰਗਲੈਂਡ ਵਿੱਚ ਕਾਂਬਾ ਛਿੜਿਆ ਹੋਇਆ ਸੀ। ਮਦਨ ਲਾਲ ਨੂੰ 9 ਜੁਲਾਈ ਤੱਕ ਪੁਲਸ ਹਿਰਾਸਤ ਵਿੱਚ ਰੱਖਿਆ ਗਿਆ।ਉਸ ਉਪਰ ਓਲਡ ਬੈਲੇ ਦੀ ਅਦਾਲਤ ਵਿੱਚ ਮੁਕੱਦਮਾ ਚਲਾਇਆ ਗਿਆ।10 ਜੁਲਾਈ ਨੂੰ ਮਦਨ ਲਾਲ ਨੇ ਓਲਡ ਬੈਲੇ ਦੀ ਅਦਾਲਤ ਵਿਚ ਮੈਜਿਸਟਰੇਟ ਦੀ ਅਦਾਲਤ ਵਿੱਚ ਆਪਣੇ ਜੁਰਮ ਦਾ ਇਕਬਾਲ ਬੜੇ ਫ਼ਖਰ ਨਾਲ ਕੀਤਾ। ਉਸ ਨੇ ਆਪਣੇ ਬਚਾਓ ਪੱਖ ਲਈ ਕੋਈ ਵੀ ਵਕੀਲ ਨਾ ਕੀਤਾ। ਮਦਨ ਲਾਲ ਢੀਂਗਰਾ ਨੇ ਅਦਾਲਤ ਵਿਚ ਬੜਾ ਬਹਾਦਰੀ, ਦਲੇਰੀ ਭਰਪੂਰ ਬਿਆਨ ਪੇਸ਼ ਕੀਤਾ। ਅਦਾਲਤ ਵੱਲੋਂ ਉਸ ਨੂੰ 23 ਜੁਲਾਈ ਨੂੰ ਸਰ ਕਰਜ਼ਨ ਵਾਇਲੀ ਦੇ ਕਤਲ ਦੇ ਦੋਸ਼ ਵਿੱਚ ਫਾਂਸੀ ਦੀ ਸਜ਼ਾ ਸੁਣਾ ਦਿੱਤੀ ਗਈ।ਭਾਰਤ ਮਾਤਾ ਦੇ ਇਸ ਬਹਾਦਰ ਸਪੂਤ ਨੇ 17 ਅਗਸਤ, 1909 ਨੂੰ ਲੰਡਨ ਦੀ ਪੈਂਟਨਵਿਲੇ ਜੇਲ੍ਹ ਵਿੱਚ 'ਭਾਰਤ ਮਾਤਾ ਦੀ ਜੈ' ਅਤੇ 'ਬੰਦੇ ਮਾਤਰਮ' ਦੇ ਨਾਅਰੇ ਲਾਉਂਦੇ ਹੋਏ ਫਾਂਸੀ ਦੇ ਰੱਸੇ ਨੂੰ ਚੁੰਮ ਲਿਆ। ਸ੍ਰੀਮਤੀ ਏਮਸਨਸ ਮੈਡਲਾ ਇਸ ਘਟਨਾ ਦਾ ਜ਼ਿਕਰ ਕਰਦਿਆਂ ਲਿਖਦੀ ਹੈ, "ਉਹ ਫਾਂਸੀ ਦੇ ਤਖਤੇ 'ਤੇ ਉੱਚੀ ਗਰਦਨ ਕਰਕੇ ਗਿਆ ਅਤੇ ਜਿਹੜੇ ਉਸ ਨੂੰ ਸਹਾਰਾ ਦੇ ਰਹੇ ਸਨ, ਉਹਨਾਂ ਤੋਂ ਆਪਣੇ ਹੱਥ ਛੁਡਾਅ ਲਏ ਅਤੇ ਕਿਹਾ 'ਮੈਂ ਮੌਤ ਤੋਂ ਉੱਕਾ ਨਹੀਂ ਡਰਦਾ।' ਮਦਨ ਲਾਲ ਦੀ ਸ਼ਹੀਦੀ ਉਪਰੰਤ ਜਰਮਨੀ ਦੀ ਰਾਜਧਾਨੀ ਬਰਲਿਨ ਤੋਂ ਬਿਰੇਂਦਰਾ ਨਾਥ ਚਟੋਪਾਧਿਆਏ ਨੇ 'ਮਦਨ ਤਲਵਾਰ' ਨਾਂ ਦਾ ਕ੍ਰਾਂਤੀਕਾਰੀ ਮੈਗਜ਼ੀਨ ਉਸ ਦੀ ਯਾਦ ਵਿੱਚ ਸ਼ੁਰੂ ਕੀਤਾ। ਇਸ ਮੈਗਜ਼ੀਨ ਦੀ ਸਾਰੀ ਸਹਾਇਤਾ ਮੈਡਮ ਕਾਮਾ ਕਰਿਆ ਕਰਦੀ ਸੀ।"

13 ਦਸੰਬਰ,1976 ਨੂੰ ਪੰਜਾਬ ਦੀ ਗਿਆਨੀ ਜ਼ੈਲ ਸਿੰਘ ਸਰਕਾਰ ਵੇਲੇ ਸ਼ਹੀਦ ਮਦਨ ਲਾਲ ਢੀਂਗਰਾ ਦੀਆਂ ਅਸਥੀਆਂ ਇੰਗਲੈਂਡ ਤੋਂ ਬੜੇ ਮਾਣ-ਸਨਮਾਨ ਨਾਲ ਦੇਸ਼ ਲਿਆਂਦੀਆਂ ਗਈਆਂ । 20 ਦਸੰਬਰ,1976 ਨੂੰ ਅੰਮ੍ਰਿਤਸਰ ਦੇ ਇਲਾਕਾ ਮਾਲ ਮੰਡੀ ਵਿੱਚ ਇਹਨਾਂ ਅਸਥੀਆਂ ਦਾ ਸਸਕਾਰ ਬੜੇ ਸਨਮਾਨਾਂ ਨਾਲ ਸਨਾਤਨੀ ਰਹੁ-ਰੀਤਾਂ ਅਨੁਸਾਰ ਕੀਤਾ ਗਿਆ। ਸ਼ਹੀਦ ਦੀ ਅੰਤਿਮ ਇੱਛਾ ਅਨੁਸਾਰ ਉਸ ਦੇ ਫੁੱਲ 25 ਦਸੰਬਰ, 1976 ਨੂੰ ਗੰਗਾ ਦੇ ਪਵਿੱਤਰ ਪਾਣੀਆਂ ਵਿੱਚ ਜਲ ਪ੍ਰਵਾਹ ਕੀਤੇ ਗਏ ਸਨ। ਸਮੇਂ ਦੀਆਂ ਸਰਕਾਰਾਂ ਵੱਲੋਂ ਅੰਮ੍ਰਿਤਸਰ ਦੀ ਆਬਾਦੀ ਕਟੜਾ ਸ਼ੇਰ ਸਿੰਘ ਦੇ ਨਾਲ ਲੱਗਦੀ ਗਾਗਰ ਮੱਲ ਰੋਡ ਦੇ ਜਿਸ ਘਰ ਵਿੱਚ ਡਾਕਟਰ ਮਦਨ ਲਾਲ ਢੀਂਗਰਾ ਦਾ ਜਨਮ ਹੋਇਆ ਸੀ, ਉਸ ਘਰ ਨੂੰ ਸ਼ਹੀਦ ਦੀ ਜੱਦੀ ਵਿਰਾਸਤ ਵਜੋਂ ਸਾਂਭਣ ਲਈ ਕੋਈ ਯਤਨ ਨਹੀਂ ਕੀਤੇ ਅਤੇ ਸ਼ਹੀਦ ਮਦਨ ਲਾਲ ਢੀਂਗਰਾ ਦੇ ਜੱਦੀ ਘਰ ਦਾ ਹੁਣ ਨਾਮੋਂ-ਨਿਸ਼ਾਨ ਵੀ ਨਹੀਂ ਬਚਿਆ।

# ਸੰਪਰਕ : 97812-00168

# ਸਿੱਖਿਆ 'ਤੇ ਘਟਦਾ ਨਿਵੇਸ਼ ਭਵਿੱਖ ਲਈ ਚੇਤਾਵਨੀ

ਕਿਸੇ ਵੀ ਦੇਸ਼ ਦੀ ਤਰੱਕੀ ਦਾ ਅਸਲ ਆਧਾਰ ਉਸ ਦੀ ਸਿੱਖਿਆ ਪ੍ਰਣਾਲੀ ਹੁੰਦੀ ਹੈ। ਸੜਕਾਂ, ਪੁਲ, ਹਵਾਈ ਅੱਡੇ ਅਤੇ ਉਦਯੋਗ ਆਰਥਿਕ ਵਿਕਾਸ ਨੂੰ ਗਤੀ ਤਾਂ ਦੇ ਸਕਦੇ ਹਨ, ਪਰ ਇੱਕ ਗਿਆਨ-ਆਧਾਰਤ ਸਮਾਜ ਦੀ ਨੀਂਹ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਵਿੱਚ ਰੱਖੀ ਜਾਂਦੀ ਹੈ। ਜਿਹੜੇ ਦੇਸ਼ਾਂ ਨੇ ਸਿੱਖਿਆ ਨੂੰ ਆਪਣੀ ਪਹਿਲੀ ਤਰਜੀਹ ਬਣਾਇਆ, ਉਹ ਅੱਜ ਵਿਗਿਆਨ, ਤਕਨਾਲੋਜੀ, ਖੋਜ ਅਤੇ ਆਰਥਿਕ ਵਿਕਾਸ ਦੇ ਖੇਤਰ ਵਿੱਚ ਵਿਸ਼ਵ ਦੀ ਅਗਵਾਈ ਕਰ ਰਹੇ ਹਨ। ਭਾਰਤ ਵੀ 2047 ਤੱਕ ਵਿਕਸਤ ਰਾਸ਼ਟਰ ਬਣਨ ਦਾ ਟੀਚਾ ਰੱਖਦਾ ਹੈ, ਪਰ ਇਹ ਟੀਚਾ ਉਦੋਂ ਹੀ ਹਾਸਲ ਹੋ ਸਕਦਾ ਹੈ, ਜਦੋਂ ਸਿੱਖਿਆ ਨੂੰ ਨੀਤੀ ਅਤੇ ਬਜਟ ਦੋਵਾਂ ਵਿੱਚ ਕੇਂਦਰੀ ਸਥਾਨ ਦਿੱਤਾ ਜਾਵੇ। ਪਿਛਲੇ ਪੰਦਰਾਂ ਸਾਲਾਂ ਦੌਰਾਨ ਕੇਂਦਰ ਸਰਕਾਰ ਦੇ ਕੁੱਲ ਬਜਟ ਵਿੱਚ ਕਈ ਗੁਣਾ ਵਾਧਾ ਹੋਇਆ ਹੈ। ਇਸ ਦੇ ਨਾਲ ਹੀ ਸਿੱਖਿਆ ਮੰਤਰਾਲੇ ਲਈ ਰੱਖੀ ਜਾਣ ਵਾਲੀ ਰਕਮ ਵੀ ਵਧੀ ਹੈ। 2010-11 ਵਿੱਚ ਉਸ ਵੇਲੇ ਦੇ ਮਨੁੱਖੀ ਸਰੋਤ ਵਿਕਾਸ ਮੰਤਰਾਲੇ ਲਈ ਲਗਭਗ 49,600 ਕਰੋੜ ਦਾ ਬਜਟ ਰੱਖਿਆ ਗਿਆ ਸੀ। 2025-26 ਤੱਕ ਇਹ ਵਧ ਕੇ 1.28 ਲੱਖ ਕਰੋੜ ਤੋਂ ਵੱਧ ਹੋ ਗਿਆ। ਪਹਿਲੀ ਨਜ਼ਰ ਵਿੱਚ ਇਹ ਵੱਡਾ ਵਾਧਾ ਲੱਗਦਾ ਹੈ, ਪਰ ਜਦੋਂ ਇਸ ਦੀ ਤੁਲਨਾ ਕੇਂਦਰੀ ਬਜਟ ਦੇ ਕੁੱਲ ਆਕਾਰ ਨਾਲ ਕੀਤੀ ਜਾਂਦੀ ਹੈ ਤਾਂ ਤਸਵੀਰ ਬਦਲ ਜਾਂਦੀ ਹੈ। 2010 ਦੇ ਸ਼ੁਰੂਆਤੀ ਸਾਲਾਂ ਵਿੱਚ ਕੇਂਦਰੀ ਬਜਟ ਦਾ ਲਗਭਗ 4.5 ਫ਼ੀਸਦੀ ਹਿੱਸਾ ਸਿੱਖਿਆ ਲਈ ਰੱਖਿਆ ਜਾਂਦਾ ਸੀ, ਜਦਕਿ 2025-26 ਵਿੱਚ ਇਹ ਘਟ ਕੇ ਲਗਭਗ 2.5 ਫ਼ੀਸਦੀ ਰਹਿ ਗਿਆ। ਇਸ ਦਾ ਮਤਲਬ ਹੈ ਕਿ ਭਾਵੇਂ ਰਕਮ ਵਧੀ ਹੈ, ਪਰ ਸਰਕਾਰੀ ਤਰਜੀਹਾਂ ਵਿੱਚ ਸਿੱਖਿਆ ਦੀ ਹਿੱਸੇਦਾਰੀ ਘਟੀ ਹੈ।

ਜੇ ਸਾਲ-ਵਾਰ ਰੁਝਾਨ ਵੇਖਿਆ ਜਾਵੇ ਤਾਂ 2010-11 ਵਿੱਚ ਸਿੱਖਿਆ ਲਈ ਕੇਂਦਰੀ ਬਜਟ ਦੀ ਹਿੱਸੇਦਾਰੀ ਲਗਭਗ 4.3 ਤੋਂ 4.5 ਫ਼ੀਸਦੀ ਸੀ। 2013-14 ਤੱਕ ਇਹ 4.5 ਫ਼ੀਸਦੀ ਦੇ ਆਸ-ਪਾਸ ਰਹੀ। ਇਸ ਤੋਂ ਬਾਅਦ ਇਹ ਹਿੱਸੇਦਾਰੀ ਹੌਲੀ-ਹੌਲੀ ਘਟਦੀ ਗਈ। 2015-16 ਵਿੱਚ ਇਹ ਲਗਭਗ 3.9 ਫ਼ੀਸਦੀ, 2018-19 ਵਿੱਚ 3.5 ਫ਼ੀਸਦੀ, 2020-21 ਵਿੱਚ 3.3 ਫ਼ੀਸਦੀ, 2022-23 ਵਿੱਚ ਲਗਭਗ 2.6 ਫ਼ੀਸਦੀ ਅਤੇ 2025-26 ਵਿੱਚ ਕਰੀਬ 2.5 ਫ਼ੀਸਦੀ ਰਹਿ ਗਈ। ਇਹ ਅੰਕੜੇ ਦਰਸਾਉਂਦੇ ਹਨ ਕਿ ਸਿੱਖਿਆ ਨੂੰ ਮਿਲਣ ਵਾਲੀ ਕੁੱਲ ਰਕਮ ਨਾਲੋਂ ਵੱਧ ਮਹੱਤਵਪੂਰਨ ਉਸ ਦੀ ਬਜਟੀ ਤਰਜੀਹ ਹੈ, ਜੋ ਲਗਾਤਾਰ ਘਟਦੀ ਨਜ਼ਰ ਆ ਰਹੀ ਹੈ।



ਜਗਤਾਰ ਲਾਡੀ

ਸਕੂਲੀ ਅਤੇ ਉੱਚ ਸਿੱਖਿਆ ਦੀ ਵੱਖ-ਵੱਖ ਤਸਵੀਰ ਵੀ ਧਿਆਨ ਖਿੱਚਦੀ ਹੈ। 2025-26 ਦੇ ਬਜਟ ਵਿੱਚ ਸਕੂਲੀ ਸਿੱਖਿਆ ਵਿਭਾਗ ਲਈ 78 ਹਜ਼ਾਰ ਕਰੋੜ ਤੋਂ ਵੱਧ ਅਤੇ ਉੱਚ ਸਿੱਖਿਆ ਲਈ 50 ਹਜ਼ਾਰ ਕਰੋੜ ਤੋਂ ਵੱਧ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਰਕਮ ਰਾਹੀਂ ਸਮਗ੍ਰ ਸਿੱਖਿਆ ਅਭਿਆਨ, ਪੀ ਐਮ-ਸ਼੍ਰੀ ਸਕੂਲ, ਡਿਜੀਟਲ ਸਿੱਖਿਆ, ਕ੍ਰਿਤ੍ਰਿਮ ਬੁੱਧੀ (ਏ ਆਈ), ਹੁਨਰ ਵਿਕਾਸ ਅਤੇ ਨਵੀਂ ਸਿੱਖਿਆ ਨੀਤੀ ਨਾਲ ਸੰਬੰਧਤ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਪਰ ਹਕੀਕਤ ਇਹ ਵੀ ਹੈ ਕਿ ਦੇਸ਼ ਦੇ ਹਜ਼ਾਰਾਂ ਸਰਕਾਰੀ ਸਕੂਲ ਅਜੇ ਵੀ ਅਧਿਆਪਕਾਂ ਦੀ ਘਾਟ, ਵਿਗਿਆਨ ਦੀਆਂ ਲੈਬਾਂ ਦੀ ਕਮੀ, ਪੁਸਤਕਾਲਿਆਂ ਦੀ ਘਾਟ, ਕੰਪਿਊਟਰਾਂ ਦੀ ਅਣਉਪਲਬਧਤਾ ਅਤੇ ਬੁਨਿਆਦੀ ਢਾਂਚੇ ਦੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ। ਕਈ ਰਾਜ ਯੂਨੀਵਰਸਿਟੀਆਂ ਵਿੱਚ ਖੋਜ ਲਈ ਲੋੜੀਂਦੇ ਸਰੋਤ ਅਜੇ ਵੀ ਸੀਮਤ ਹਨ। ਨਵੀਂ ਸਿੱਖਿਆ ਨੀਤੀ (NEP-2020) ਨੇ ਭਾਰਤੀ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਬਦਲਾਅ ਦਾ ਰਾਹ ਦਿਖਾਇਆ ਹੈ। ਇਸ ਵਿੱਚ ਬਹੁ-ਵਿਸ਼ਾ ਸਿੱਖਿਆ, ਮਾਤ ਭਾਸ਼ਾ ਵਿੱਚ ਪੜ੍ਹਾਈ, ਡਿਜ਼ਿਟਲ ਸਿੱਖਿਆ, ਹੁਨਰ ਵਿਕਾਸ, ਖੋਜ ਅਤੇ ਨਵੀਨਤਾ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ, ਪਰ ਇਨ੍ਹਾਂ ਟੀਚਿਆਂ ਨੂੰ ਹਾਸਲ ਕਰਨ ਲਈ ਵੱਡੇ ਵਿੱਤੀ ਨਿਵੇਸ਼ ਦੀ ਲੋੜ ਹੈ। ਜੇ ਬਜਟ ਵਿੱਚ ਸਿੱਖਿਆ ਦੀ ਹਿੱਸੇਦਾਰੀ ਲਗਾਤਾਰ ਘਟਦੀ ਰਹੇਗੀ ਤਾਂ ਨੀਤੀ ਦੇ ਕਈ ਉਦੇਸ਼ ਕਾਗਜ਼ਾਂ ਤੱਕ ਹੀ ਸੀਮਤ ਰਹਿ ਸਕਦੇ ਹਨ।ਭਾਰਤ ਵਿੱਚ ਸਿੱਖਿਆ ਉੱਤੇ ਸਰਕਾਰੀ ਖਰਚ ਲੰਮੇ ਸਮੇਂ ਤੋਂ ਚਰਚਾ ਦਾ ਵਿਸ਼ਾ ਰਿਹਾ ਹੈ। ਕੋਠਾਰੀ ਕਮਿਸ਼ਨ ਨੇ 1966 ਵਿੱਚ ਹੀ ਸਿਫ਼ਾਰਸ਼ ਕੀਤੀ ਸੀ ਕਿ ਦੇਸ਼ ਨੂੰ ਆਪਣੀ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਦਾ ਘੱਟੋ-ਘੱਟ 6 ਫ਼ੀਸਦੀ ਸਿੱਖਿਆ ਉੱਤੇ ਖਰਚ ਕਰਨਾ ਚਾਹੀਦਾ ਹੈ, ਨਵੀਂ ਸਿੱਖਿਆ ਨੀਤੀ ਨੇ ਵੀ ਇਸੇ ਟੀਚੇ ਨੂੰ ਦੁਹਰਾਇਆ ਹੈ। ਪਰ ਮੌਜੂਦਾ ਸਮੇਂ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਮਿਲਾ ਕੇ ਵੀ ਭਾਰਤ ਦਾ ਕੁੱਲ ਸਰਕਾਰੀ ਸਿੱਖਿਆ ਖਰਚ ਲਗਭਗ 4 ਫ਼ੀਸਦੀ ਤੋਂ ਕੁਝ ਵੱਧ ਹੀ ਹੈ। ਇਹ ਦਰਸਾਉਂਦਾ ਹੈ ਕਿ ਛੇ ਦਹਾਕਿਆਂ ਬਾਅਦ ਵੀ ਦੇਸ਼ ਆਪਣੇ ਹੀ ਨਿਰਧਾਰਤ ਟੀਚੇ ਤੋਂ ਪਿੱਛੇ ਹੈ।ਵਿਕਸਤ ਦੇਸ਼ਾਂ ਦੇ ਤਜਰਬੇ ਸਾਡੇ ਲਈ ਸਬਕ ਹਨ । ਫਿਨਲੈਂਡ ਨੇ ਆਪਣੇ ਸਿੱਖਿਆ ਮਾਡਲ ਨੂੰ ਮਜ਼ਬੂਤ ਕਰਕੇ ਵਿਸ਼ਵ ਵਿੱਚ ਵੱਖਰੀ ਪਛਾਣ ਬਣਾਈ ਹੈ। ਦੱਖਣੀ ਕੋਰੀਆ ਨੇ ਸਿੱਖਿਆ ਅਤੇ ਖੋਜ ਵਿੱਚ ਨਿਵੇਸ਼ ਕਰਕੇ ਕੁਝ ਹੀ ਦਹਾਕਿਆਂ ਵਿੱਚ ਆਪਣੇ ਆਪ ਨੂੰ ਤਕਨਾਲੋਜੀ ਮਹਾਂਸ਼ਕਤੀ ਵਿੱਚ ਬਦਲ ਲਿਆ। ਚੀਨ ਨੇ ਵੀ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰਕੇ ਵਿਸ਼ਵ ਪੱਧਰ ਦੀਆਂ ਸੰਸਥਾਵਾਂ ਖੜ੍ਹੀਆਂ ਕੀਤੀਆਂ ਹਨ। ਇਨ੍ਹਾਂ ਦੇਸ਼ਾਂ ਦੀ ਸਫ਼ਲਤਾ ਇਹ ਸਾਬਤ ਕਰਦੀ ਹੈ ਕਿ ਸਿੱਖਿਆ ਉੱਤੇ ਕੀਤਾ ਗਿਆ ਨਿਵੇਸ਼ ਖਰਚ ਨਹੀਂ, ਸਗੋਂ ਸਭ ਤੋਂ ਵੱਡੀ ਪੂੰਜੀ ਹੈ।

ਭਾਰਤ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਨੌਜਵਾਨ ਅਬਾਦੀ ਹੈ। ਦੁਨੀਆ ਦੇ ਸਭ ਤੋਂ ਵੱਧ ਨੌਜਵਾਨਾਂ ਵਾਲੇ ਦੇਸ਼ ਵਿੱਚ ਜੇ ਸਿੱਖਿਆ ਅਤੇ ਹੁਨਰ ਵਿਕਾਸ 'ਤੇ ਪੂਰਾ ਧਿਆਨ ਨਾ ਦਿੱਤਾ ਗਿਆ ਤਾਂ ਇਹ ਜਨਸੰਖਿਆਕ ਲਾਭ ਇੱਕ ਬੋਝ ਵਿੱਚ ਵੀ ਬਦਲ ਸਕਦਾ ਹੈ। ਬੇਰੁਜ਼ਗਾਰੀ, ਹੁਨਰ ਦੀ ਘਾਟ, ਘੱਟ ਉਤਪਾਦਕਤਾ ਅਤੇ ਵਿਦੇਸ਼ਾਂ ਵੱਲ ਪ੍ਰਤਿਭਾ ਦਾ ਰੁਖ ਇਸ ਦੇ ਨਤੀਜੇ ਹੋ ਸਕਦੇ ਹਨ। ਹਰ ਸਾਲ ਲੱਖਾਂ ਭਾਰਤੀ ਵਿਦਿਆਰਥੀ ਉੱਚ ਸਿੱਖਿਆ ਲਈ ਵਿਦੇਸ਼ ਜਾਂਦੇ ਹਨ ਅਤੇ ਅਰਬਾਂ ਰੁਪਏ ਵਿਦੇਸ਼ੀ ਸੰਸਥਾਵਾਂ ਨੂੰ ਅਦਾ ਕਰਦੇ ਹਨ। ਜੇ ਭਾਰਤ ਵਿੱਚ ਹੀ ਵਿਸ਼ਵ ਪੱਧਰੀ ਸਿੱਖਿਆ ਅਤੇ ਖੋਜ ਦੇ ਮੌਕੇ ਉਪਲੱਬਧ ਹੋਣ ਤਾਂ ਇਹ ਪ੍ਰਤਿਭਾ ਅਤੇ ਪੂੰਜੀ ਦੋਵੇਂ ਦੇਸ਼ ਦੇ ਅੰਦਰ ਹੀ ਰਹਿ ਸਕਦੇ ਹਨ।

ਇਹ ਵੀ ਸੱਚ ਹੈ ਕਿ ਕੇਂਦਰ ਸਰਕਾਰ ਨੇ ਪਿਛਲੇ ਕੁਝ ਸਾਲਾਂ ਵਿੱਚ ਪੀ ਐੱਮ-ਸ਼੍ਰੀ ਸਕੂਲ, ਡਿਜ਼ੀਟਲ ਯੂਨੀਵਰਸਿਟੀ, ਰਾਸ਼ਟਰੀ ਖੋਜ ਪਹਿਲਾਂ ਅਤੇ ਹੁਨਰ ਵਿਕਾਸ ਵਰਗੀਆਂ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਇਹ ਸਕਾਰਾਤਮਕ ਕਦਮ ਹਨ, ਪਰ ਕਿਸੇ ਵੀ ਨੀਤੀ ਦੀ ਸਫ਼ਲਤਾ ਉਸ ਲਈ ਉਪਲੱਬਧ ਵਿੱਤੀ ਸਰੋਤਾਂ 'ਤੇ ਨਿਰਭਰ ਕਰਦੀ ਹੈ। ਜੇ ਸਿੱਖਿਆ ਨੂੰ ਲੰਮੇ ਸਮੇਂ ਲਈ ਯੋਗ ਵਿੱਤੀ ਸਹਾਇਤਾ ਨਾ ਮਿਲੇ ਤਾਂ ਇਨ੍ਹਾਂ ਯੋਜਨਾਵਾਂ ਦੇ ਉਮੀਦ ਅਨੁਸਾਰ ਨਤੀਜੇ ਮਿਲਣਾ ਔਖਾ ਹੋ ਸਕਦਾ ਹੈ।

2047 ਦੇ ਵਿਕਸਤ ਭਾਰਤ ਦਾ ਸੁਪਨਾ ਸਿਰਫ਼ ਵੱਡੇ ਐਕਸਪ੍ਰੈੱਸਵੇਅ, ਉਦਯੋਗਿਕ ਗਲਿਆਰਿਆਂ ਜਾਂ ਹਵਾਈ ਅੱਡਿਆਂ ਨਾਲ ਪੂਰਾ ਨਹੀਂ ਹੋਵੇਗਾ। ਇੱਕ ਵਿਕਸਤ ਰਾਸ਼ਟਰ ਲਈ ਗੁਣਵੱਤਾ ਵਾਲੇ ਸਕੂਲ, ਸਮਰੱਥ ਯੂਨੀਵਰਸਿਟੀਆਂ, ਉੱਚ ਪੱਧਰੀ ਖੋਜ, ਤਰਬੀਅਤਯਾਫ਼ਤਾ ਅਧਿਆਪਕ ਅਤੇ ਹੁਨਰਮੰਦ ਨੌਜਵਾਨ ਸਭ ਤੋਂ ਵੱਡੀ ਲੋੜ ਹਨ। ਅਰਥ ਸ਼ਾਸਤਰੀ ਵੀ ਮੰਨਦੇ ਹਨ ਕਿ ਮਨੁੱਖੀ ਪੂੰਜੀ ਵਿੱਚ ਕੀਤਾ ਗਿਆ ਨਿਵੇਸ਼ ਸਭ ਤੋਂ ਵੱਧ ਸਮਾਜਿਕ ਅਤੇ ਆਰਥਿਕ ਲਾਭ ਦਿੰਦਾ ਹੈ।

ਸਿੱਟੇ ਵਜੋਂ ਇਹ ਕਿਹਾ ਜਾ ਸਕਦਾ ਹੈ ਕਿ ਪਿਛਲੇ ਪੰਦਰਾਂ ਸਾਲਾਂ ਵਿੱਚ ਸਿੱਖਿਆ ਲਈ ਕੁੱਲ ਬਜਟ ਰਕਮ ਵਧੀ ਹੈ, ਪਰ ਕੇਂਦਰੀ ਬਜਟ ਵਿੱਚ ਉਸ ਦੀ ਹਿੱਸੇਦਾਰੀ ਘਟੀ ਹੈ। ਇਹ ਦੋਵੇਂ ਗੱਲਾਂ ਇਕੱਠਿਆਂ ਸਹੀ ਹੋ ਸਕਦੀਆਂ ਹਨ ਅਤੇ ਇਨ੍ਹਾਂ ਨੂੰ ਵੱਖ-ਵੱਖ ਸਮਝਣ ਦੀ ਲੋੜ ਹੈ। ਭਾਰਤ ਜੇ ਆਪਣੀ ਨੌਜਵਾਨ ਅਬਾਦੀ ਨੂੰ ਅਸਲ ਤਾਕਤ ਵਿੱਚ ਬਦਲਣਾ ਚਾਹੁੰਦਾ ਹੈ ਤਾਂ ਸਿੱਖਿਆ ਨੂੰ ਖਰਚ ਨਹੀਂ, ਸਗੋਂ ਭਵਿੱਖ ਦੀ ਸਭ ਤੋਂ ਵੱਡੀ ਪੂੰਜੀ ਸਮਝਣਾ ਹੋਵੇਗਾ। ਅੱਜ ਸਿੱਖਿਆ ਵਿੱਚ ਕੀਤਾ ਗਿਆ ਨਿਵੇਸ਼ ਹੀ ਕੱਲ੍ਹ ਦੇ ਮਜ਼ਬੂਤ ਲੋਕਤੰਤਰ, ਖੁਸ਼ਹਾਲ ਆਰਥਿਕਤਾ, ਵਿਗਿਆਨਕ ਸੋਚ ਅਤੇ ਸਮਾਜਿਕ ਬਰਾਬਰੀ ਦੀ ਬੁਨਿਆਦ ਬਣੇਗਾ। ਇਹੀ ਉਹ ਚੇਤਾਵਨੀ ਹੈ, ਜਿਸ ਨੂੰ ਨਜ਼ਰਅੰਦਾਜ਼ ਕਰਨਾ ਭਾਰਤ ਦੇ ਭਵਿੱਖ ਲਈ ਮਹਿੰਗਾ ਸਾਬਤ ਹੋ ਸਕਦਾ।

# ਸੰਪਰਕ : 94636- 03091

# ਸਾਡੀ ਸਰਕਾਰ ਸ਼ਹੀਦਾਂ ਦੇ ਆਦਰਸ਼ਾਂ 'ਤੇ ਚੱਲ ਰਹੀ : ਭਗਵੰਤ ਮਾਨ

## ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਸਮਰਪਤ ਵਿਰਾਸਤੀ ਕੰਪਲੈਕਸ 'ਤੇ 24.99 ਕਰੋੜ ਖਰਚੇ ਜਾਣਗੇ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਨੀਵਾਰ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਹਰ ਫੈਸਲਾ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਜੀਵਨ, ਦਰਸ਼ਨ ਤੇ ਮਹਾਨ ਕੁਰਬਾਨੀ ਦੇ ਸਿਧਾਂਤਾਂ 'ਤੇ ਆਧਾਰਤ ਹੈ। ਉਨ੍ਹਾਂ ਕਿਹਾ ਕਿ ਇਕ ਆਜ਼ਾਦ, ਪ੍ਰਗਤੀਸ਼ੀਲ ਤੇ ਖੁਸ਼ਹਾਲ ਪੰਜਾਬ ਸਬੰਧੀ ਉਨ੍ਹਾਂ ਦੀ ਸੋਚ ਨੂੰ ਹਕੀਕਤ ਵਿੱਚ ਬਦਲਣ ਲਈ ਸਾਡੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿਚ ਕੋਈ ਕਸਰ ਨਹੀਂ ਛੱਡੇਗੀ ਤੇ ਉਨ੍ਹਾਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣ ਤੇ ਹੁਸੈਨੀਵਾਲਾ ਨੂੰ ਇੱਕ ਪ੍ਰਮੁੱਖ ਸੈਰ-ਸਪਾਟਾ ਸਥਾਨ ਵਿੱਚ ਬਦਲਣ ਲਈ ਸਮਰਪਤ ਵਿਰਾਸਤੀ ਕੰਪਲੈਕਸ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਮਹਾਨ ਆਗੂਆਂ ਨੇ ਦੇਸ਼ ਤੇ ਇਸ ਦੇ ਲੋਕਾਂ ਦੀ ਖ਼ਾਤਰ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਇਹ ਸਥਾਨ ਹਰ ਦੇਸ਼ ਵਾਸੀ ਲਈ ਬਹੁਤ ਪਵਿੱਤਰ ਹੈ, ਕਿਉਂਕਿ ਇਸੇ ਸਥਾਨ 'ਤੇ ਅੰਗਰੇਜ਼ਾਂ ਵੱਲੋਂ ਬਿਨਾਂ ਕਿਸੇ ਸਨਮਾਨ ਦੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੀਆਂ ਮ੍ਰਿਤਕ ਦੇਹਾਂ ਦਾ ਸਸਕਾਰ ਕੀਤਾ ਗਿਆ ਸੀ। ਇਹ ਸਥਾਨ ਦੇਸ਼ ਦੇ ਨੌਜਵਾਨਾਂ ਨੂੰ ਦੇਸ਼ ਪ੍ਰਤੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰਦਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਮੈਂ ਖੁਦ ਨੂੰ ਬਹੁਤ ਸੁਭਾਗਾ ਸਮਝਦਾ ਹਾਂ ਕਿ ਮੈਨੂੰ ਇਸ ਪਵਿੱਤਰ ਧਰਤੀ 'ਤੇ ਆ ਕੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲਿਆ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ। ਦੇਸ਼ ਹਮੇਸ਼ਾ ਇਸ ਸ਼ਹੀਦ ਦਾ ਰਿਣੀ ਰਹੇਗਾ, ਜਿਸ ਨੇ 23 ਸਾਲ ਦੀ ਛੋਟੀ ਜਿਹੀ ਉਮਰ ਵਿੱਚ ਦੇਸ਼ ਨੂੰ ਬ੍ਰਿਟਿਸ਼ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।

ਨੌਜਵਾਨਾਂ 'ਤੇ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਦੇ ਪ੍ਰਭਾਵ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੇ ਨੌਜਵਾਨਾਂ ਨੂੰ ਕੌਮੀ ਆਜ਼ਾਦੀ ਸੰਘਰਸ਼ ਵਿਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ, ਜਿਸ ਨਾਲ ਦੇਸ਼ ਨੂੰ ਆਜ਼ਾਦੀ ਮਿਲੀ। ਸ਼ਹੀਦ-ਏ-ਆਜ਼ਮ ਹਮੇਸ਼ਾ ਲੱਖਾਂ ਨੌਜਵਾਨਾਂ ਲਈ ਰਾਸ਼ਟਰ ਦੀ ਨਿਰਸਵਾਰਥ ਸੇਵਾ ਕਰਨ ਲਈ ਪ੍ਰੇਰਨਾ ਦਾ ਸਰੋਤ ਬਣਿਆ ਰਹੇਗਾ। ਮੈਂ ਨੌਜਵਾਨਾਂ ਨੂੰ ਭਾਰਤ ਨੂੰ ਇਕ ਪ੍ਰਗਤੀਸ਼ੀਲ ਤੇ ਖੁਸ਼ਹਾਲ ਦੇਸ਼ ਬਣਾਉਣ ਲਈ ਸ਼ਹੀਦ ਭਗਤ ਸਿੰਘ ਦੇ ਨਕਸ਼ੇ-ਕਦਮਾਂ 'ਤੇ ਚੱਲਣ ਦੀ ਅਪੀਲ ਕਰਦਾ ਹਾਂ। ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੁਸੈਨੀਵਾਲਾ ਹੈਰੀਟੇਜ ਕੰਪਲੈਕਸ ਦਾ ਕੰਮ ਸ਼ੁਰੂ ਹੋ ਗਿਆ ਹੈ ਤੇ ਇਸ ਪ੍ਰੋਜੈਕਟ 'ਤੇ 24.99 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਹ ਪ੍ਰੋਜੈਕਟ ਸਾਡੇ ਮਹਾਨ ਸ਼ਹੀਦਾਂ ਦੇ ਸਨਮਾਨ ਲਈ ਇੱਕ ਨਿਮਾਣਾ ਜਿਹਾ ਯਤਨ ਹੈ ਤੇ ਇਸ ਦਾ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਆਜ਼ਾਦੀ ਘੁਲਾਟੀਆਂ ਦੀ ਸ਼ਾਨਦਾਰ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਹੈ। ਸਾਡਾ ਮੁੱਖ ਉਦੇਸ਼ ਹੁਸੈਨੀਵਾਲਾ ਵਿਖੇ ਵਿਰਾਸਤੀ ਖੇਤਰ ਨੂੰ ਵਿਕਸਤ ਕਰਨਾ ਹੈ ਤੇ ਇਸ ਵਿਰਾਸਤੀ ਕੰਪਲੈਕਸ ਦੇ ਨਿਰਮਾਣ ਨਾਲ ਸੈਰ-ਸਪਾਟੇ ਨੂੰ ਵੀ ਹੁਲਾਰਾ ਮਿਲੇਗਾ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ, ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਯਾ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਡੀਆਈਜੀ ਫ਼ਿਰੋਜ਼ਪੁਰ ਸਨੇਹਦੀਪ ਸ਼ਰਮਾ ਤੇ ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਹਾਜ਼ਰ ਸਨ।

# ਸੁਖਬੀਰ ਬਾਦਲ 'ਤੇ ਕਾਤਲਾਨਾ ਹਮਲਿਆਂ ਦੀ ਐੱਨ ਆਈ ਏ ਤੋਂ ਜਾਂਚ ਕਰਵਾਈ ਜਾਵੇ : ਹਰਸਿਮਰਤ

## ਪੰਜਾਬ ਬਚਾਓ ਮੁਹਿੰਮ ਦੇ ਦੂਜੇ ਪੜਾਅ ਤਹਿਤ ਵਿਸ਼ਾਲ ਰੈਲੀ ਨੂੰ ਕੀਤਾ ਸੰਬੋਧਨ




**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬਠਿੰਡਾ ਦੇ ਐੱਮ ਪੀ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਮੰਗ ਕੀਤੀ ਕਿ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋ ਕਾਤਲਾਨਾ ਹਮਲਿਆਂ ਦੀ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਕੋਲੋਂ ਜਾਂਚ ਕਰਵਾਈ ਜਾਵੇ। ਉਨ੍ਹਾਂ ਨੇ ਇਨ੍ਹਾਂ ਹਮਲਿਆਂ ਨੂੰ ਇੱਕ ਡੂੰਘੀ ਸਾਜ਼ਿਸ਼ ਕਰਾਰ ਦਿੱਤਾ, ਜਿਸ ਵਿੱਚ ਸਿਆਸਤਦਾਨ ਤੇ ਪੁਲਸ ਅਫਸਰ ਦੋਵੇਂ ਸ਼ਾਮਲ ਹਨ।ਬਠਿੰਡਾ ਦੇ ਐੱਮ ਪੀ, ਜਿਨ੍ਹਾਂ ਨੇ ਇਥੇ ਪਾਰਟੀ ਦੀ ਪੰਜਾਬ ਬਚਾਓ ਮੁਹਿੰਮ ਦੇ ਦੂਜੇ ਪੜਾਅ ਵਜੋਂ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ, ਨੇ ਸ. ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਮਗਰੋਂ ਗੰਭੀਰ ਜ਼ਖ਼ਮੀ ਹੋਈ ਬਾਂਹ ਜਿਸ ਦੀ ਹੋਈ ਸਰਜਰੀ ਤਹਿਤ 150 ਟਾਂਕੇ ਲੱਗੇ ਹਨ ਅਤੇ ਹਮਲੇ ਵਿੱਚ ਹਮਲਾਵਰ ਵੱਲੋਂ ਵਰਤੀ ਗਈ ਡੇਢ ਫੁੱਟ ਲੰਬੀ ਕਿਰਚ ਦੀਆਂ ਤਸਵੀਰਾਂ ਵੀ ਮੀਡੀਆ ਨਾਲ ਸਾਂਝੀਆਂ ਕੀਤੀਆਂ।ਉਨ੍ਹਾਂ ਦੱਸਿਆ ਕਿ ਦੋਵੇਂ ਪਾਸੇ ਤੇ ਅੰਦਰਲੇ ਪਾਸੇ ਵੀ ਜ਼ਖ਼ਮ ਨੂੰ ਕਵਰ ਕਰਨ ਵਾਸਤੇ 150 ਤੋਂ ਜ਼ਿਆਦਾ ਟਾਂਕੇ ਲੱਗੇ ਹਨ।ਬੀਬੀ ਬਾਦਲ ਨੇ ਨਾਂਦੇੜ ਸਾਹਿਬ ਦੇ ਨਾਲ-ਨਾਲ 4 ਦਸੰਬਰ 2024 ਨੂੰ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਹੋਏ ਹਮਲੇ ਨੂੰ ਸ. ਬਾਦਲ ਨੂੰ ਜਾਨੋਂ ਮਾਰਨ ਤੇ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀ ਡੂੰਘੀ ਸਾਜ਼ਿਸ਼ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਇਸੇ ਵਾਸਤੇ ਮੈਂ ਕੇਂਦਰੀ ਗ੍ਰਹਿ ਮੰਤਰੀ ਨੂੰ ਬੇਨਤੀ ਕੀਤੀ ਹੈ ਕਿ ਇਸ ਸਾਰੇ ਮਾਮਲੇ ਤੇ ਦੋਵਾਂ ਘਟਨਾਵਾਂ ਦੀ ਐੱਨ ਆਈ ਏ ਕੋਲੋਂ ਜਾਂਚ ਕਰਵਾਈ ਜਾਵੇ।ਉਨ੍ਹਾਂ ਦੱਸਿਆ ਕਿ ਅਕਾਲੀ ਦਲ ਦੇ ਪ੍ਰਧਾਨ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ ਤੇ ਉਹ ਪੂਰੀ ਚੜ੍ਹਦੀਕਲਾ ਵਿੱਚ ਹਨ।ਇਸ ਮੌਕੇ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਆਗੂ ਵਰਦੇਵ ਸਿੰਘ ਮਾਨ, ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ, ਜਨਮੇਜਾ ਸਿੰਘ ਸੇਖੋਂ, ਸਿਕੰਦਰ ਸਿੰਘ ਮਲੂਕਾ, ਡਾ. ਦਲਜੀਤ ਸਿੰਘ ਚੀਮਾ, ਨਰਦੇਵ ਸਿੰਘ ਮਾਨ, ਜੋਗਿੰਦਰ ਸਿੰਘ ਜਿੰਦੂ, ਸੁਖਪਾਲ ਨੰਨੂ, ਰਾਜ ਕੁਮਾਰ ਡਿੱਬੀਪੁਰਾ, ਹਰਪ੍ਰੀਤ ਸਿੰਘ ਹੀਰੋ ਤੇ ਐੱਸ ਓ ਆਈ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

# ਸੈਂਕੜੇ ਨਰੇਗਾ ਵਰਕਰ ਪਹਿਲੀ ਨੂੰ ਦਿੱਲੀ ਪਹੁੰਚਣਗੇ : ਗੋਰਾ ਪਿੱਪਲੀ




**ਕੋਟਕਪੂਰਾ (ਰਛਪਾਲ ਭੁੱਲਰ)**

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇਕ ਸਤੰਬਰ ਨੂੰ ਦਿੱਲੀ ਦੇ ਰਾਮ ਲੀਲਾ ਗਰਾਊਂਡ ਵਿੱਚ ਇੱਕ ਦੇਸ਼ ਪੱਧਰੀ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਫਰੀਦਕੋਟ ਜ਼ਿਲ੍ਹੇ ਵਿੱਚੋਂ ਸੈਂਕੜੇ ਨਰੇਗਾ ਵਰਕਰ ਸ਼ਾਮਲ ਹੋਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਐਗਜ਼ੈਕਟਿਵ ਮੈਂਬਰ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਪਿੰਡ ਢਿੱਲਵਾਂ ਕਲਾਂ ਵਿਖੇ ਜਨ ਸੰਪਰਕ ਮੁਹਿੰਮ ਦੌਰਾਨ ਨਰੇਗਾ ਵਰਕਰਾਂ ਤੇ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਭਾਰਤੀ ਕਮਿਊਨਿਸਟ ਪਾਰਟੀ ਨੇ ਇੱਕ ਸਤੰਬਰ ਨੂੰ ਦਿੱਲੀ ਰੈਲੀ ਨੂੰ ਕਾਮਯਾਬ ਕਰਨ ਲਈ ਵਿੱਚ ਪੂਰੇ ਪੰਜਾਬ ਵਿੱਚ ਜਨ ਸੰਪਰਕ ਮੁਹਿੰਮ ਚਲਾਈ ਹੋਈ ਹੈ, ਇਸ ਮੁਹਿੰਮ ਅਧੀਨ ਅੱਜ ਭਾਰਤੀ ਕਮਨਿਸਟ ਪਾਰਟੀ ਦੇ ਜ਼ਿਲ੍ਹਾ ਕੌਂਸਲ ਮੈਂਬਰ ਸਾਥੀ ਪੱਪੀ ਸਿੰਘ ਢਿੱਲਵਾਂ ਦੀ ਅਗਵਾਈ ਵਿੱਚ ਨਰੇਗਾ ਵਰਕਰਾਂ ਤੇ ਆਮ ਲੋਕਾਂ ਦਾ ਭਾਰੀ ਇਕੱਠ ਕਰਕੇ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਸੀਨੀਅਰ ਸਾਥੀ ਰੇਸ਼ਮ ਸਿੰਘ ਜਟਾਣਾ ਤੇ ਜ਼ਿਲ੍ਹਾ ਐਗਜ਼ੀਕਿਊਟਿਵ ਮੈਂਬਰ ਕਾਮਰੇਡ ਗੋਰਾ ਸਿੰਘ ਪਿਪਲੀ, ਬਲਾਕ ਜੈਤੋ ਦੀ ਪਾਰਟੀ ਦੇ ਸਕੱਤਰ ਰੇਸ਼ਮ ਸਿੰਘ ਮੱਤਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਵਰਕਰਾਂ ਨੂੰ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਪੁਰਾਣੇ ਨਰੇਗਾ ਕਾਨੂੰਨ ਵਿੱਚ ਕੇਂਦਰ ਸਰਕਾਰ 90% ਹਿੱਸਾ ਪਾਉਂਦਾ ਸੀ, ਪਰ ਹੁਣ ਇਸ ਨੂੰ ਘਟਾ ਕੇ 60% ਕਰ ਦਿੱਤਾ ਹੈ, ਜੋ ਕਿ ਨਵੇਂ ਕਾਨੂੰਨ ਵੀ ਬੀ ਜੀ ਰਾਮ ਜੀ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ, ਚਾਰ ਲੇਬਰ ਕੋਡ ਲਾਗੂ ਕਰਕੇ ਕੇਂਦਰ ਸਰਕਾਰ ਪਹਿਲਾਂ ਤੋਂ ਪ੍ਰਾਪਤ ਕਿਰਤ ਕਾਨੂੰਨਾਂ ਦਾ ਘਾਣ ਕਰ ਰਹੀ ਹੈ, ਮਜ਼ਦੂਰ ਵਰਗ ਮਹਿੰਗਾਈ ਨਾਲ ਬੁਰੀ ਤਰ੍ਹਾਂ ਜੂਝ ਰਿਹਾ ਹੈ, ਨਵੇਂ ਕਾਨੂੰਨ ਮੁਤਾਬਿਕ ਪੂਰਾ ਕੰਮ ਨਹੀਂ ਮਿਲ ਰਿਹਾ, ਜਿਸ ਕਰਕੇ ਮਜ਼ਦੂਰ ਵਰਗ ਫਾਕੇ ਕੱਟਣ ਲਈ ਮਜਬੂਰ ਹੈ। ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਨਵੇਂ ਕਾਨੂੰਨ ਮੁਤਾਬਿਕ ਵਰਕਰਾਂ ਨੂੰ 200 ਦਿਨ ਕੰਮ ਦਿੱਤਾ ਜਾਵੇ, 1000 ਰੁਪੈ ਦਿਹਾੜੀ ਹੋਵੇ, ਸਮੇਂ ਸਿਰ ਕੰਮ ਦਾ ਭੁਗਤਾਨ ਕੀਤਾ ਜਾਵੇ, ਅੰਨ ਸੁਰੱਖਿਆ ਕਾਨੂੰਨ ਤਹਿਤ ਹਰੇਕ ਪਰਿਵਾਰ ਨੂੰ ਹਰੇਕ ਮਹੀਨੇ ਉਸ ਦੀ ਲੋੜ ਅਨੁਸਾਰ ਅਨਾਜ ਮਿਲੇ, ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਢਾਈ ਲੱਖ ਰੁਪਏ ਪ੍ਰਤੀ ਮਕਾਨ ਗਰਾਂਟ ਜਲਦੀ ਤੋਂ ਜਲਦੀ ਜਾਰੀ ਕੀਤੀ ਜਾਵੇ, ਤਾਂ ਕਿ ਗਰੀਬ ਪਰਿਵਾਰ ਆਪਣੀ ਚੰਗੀ ਛੱਤ ਬਣਾ ਸਕਣ।ਇਨ੍ਹਾਂ ਮੰਗਾਂ ਨੂੰ ਲੈ ਕੇ ਲੱਖਾਂ ਕਿਰਤੀ ਕਾਮੇ ਦੇਸ਼ ਭਰ 'ਚੋਂ ਇਕ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿੱਚ ਪੁੱਜਣਗੇ।ਉਨ੍ਹਾਂ ਵਰਕਰਾਂ ਤੇ ਆਗੂਆਂ ਨੂੰ ਵੱਧ ਤੋਂ ਵੱਧ ਦਿੱਲੀ ਪੁੱਜਣ ਦਾ ਸੱਦਾ ਦਿੱਤਾ।

## ਕਾਤਰਾਂ

### ਕਪਿਲ ਕੌਸ਼ਲ ਮਲਿਕ ਰੋਟਰੀ ਦੇ ਅਸਿਸਟੈਂਟ ਡਿਸਟ੍ਰਿਕਟ ਗਵਰਨਰ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵਾ ਦੇ ਖੇਤਰ ਵਿੱਚ ਮੋਹਰੀ ਸੰਸਥਾ ਰੋਟਰੀ ਕਲੱਬ ਪਾਤੜਾਂ ਰਾਇਲ ਦੇ ਸਾਬਕਾ ਪ੍ਰਧਾਨ ਕਪਿਲ ਕੌਸ਼ਲ ਮਲਿਕ ਨੂੰ ਉਨ੍ਹਾਂ ਦੀਆਂ ਸਮਾਜ ਸੇਵੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਰੋਟਰੀ ਇੰਟਰਨੈਸ਼ਨਲ ਸਾਲ ਆਈ ਡੀ 3090 ਵੱਲੋਂ ਅਸਿਸਟੈਂਟ ਡਿਸਟ੍ਰਿਕਟ ਗਵਰਨਰ ਵਜੋਂ ਸਾਲ 2027-28 ਦੇ ਅਹੁਦੇ ਨਾਲ ਨਿਵਾਜਿਆ ਗਿਆ।ਸਮਾਜ ਸੇਵੀ ਆਗੂ ਕਪਿਲ ਕੌਸ਼ਲ ਮਲਿਕ ਦੀ ਕੀਤੀ ਗਈ ਇਸ ਨਿਯੁਕਤੀ ਨੂੰ ਲੈ ਕੇ ਰੋਟਰੀ ਕਲੱਬ ਰਾਇਲ ਦੇ ਪ੍ਰਧਾਨ ਭਾਰਤ ਭੂਸ਼ਣ ਬਾਂਸਲ, ਅਸਿਸਟੈਂਟ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਮਨਦੀਪ ਸਿੰਘ (2025-26), ਡਿਸਟ੍ਰਿਕਟ ਜੋਨਲ ਕੋਆਰਡੀਨੇਟਰ ਰੋਟੇਰੀਅਨ ਨਰਾਇਣ ਗਰਗ ਅਤੇ ਸਮੂਹ ਕਲੱਬ ਮੈਂਬਰ ਨੇ ਉਹਨਾਂ ਨੂੰ ਸ਼ੁਭ ਕਾਮਨਾਵਾਂ ਤੇ ਵਧਾਈਆਂ ਦਿੱਤੀਆਂ।

### ਹਜ਼ਾਰਾਂ ਸੂਰਬੀਰਾਂ ਸਦਕਾ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ : ਰਾਜਿੰਦਰ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਜ਼ਾਰਾਂ ਸੂਰਬੀਰਾਂ, ਆਜ਼ਾਦੀ ਘੁਲਾਟੀਆਂ ਵੱਲੋਂ ਦੇਸ਼ ਤੇ ਦੇਸ਼ ਭਗਤਾਂ ਵੱਲੋਂ ਦੇਸ਼ ਕੌਮ ਲਈ ਦਿੱਤੀਆਂ ਕੁਰਬਾਨੀਆਂ ਸਦਕੇ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਆਜ਼ਾਦੀ ਦਿਹਾੜੇ ਮੌਕੇ ਮੈ ਉਨ੍ਹਾਂ ਸ਼ਹੀਦਾਂ ਨੂੰ ਕੋਟ ਕੋਟ ਪ੍ਰਣਾਮ ਕਰਦਾ ਹਾਂ। ਕਾਂਗਰਸ ਵੱਲੋਂ ਗਾਂਧੀ ਗਰਾਊਂਡ ਵਿਖੇ ਆਜ਼ਾਦੀ ਦਿਹਾੜੇ ਮੌਕੇ ਕਰਾਏ ਸਮਾਗਮ 'ਚ ਝੁਲਾਉਣ ਦੀ ਰਸਮ ਅਦਾ ਕਰਨ ਤੋਂ ਬਾਅਦ ਕਾਂਗਰਸੀ ਆਗੂਆਂ ਤੇ ਵਰਕਰਾਂ ਦੇ ਇੱਕ ਵਿਸ਼ਾਲ ਸਮਾਗਮ ਨੂੰ ਸੰਬੋਧਨ ਕਰਦੇ ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕਾ ਸਮਾਨਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਰਾਜਿੰਦਰ ਸਿੰਘ ਨੇ ਕਿਹਾ ਕਿ 2027 ਚੋਣਾਂ 'ਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਸਾਰਿਆਂ ਨੂੰ ਇਕਜੁਟ ਹੋ ਜਾਣਾ ਚਾਹੀਦਾ ਹੈ, ਕਿਉਂਕਿ ਇਹ ਚੋਣਾਂ ਪੰਜਾਬ ਦੀ ਕਿਸਮਤ ਦਾ ਫ਼ੈਸਲਾ ਕਰਨਗੀਆਂ।ਕਾਂਗਰਸ ਮਜ਼ਬੂਤ ਅਤੇ ਇਕਜੁਟ ਹੈ, ਜਦ ਕਿ 'ਆਪ' ਦੇ 6 ਸੰਸਦ ਮੈਂਬਰ ਭਾਜਪਾ 'ਚ ਗਏ ਅਤੇ 60 ਤੋਂ ਵੱਧ ਵਿਧਾਇਕ ਭਾਜਪਾ ਅਤੇ ਕਾਂਗਰਸ ਨਾਲ ਸੰਪਰਕ 'ਚ ਹਨ, ਜਿਸ ਕਾਰਨ ਉਨ੍ਹਾਂ ਦੀਆਂ ਟਿਕਟਾਂ ਕੱਟੀਆਂ ਜਾ ਰਹੀਆਂ ਹਨ।

### ਹੈਰੋਇਨ ਸਣੇ ਇੱਕ ਗ੍ਰਿਫਤਾਰ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ 1 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਣਾ ਮੰਡੀ ਵੈਰੋਕੇ ਦੇ ਕੋਲ ਪੁੱਜੀ ਤਾਂ ਇਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਦੀ ਗੱਡੀ ਵੇਖ ਕੇ ਨਹਿਰ ਸੂਆ ਦੀ ਪੱਟੜੀ ਵੱਲ ਨੂੰ ਭੱਜ ਕੇ ਆਪਣੇ ਕੋਲ ਮੌਜੂਦ ਸਮਾਨ ਨੂੰ ਸਾਈ ਵੱਲ ਸੁੱਟ ਦਿੱਤਾ ਤੇ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ 1 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਪੁਲਸ ਨੇ ਥਾਣਾ ਵੈਰੋਕੇ ਵਿਖੇ ਐਨ.ਡੀ.ਪੀ.ਐਸ. ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਬਿਜਲੀ ਮੀਟਰ ਚੈੱਕ ਕਰਨ ਗਏ ਮੁਲਾਜ਼ਮ ਨੂੰ ਬੰਧਕ ਬਣਾ ਕੇ ਕੁੱਤਿਆਂ ਤੋਂ ਵਢਾਇਆ

**ਸਮਰਾਲਾ/ਗਵਾਲੀਅਰ (ਸੁਰਜੀਤ ਸਿੰਘ)**-ਪ੍ਰਾਪਤ ਸਮਾਚਾਰ ਅਨੁਸਾਰ ਗਵਾਲੀਅਰ ਦੇ ਹਜ਼ੀਰਾ ਥਾਣਾ ਖੇਤਰ ਅਧੀਨ ਇੰਦਰਾ ਨਗਰ ਵਿੱਚ ਬਿਜਲੀ ਮੀਟਰ ਦੀ ਜਾਂਚ ਕਰਨ ਗਏ ਇੱਕ ਮੁਲਾਜ਼ਮ ਨਾਲ ਕਥਿਤ ਤੌਰ 'ਤੇ ਕੁੱਟਮਾਰ ਕਰਕੇ ਉਸ ਨੂੰ ਬੰਧਕ ਬਣਾਉਣ ਤੇ ਕੁੱਤਿਆਂ ਤੋਂ ਵਢਵਾਉਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ।ਪੀੜਤ ਮੁਲਾਜ਼ਮ ਦਾ ਦਾਅਵਾ ਹੈ ਕਿ ਕੁੱਤਿਆਂ ਨੇ ਉਸ ਦੇ ਸਰੀਰ 'ਤੇ 17 ਥਾਵਾਂ 'ਤੇ ਵੱਢਿਆ।ਜਾਣਕਾਰੀ ਮੁਤਾਬਕ ਵਾਸੀ ਰਵਿੰਦਰ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਆਪਣੇ ਸਾਥੀਆਂ ਨਾਲ ਇੰਦਰਾ ਨਗਰ ਵਿੱਚ ਬਿਜਲੀ ਦੇ ਮੀਟਰਾਂ ਦੀ ਜਾਂਚ ਕਰ ਰਿਹਾ ਸੀ।ਇਸ ਦੌਰਾਨ ਮਕਾਨ ਮਾਲਕ ਵੀਰੂ ਤੋਮਰ ਮੌਕੇ 'ਤੇ ਪਹੁੰਚਿਆ ਤੇ ਕਥਿਤ ਤੌਰ 'ਤੇ ਉਸ ਨਾਲ ਗਾਲੀ-ਗਲੋਚ ਕਰਨ ਲੱਗ ਪਿਆ।ਰਵਿੰਦਰ ਸਿੰਘ ਅਨੁਸਾਰ ਇਸ ਤੋਂ ਬਾਅਦ ਉਸ ਨਾਲ ਕੁੱਟਮਾਰ ਕੀਤੀ ਗਈ ਤੇ ਉਸ ਨੂੰ ਘਰ ਦੇ ਇੱਕ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ।ਪੀੜਤ ਨੇ ਦੋਸ਼ ਲਾਇਆ ਕਿ ਕਮਰੇ ਵਿੱਚ ਬੰਦ ਕਰਨ ਤੋਂ ਬਾਅਦ ਉਸ ਉੱਪਰ ਕੁੱਤੇ ਛੱਡ ਦਿੱਤੇ ਗਏ, ਜਿਨ੍ਹਾਂ ਨੇ ਉਸ ਨੂੰ ਕਈ ਥਾਵਾਂ 'ਤੇ ਵੱਢ ਕੇ ਜ਼ਖ਼ਮੀ ਕਰ ਦਿੱਤਾ।ਪੀੜਤ ਨੇ ਇਹ ਵੀ ਦੋਸ਼ ਲਾਇਆ ਕਿ ਮਕਾਨ ਮਾਲਕ ਨੇ ਉਸ ਨੂੰ ਬੰਦੂਕ ਦਿਖਾ ਕੇ ਜਾਨੋਂ ਮਾਰਨ ਦੀ ਧਮਕੀ ਦਿੱਤੀ।ਘਟਨਾ ਦੌਰਾਨ ਰੌਲਾ ਸੁਣ ਕੇ ਨੇੜੇ ਰਹਿੰਦੀ ਮੱਧ ਪ੍ਰਦੇਸ਼ ਦੇ ਊਰਜਾ ਮੰਤਰੀ ਪ੍ਰਦਿਊਮਨ ਸਿੰਘ ਤੋਮਰ ਦੀ ਭੈਣ ਮੌਕੇ 'ਤੇ ਪਹੁੰਚੀ ਤੇ ਕਥਿਤ ਤੌਰ 'ਤੇ ਦਖ਼ਲ ਦੇ ਕੇ ਮੁਲਾਜ਼ਮ ਨੂੰ ਛੁਡਵਾਇਆ।ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਪੁਲਸ ਵੱਲੋਂ ਘਟਨਾ ਨਾਲ ਜੁੜੇ ਸਾਰੇ ਤੱਥਾਂ ਤੇ ਦੋਸ਼ਾਂ ਦੀ ਪੜਤਾਲ ਕੀਤੀ ਜਾ ਰਹੀ ਹੈ।

# ਲੋਕਤੰਤਰ ਤੇ ਧਰਮ ਨਿਰਪੱਖਤਾ ਦੀ ਰਾਖੀ ਅਜੋਕੇ ਸਮੇਂ ਦੀ ਮੁੱਖ ਲੋੜ : ਪ੍ਰੋ. ਜਗਮੋਹਨ ਸਿੰਘ

## ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੋਸਾਇਟੀ ਵੱਲੋਂ ਸੁਤੰਤਰਤਾ ਦਿਵਸ ਸਮਾਗਮ



**ਲੁਧਿਆਣਾ (ਐੱਮ ਐੱਸ ਭਾਟੀਆ)**-ਗਿਲ ਨਗਰ ਲੁਧਿਆਣਾ ਸਥਿਤ ਸਾਥੀ ਤੇਜਾ ਸਿੰਘ ਸੁਤੰਤਰ ਪਾਰਕ ਵਿੱਚ ਸੁਤੰਤਰਤਾ ਦਿਵਸ ਦੇ ਸੰਬੰਧ ਵਿੱਚ ਇੱਕ ਜਨਤਕ ਸਮਾਗਮ ਕੀਤਾ ਗਿਆ, ਜਿਸ ਦਾ ਆਯੋਜਨ ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੋਸਾਇਟੀ ਵੱਲੋਂ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪ੍ਰੋਫੈਸਰ ਜਗਮੋਹਨ ਸਿੰਘ ਨੇ ਕਿਹਾ ਕਿ ਭਗਤ ਸਿੰਘ ਨੇ ਦੇਸ਼ ਦੀ ਆਜ਼ਾਦੀ ਤੋਂ ਬਾਅਦ ਆਜ਼ਾਦ ਭਾਰਤ ਦਾ ਜੋ ਨਕਸ਼ਾ ਬਣਾਇਆ ਸੀ, ਅਜੇ ਅਸੀਂ ਉਸ ਤੋਂ ਬਹੁਤ ਦੂਰ ਹਾਂ।ਜੰਤਰ ਮੰਤਰ ਵਿਖੇ ਨੌਜਵਾਨ ਤੇ ਵਿਦਿਆਰਥੀਆਂ ਦੇ ਸੰਘਰਸ਼ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਕੋਈ ਕਿੰਨਾ ਵੱਡਾ ਖੱਬੀ ਖਾਂ ਹੋਵੇ, ਪਰ ਜਨਤਕ ਅੰਦੋਲਨ ਅੱਗੇ ਮੋਦੀ ਨਹੀਂ ਖੜ ਸਕਦਾ।ਲੋਕਤੰਤਰ ਤੇ ਧਰਮ ਨਿਰਪੱਖਤਾ ਦੀ ਰਾਖੀ ਅਜੋਕੇ ਸਮੇਂ ਦੀ ਮੁੱਖ ਲੋੜ ਹੈ।

ਕਮਿਊਨਿਸਟ ਆਗੂ ਡਾਕਟਰ ਅਰੁਣ ਮਿੱਤਰਾ ਨੇ ਕਿਹਾ ਕਿ ਬੀਜੇਪੀ-ਆਰਐੱਸਐੱਸ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਸਾਡੇ ਦੇਸ਼ ਦੀ ਸਾਖ ਦੁਨੀਆ ਵਿੱਚ ਡਿੱਗੀ ਹੈ।ਸੁਤੰਤਰਤਾ ਦਿਵਸ ਦਾ ਲਾਲ ਕਿਲ੍ਹੇ ਤੋਂ ਦਿੱਤੇ ਨਰਿੰਦਰ ਮੋਦੀ ਦੇ ਭਾਸ਼ਣ ਦਾ ਪੱਧਰ ਕਿਸੇ ਵੀ ਦੇਸ਼ ਦੇ ਪ੍ਰਮੁੱਖ ਆਗੂ ਦੇ ਭਾਸ਼ਣ ਨਹੀਂ ਸੀ।ਗ੍ਰਹਿ ਮੰਤਰੀ ਅਮਿਤ ਸ਼ਾਹ ਦਾ 20 ਦਿਨ ਪਾਰਲੀਮੈਂਟ ਤੋਂ ਗਾਇਬ ਰਹਿਣਾ ਉਨ੍ਹਾਂ ਨੂੰ ਪੂਰੀ ਤਰ੍ਹਾਂ ਸ਼ੱਕ ਦੇ ਘੇਰੇ ਵਿੱਚ ਲਿਆਉਂਦਾ ਹੈ ਕਿ ਵਿਦਿਆਰਥੀਆਂ 'ਤੇ ਤਸ਼ੱਦਦ ਦਾ ਹੁਕਮ ਗ੍ਰਹਿ ਮੰਤਰੀ ਨੇ ਹੀ ਦਿੱਤਾ ਹੋਵੇਗਾ। ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੋਸਾਇਟੀ ਦੇ ਜਨਰਲ ਸਕੱਤਰ ਐੱਮ ਐੱਸ ਭਾਟੀਆ ਨੇ ਕਿਹਾ ਕਿ ਜੰਤਰ ਮੰਤਰ 'ਤੇ ਮੋਦੀ ਸਰਕਾਰ ਵੱਲੋਂ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਕੀਤੇ ਗਏ ਅੱਤਿਆਚਾਰ ਤੇ ਅਯੋਧਿਆ ਦੇ ਰਾਮ ਮੰਦਰ ਦੇ ਘਪਲੇ ਨੇ ਮੋਦੀ ਸਰਕਾਰ ਨੂੰ ਦੇਸ਼ ਦੇ ਲੋਕਾਂ ਦਾ ਸਾਹਮਣਾ ਕਰਨ ਦੇ ਯੋਗ ਨਹੀਂ ਛੱਡਿਆ।ਵਿਦਿਆਰਥੀ ਆਗੂ ਤੇ ਜੰਤਰ ਮੰਤਰ 'ਤੇ ਹੋਏ ਅੱਤਿਆਚਾਰ ਦੇ ਵਿਰੋਧ ਵਿੱਚ ਲੁਧਿਆਣਾ ਵਿੱਚ ਵੱਡੇ ਪ੍ਰਦਰਸ਼ਨ ਦੀ ਅਗਵਾਈ ਕਰਨ ਵਾਲੀ ਨੌਜਵਾਨ ਅਰਸ਼ੀ ਭੱਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਤ ਸਿੰਘ ਨੇ ਨੌਜਵਾਨਾਂ ਨੂੰ ਅੱਗੇ ਆ ਕੇ ਸਮਾਜ ਦੇ ਮੁੱਖ ਮੁੱਦਿਆਂ 'ਤੇ ਲਾਮਬੰਦ ਹੋਣ ਲਈ ਕਿਹਾ, ਜਿਸ ਵਿੱਚ ਸਾਰਿਆਂ ਲਈ ਸਿਹਤ, ਸਿੱਖਿਆ ਤੇ ਰੁਜ਼ਗਾਰ ਮੁੱਖ ਹਨ।

ਵਾਰਡ ਨੰਬਰ 64 ਦੀ ਕੌਂਸਲਰ ਹਿਦੂ ਮੁਨੀਸ਼ ਸ਼ਾਹ ਤੇ ਆਪ ਆਗੂ ਮੁਨੀਸ਼ ਸ਼ਾਹ ਨੇ ਵੀ ਸਮਾਗਮ ਵਿੱਚ ਹਾਜ਼ਰੀ ਲਵਾਈ ਤੇ ਸੋਸਾਇਟੀ ਵੱਲੋਂ ਅਪਣਾਏ ਗਏ ਇਸ ਪਾਰਕ ਲਈ ਹਰ ਤਰ੍ਹਾਂ ਦੀ ਸਹਾਇਤਾ ਦਾ ਵਿਸ਼ਵਾਸ ਦਿਵਾਇਆ।ਇਲਾਕੇ ਦੇ ਨਾਲ ਨਾਲ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚੋਂ ਆਏ ਸਰੋਤਿਆਂ ਨਾਲ ਪੰਡਾਲ ਭਰਿਆ ਹੋਇਆ ਸੀ।ਮੰਚ ਦੀ ਇਪਟਾ ਟੀਮ ਨੇ ਭੰਡਾਂ ਦੇ ਰੂਪ ਵਿੱਚ ਸੂਬੇ ਤੇ ਕੇਂਦਰੀ ਸਰਕਾਰਾਂ ਦੇ ਝੂਠੇ ਵਾਅਦਿਆਂ ਦੀਆਂ ਪੋਲਾਂ ਖੋਲ੍ਹੀਆਂ।ਸੇਵਾਲ ਸਕੂਲ, ਸੁਬੇਦਾਰ ਬ੍ਰਹਮਦੇਵ ਸਕੂਲ ਤੇ ਪੀਏਯੂ ਸਕੂਲ ਦੀਆਂ ਵਿਦਿਆਰਥਣਾਂ ਨੇ ਦੇਸ਼ ਭਗਤੀ ਦੇ ਗੀਤ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ। ਬੱਚਿਆਂ ਨੂੰ ਟੋਸ਼ਲਾ ਅਵਰਡਾਂ ਦੀ ਇਨਾਮ ਦੇ ਕੇ ਨਿਵਾਜਿਆ ਗਿਆ।ਰਜਿੰਦਰ ਸਿੰਘ ਨੇ ਦੇਸ਼ ਭਗਤੀ ਦਾ ਗੀਤ ਪੇਸ਼ ਕੀਤਾ।ਸਟੇਟ ਦੇ ਨੇਤਾਨ ਅਵਾਰਡੀ ਡਾਕਟਰ ਕੁਲਮ ਲਤਾ ਨੇ ਸਰੋਤਿਆਂ ਨੂੰ ਸੰਬੋਧਨ ਕੀਤਾ।ਸਮਾਗਮ ਦੀ ਕਾਰਵਾਈ ਸੁਰਜੀਤ ਸਿੰਘ ਨੇ ਬਾਖੂਬੀ ਨਿਭਾਈ।ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੋਸਾਇਟੀ ਦੇ ਅਹੁਦੇਦਾਰਾਂ ਨੇ ਸਮਾਗਮ ਨੂੰ ਕਾਮਯਾਬ ਕਰਨ ਲਈ ਦਿਨ ਰਾਤ ਮਿਹਨਤ ਕੀਤੀ।ਸੋਸਾਇਟੀ ਦੇ ਪ੍ਰਧਾਨ ਕਾਮਰੇਡ ਰਣਧੀਰ ਸਿੰਘ ਧੀਰਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਫ਼ਤਿਹਗੜ੍ਹ ਸਾਹਿਬ ਹਲਕੇ ਦੀਆਂ ਸੜਕਾਂ ਲਈ ਗਡਕਰੀ ਕੋਲ ਪਹੁੰਚੇ ਡਾ. ਅਮਰ ਸਿੰਘ



**ਰਾਏਕੋਟ (ਸੰਤੋਖ ਗਿੱਲ)**-ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਸੜਕ ਆਵਾਜਾਈ ਤੇ ਰਾਜ ਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਲੋਕ ਸਭਾ ਹਲਕੇ ਨਾਲ ਸਬੰਧਤ ਸੜਕੀ ਪ੍ਰੋਜੈਕਟਾਂ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਬਾਰੇ ਵਿਚਾਰ-ਚਰਚਾ ਕੀਤੀ।ਡਾ. ਅਮਰ ਸਿੰਘ ਨੇ ਸਰਹਿੰਦ-ਲੁਧਿਆਣਾ ਕੌਮੀ ਮਾਰਗ ਦੀ ਮੁਰੰਮਤ ਤੇ ਨਵੀਨੀਕਰਨ ਦੀ ਮੰਗ ਰੱਖਦਿਆਂ ਸੜਕ 'ਤੇ ਰੋਸ਼ਨੀ ਪ੍ਰਬੰਧ, ਗ੍ਰੀਨ ਬੈਲਟ ਤੇ ਸਰਵਿਸ ਲੇਨ ਦੀ ਮੁਰੰਮਤ ਕਰਵਾਉਣ 'ਤੇ ਜ਼ੋਰ ਦਿੱਤਾ।ਉਨ੍ਹਾਂ ਖੰਨਾ-ਲੁਧਿਆਣਾ ਕੌਮੀ ਮਾਰਗ 'ਤੇ ਕੌਂਟਾ ਸ਼ਮਸ਼ਪੁਰ ਵਿੱਚ ਅੰਡਰਪਾਸ ਬਣਾਉਣ ਦੀ ਮੰਗ ਵੀ ਰੱਖੀ।ਉਨ੍ਹਾਂ ਕਿਹਾ ਕਿ ਕੌਮੀ ਮਾਰਗ ਕਾਰਨ ਪਿੰਡ ਦੋ ਹਿੱਸਿਆਂ ਵਿੱਚ ਵੰਡਿਆ ਗਿਆ ਹੈ ਤੇ ਵਸਨੀਕਾਂ ਨੂੰ ਤੇਜ਼ ਰਫ਼ਤਾਰ ਆਵਾਜਾਈ ਵਿਚਕਾਰ ਸੜਕ ਪਾਰ ਕਰਨੀ ਪੈਂਦੀ ਹੈ। ਲੋਕਾਂ ਦੀ ਸੁਰੱਖਿਆ ਲਈ ਇਸ ਅੰਡਰਪਾਸ ਦੀ ਲੋੜ ਹੈ।ਸਾਹਨੇਵਾਲ ਖੇਤਰ ਦੀ ਆਵਾਜਾਈ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਡਾ. ਅਮਰ ਸਿੰਘ ਨੇ ਸੁਜਾਤਵਾਲ ਰੋਡ ਰਾਹੀਂ ਲੁਧਿਆਣਾ-ਰੂਪਨਗਰ ਐਕਸਪ੍ਰੈੱਸਵੇਅ ਨਾਲ ਪਹੁੰਚ ਮੁਹੱਈਆ ਕਰਵਾਉਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਸਾਹਨੇਵਾਲ ਇੱਕ ਅਹਿਮ ਉਦਯੋਗਿਕ ਖੇਤਰ ਹੈ ਤੇ ਐਕਸਪ੍ਰੈੱਸਵੇਅ ਨਾਲ ਬਿਹਤਰ ਸੰਪਰਕ ਹੋਣ ਨਾਲ ਆਸ-ਪਾਸ ਦੇ ਪਿੰਡਾਂ ਦੇ ਹਜ਼ਾਰਾਂ ਲੋਕਾਂ ਨੂੰ ਲਾਭ ਮਿਲੇਗਾ ਅਤੇ ਉਦਯੋਗ ਤੇ ਵਪਾਰ ਨੂੰ ਹੁਲਾਰਾ ਮਿਲੇਗਾ।ਇਸੇ ਤਰ੍ਹਾਂ ਉਨ੍ਹਾਂ ਖੰਟ ਵਿੱਚ ਪਹਿਲੀ ਮਨਜ਼ੂਰ ਕੀਤੇ ਫੁੱਟ ਓਵਰਬ੍ਰਿਜ ਨੂੰ ਜੀ.ਟੀ.ਬੀ. ਸਕੂਲ ਦੇ ਬਿਲਕੁਲ ਸਾਹਮਣੇ ਤਬਦੀਲ ਕਰਨ ਦੀ ਮੰਗ ਕੀਤੀ।

ਉਨ੍ਹਾਂ ਦੱਸਿਆ ਕਿ ਪੁਲ ਦਾ ਮੁੱਖ ਮਕਸਦ ਐੱਨ.ਐੱਚ.-05 ਪਾਰ ਕਰਨ ਵਾਲੇ ਸਕੂਲੀ ਬੱਚਿਆਂ ਨੂੰ ਸੁਰੱਖਿਅਤ ਰਸਤਾ ਦੇਣਾ ਹੈ, ਪਰ ਮਨਜ਼ੂਰਸ਼ੁਦਾ ਸਥਾਨ ਸਕੂਲ ਤੋਂ ਕੁਝ ਦੂਰੀ 'ਤੇ ਹੋਣ ਕਾਰਨ ਇਹ ਉਦੇਸ਼ ਪੂਰੀ ਤਰ੍ਹਾਂ ਸਾਕਾਰ ਨਹੀਂ ਹੋਵੇਗਾ।ਇਸ ਲਈ ਲੋਕ ਹਿੱਤ ਤੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇਸ ਨੂੰ ਸਕੂਲ ਦੇ ਸਾਹਮਣੇ ਤਬਦੀਲ ਕੀਤਾ ਜਾਣਾ ਚਾਹੀਦਾ ਹੈ।ਡਾ. ਅਮਰ ਸਿੰਘ ਨੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਹਲਕੇ ਨਾਲ ਸਬੰਧਤ ਇਨ੍ਹਾਂ ਪ੍ਰੋਜੈਕਟਾਂ ਨੂੰ ਤਰਜੀਹ ਦੇ ਆਧਾਰ 'ਤੇ ਵਿਚਾਰਦਿਆਂ ਲੋੜੀਂਦੀਆਂ ਮਨਜ਼ੂਰੀਆਂ ਤੇ ਕਾਰਵਾਈ ਜਲਦ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਆਵਾਜਾਈ ਤੇ ਸੜਕ ਸੁਰੱਖਿਆ ਵਿੱਚ ਸੁਧਾਰ ਦੇ ਨਾਲ-ਨਾਲ ਖੇਤਰ ਦੇ ਉਦਯੋਗ, ਵਪਾਰ ਤੇ ਆਰਥਿਕ ਵਿਕਾਸ ਨੂੰ ਵੀ ਹੁਲਾਰਾ ਮਿਲੇਗਾ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਅੰਗਰੇਜ਼ੀ ਭਾਸ਼ਣ ਮੁਕਾਬਲਾ ਕਰਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਪੁਰ ਵਿਖੇ ਅੰਗਰੇਜ਼ੀ ਭਾਸ਼ਣ ਮੁਕਾਬਲੇ ਦਾ ਆਯੋਜਨ ਬੜੇ ਉਤਸ਼ਾਹ ਅਤੇ ਜੋਸ਼ ਨਾਲ ਕੀਤਾ ਗਿਆ।ਇਸ ਮੁਕਾਬਲੇ ਵਿੱਚ ਤੀਜੀ ਜਮਾਤ ਤੋਂ ਲੈ ਕੇ +2 ਤੱਕ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਵਿਦਿਆਰਥੀਆਂ ਨੇ ਆਪਣੇ ਭਾਸ਼ਣ ਪੂਰੇ ਆਤਮ-ਵਿਸ਼ਵਾਸ, ਸਪਸ਼ਟਤਾ, ਪ੍ਰਭਾਵਸ਼ਾਲੀ ਹਾਵ-ਭਾਵ ਤੇ ਅੰਗਰੇਜ਼ੀ ਭਾਸ਼ਾ ਉੱਤੇ ਸ਼ਾਨਦਾਰ ਪਕੜ ਨਾਲ ਪੇਸ਼ ਕੀਤੇ।ਸਮਾਗਮ ਨੇ ਵਿਦਿਆਰਥੀਆਂ ਨੂੰ ਆਪਣੀ ਭਾਸ਼ਣ ਕਲਾ, ਆਤਮ-ਵਿਸ਼ਵਾਸ, ਸੰਚਾਰ ਯੋਗਤਾ ਤੇ ਮੰਚ ਪ੍ਰਸਤੁਤੀ ਦੇ ਹੁਨਰ ਨੂੰ ਨਿਖਾਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ।ਵਿਦਿਆਰਥੀਆਂ ਵੱਲੋਂ ਦਿੱਤੀਆਂ ਗਈਆਂ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਦੀ ਹਾਜ਼ਰ ਸਾਰੇ ਦਰਸ਼ਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।ਸਕੂਲ ਦੇ ਪ੍ਰਧਾਨ ਪਰਦੱਮਨ ਸਿੰਘ ਵਿਰਕ ਨੇ ਵਿਦਿਆਰਥੀਆਂ ਦੇ ਮਿਹਨਤ-ਭਰੇ ਯਤਨਾਂ ਤੇ ਸ਼ਾਨਦਾਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਸਾਰੇ ਪ੍ਰਤੀਭਾਗੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਦਿਲੋਂ ਅਸੀਸਾਂ ਤੇ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਲਗਾਤਾਰ ਭਾਗ ਲੈਣ ਅਤੇ ਜੀਵਨ ਦੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ?ਸਕੂਲ ਦੀ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਵੀ ਵਿਦਿਆਰਥੀਆਂ ਦੀ ਸ਼ਾਨਦਾਰ ਪੇਸ਼ਕਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# 29 ਉੱਘੀਆਂ ਸ਼ਖ਼ਸੀਅਤਾਂ ਮੁੱਖ ਮੰਤਰੀ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਨੀਤਾ ਕੁਮਾਰੀ ਤੇ ਲੀਓ ਅਹਿਮ ਦੀ ਪ੍ਰਧਾਨਗੀ ਹੇਠ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਦੀਕਸ਼ਾ ਮੱਕੜ ਅਤੇ ਪ੍ਰੀਆ ਚੋਪੜਾ ਵਲੋਂ ਸਟੇਜ ਸਕੱਤਰ ਦੀ ਭੂਮਿਕਾ ਨੂੰ ਸ਼ਾਇਰਾਨਾ ਤਰੀਕੇ ਨਾਲ ਨਿਭਾਇਆ ਗਿਆ। ਮੁੱਖ ਮਹਿਮਾਨ ਹਰਜੋਤ ਕੌਰ ਲੋਹਟੀਆ ਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਬੰਗਾ ਨਗਰ ਕੌਂਸਲ ਪ੍ਰਧਾਨ ਮੋਨੀਕਾ ਵਾਲੀਆ ਅਤੇ ਜੋਨ ਬੰਗਾ ਦੇ ਜੋਨ ਚੇਅਰਪਰਸਨ ਲਾਇਨ ਮੀਨੂੰ ਭੂੱਟਾ ਸ਼ਾਮਲ ਹੋਏ। ਮੇਲੇ ਵਿਚ 100 ਤੋਂ ਵੱਧ ਪੰਜਾਬੀ ਮੁਟਿਆਰਾਂ ਨੇ ਤੀਆਂ ਦੇ ਤਿਉਹਾਰ ਦਾ ਆਨੰਦ ਮਨਾਇਆ। ਹਰਜੋਤ ਕੌਰ ਲੋਹਟੀਆ ਅਤੇ ਮੋਨੀਕਾ ਵਾਲੀਆ ਵਲੋਂ ਲਾਇਨਜ਼ ਕਲੱਬ ਬੰਗਾ ਸਿਮਰਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਲਵਜੀਤ ਰਾਏ ਅਤੇ ਰੋਬਿਨ ਰਾਏ ਅਤੇ ਡ੍ਰੀਮਜ ਲੁਕ ਸਲੂਨ ਵਲੋਂ ਸਾਰੇ ਹੀ ਮੈਂਬਰਾਂ ਨੂੰ ਯਾਦਗਾਰੀ ਗਿਫਟ ਵੰਡੇ ਗਏ। ਜੋਨ ਚੇਅਰਪਰਸਨ ਮੀਨੂੰ ਭੂੱਟਾ ਵਲੋਂ ਆਪਣੀਆਂ ਸਹੇਲੀਆ ਦੇ ਗਰੁੱਪ ਨਾਲ ਮਿਲਕੇ ਭੰਗੜਾ ਪਾਇਆ ਗਿਆ ਅਤੇ ਸਾਰੇ ਮੈਂਬਰਾਂ ਵਲੋਂ ਵੱਖ ਵੱਖ ਭੰਗੜਾ, ਗਿੱਧਾ ਅਤੇ ਕੋਰਿਓਗ੍ਰਾਫੀ ਕਰਕੇ ਸਾਰਿਆਂ ਨੂੰ ਅਨੰਦ ਦਵਾਇਆ। ਪ੍ਰੋਗਰਾਮ ਦੇ ਦੌਰਾਨ ਲਾਇਨਜ ਕਲੱਬ ਬੰਗਾ ਸਿਮਰਨ ਅਤੇ ਲੀਓ ਕਲੱਬ ਬੰਗਾ ਗੁਰਸਿਮਰਨ ਵਲੋਂ ਸਾਰੇ ਹੀ ਮਹਿਮਾਨਾਂ ਦਾ ਫੁਲਕਾਰੀਆਂ ਅਤੇ ਵਿਸ਼ੇਸ਼ ਯਾਦਗਾਰ ਸਨਮਾਨ ਨਾਲ ਸਨਮਾਨਤ ਕੀਤਾ ਗਿਆ । ਸਮਾਗਮ ਦੇ ਅੰਤ ਵਿੱਚ ਮੈਡਮ ਹਰਮਨ ਕੌਰ ਮਾਨ ਨੂੰ ਮੁੱਖ ਮਹਿਮਾਨ ਮੈਡਮ ਹਰਜੋਤ ਕੌਰ ਲੋਹਟੀਆ ਵਲੋਂ ਸੋਹਣੀ ਮੁਟਿਆਰ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਅਤੇ ਮਿਸ ਤੀਜ ਦਾ ਤਾਜ ਮੈਡਮ ਹਰਮਨ ਦੇ ਸਿਰ ਤੇ ਸਜਾਇਆ।

# ਵਿਦਿਆਰਥੀਆਂ ਨੇ ਵਿਦਿਅਕ ਤੇ ਖੇਡਾਂ ਦੇ ਖੇਤਰ 'ਚ ਮੱਲਾਂ ਮਾਰੀਆਂ

**ਸੁਲਤਾਨਪੁਰ ਲੋਧੀ (ਹਨੀ)-** ਨਨਕਾਣਾ ਸਾਹਿਬ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਵਿਦਿਅਕ ਖੇਤਰ 'ਚ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਖੇਡਾਂ ਦੇ ਖੇਤਰ ਵਿੱਚ ਵੀ ਸ਼ਾਨਦਾਰ



ਪ੍ਰਦਰਸ਼ਨ ਕਰਦਿਆਂ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ । ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ, ਪ੍ਰੈਜ਼ੀਡੈਂਟ ਬੀਬੀ ਗੁਰਪ੍ਰੀਤ ਕੌਰ ਮੈਂਬਰ ਐਸ.ਜੀ.ਪੀ.ਸੀ. ਅੰਮ੍ਰਿਤਸਰ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਐਡਮਿਨਿਸਟ੍ਰੇਟਰ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਅਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਅਕਾਦਮਿਕ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ। ਜਮਾਤ ਅੱਠਵੀਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਨ 'ਤੇ ਸਨੇਹਾ, ਕ੍ਰਿਸ਼ ਕੁਮਾਰ ਅਤੇ ਸਨੀ ਨੂੰ ਟ੍ਰਾਫੀਆਂ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਜਮਾਤ ਦਸਵੀਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸੁਮਿਤਪ੍ਰੀਤ ਸਿੰਘ, ਸੁਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਜੋਤ ਕੌਰ ਅਤੇ ਲਵਿਸ਼ ਵਰਮਾ ਨੂੰ ਵੀ ਅਕਾਦਮਿਕ ਉਪਲਬਧੀਆਂ ਲਈ ਸਨਮਾਨਤ ਕੀਤਾ ਗਿਆ। ਜਮਾਤ ਬਾਰ੍ਹਵੀਂ ਦੇ ਹੋਣਹਾਰ ਵਿਦਿਆਰਥੀਆਂ ਮੁਨੀਸ਼ਾ ਭੱਟੀ, ਮਾਨਸੀ, ਇੰਦਰਪ੍ਰੀਤ ਕੌਰ ਅਤੇ ਮਨਪ੍ਰੀਤ ਕੌਰ ਨੂੰ ਵੀ ਸ਼ਾਨਦਾਰ ਬੋਰਡ ਨਤੀਜਿਆਂ ਲਈ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਖੇਡਾਂ ਦੇ ਖੇਤਰ ਵਿੱਚ ਸਕੂਲ ਦੇ ਵਿਦਿਆਰਥੀ ਅਰਮਾਨ ਸਿੰਘ ਨੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਮੀਟਰ ਦੌੜ ਵਿੱਚ ਸੋਨ ਤਗਮਾ, 4×100 ਮੀਟਰ ਰਿਲੇ ਦੌੜ ਵਿੱਚ ਕਾਂਸੀ ਦਾ ਤਗਮਾ ਅਤੇ ਲੰਬੀ ਛਾਲ ਵਿੱਚ ਕਾਂਸੀ ਦਾ ਤਗਮਾ ਹਾਸਲ ਕੀਤਾ। ਉਸ ਦੀ ਇਸ ਪ੍ਰਾਪਤੀ ਨਾਲ ਸਕੂਲ ਦਾ ਨਾਮ ਖੇਡ ਜਗਤ ਵਿੱਚ ਹੋਰ ਉੱਚਾ ਹੋਇਆ। ਇਸੇ ਤਰ੍ਹਾਂ ਸਕੂਲ ਦੇ ਹੋਣਹਾਰ ਵਿਦਿਆਰਥੀ ਪ੍ਰਿੰਸਪ੍ਰੀਤ ਸਿੰਘ ਨੇ ਰਾਸ਼ਟਰੀ ਪੱਧਰੀ ਪਾਵਰਲਿਫਟਿੰਗ ਮੁਕਾਬਲੇ ਵਿੱਚ 160 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਗਮਾ ਜਿੱਤ ਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ। ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਉਪਲਬਧੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮੈਡਮ ਪਰਵੀਨ ਕੁਮਾਰੀ, ਨੀਨਾ ਕੁਮਾਰੀ, ਅਮਨਪ੍ਰੀਤ ਕੌਰ, ਕਵਲਜੀਤ ਕੌਰ, ਮਨਦੀਪ ਕੌਰ, ਸਿਮਰਜੀਤ ਕੌਰ, ਮਨਪ੍ਰੀਤ ਕੌਰ, ਪਵਨਪ੍ਰੀਤ ਕੌਰ, ਮੋਨਿਕਾ, ਕੋਮਲਪ੍ਰੀਤ ਕੌਰ, ਲਤਾ, ਮਨਜੀਤ ਕੌਰ, ਦਿਲਪ੍ਰੀਤ ਕੌਰ, ਸਤਿੰਦਰਵੀਰ ਕੌਰ, ਵੰਦੀਪ ਕੌਰ ਆਦਿ ਹਾਜ਼ਰ ਸਨ।

# ਪ੍ਰਗਤੀਵਾਦੀ ਕਵਿਤਾ ਕੇਂਦਰ ਵੱਲੋਂ ਕਵੀ ਦਰਬਾਰ

**ਚੰਡੀਗੜ੍ਹ (ਸੁਰਜੀਤ ਸੁਮਨ)-** ਪ੍ਰਗਤੀਵਾਦੀ ਕਵਿਤਾ ਕੇਂਦਰ, ਮੋਹਾਲੀ ਵੱਲੋਂ ਕਰਵਾਏ ਗਏ ਕਵੀ ਦਰਬਾਰ ਵਿੱਚ ਕਵੀਆਂ ਦੀ ਭਰਵੀਂ ਇਕੱਤਰਤਾ ਹੋਈ। ਸਰਪ੍ਰਸਤ ਦਲਬੀਰ ਸਰੋਆ ਨੇ ਕੇਂਦਰ ਦੇ ਮੰਤਵ ਅਤੇ ਟੀਚਿਆਂ 'ਤੇ ਰੋਸ਼ਨੀ ਪਾਈ। ਸਟੇਜ ਸੰਭਾਲਦਿਆਂ ਉੱਘੇ ਲੇਖਕ ਰਾਜਿੰਦਰ ਸਿੰਘ ਧੀਮਾਨ ਵੱਲੋਂ ਕੇਂਦਰ ਦੀ ਵਿਲੱਖਣਤਾ ਬਾਰੇ ਗੱਲ ਕਰਦਿਆਂ ਜਾਣਕਾਰੀ ਸਾਂਝੀ ਕੀਤੀ ਗਈ। ਲੇਖਕਾਂ ਵਿੱਚ ਤਰਸੇਮ ਕਾਲੇਵਾਲ, ਜਸਵਿੰਦਰ ਸਿੰਘ ਕਾਈਨੌਰ, ਪਿਆਰਾ ਸਿੰਘ ਰਾਹੀਂ, ਭੁਪਿੰਦਰ ਕੌਰ, ਪ੍ਰਿਤਪਾਲ ਸਿੰਘ, ਬਲਦੇਵ ਬਿੰਦਰਾ, ਮਲਕੀਤ ਨਾਗਰਾ, ਉਮਾ ਕਾਂਤ ਤਿਵਾੜੀ, ਜਗਤਾਰ ਯੋਗ, ਬੰਤ ਦੀਪ, ਬਲਵਿੰਦਰ ਢਿੱਲੋਂ, ਰਤਨ ਬਾਬਕਵਾਲਾ, ਬਲਜਿੰਦਰ ਸ਼ੇਰਗਿੱਲ, ਮੰਦਰ ਗਿੱਲ, ਡਾ. ਜਸਪਾਲ ਜੱਸੀ, ਸਰਵਣ ਸਾਬਰ, ਕੁਲਦੀਪ ਦੀਪ, ਰਾਜੀਵ ਸੂਦ, ਬਲਵਿੰਦਰ ਸਿੰਘ, ਦਲਵੀਰ ਸਰੋਆ ਅਤੇ ਕੁਲਤਾਰ ਬਟਾਲਵੀ ਨੇ ਆਪਣੀਆਂ ਆਪਣੀਆਂ ਰਚਨਾਵਾਂ ਬਾਖੂਬੀ ਪੇਸ਼ ਕੀਤੀਆਂ। ਕੇਂਦਰ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹੋਏ ਸ੍ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ, ਬਹੁ-ਵਿਧਾਵੀ ਲੇਖਕ ਪ੍ਰਿੰ. ਬਹਾਦਰ ਸਿੰਘ ਗੋਸਲ ਤੇ ਸੁਰਜੀਤ ਸੁਮਨ ਨੇ ਜਿੱਥੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ, ਉੱਥੇ ਸਤਿਕਾਰਯੋਗ ਕਵੀਆਂ ਨੂੰ ਆਪਣੀ ਲੇਖਣੀ ਵਿੱਚ ਪਰਪੱਕਤਾ ਲਿਆਉਣ ਅਤੇ ਇਸੇ ਤਰ੍ਹਾਂ ਸਿਰ ਜੋੜ ਕੇ ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰਨ ਹਿਤ ਤਿਆਗ ਦੀ ਭਾਵਨਾ ਨਾਲ ਹੰਭਲਾ ਮਾਰਨ ਲਈ ਪ੍ਰੇਰਤ ਕੀਤਾ। ਉਨ੍ਹਾਂ ਕਿਹਾ ਕਿ ਸਾਹਿਤ ਹਮੇਸ਼ਾ ਸਾਨੂੰ ਆਪਸ ਵਿੱਚ ਜੋੜਦਾ ਹੈ। ਪ੍ਰਿੰ. ਬਹਾਦਰ ਸਿੰਘ ਗੋਸਲ ਵੱਲੋਂ ਜਿਥੇ ਸਟੇਜ ਨੂੰ ਬਾਖੂਬੀ ਨਿਭਾਉਣ ਤੇ ਸਭ ਨੂੰ ਯੋਗ ਮੌਕਾ ਦੇਣ ਲਈ ਰਾਜਿੰਦਰ ਸਿੰਘ ਧੀਮਾਨ ਦੀ ਸਿਫਤ ਕੀਤੀ, ਉੱਥੇ ਉਨ੍ਹਾਂ ਵਲੋਂ ਸਾਹਿਤ ਦੇ ਖੇਤਰ ਵਿੱਚ ਮਾਰੀਆਂ ਮੱਲਾਂ ਦਾ ਉਲੇਖ ਵੀ ਕੀਤਾ।



# ਬੀ ਏ ਬੀ ਐੱਡ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਚਾਰ ਸਾਲਾ ਇੰਟਗ੍ਰੇਟਿਡ ਕੋਰਸ ਬੀ ਏ ਬੀ ਐੱਡ ਦੇ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਪੰਜਾਬ 'ਵਰਸਿਟੀ ਵਲੋਂ ਐਲਾਨੇ ਗਏ ਬੀ ਏ ਬੀ ਐੱਡ ਤੀਜੇ ਸਮੈਸਟਰ ਦੇ ਨਤੀਜੇ ਵਿਚ ਵਿਦਿਆਰਥਣ ਹਰਜੋਤ ਨੇ 85.6 ਫੀਸਦੀ ਅੰਕ ਲੈ ਕੇ ਕਲਾਸ ਵਿਚੋਂ ਪਹਿਲਾ ਸਥਾਨ, ਬਬਲੀਨ ਕੌਰ ਨੇ 85 ਫੀਸਦੀ ਅੰਕ ਲੈ ਕੇ ਦੂਜਾ ਤੇ ਹਰਮਨ ਨੇ 84.4 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਵੀ ਚੰਗੇ ਅੰਕ ਲੈ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



# ਲੋਹਟੀਆ ਨੇ ਵਾਈ ਐੱਫ ਸੀ ਰੁੜਕਾ ਕਲਾਂ ਦਾ ਕੀਤਾ ਦੌਰਾ ਕੀਤਾ

**ਗੁਰਾਇਆ (ਬਿੰਦਰ ਸੁਮਨ)-** ਵਿਧਾਨ ਸਭਾ ਹਲਕਾ ਫਿਲੌਰ ਦੇ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਦਾ ਦੌਰਾ ਕੀਤਾ। ਜਿੱਥੇ ਉਹਨਾਂ ਨੇ ਗ੍ਰਾਮ ਪੰਚਾਇਤ ਨਾਲ ਮੁਲਾਕਾਤ ਕੀਤੀ ਤੇ ਨਵੇਂ ਵਾਈ ਐੱਫ ਸੀ ਖੇਡ ਕੰਪਲੈਕਸ ਦਾ ਦੌਰਾ ਕੀਤਾ।ਉਨ੍ਹਾਂ ਨੌਜਵਾਨ ਖਿਡਾਰੀਆਂ ਅਤੇ ਵਾਈ ਐੱਫ ਸੀ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ ਅਤੇ ਪੰਜਾਬ ਫੁੱਟਬਾਲ ਲੀਗ ਦੇ ਮੈਚ ਦੌਰਾਨ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਹਰਜੋਤ ਕੌਰ ਨੇ ਵਾਈ ਐੱਫ ਸੀ ਅਤੇ ਆਨੰਦਪੁਰ ਸਾਹਿਬ ਅਕੈਡਮੀ ਵਿਚਕਾਰ ਇੱਕ ਦਿਲਚਸਪ ਫੁੱਟਬਾਲ ਮੈਚ ਦੇਖਿਆ। ਉਨ੍ਹਾਂ ਦੀ ਮੌਜੂਦਗੀ ਅਤੇ ਉਤਸ਼ਾਹ ਨੇ ਨੌਜਵਾਨ ਫੁੱਟਬਾਲਰਾਂ ਨੂੰ ਪ੍ਰੇਰਿਤ ਕੀਤਾ ਅਤੇ ਖੇਡ ਸਮਾਗਮ ਵਿੱਚ ਵਿਸ਼ੇਸ਼ ਮਹੱਤਵ ਜੋੜਿਆ। ਮੈਚ ਤੋਂ ਬਾਅਦ ਹਰਜੋਤ ਕੌਰ ਲੋਹੀਆ ਨੇ ਵਾਈ ਐੱਫ ਸੀ ਦੇ ਨਵੇਂ



ਖਿਡਾਰੀਆਂ ਵਿੱਚ ਖੇਡ ਕਿੱਟਾਂ ਵੰਡੀਆਂ, ਉਨ੍ਹਾਂ ਨੂੰ ਫੁੱਟਬਾਲ ਅਤੇ ਖੇਡਾਂ ਵਿੱਚ ਆਪਣਾ ਸਫ਼ਰ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਵੱਲੋਂ ਪਿੰਡ ਵਿੱਚ ਕੀਤੇ ਜਾ ਰਹੇ ਕਾਰਜਾਂ ਲਈ ਤੇ ਨੌਜਵਾਨਾਂ ਲਈ ਮੌਕੇ ਪੈਦਾ ਕਰਨ ਅਤੇ ਖੇਡਾਂ ਨੂੰ ਯੁਵਾ ਵਿਕਾਸ ਅਤੇ ਭਾਈਚਾਰਕ ਸਸ਼ਕਤੀਕਰਨ ਦੇ ਸਾਧਨ ਵਜੋਂ ਉਤਸ਼ਾਹਿਤ ਕਰਨ ਵਿੱਚ ਵਾਈ ਐੱਫ ਸੀ ਦੇ ਯਤਨਾਂ ਦੀ ਸ਼ਲਾਘਾ ਕੀਤੀ।ਸਮਾਗਮ ਵਿੱਚ ਸਰਪੰਚ ਅਕਵਿੰਦਰ ਕੌਰ, ਬਲਾਕ ਸਮੰਤੀ ਮੈਂਬਰ ਸ਼੍ਰੀਮਤੀ ਰਿੰਕੀ ਰਾਣੀ, ਗ੍ਰਾਮ ਪੰਚਾਇਤ ਦੇ ਮੈਂਬਰ, ਸਰਵ ਪੱਖੀ ਵਿਕਾਸ ਮੰਚ ਮੈਂਬਰ, ਅਤੇ ਵਾਈ ਐੱਫ ਸੀ ਸਟਾਫ ਅਤੇ ਮੈਂਬਰ ਸ਼ਾਮਲ ਹੋਏ। ਵਾਈ ਐੱਫ ਸੀ ਅਤੇ ਗ੍ਰਾਮ ਪੰਚਾਇਤ ਵੱਲੋਂ ਹਰਜੋਤ ਕੌਰ ਨੂੰ ਸਤਿਕਾਰ ਅਤੇ ਪ੍ਰਸ਼ੰਸਾ ਦੇ ਚਿੰਨ੍ਹ ਵਜੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਧਨੀ ਪਿੰਡ ਸਕੂਲ ਬਣਿਆ ਜ਼ੋਨ ਚੈਂਪੀਅਨ

**ਜਲੰਧਰ (ਰਾਜੇਸ਼ ਥਾਪਾ)-** ਸਿੱਖਿਆ ਵਿਭਾਗ ਵੱਲੋਂ ਜਾਰੀ ਖੇਡ ਕਲੰਡਰ ਅਨੁਸਾਰ ਸਕੂਲਾਂ ਵਿੱਚ ਜੋਨ ਪੱਧਰ ਦੀਆਂ ਖੇਡਾਂ ਚੱਲ ਰਹੀਆਂ ਹਨ। ਜੋਨ ਗੁਰਾਇਆ-1 ਦੀਆਂ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਦੇ ਸਕੂਲ ਇੰਚਾਰਜ ਰਿਸ਼ੀ ਕੁਮਾਰ ਦੀ ਅਗਵਾਈ ਵਿੱਚ ਜੋਨ ਟੂਰਨਾਮੈਂਟ ਵਿੱਚ ਭੇਜੀਆਂ ਗਈਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪੰਜਾਬੀ ਲੈਕਚਰਾਰ ਤੀਰਥ ਸਿੰਘ ਬਾਸੀ ਸਕੂਲ ਖੇਡ ਇੰਚਾਰਜ ਨੇ ਦੱਸਿਆ ਕਿ ਸਕੂਲ ਦੀਆਂ ਕੁੱਲ 10 ਟੀਮਾਂ ਨੇ ਟੂਰਨਾਮੈਂਟ ਵਿੱਚ ਭਾਗ ਲਿਆ ਜਿਹਨਾਂ ਵਿੱਚੋਂ 6 ਟੀਮਾਂ ਨੇ ਜਿੱਤਾਂ ਪ੍ਰਾਪਤੀਆਂ ਕੀਤੀਆਂ।ਉਹਨਾ ਦੱਸਿਆ ਕਿ ਕੱਬਡੀ ਸਰਕਲ ਲੜਕੇ ਯੂ-17 ਵਿੱਚ ਪਹਿਲਾ, ਕਬੱਡੀ ਨੈਸ਼ਨਲ ਲੜਕੇ ਯੂ-17 ਵਿੱਚ ਪਹਿਲਾ, ਵਾਲੀਬਾਲ ਯੂ-14 ਲੜਕੇ ਵਿੱਚ ਪਹਿਲਾ, ਬੈਡਮਿੰਟਨ ਲੜਕੇ ਯੂ-14 ਵਿੱਚ ਪਹਿਲਾ, ਕਬੱਡੀ ਸਰਕਲ ਲੜਕੇ ਯੂ-14 ਵਿੱਚ ਦੂਸਰਾ,



ਅਤੇ ਕਬੱਡੀ ਨੈਸ਼ਨਲ ਲੜਕੇ ਯੂ-14 ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਰਪੰਚ ਬਲਕਾਰ ਸਿੰਘ ਕੂਨਰ ਨੇ ਸਕੂਲ ਸਟਾਫ ਅਤੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਆਸ ਕੀਤੀ ਕਿ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਵੀ ਖਿਡਾਰੀ ਸ਼ਾਨਦਾਰ ਪ੍ਰਦਰਸ਼ਨ ਕਰਨਗੇ। ਇਸ ਮੌਕੇ ਸਕੂਲ ਇੰਚਾਰਜ ਰਿਸ਼ੀ ਕੁਮਾਰ ਨੇ ਸਟਾਫ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਕੋਚ ਹਰਮੇਸ਼ ਲਾਲ ਵੱਲੋਂ ਕਰਵਾਈ ਗਈ ਤਿਆਰੀ ਸਦਕਾ ਖਿਡਾਰੀਆਂ ਨੇ ਬਿਹਤਰੀਨ ਪ੍ਰਦਰਸ਼ਨ ਕੀਤਾ ਹੈ। ਇਸ ਮੌਕੇ ਤੇ ਚੇਅਰਪਰਸਨ ਮਨਜੀਤ ਕੌਰ,ਰੇਸ਼ਮ ਲਾਲ ਮੈਂਬਰ ਪੰਚਾਇਤ, ਕੇ ਐੱਸ ਕਿੰਦਾ, ਅੰਤਰਰਾਸ਼ਟਰੀ ਕੋਚ ਹਰਮੇਸ਼ ਲਾਲ, ਰਾਧਾ ਸ਼ਰਮਾ, ਰੀਨਾ ਰਾਣੀ, ਸ਼ਿਮਲਾ ਦੇਵੀ, ਲੈਕ. ਕੁਲਵੰਤ ਰਾਮ, ਲੈਕ. ਬਲਵਿੰਦਰ ਰਾਣੀ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਜੋਗਿੰਦਰ ਪਾਲ, ਰਾਹੁਲ, ਮੰਜੂ ਰਾਣੀ, ਸੀਮਾ ਦੇਵੀ, ਅੰਸ਼ੂ ਸੱਭਰਵਾਲ, ਸਰਬਜੀਤ ਕੌਰ, ਸਰੁਚੀ ਲੂਥਰਾ, ਮੈਡਮ ਅਨੂ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜ਼ਰ ਸਨ।

# 80ਵਾਂ ਆਜ਼ਾਦੀ ਦਿਵਸ ਦੇਸ਼ ਭਗਤੀ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ



**ਮੋਹਾਲੀ (ਗੁਰਜੀਤ ਬਿੱਲਾ, ਸੁਰਜੀਤ ਸੁਮਨ)-** ਪੰਜਾਬ ਕ੍ਰਿਕਟ ਐਸੋਸੀਏਸ਼ਨ ਨੇ ਆਈ ਐੱਸ ਬਿੰਦਰਾ ਪੀ ਸੀ ਏ ਸਟੇਡੀਅਮ, ਮੋਹਾਲੀ ਵਿਖੇ 80ਵਾਂ ਆਜ਼ਾਦੀ ਦਿਵਸ ਬੜੇ ਦੇਸ਼ਭਗਤੀ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ। ਇਸ ਮੌਕੇ ਪੀ ਸੀ ਏ ਦੇ ਸਮੂਹ ਸਟਾਫ਼ ਨੇ ਇਕੱਠੇ ਹੋ ਕੇ ਇਤਿਹਾਸਕ ਦਿਹਾੜੇ ਨੂੰ ਮਨਾਇਆ। ਇੱਕ ਗੰਭੀਰ ਅਤੇ ਸਨਮਾਨਪੂਰਨ ਝੰਡਾ ਲਹਿਰਾਉਣ ਸਮਾਰੋਹ ਦੌਰਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਉਪ ਪ੍ਰਧਾਨ ਸ੍ਰੀ ਦੀਪਕ ਬਾਲੀ ਨੇ ਰਾਸ਼ਟਰੀ ਝੰਡਾ ਲਹਿਰਾਇਆ।ਇਕੱਠ ਨੂੰ ਸੰਬੋਧਨ ਕਰਦਿਆਂ ਦੀਪਕ ਬਾਲੀ ਨੇ ਭਾਰਤ ਦੀ ਆਜ਼ਾਦੀ ਤੱਕ ਦੀ ਯਾਤਰਾ ਬਾਰੇ ਗੱਲ ਕੀਤੀ ਅਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਣਗਿਣਤ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਰੋਹ ਦਾ ਸਮਾਪਨ ਹਾਈ ਟੀ ਨਾਲ ਹੋਇਆ, ਜਿਸ ਦੌਰਾਨ ਪੀ ਸੀ ਏ ਦੇ ਸਟਾਫ਼ ਮੈਂਬਰਾਂ ਨੇ ਆਜ਼ਾਦੀ, ਏਕਤਾ ਅਤੇ ਰਾਸ਼ਟਰੀ ਗੌਰਵ ਦੀ ਭਾਵਨਾ ਨੂੰ ਸਮਰਪਤ ਇਸ ਦਿਹਾੜੇ ਨੂੰ ਮਿਲਜੁਲ ਕੇ ਮਨਾਇਆ।

# ਮੋਗਾ ਵਿਖੇ 80ਵਾਂ ਆਜ਼ਾਦੀ ਦਿਵਸ ਮਨਾਇਆ

## ਸੁਤੰਤਰਤਾ ਦਿਵਸ ਮੌਕੇ ਡਿਪਟੀ ਕਮਿਸ਼ਨਰ ਨੇ ਲਹਿਰਾਇਆ ਤਿਰੰਗਾ



## ਭਾਜਪਾ ਜ਼ਿਲ੍ਹਾ ਦਫ਼ਤਰ 'ਚ ਡਾ. ਹਰਜੋਤ ਕਮਲ ਨੇ ਲਹਿਰਾਇਆ ਤਿਰੰਗਾ



ਮੋਗਾ,(ਇਕਬਾਲ ਸਿੰਘ ਖਹਿਰਾ)-ਦੇਸ਼ ਦਾ 80ਵਾਂ ਸੁਤੰਤਰਤਾ ਦਿਵਸ ਮੋਗਾ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਤਿਰੰਗਾ ਲਹਿਰਾਇਆ ਗਿਆ ਅਤੇ ਪਰੇਡ ਦਾ ਨਿਰੀਖਣ ਕੀਤਾ ਤੇ ਪਰੇਡ ਕਮਾਂਡਰ ਰਾਹੁਲ ਕੌਸ਼ਲ ਡੀ.ਐੱਸ.ਪੀ. ਦੀ ਅਗਵਾਈ ਵਿੱਚ ਕੱਢੇ ਗਏ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ।ਇਸ ਤੋਂ ਇਲਾਵਾ ਪੰਜਾਬ ਪੁਲਸ ਦੇ ਬੈਂਡ ਤੇ ਜਵਾਹਰ ਨਵੋਦਿਆ ਵਿਦਿਆਲਿਆ ਸਕੂਲ ਲੋਹਾਰਾ ਦੇ ਬੈਂਡ ਵੱਲੋਂ ਵੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਤੇ ਵਾਰਸਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੀ ਮੌਜੂਦ ਸਨ।ਇਸ ਤੋਂ ਇਲਾਵਾ ਡਰ ਤੇ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ, ਟਰਾਈ ਸਾਈਕਲ ਤੇ ਵ੍ਹੀਲਚੇਅਰਾਂ ਦੀ ਵੀ ਵੰਡ ਕੀਤੀ ਗਈ।

**ਬੀ ਜੇ ਪੀ ਦੇ ਜ਼ਿਲ੍ਹਾ ਦਫ਼ਤਰ ਵਿਖੇ ਸਮਾਗਮ**

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਦਫ਼ਤਰ ਦੁੱਨੇਕੇ ਵਿਖੇ 80ਵੇਂ ਆਜ਼ਾਦੀ ਦਿਵਸ ਮੌਕੇ ਦੇਸ਼ ਭਗਤੀ ਤੇ ਉਤਸ਼ਾਹ ਨਾਲ ਭਰਪੂਰ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਰਾਸ਼ਟਰੀ ਝੰਡਾ ਲਹਿਰਾਇਆ ਤੇ ਤਿਰੰਗੇ ਨੂੰ ਸਲਾਮੀ ਦਿੱਤੀ।ਇਸ ਮੌਕੇ ਭਾਜਪਾ ਦੇ ਵਰਕਰਾਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਆਜ਼ਾਦੀ ਦਿਵਸ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ।ਝੰਡਾ ਲਹਿਰਾਉਣ ਤੋਂ ਬਾਅਦ ਸਾਰਿਆਂ ਨੇ ਇੱਕ-ਦੂਜੇ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਮੂੰਹ ਮਿੱਠਾ ਕਰਵਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਆਪਣੇ ਸੰਬੋਧਨ ਦੌਰਾਨ ਡਾ. ਹਰਜੋਤ ਕਮਲ ਨੇ ਦੇਸ਼ ਵਾਸੀਆਂ ਤੇ ਪਾਰਟੀ ਵਰਕਰਾਂ ਨੂੰ ਆਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਸਾਨੂੰ ਇਹ ਆਜ਼ਾਦੀ ਅਣਗਿਣਤ ਸ਼ਹੀਦਾਂ ਤੇ ਆਜ਼ਾਦੀ ਦੇ ਪਰਵਾਨਿਆਂ ਦੇ ਸੰਘਰਸ਼, ਤਿਆਗ ਤੇ ਬਲੀਦਾਨ ਸਦਕਾ ਪ੍ਰਾਪਤ ਹੋਈ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ, ਅਖੰਡਤਾ ਤੇ ਵਿਕਾਸ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਾ ਚਾਹੀਦਾ ਹੈ।ਸਮਾਰੋਹ ਦੌਰਾਨ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਅੰਤ ਵਿੱਚ ਸਾਰੇ ਵਰਕਰਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਆਜ਼ਾਦੀ ਦਿਵਸ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।ਇਸ ਮੌਕੇ ਨਿਧੜਕ ਸਿੰਘ ਬਰਾੜ, ਸ਼ਮਸ਼ੇਰ ਸਿੰਘ ਕੈਲਾ, ਮੁਖਤਿਆਰ ਸਿੰਘ ਰਿਟਾ. ਐੱਸ.ਪੀ., ਰਾਜਪਾਲ ਠਾਕੁਰ, ਭੁਪਿੰਦਰ ਹੈਪੀ, ਮਨਿੰਦਰ ਜੌੜਾ, ਦਵਿੰਦਰ ਸਿੰਘ, ਗਗਨਦੀਪ ਸਿੰਘ, ਕੁਲਭੂਸ਼ਣ ਜੈਦਕਾ, ਰਾਮ ਸ਼ਰਨ, ਸੰਜੀਵ ਸ਼ਰਮਾ ਸੋਨੂੰ, ਰੁਦਰ ਸ਼ਰਮਾ, ਨਿਰਮਲ ਸਿੰਘ ਲੰਢੇਕੇ, ਇਕਬਾਲ ਸਿੰਘ ਕਾਲਾ, ਵਿਨੀਤ ਬਜਾਜ ਤੋਂ ਇਲਾਵਾ ਕਾਫੀ ਗਿਣਤੀ ਵਿੱਚ ਭਾਜਪਾ ਸਾਥੀ ਹਾਜ਼ਰ ਸਨ।

# ਮੈਡੀਕਲ ਕਾਲਜ ਤੇ ਐੱਮ.ਆਰ.ਆਈ/ਸੀ.ਟੀ. ਸਕੈਨ ਦਾ ਵੱਡਾ ਐਲਾਨ





**ਮਾਲੇਰਕੋਟਲਾ (ਅਸਗਰ ਪਰਿਹਾਰ)** ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਅੱਜ ਮਾਲੇਰਕੋਟਲਾ ਦੇ ਡਾ. ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਪੂਰੇ ਉਤਸ਼ਾਹ, ਦੇਸ਼ ਭਗਤੀ ਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਅਤੇ ਚੋਣ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਝੰਡਾ ਲਹਿਰਾਇਆ।ਇਸ ਉਪਰੰਤ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਤੇ ਮਾਰਚ ਪਾਸਟ ਤੋਂ ਸਲਾਮੀ ਲਈ।

ਸਿਹਤ ਮੰਤਰੀ ਨੇ ਦੇਸ਼ ਦੇ ਆਜ਼ਾਦੀ ਸੰਘਰਸ਼ ਦੇ ਮਹਾਨ ਸ਼ਹੀਦਾਂ, ਆਜ਼ਾਦੀ ਘੁਲਾਟੀਆਂ ਤੇ ਦੇਸ਼ ਦੀ ਆਜ਼ਾਦੀ ਲਈ ਅਥਾਹ ਕੁਰਬਾਨੀਆਂ ਦੇਣ ਵਾਲੇ ਯੋਧਿਆਂ ਨੂੰ ਕੋਟਿ-ਕੋਟਿ ਪ੍ਰਨਾਮ ਕੀਤਾ ਤੇ ਸਾਰੇ ਪੰਜਾਬ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਸਿਹਤ, ਸਿੱਖਿਆ, ਰੋਜ਼ਗਾਰ ਤੇ ਵਿਕਾਸ ਦੇ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣ ਲਈ ਦ੍ਰਿੜ੍ਹ ਸੰਕਲਪ ਹੈ।ਸਰਕਾਰ ਦੇ ਲੋਕ-ਪੱਖੀ ਫੈਸਲਿਆਂ ਅਤੇ ਵਿਕਾਸਮੁਖੀ ਨੀਤੀਆਂ ਸਦਕਾ ਪੰਜਾਬ ਮੁੜ 'ਰੰਗਲਾ ਪੰਜਾਬ, ਹੱਸਦਾ-ਖੇਡਦਾ ਤੇ ਖੁਸ਼ਹਾਲ ਪੰਜਾਬ' ਬਣਨ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਚਾਲੂ ਵਿੱਤੀ ਸਾਲ ਦੇ ਪਹਿਲੇ ਚਾਰ ਮਹੀਨਿਆਂ ਵਿੱਚ ਸੂਬੇ ਦੇ ਜੀ.ਐਸ.ਟੀ. ਮਾਲੀਏ ਵਿੱਚ 20 ਫ਼ੀਸਦੀ ਵਾਧਾ ਦਰਜ ਹੋਇਆ ਹੈ ਅਤੇ 'ਰੰਗਲਾ ਪੰਜਾਬ ਵਿਕਾਸ ਸਕੀਮ' ਦਾ ਬਜਟ ਵਧਾ ਕੇ 1,170 ਕਰੋੜ ਰੁਪਏ ਕੀਤਾ ਗਿਆ ਹੈ।ਸਿਹਤ ਖੇਤਰ ਦੀਆਂ ਉਪਲਬਧੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 900 ਤੋਂ ਵੱਧ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 65 ਲੱਖ ਪਰਵਾਰਾਂ ਨੂੰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।ਸੂਬੇ ਵਿੱਚ 1,090 ਆਮ ਆਦਮੀ ਕਲੀਨਿਕਾਂ ਰਾਹੀਂ 6 ਕਰੋੜ ਤੋਂ ਵੱਧ ਲੋਕ ਮੁਫ਼ਤ ਇਲਾਜ ਦਾ ਲਾਭ ਲੈ ਚੁੱਕੇ ਹਨ। ਮਾਲੇਰਕੋਟਲਾ ਜ਼ਿਲ੍ਹੇ ਵਿੱਚ 15 ਆਮ ਆਦਮੀ ਕਲੀਨਿਕ ਤੇ 16 ਪਿੰਡ ਕਲੀਨਿਕ ਕਾਰਜਸ਼ੀਲ ਹਨ, ਜਦਕਿ 26 ਹੋਰ ਕਲੀਨਿਕ ਜਲਦ ਚਾਲੂ ਕੀਤੇ ਜਾਣਗੇ।ਮਾਲੇਰਕੋਟਲਾ ਲਈ ਵੱਡੇ ਐਲਾਨ ਕਰਦਿਆਂ ਪਟਿਆਲਾ ਰੋਡ ਸਥਿਤ ਡਿਫੈਂਸ ਗਰਾਊਂਡ ਵਿਖੇ 38.5 ਏਕੜ ਰਕਬੇ ਵਿੱਚ 562.68 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਸਥਾਪਤ ਕਰਨ ਲਈ ਵਿਸਤ੍ਰਿਤ ਪ੍ਰੋਜੈਕਟ ਰਿਪੋਰਟ ਤਿਆਰ ਹੋ ਚੁੱਕੀ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਦਾ ਨਿਰਮਾਣ ਕਾਰਜ ਜਲਦ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਗਿਆ ਹੈ।ਐਮ.ਆਰ.ਆਈ. ਅਤੇ ਸੀ.ਟੀ. ਸਕੈਨ: ਜ਼ਿਲ੍ਹਾ ਸਰਕਾਰੀ ਹਸਪਤਾਲ ਮਾਲੇਰਕੋਟਲਾ ਵਿਖੇ 31 ਅਗਸਤ 2026 ਤੋਂ ਐਮ.ਆਰ.ਆਈ. ਅਤੇ ਸੀ.ਟੀ. ਸਕੈਨ (ਛਠ ਸ਼ਚਓਨ) ਦੀ ਸਹੂਲਤ ਸ਼ੁਰੂ ਹੋ ਜਾਵੇਗੀ, ਜਿਸ ਨਾਲ ਗੰਭੀਰ ਬਿਮਾਰੀਆਂ ਦੀ ਜਾਂਚ ਲਈ ਲੋਕਾਂ ਨੂੰ ਦੂਜੇ ਸ਼ਹਿਰਾਂ 'ਚ ਨਹੀਂ ਜਾਣਾ ਪਵੇਗਾ।ਉਨ੍ਹਾਂ ਦੱਸਿਆ ਕਿ ਅਪ੍ਰੈਲ 2022 ਤੋਂ ਹੁਣ ਤੱਕ 69 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦਾ ਸੁਧਾਰ ਅਤੇ ਅੀ ਵਰਗੇ ਆਧੁਨਿਕ ਪਾਠਕ੍ਰਮ ਲਾਗੂ ਕੀਤੇ ਗਏ ਹਨ।

## ਬਿਹਤਰੀਨ ਕਾਰਗੁਜ਼ਾਰੀ ਵਾਲੇ ਸੁਪਰਵਾਈਜ਼ਰ ਤੇ ਬੀ.ਐੱਲ.ਓਜ਼ ਦਾ ਸਨਮਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ) ਦੇਸ਼ ਦੇ 80ਵੇਂ ਸੁਤੰਤਰਤਾ ਦਿਵਸ ਦੇ ਮੌਕੇ 'ਤੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਭਾਰਤੀ ਚੋਣ ਕਮਿਸ਼ਨ ਵੱਲੋਂ ਕਰਾਈ ਜਾ ਰਹੀ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਵਿੱਚ ਪਟਿਆਲਾ ਦੇ ਬਿਹਤਰੀਨ ਕਾਰਗੁਜ਼ਾਰੀ ਕਰਨ ਵਾਲੇ ਸੁਪਰਵਾਈਜ਼ਰ ਅਤੇ ਦੋ ਬੀਐਲਓਜ਼ ਨੂੰ ਸਨਮਾਨਤ ਕੀਤਾ ਹੈ।ਸਮਾਗਮ ਦੌਰਾਨ ਬੈਸਟ ਸੁਪਰਵਾਈਜ਼ਰ ਵਜੋਂ ਸ੍ਰੀ ਇੰਦਰਪਾਲ ਸਿੰਘ ਅਤੇ ਬੈਸਟ ਬੀ.ਐੱਲ.ਓਜ਼ ਸ੍ਰੇਣੀ ਵਿੱਚ ਬਿਹਤਰੀਨ ਕਾਰਗੁਜ਼ਾਰੀ ਦਿਖਾਉਣ ਵਾਲੇ ਕ੍ਰਮਚਾਰੀਆਂ ਸ੍ਰੀ ਸੰਦੀਪ ਕੁਮਾਰ ਤੇ ਸ੍ਰੀ ਜਸਬੀਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕੈਬਨਿਟ ਮੰਤਰੀ ਨੇ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਇਨ੍ਹਾਂ ਸੁਪਰਵਾਈਜ਼ਰ ਤੇ ਬੀ.ਐੱਲ.ਓਜ਼ ਨੇ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੇ ਕਾਰਜ ਨੂੰ ਸੁਚਾਰੂ, ਪਾਰਦਰਸ਼ੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ।ਗੁਰਮੀਤ ਸਿੰਘ ਖੁੱਡੀਆਂ ਨੇ ਸਨਮਾਨਤ ਕ੍ਰਮਚਾਰੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਮਾਨਦਾਰੀ ਅਤੇ ਤਨਦੇਹੀ ਨਾਲ ਲੋਕ ਸੇਵਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

## ਸੁਨਾਮ 'ਚ ਸ਼ਾਨੋ-ਸ਼ੌਕਤ ਨਾਲ ਮਨਾਇਆ 80ਵਾਂ ਆਜ਼ਾਦੀ ਦਿਵਸ

**ਸੁਨਾਮ ਊਧਮ ਸਿੰਘ ਵਾਲਾ, (ਅਸ਼ੋਕ ਬਾਂਸਲ, ਹਾਕਮ ਭੱਟੀ)**: ਦੇਸ਼ ਦੇ 80ਵੇਂ ਆਜ਼ਾਦੀ ਦਿਵਸ ਮੌਕੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਆਜ਼ਾਦੀ ਦਿਹਾੜੇ ਦੇ ਸਮਾਗਮ ਪੂਰੇ ਉਤਸ਼ਾਹ, ਦੇਸ਼ਭਗਤੀ ਤੇ ਸ਼ਾਨੋ-ਸ਼ੌਕਤ ਨਾਲ ਕਰਵਾਏ ਗਏ।ਸਬ-ਡਵੀਜ਼ਨ ਪੱਧਰ 'ਤੇ ਅਨਾਜ ਮੰਡੀ ਸੁਨਾਮ ਵਿਖੇ ਕਰਵਾਏ ਗਏ ਆਜ਼ਾਦੀ ਦਿਵਸ ਸਮਾਗਮ ਦੌਰਾਨ ਐੱਸ.ਡੀ.ਐੱਮ. ਗਗਨਦੀਪ ਸਿੰਘ ਨੇ ਕੌਮੀ ਝੰਡਾ ਲਹਿਰਾਉਂਦੇ ਹੋਏ ਤਿਰੰਗੇ ਨੂੰ ਸਲਾਮੀ ਦਿੱਤੀ ਗਈ।ਆਜ਼ਾਦੀ ਦਿਵਸ ਸਮਾਗਮ ਦੌਰਾਨ ਐੱਸ.ਡੀ.ਐੱਮ. ਗਗਨਦੀਪ ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਅਨੇਕਾਂ ਮਹਾਨ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਸਦਕਾ ਹੈ।ਉਨ੍ਹਾਂ ਕਿਹਾ ਕਿ ਆਜ਼ਾਦੀ ਦਿਹਾੜਾ ਸਾਨੂੰ ਆਪਣੇ ਮਹਾਨ ਵਿਰਸੇ ਨੂੰ ਯਾਦ ਕਰਨ ਦੇ ਨਾਲ-ਨਾਲ ਦੇਸ਼ ਦੀ ਏਕਤਾ, ਅਖੰਡਤਾ ਤੇ ਤਰੱਕੀ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ।ਸਮਾਗਮ ਦੌਰਾਨ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਤੇ ਸੱਭਿਆਚਾਰਕ ਭਾਵਨਾ ਨਾਲ ਭਰਪੂਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਮੌਜੂਦ ਲੋਕਾਂ ਨੂੰ ਖੂਬ ਪ੍ਰਭਾਵਿਤ ਕੀਤਾ।ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਉਣ ਵਾਲੇ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



ਇਸੇ ਤਰ੍ਹਾਂ ਸਥਾਨਕ ਨਗਰ ਕੌਂਸਲ ਦਫ਼ਤਰ ਵਿਖੇ ਵੀ ਆਜ਼ਾਦੀ ਦਿਵਸ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਵੱਲੋਂ ਕੌਮੀ ਝੰਡਾ ਲਹਿਰਾਇਆ ਗਿਆ।ਸਮਾਗਮ ਵਿੱਚ ਨਗਰ ਕੌਂਸਲ ਦੇ ਵੱਖ-ਵੱਖ ਵਾਰਡਾਂ ਦੇ ਕੌਂਸਲਰਾਂ ਨੇ ਸ਼ਮੂਲੀਅਤ ਕੀਤੀ ਤੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ।ਉਧਰ ਸਥਾਨਕ ਰੇਲਵੇ ਸਟੇਸ਼ਨ ਵਿਖੇ ਵੀ ਆਜ਼ਾਦੀ ਦਿਵਸ ਦੇ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਸਟੇਸ਼ਨ 'ਤੇ ਸਥਾਪਤ 100 ਫੁੱਟ ਉੱਚਾ ਤਿਰੰਗਾ ਐੱਨ.ਐੱਚ.ਪੀ.ਸੀ. ਦੇ ਸਾਬਕਾ ਨਿਰਦੇਸ਼ਕ ਅਮਿਤ ਕਾਂਸਲ ਵੱਲੋਂ ਲਹਿਰਾਇਆ ਗਿਅ

## ਅਵਤਾਰ ਸਿੰਘ ਨੇ ਅਹੁਦਾ ਸੰਭਾਲਿਆ



ਸਨੌਰ (ਰਾਜਿੰਦਰ ਸਿੰਘ ਥਿੰਦ) ਨਵੇਂ ਥਾਣਾ ਮੁਖੀ ਵਜੋਂ ਅਵਤਾਰ ਸਿੰਘ ਨੇ ਅਹੁਦਾ ਸੰਭਾਲ ਲਿਆ ਹੈ।ਅਵਤਾਰ ਸਿੰਘ ਪੁਲਸ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਨਿਭਾਉਂਦੇ ਹੋਏ ਵੱਖ-ਵੱਖ ਥਾਵਾਂ 'ਤੇ ਤਾਇਨਾਤ ਰਹਿ ਚੁੱਕੇ ਹਨ।ਨਵੇਂ ਥਾਣਾ ਮੁਖੀ ਇਸ ਤੋਂ ਪਹਿਲਾਂ ਥਾਣਾ ਕੋਤਵਾਲੀ ਸੰਗਰੂਰ ਵਿਖੇ ਤਾਇਨਾਤ ਸਨ।ਉਨ੍ਹਾਂ ਨੇ ਸਨੌਰ ਥਾਣੇ ਵਿਖੇ ਪਹੁੰਚ ਕੇ ਆਪਣਾ ਅਹੁਦਾ ਸੰਭਾਲਿਆ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਪੁਲਸ ਅਧਿਕਾਰੀਆਂ ਤੇ ਕ੍ਰਮਚਾਰੀਆਂ ਨਾਲ ਮੁਲਾਕਾਤ ਕਰਕੇ ਥਾਣੇ ਦੇ ਕੰਮਕਾਜ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣਾ, ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਨਾ ਤੇ ਨਸ਼ਿਆਂ ਸਮੇਤ ਸਮਾਜਿਕ ਬੁਰਾਈਆਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਕਰਨਾ ਪੁਲਿਸ ਦੀ ਮੁੱਖ ਤਰਜ਼ੀਹ ਰਹੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਅਪਰਾਧ ਜਾਂ ਗੈਰ-ਕਾਨੂੰਨੀ ਗਤੀਵਿਧੀ ਸਬੰਧੀ ਪੁਲਿਸ ਨੂੰ ਤੁਰੰਤ ਸੂਚਿਤ ਕਰਨ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ ਪੁਲਿਸ ਦਾ ਸਹਿਯੋਗ ਕਰਨ।

## ਐੱਸ.ਐੱਮ.ਓ ਸੁਖਪ੍ਰੀਤ ਸਿੰਘ ਬਰਾੜ ਨੇ ਅਹੁਦਾ ਸੰਭਾਲਿਆ



ਕੋਟ ਈਸੇ ਖਾਂ (ਅਰੋੜਾ)- ਸਥਾਨਕ ਸ਼ਹਿਰ ਦੇ ਸਰਕਾਰੀ ਸਿਵਲ ਹਸਪਤਾਲ ਵਿਖੇ ਐਸ.ਐਮ.ਓ. ਸੁਖਪ੍ਰੀਤ ਸਿੰਘ ਬਰਾੜ ਵੱਲੋਂ ਅਹੁਦਾ ਸੰਭਾਲਣ ਉਪਰੰਤ ਪ੍ਰੈਸ ਕਲੱਬ ਕੋਟ ਈਸੇ ਖਾਂ, ਸਬ-ਡਿਵੀਜ਼ਨ ਧਰਮਕੋਟ, ਰਜਿ. ਮੋਗਾ ਦੇ ਅਹੁਦੇਦਾਰਾਂ ਨਾਲ ਪਲੇਠੀ ਮੀਟਿੰਗ ਕੀਤੀ ਗਈ। ਇਹ ਮੀਟਿੰਗ ਪ੍ਰੈਸ ਕਲੱਬ ਦੇ ਪ੍ਰਧਾਨ ਜਗਰਾਜ ਸਿੰਘ ਗਿੱਲ ਦੀ ਅਗਵਾਈ ਹੇਠ ਹੋਈ, ਜਿਸ ਦੌਰਾਨ ਪੱਤਰਕਾਰ ਭਾਈਚਾਰੇ ਵੱਲੋਂ ਹਸਪਤਾਲ ਵਿੱਚ ਲੋਕਾਂ ਅਤੇ ਮਰੀਜ਼ਾਂ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਿਲਾਂ ਸਬੰਧੀ ਐਸ.ਐਮ.ਓ. ਨੂੰ ਜਾਣੂ ਕਰਵਾਇਆ ਗਿਆ।ਐਸ.ਐਮ.ਓ. ਬਰਾੜ ਨੇ ਗੰਭੀਰਤਾ ਨਾਲ ਲੈਂਦਿਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਾ ਸਿਮਰਨਜੀਤ ਸਿੰਘ ਧਾਲੀਵਾਲ, ਡਾ ਹਰਜੋਤ ਕੌਰ ਕੰਬੋਜ ਜਨਰਲ ਸਰਜਨ, ਡਾ ਗੁਰਵਿੰਦਰ ਸਿੰਘ ਬਰਾੜ, ਡਾ ਅਮਰਿੰਦਰ ਸਿੰਘ ਬਾਵਾ, ਵੀਰਪਾਲ ਕੌਰ ਨਰਸਿੰਗ ਸਟਾਫ ਤੋਂ ਇਲਾਵਾ ਹੋਰ ਸਟਾਫ ਮੈਂਬਰ ਹਾਜ਼ਰ ਸਨ।

## ਜਨਤਕ ਨੋਟਿਸ

ਜਦੋਂ ਕਿ ਇਥੇ ਦਰਸਾਏ ਮਾਮਲੇ, ਭਾਵ ਆਰਬੀਟ੍ਰੇਸ਼ਨ ਐਂਡ ਕੰਸੀਲੀਏਸ਼ਨ ਐਕਟ 1996 ਦੀ ਧਾਰਾ 9 ਅਧੀਨ ਆਰਬੀਟ੍ਰੇਸ਼ਨ ਪਟੀਸ਼ਨ, ਬੰਬਈ ਦੀ ਮਾਣਯੋਗ ਹਾਈ ਕੋਰਟ (ਕੋਰਮ : ਅਮਿਤ ਬੋਰਕਰ ਜੇ.) ਦੇ ਸਾਹਮਣੇ ਲੰਬਿਤ ਹੈ।

**ਬੰਬਈ ਵਿਖੇ ਨਿਆਂਪਾਲਿਕਾ ਦੀ ਉੱਚ ਅਦਾਲਤ ਵਿਚ ਆਮ ਮੂਲ ਸਿਵਲ ਅਧਿਕਾਰ ਖੇਤਰ।**
**ਆਈ ਆਈ ਐੱਫ ਐੱਲ ਫਾਇਨਾਂਸ ਲਿਮਟਿਡ।**
.....ਪਟੀਸ਼ਨਰ

ਬਨਾਮ

ਮੈਸ: ਵੈਸ਼ਨੋ ਆਇਰਨ ਸਕਰੈਪ
ਸ੍ਰੀ ਸੰਤੋਸ਼ ਗੁਪਤਾ
ਸ੍ਰੀਮਤੀ ਨਿਸ਼ਾ ਦੇਵੀ .....ਜਵਾਬਦੇਹ

ਸੇਵਾ 'ਚ
1. ਮੈਸ. ਵੈਸ਼ਨੋ ਆਇਰਨ ਸਕਰੈਪ
ਪਤਾ 3, ਨਿਊ ਇੰਡਸਟ੍ਰੀਅਲ ਅਸਟੇਟ, ਜਲੰਧਰ, ਪੰਜਾਬ-144009
ਈਮੇਲ ਆਈਡੀ : skg.vaishnoiron-scrap@mail.com
2. ਸ੍ਰੀ ਸੰਤੋਸ਼ ਗੁਪਤਾ (ਮੈਸ. ਵੈਸ਼ਨੋ ਆਇਰਨ ਸਕਰੈਪ ਦਾ ਮਾਲਕ)
ਪਤਾ : ਮਕਾਨ ਨੰ: 120/ਸੀ, ਗੁਲਮਰਗ ਕਾਲੋਨੀ, ਲੰਮਾ ਪਿੰਡ ਚੌਕ, ਗਲੀ ਨੰ: 3, ਰੇਰੂ, ਚਾਰਾ ਮੰਡੀ ਦੇ ਪਿਛਲੇ ਪਾਸੇ, ਨਵੀਂ ਦਿੱਲੀ-ਜਲੰਧਰ, ਦਿੱਲੀ -144012
3. ਸ੍ਰੀਮਤੀ ਨਿਸ਼ਾ ਦੇਵੀ (ਸਹਿ-ਕਰਜ਼ਦਾਰ)
ਪਤਾ : ਮਕਾਨ ਨੰ: 120/ਸੀ, ਗੁਲਮਰਗ ਕਾਲੋਨੀ, ਲੰਮਾ ਪਿੰਡ ਚੌਕ, ਗਲੀ ਨੰ: 3, ਰੇਰੂ, ਚਾਰਾ ਮੰਡੀ ਦੇ ਪਿਛਲੇ ਪਾਸੇ, ਨਵੀਂ ਦਿੱਲੀ-ਜਲੰਧਰ, ਦਿੱਲੀ -144012
.....ਜਵਾਬਦੇਹ

ਅਤੇ ਜਦੋਂ ਕਿ 06.08.2026 ਦੇ ਹੁਕਮ ਦੁਆਰਾ, ਉਸ ਦੀ ਪ੍ਰਭੂਤਾ ਨੂੰ ਬਦਲਵੀਂ ਸੇਵਾ ਦੇ ਜ਼ਰੀਏ ਜਵਾਬਦੇਹਾਂ ਦੀ ਸੇਵਾ ਦੀ ਆਗਿਆ ਦੇਣ ਦੀ ਖੁਸ਼ੀ ਹੋਈ।

ਇਸ ਅਨੁਸਾਰ **ਜਵਾਬਦੇਹ** 1, 2 **ਅਤੇ** 3 ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਅਤੇ ਉਕਤ ਹੁਕਮ ਦਾ ਧਿਆਨ ਰੱਖਣ ਅਤੇ 04 ਸਤੰਬਰ 2026 ਨੂੰ ਮਾਣਯੋਗ ਅਮਿਤ ਬੋਰਕਰ ਜੇ. ਦੇ ਸਾਹਮਣੇ ਉਕਤ ਮਾਮਲੇ 'ਚ ਵਿਅਕਤੀਗਤ ਤੌਰ 'ਤੇ ਜਾਂ ਕਿਸੇ ਵਕੀਲ ਦੁਆਰਾ ਹਾਜ਼ਰ ਹੋਣ ਲਈ ਕਿਹਾ ਜਾਂਦਾ ਹੈ, ਜੋ ਕਿ ਅਸਲ ਪੱਖ, ਹਾਈਕੋਰਟ, ਬੰਬਈ ਅਤੇ ਜਾਂ ਉਸ ਤੋਂ ਬਾਅਦ, ਜਦੋਂ ਮਾਮਲਾ ਅਜਿਹੇ ਮਾਮਲੇ ਦੀ ਸੁਣਵਾਈ ਕਰਨ ਵਾਲੀ ਮਾਣਯੋਗ ਅਦਾਲਤ ਦੇ ਸਾਹਮਣੇ ਸੂਚੀਬੱਧ ਹੁੰਦਾ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਤੁਹਾਡੇ ਵੱਲੋਂ ਵਿਅਕਤੀਗਤ ਤੌਰ 'ਤੇ ਜਾਂ ਹਾਈਕੋਰਟ, ਬੰਬਈ ਦੇ ਕਿਸੇ ਵਕੀਲ ਦੁਆਰਾ ਤੁਹਾਡੇ ਦੁਆਰਾ ਅਧਿਕਾਰਤ ਅਤੇ ਨਿਰਦੇਸ਼ਤ ਕੋਈ ਪੇਸ਼ੀ ਨਹੀਂ ਕੀਤੀ ਜਾਂਦੀ ਤਾਂ ਉਪਰੋਕਤ ਮਾਮਲੇ ਨੂੰ ਤੁਹਾਡੀ ਗੈਰ ਹਾਜ਼ਰੀ ਵਿਚ ਬਿਨਾਂ ਕਿਸੇ ਹੋਰ ਸੂਚਨਾ ਦੇ ਸੁਣਿਆ ਅਤੇ ਨਿਰਧਾਰਤ ਕੀਤਾ ਜਾ ਸਕਦਾ ਹੈ।

**ਮਿਤੀ 6 ਅਗਸਤ 2026 ਦੇ ਹੁਕਮ ਦੀ ਪਾਲਣਾ ਹਿਤ।**
**ਮਿਤੀ** : 17.08.2026
**ਸਥਾਨ ਜਲੰਧਰ**
**ਪਟੀਸ਼ਨਰ**
**ਆਈ ਆਈ ਐੱਫ ਐੱਲ ਫਾਇਨਾਂਸ ਲਿਮਟਿਡ**

# ਨਗਰ ਕੌਂਸਲ ਦੀ ਨਵ-ਨਿਯੁਕਤ ਪ੍ਰਧਾਨ ਅਮਰਜੋਤ ਕੌਰ ਬਾਜਵਾ ਦਾ ਸਨਮਾਨ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ) ਨਗਰ ਕੌਂਸਲ ਦੀ ਪ੍ਰਧਾਨ ਚੁਣੇ ਗਏ ਅਮਰਜੋਤ ਕੌਰ ਬਾਜਵਾ ਤੇ ਉਨ੍ਹਾਂ ਦੇ ਪਤੀ ਰੂਬਲ ਬਾਜਵਾ ਦਾ ਦੇਸ਼ ਭਗਤ ਕਾਲਜ ਬਰੜਵਾਲ ਟਰੱਸਟ ਦੀ ਮੈਨੇਜਮੈਂਟ ਵੱਲੋਂ ਸਵਾਗਤ ਕਰਦਿਆਂ ਉੱਚੇਚੇ ਤੌਰ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਟਰੱਸਟ ਦੇ ਅਹੁਦੇਦਾਰਾਂ ਵੱਲੋਂ ਬਾਜਵਾ ਪਰਵਾਰ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਹਾਰਦਿਕ ਮੁਬਾਰਕਬਾਦ ਦਿੱਤੀ ਗਈ ਤੇ ਸ਼ਹਿਰ ਦੀ ਬਿਹਤਰੀ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।ਦੱਸਣਯੋਗ ਹੈ ਕਿ ਨਵ ਨਿਯੁਕਤ ਪ੍ਰਧਾਨ ਅਮਰਜੋਤ ਕੌਰ ਬਾਜਵਾ ਦੇਸ਼ ਭਗਤ ਕਾਲਜ ਬਰੜਵਾਲ ਅਧੀਨ ਚੱਲਦੇ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਵਿਖੇ ਬਤੌਰ ਅਧਿਆਪਕਾ ਸੇਵਾਵਾਂ ਨਿਭਾਅ ਰਹੇ ਹਨ।ਟਰੱਸਟ ਦੇ ਸਕੱਤਰ ਬਲਵੰਤ ਸਿੰਘ ਮੀਮਸਾ, ਟਰੱਸਟੀ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਡਾ. ਸੁਖਵਿੰਦਰ ਸਿੰਘ ਧਾਂਦਰਾ, ਸਾਬਕਾ ਸਰਪੰਚ ਅੰਮ੍ਰਿਤਪਾਲ ਕੌਰ ਅਤੇ ਗੁਰਵਿੰਦਰ ਸਿੰਘ ਬਰੜਵਾਲ ਨੇ ਸਾਂਝੇ ਤੌਰ 'ਤੇ ਨਵ-ਨਿਯੁਕਤ ਪ੍ਰਧਾਨ ਅਮਰਜੋਤ ਕੌਰ ਬਾਜਵਾ ਤੇ ਰੂਬਲ ਬਾਜਵਾ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ।ਟਰੱਸਟ ਦੇ ਸਕੱਤਰ ਬਲਵੰਤ ਸਿੰਘ ਮੀਮਸਾ ਤੇ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਕਿਹਾ ਕਿ ਅਮਰਜੋਤ ਕੌਰ ਬਾਜਵਾ ਦਾ ਨਗਰ ਕੌਂਸਲ ਪ੍ਰਧਾਨ ਬਣਨਾ ਸਮੁੱਚੇ ਧੂਰੀ ਹਲਕੇ ਲਈ ਮਾਣ ਵਾਲੀ ਗੱਲ ਹੈ।ਸਨਮਾਨ ਲਈ ਟਰੱਸਟ ਦੀ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਨਗਰ ਕੌਂਸਲ ਪ੍ਰਧਾਨ ਅਮਰਜੋਤ ਕੌਰ ਬਾਜਵਾ ਤੇ ਰੂਬਲ ਬਾਜਵਾ ਨੇ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਵਾਸੀਆਂ ਦੁਆਰਾ ਪ੍ਰਗਟਾਏ ਗਏ ਵਿਸ਼ਵਾਸ 'ਤੇ ਖਰੇ ਉੱਤਰਨਗੇ।



## ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸਕੂਲ ਦੀਆਂ ਖੇਡਾਂ 'ਚ ਸ਼ਾਨਦਾਰ ਪ੍ਰਾਪਤੀਆਂ



ਭੀਖੀ (ਧਰਮਵੀਰ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ ਜ਼ੋਨਲ ਖੇਡਾਂ ਵਿੱਚ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਖੇਡਾਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਬੈਡਮਿੰਟਨ ਅੰਡਰ-14 (ਲੜਕੇ), ਬਾਸਕਟਬਾਲ ਅੰਡਰ-14 (ਲੜਕੇ) ਅਤੇ ਸਕੇਟਿੰਗ ਅੰਡਰ-14 ਤੋਂ ਅੰਡਰ-19 (ਲੜਕੇ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲੇ ਸਥਾਨ ਹਾਸਲ ਕੀਤੇ। ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਅਤੇ ਪਹਿਲੇ ਸਥਾਨ ਪ੍ਰਾਪਤ ਕਰਨ ਦੇ ਨਤੀਜੇ ਵਜੋਂ ਓਵਰਆਲ ਟਰਾਫੀ ਵੀ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਦੇ ਨਾਮ ਰਹੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਪ੍ਰਬੰਧਕ ਸਤੀਸ਼ ਕੁਮਾਰ ਅਤੇ ਮੈਂਬਰ ਐਡਵੋਕੇਟ ਗਗਨਦੀਪ ਸਿੰਘ ਵੱਲੋਂ ਜੇਤੂ ਖਿਡਾਰੀਆਂ ਦੇ ਗਲਾਂ ਵਿੱਚ ਮੈਡਲ ਪਾ ਕੇ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।

## COURT NOTICE

(U/o 5 Rule 20 CPC)
In the Court of Ms. Geeta Rani
Additional Civil Judge (Senior Division), Phul
CNR No. PBBTB0-000582-2026
Next Date:- 05-10-2026
Baljinder Singh
Vs.
Shamberdeep Singh
Publication issued To:
Shamberdeep Singh
:- Sh. Harwinder Singh S/o Sh. Joginder Singh R/o Village Kararwala, Tehsil Phul, Distt. Bathinda.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-10-2026 at 10:00 a.m.

For details logon to https://highcourtchd.gov.in/?mod=district_notice&district=Bathinda

Additional Civil Judge (Senior Division) Phul
Dated, this day of 14-08-2026

## COURT NOTICE

(U/o 5 Rule 20 CPC)
(Succession Case)
In The Court of
Ms. Geeta Rani
Additional Civil Judge (Senior Division), Phul
CNR No. PBBTB0-000513-2026
Next Date:- 19-09-2026
SURJEET KAUR
Vs.
GENERAL PUBLIC
Notice To:
GENERAL PUBLIC
:- NA

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 19-09-2026 at 10 a.m.

For details logon to https://highcourtchd.gov.in/?mod=district_notice&district=Bathinda

Additional Civil Judge (Senior Division) Phul
Dated, this day of 14-08-2026

## ਸਹਿਕਾਰਤਾ ਨੂੰ ਮਜ਼ਬੂਤ ਕਰਕੇ ਹੀ ਕਿਸਾਨੀ ਨੂੰ ਬਚਾਇਆ ਜਾ ਸਕਦੈ : ਕ੍ਰਿਸ਼ਨ ਸਿੰਘ ਸਨੌਰ



ਸਨੌਰ,/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਦੇਸ਼ ਦੀ ਮਰ ਰਹੀ ਕਿਸਾਨੀ ਨੂੰ ਬਚਾਉਣ ਅਤੇ ਸੂਬੇ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਅੱਜ ਸਹਿਕਾਰਤਾ ਲਹਿਰ ਨੂੰ ਹੋਰ ਪ੍ਰਫੁੱਲਿਤ ਤੇ ਮਜ਼ਬੂਤ ਕਰਨ ਦੀ ਸਖ਼ਤ ਜ਼ਰੂਰਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ 'ਦੀ ਸਨੌਰ ਬਹੁਮੰਤਵੀ ਸਹਿਕਾਰੀ ਸੇਵਾ ਸਭਾ ਲਿਮਿਟਡ ਸਨੌਰ' ਦੇ ਚੇਅਰਮੈਨ ਕ੍ਰਿਸ਼ਨ ਸਿੰਘ ਸਨੌਰ ਨੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਸਹਿਕਾਰਤਾ ਵਿਭਾਗ ਵੱਲੋਂ ਪਰਾਲੀ ਦੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਲਈ ਸੀ.ਆਰ.ਐਮ. ਸਕੀਮ ਅਧੀਨ ਸਭਾ ਨੂੰ ਵੱਡੀ ਸਬਸਿਡੀ ਉੱਪਰ 7 ਖੇਤੀ ਮਸ਼ੀਨਾਂ ਅਤੇ 1 ਟਰੈਕਟਰ ਮੁਹੱਈਆ ਕਰਵਾਉਣ ਬਦਲੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਦੇਸ਼ ਦੀ ਆਰਥਿਕਤਾ ਦਾ ਧੁਰਾ ਕਿਸਾਨੀ 'ਤੇ ਨਿਰਭਰ ਕਰਦਾ ਹੈ ਅਤੇ ਸੰਕਟ ਵਿੱਚ ਘਿਰੀ ਕਿਸਾਨੀ ਨੂੰ ਬਚਾਉਣਾ ਸਾਡਾ ਸਭ ਦਾ ਸਾਂਝਾ ਫ਼ਰਜ਼ ਅਤੇ ਧਰਮ ਹੈ। ਜੇਕਰ ਅੱਜ ਵੀ ਅਸੀਂ ਕਿਸਾਨੀ ਦੀ ਬਾਂਹ ਫੜਨ ਵਿੱਚ ਢਿੱਲ-ਮੱਠ ਵਰਤੀ ਤਾਂ ਇਤਿਹਾਸ ਸਾਨੂੰ ਕਦੇ ਮੁਆਫ਼ ਨਹੀਂ ਕਰੇਗਾ।ਇਸ ਲਈ ਸਰਕਾਰ ਅਤੇ ਸਿਆਸੀ ਆਗੂਆਂ ਨੂੰ ਅਜਿਹੀਆਂ ਠੋਸ ਨੀਤੀਆਂ ਤੇ ਸਕੀਮਾਂ ਘੜਨੀਆਂ ਚਾਹੀਦੀਆਂ ਹਨ, ਜਿਨ੍ਹਾਂ ਨਾਲ ਖੇਤੀ ਖੇਤਰ ਦੀ ਨਿਘਰ ਰਹੀ ਹਾਲਤ ਨੂੰ ਠੱਲ੍ਹ ਪਾਈ ਜਾ ਸਕੇ। ਕ੍ਰਿਸ਼ਨ ਸਿੰਘ ਸਨੌਰ ਨੇ ਸਹਿਕਾਰੀ ਸਭਾ ਨਾਲ ਜੁੜੇ ਸਮੂਹ ਕਿਸਾਨ ਵੀਰਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਸਰਕਾਰ ਵੱਲੋਂ ਸਬਸਿਡੀ 'ਤੇ ਮਿਲੀ ਆਧੁਨਿਕ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਨੂੰ ਪ੍ਰਦੂਸ਼ਣ ਮੁਕਤ ਬਣਾਇਆ ਜਾ ਸਕੇ।

## ਦਿ ਰੌਇਲ ਗਲੋਬਲ ਸਕੂਲ ਦੇ ਵਿਦਿਆਰਥੀ ਪਹਿਲੇ ਸਥਾਨ 'ਤੇ



ਭੀਖੀ (ਧਰਮਵੀਰ ਸ਼ਰਮਾ) - ਦਿ ਰੌਇਲ ਗਲੋਬਲ ਸਕੂਲ ਖਿਆਲਾ ਕਲਾਂ ਦੇ ਕਲਾਸ 9ਵੀਂ ਦੇ ਵਿਦਿਆਰਥੀ ਹਰਦਵਿੰਦਰ ਸਿੰਘ ਨੇ ਸਿੰਘ ਵਿਦ ਗਨਜ਼ ਸ਼ੂਟਿੰਗ ਅਕੈਡਮੀ ਮਾਨਸਾ ਵਿਖੇ ਕਰਵਾਏ ਗਏ ਸ਼ੂਟਿੰਗ ਮੁਕਾਬਲੇ ਦੇ ਅੰਡਰ-17 ਵਰਗ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਹਰਦਵਿੰਦਰ ਸਿੰਘ ਨੇ ਮੁਕਾਬਲੇ ਦੌਰਾਨ ਆਪਣੀ ਸ਼ਾਨਦਾਰ ਇਕਾਗਰਤਾ, ਅਨੁਸ਼ਾਸਨ, ਦ੍ਰਿੜ੍ਹ ਇਰਾਦੇ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦਿਆਂ ਇਹ ਮਾਣਮੱਤੀ ਉਪਲਬਧੀ ਹਾਸਲ ਕੀਤੀ। ਸਕੂਲ ਦੀ ਡਾਇਰੈਕਟਰ ਡਾ. ਸਰਬਜੀਤ ਕੌਰ ਸੋਹਲ, ਸਕੂਲ ਪ੍ਰਿੰਸੀਪਲ ਡਾ. ਆਸ਼ੀਸ਼ ਕੁਮਾਰ ਸ਼ਰਮਾ ਨੇ ਹਰਦਵਿੰਦਰ ਸਿੰਘ, ਉਸ ਦੇ ਕੋਚ ਅਤੇ ਮਾਪਿਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਹਾਰਦਿਕ ਵਧਾਈ ਦਿੱਤੀ।

## ਕਲਾਸੀਫਾਈਡ ਇਸ਼ਤਿਹਾਰ

### Change of Name

I, Amarjot Singh S/o Kuldeep Singh R/o VPO Bhikhariwal, Tehsil & Distt Gurdaspur, Punjab, Pin-143520 have changed my name from Amarjot Singh to Amarjot is given name and Singh is surname. Concerned note please.

I, Sandeep S/o Manjit Singh R/o H.No.L-2/933, Gurnam Nagar, Sultanwind Road, Amritsar have changed my name from Sandeep to Sandeep Singh.

I, Palak Sharma W/o Deepak Kumar R/o H.no.3004, 4, Bhatha Arjan Nagar, Chheharta, Amritsar -143105 (pb) have changed my name from Palak Sharma to Mamta Rani, please note.

I, Swaranjit Singh S/O Dalbir Singh R/O Village Dhaliwal bet, P.O. Dhaliwal Bet, District Kapurthala. PB. 144804., declares that Swaranjit is my given name and Singh is my surname. Concerned please note.

I Sarbjit Kaur W/o Balvir Mahey R/o VPO. Lidhran Jalandhar 144004 Punjab, India have changed my name from Sarbjit Kaur To Sarvjit Kaur.

I Kush s/o Bhagat Ram Haryana road Naloyian Hoshiarpur P.O Hoshiarpur District Hoshiarpur have changed my name from Kush to Kush Anmol.

I, Dilpreet Singh S/o Kuldeep Singh R/o Village Mukimpur, PO. Hariana, Hoshiarpur, Punjab-144208 have changed my name from Dilpreet Singh to Given Name Dilpreet & Surname as Singh. All concerned please note.

I, Ajay Kumar S/o Sh. Dharam Pal R/o VPO Nangal Majja, Tehsil Phagwara, Distt. Kapurthala, Punjab, India have changed my name from Ajay Kumar to Kumar Ajay. Kumar as surname. All concerned please note.

I, Aslam S/o Suaib Alam R/o Near Shiv Gopal Mandir, Khanna Market, N L 29, Mozran Mohalla, Near Imam Nasir, Jalandhar - 144001, Punjab have changed my name from Aslam to Mohammad Aslam. All concerned please note.

I, Sahina W/o Aslam R/o Near Shiv Gopal Mandir, Khanna Market, N L 29, Mozran Mohalla, Near Imam Nasir, Jalandhar - 144001, Punjab have changed my name from Sahina to Shaheen. All concerned please note.

### Change of Name

I, Maninder Pal Singh S/O Kabal Singh R/O Babri Nangal Gurdaspur, Punjab. Declare That My Given Name As Maninder Pal And My Surname As Singh.

I, Joban Preet S/O Vijay Kumar R/O Village- Mustfabad Saidan, Po-Hemrajpur, Gurdaspur Pin Code-143521, Punjab, India. Declare That My Given Name As Joban And My Surname As Preet.

### ਬੇਦਖਲੀ ਨੋਟਿਸ

ਮੈਂ ਸੁਖਜਿੰਦਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਮਕਾਨ ਨੰਬਰ ਐਫ 13/2186, ਗਲੀ ਨੰਬਰ 1, ਨਜ਼ਦੀਕ ਗਾਂਧੀ ਮੈਮੋਰੀਅਲ ਸਕੂਲ, ਗੋਕਲ ਵਿਹਾਰ, ਮਜੀਠਾ ਰੋਡ, ਡਾਕਖਾਨਾ ਖੰਨਾ ਨਗਰ, ਅੰਮ੍ਰਿਤਸਰ ਆਪਣੇ ਪੁੱਤਰ ਗੁਰਜੋਤ ਸਿੰਘ ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਂ ਇਸਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਂਵਾਰ ਹੋਵੇਗਾ। ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦਾ ਕੋਈ ਤਾਲੁਕ ਵਾਸਤਾ ਨਹੀਂ ਹੋਵੇਗਾ।

### ਨਾਂਅ ਦੀ ਬਦਲੀ

ਮੈਂ ਸ਼ਸ਼ੀ ਪੁੱਤਰ ਗੁਰਮੁਖ ਸਿੰਘ ਨਿਵਾਸੀ ਪਿੰਡ ਸਕਰੂਲੀ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ, 146109 ਐਲਾਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਬਦਲ ਕੇ ਸ਼ਸ਼ੀ ਸ਼ਸ਼ੀ ਰੱਖ ਲਿਆ ਹੈ।

### ਆਮ ਸੂਚਨਾ

ਮੈਂ, ਅਮਨਜੋਤ ਕੁਮਾਰੀ ਪਤਨੀ ਸੰਦੀਪ ਗਿੱਲ ਵਾਸੀ ਪਿੰਡ ਤੇ ਡਾਕਖਾਨਾ ਚੂਹੇਕੀ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਪਹਿਲੇ ਵਿਆਹ ਤੋਂ ਜਨਮੇ ਲੜਕੇ ਧੀਰਜ ਗਿੱਲ ਦੇ ਪਿਤਾ ਦਾ ਨਾਂਅ ਬੱਬੂ ਸੀ। ਹੁਣ ਮੇਰਾ ਮੇਰੇ ਪਤੀ ਬੱਬੂ ਨਾਲੋਂ ਤਲਾਕ ਹੋ ਗਿਆ ਹੈ। ਮੈਂ ਦੂਜਾ ਵਿਆਹ ਸੰਦੀਪ ਗਿੱਲ ਨਾਲ ਕਰਵਾ ਲਿਆ ਹੈ। ਮੈਂ ਦੂਜੇ ਵਿਆਹ ਪਿੱਛੋਂ ਮੈਂ ਆਪਣੇ ਲੜਕੇ ਧੀਰਜ ਗਿੱਲ ਪੁੱਤਰ ਬੱਬੂ ਦੇ ਪਿਤਾ ਦਾ ਨਾਂਅ ਬਦਲ ਕੇ ਧੀਰਜ ਗਿੱਲ ਪੁੱਤਰ ਸੰਦੀਪ ਗਿੱਲ ਰੱਖ ਲਿਆ ਹੈ।

ਮੈਂ, ਕਿਰਨ ਕੌਰ ਉਰਫ ਕਿਰਨਜੀਤ ਕੌਰ ਉਰਫ ਕਿਰਨਪਾਲ ਕੌਰ ਪੁੱਤਰੀ ਸੁਖਦੇਵ ਸਿੰਘ ਵਾਸੀ ਸਾਧਨਵਾਸ, ਜ਼ਿਲ੍ਹਾ ਫਤਿਹਾਬਾਦ (ਹਰਿਆਣਾ) ਬਿਆਨ ਕਰਦੀ ਹਾਂ ਕਿ ਮੈਂ ਸੁਖਵੰਤ ਸਿੰਘ ਪੁੱਤਰ ਹਰਪਾਲ ਸਿੰਘ ਵਾਸੀ ਧਰਮਪੁਰਾ, ਜ਼ਿਲ੍ਹਾ ਮਾਨਸਾ (ਪੰਜਾਬ) ਨਾਲ ਵਿਆਹੀ ਹੋਈ ਹਾਂ। ਇਹ ਕਿ ਮੈਂ ਹੁਣ ਆਪਣਾ ਨਾਂਅ ਸਾਰੇ ਉਪਰੋਕਤ ਨਾਂਅ ਬਦਲ ਕੇ ਕਿਰਨਦੀਪ ਕੌਰ ਰੱਖ ਲਿਆ ਹੈ। ਹੁਣ ਮੈਨੂੰ ਕਿਰਨਦੀਪ ਕੌਰ ਨਾਂਅ ਨਾਲ ਹੀ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬਿਰਧ ਆਸ਼ਰਮ ਵਿਖੇ ਰਹਿ ਰਹੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ ਪੂਜਾ/ਪਰਮਜੀਤ ਸਿੰਘ) ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ 80ਵੇਂ ਸੁਤੰਤਰਤਾ ਦਿਵਸ ਮੌਕੇ ਸ੍ਰੀ ਅਮਿਤ ਕੁਮਾਰ ਪੰਚਾਲ, ਆਈ.ਏ.ਐਸ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਧਰਮ ਪਤਨੀ ਸ੍ਰੀਮਤੀ ਦੁਰਗੇਸ਼ ਸਿਵਾਲ, ਲੇਡੀ ਪ੍ਰੈਜੀਡੈਂਟ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਸ਼ਹਿਰ ਵਿੱਚ ਸਥਿਤ ਬਿਰਧ ਆਸ਼ਰਮ ਦਾ ਦੌਰਾ ਕੀਤਾ ਗਿਆ। ਉਨ੍ਹਾਂ ਵੱਲੋਂ ਬਿਰਧ ਆਸ਼ਰਮ 'ਚ ਹਾਜ਼ਰ 38 ਬੁਜ਼ਰਗਾਂ ਦੀ ਸਿਹਤ ਦਾ ਹਾਲ-ਚਾਲ ਪੁੱਛਿਆ ਗਿਆ ਤੇ ਉਹਨਾਂ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਮਠਿਆਈ ਤੇ ਫ਼ਲਾਂ ਦੀ ਵੰਡ ਕੀਤੀ ਗਈ। ਉਨ੍ਹਾਂ ਵੱਲੋਂ ਮੌਕੇ ਤੇ ਹਾਜ਼ਰ ਆਏ ਬਿਰਧ ਆਸ਼ਰਮ ਦੇ ਆਹੁਦੇਦਾਰਾਂ ਨਾਲ ਬੁਜ਼ਰਗਾਂ ਦੀ ਸੇਵਾ ਸੰਭਾਲ ਤੇ ਰਹਿਣ ਦੀ ਵਿਵਸਥਾ ਬਾਰੇ ਜਾਣਕਾਰੀ ਇਕੱਤਰ ਕੀਤੀ। ਉਨ੍ਹਾਂ ਵੱਲੋਂ ਦਿਵਿਆਂਗ ਵਿਅਕਤੀਆਂ ਲਈ 5 ਟਰਾਈ ਸਾਈਕਲ ਤੇ ਵਿਧਵਾ ਔਰਤਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਉਨ੍ਹਾਂ ਨੂੰ ਸਿਲਾਈ ਮਸ਼ੀਨਾਂ ਦੀ ਵੰਡ ਕੀਤੀ ਗਈ।

## ਮੋਹਰ ਸਿੰਘ ਵਾਲਾ 'ਚ ਪੌਦੇ ਲਗਾ ਕੇ ਦਿੱਤਾ ਭਾਈਚਾਰਕ ਸਾਂਝ ਦਾ ਸੁਨੇਹਾ



ਭੀਖੀ (ਧਰਮਵੀਰ ਸ਼ਰਮਾ)- ਆਜ਼ਾਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਪਿੰਡ ਮੋਹਰ ਸਿੰਘ ਵਾਲਾ ਵਿਖੇ ਰਾਜਨੀਤਿਕ ਅਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਿੰਡ ਦੀਆਂ ਸਾਂਝੀਆਂ ਥਾਵਾਂ 'ਤੇ ਫੁੱਲ ਅਤੇ ਫਲਦਾਰ ਪੌਦੇ ਲਗਾਏ ਗਏ। ਇਸ ਮੌਕੇ ਵੱਖ-ਵੱਖ ਵਿਚਾਰਧਾਰਾਵਾਂ ਨਾਲ ਸਬੰਧਤ ਆਗੂਆਂ ਅਤੇ ਪਿੰਡ ਵਾਸੀਆਂ ਨੇ ਇਕੱਠੇ ਹੋ ਕੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਪੌਦੇ ਲਗਾਉਣ ਦੀ ਇਸ ਮੁਹਿੰਮ ਦੌਰਾਨ ਆਗੂਆਂ ਨੇ ਕਿਹਾ ਕਿ ਆਜ਼ਾਦੀ ਦਿਹਾੜਾ ਸਾਨੂੰ ਆਪਸੀ ਏਕਤਾ, ਭਾਈਚਾਰਕ ਸਾਂਝ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਾ ਹੈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਗੁਰਇਕਬਾਲ ਸਿੰਘ ਬਾਲੀ, ਸੁਖਵਿੰਦਰ ਸਿੰਘ, ਗੁਰਵਿੰਦਰ ਸਿੰਘ ਧਾਲੀਵਾਲ, ਬਲਦੇਵ ਸਿੰਘ ਹਰੀਕੇ, ਹਰਬੰਸ ਸਿੰਘ ਬੰਸਾ, ਭੋਲਾ ਸਿੰਘ, ਬਿੰਦਰ ਸਿੰਘ ਕੂਨਰ, ਕੁਲਦੀਪ ਸਿੰਘ ਫੌਜੀ, ਸਤਗੁਰ ਸਿੰਘ ਧਾਲੀਵਾਲ, ਪ੍ਰੇਮੀ ਗੁਰਜੀਤ ਸਿੰਘ ਧਲਿਉ, ਪ੍ਰੇਮੀ ਰਾਜ ਸਿੰਘ, ਪਰਮਿੰਦਰ ਸਿੰਘ, ਕੁੰਦਨ ਸਿੰਘ, ਸੁਖਵੀਰ ਸਿੰਘ ਬਿੱਟੂ, ਹਾਕਮ ਸਿੰਘ ਕੂਨਰ, ਮੋਹਣਾ ਸਿੰਘ ਮਿਸਤਰੀ, ਰਾਮ ਸਿੰਘ, ਧਰਮਿੰਦਰ ਸਿੰਘ ਲਾਡੀ, ਮਨਪ੍ਰੀਤ ਸਿੰਘ ਮਨੀ, ਗਿੰਦਰ ਸਿੰਘ ਕੂਨਰ, ਅਮਰੀਕ ਸਿੰਘ ਭੁੱਲਰ, ਚਮਕੌਰ ਸਿੰਘ ਵੀ ਹਾਜਰ ਸਨ।

## ਪਬਲਿਕ ਨੋਟਿਸ

ਆਮ ਤੇ ਖਾਸ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਵਾਜ਼ ਏ ਪੰਜਾਬ ਪਾਰਟੀ (Aawaaz E Punjab Party)" ਨੂੰ ਭਾਰਤ ਦੇ ਚੋਣ ਕਮਿਸ਼ਨ ਕੋਲ ਰਾਜਨੀਤਿਕ ਪਾਰਟੀ ਵਜੋਂ ਰਜਿਸਟਰ ਕਰਵਾਉਣ ਲਈ ਧਾਰਾ 291, ਲੋਕ ਪ੍ਰਤੀਨਿਧਿਤਾ ਐਕਟ, 1951 ਅਧੀਨ ਅਰਜ਼ੀ ਦਿੱਤੀ ਜਾ ਰਹੀ ਹੈ। ਜੇਕਰ ਕਿਸੇ ਵਿਅਕਤੀ, ਸੰਗਠਨ ਜਾਂ ਰਾਜਨੀਤਿਕ ਪਾਰਟੀ ਨੂੰ ਉਕਤ ਪਾਰਟੀ ਦੇ ਨਾਮ ਸਬੰਧੀ ਕੋਈ ਇਤਰਾਜ਼ ਹੋਵੇ, ਤਾਂ ਉਹ ਆਪਣਾ ਇਤਰਾਜ਼ ਕਾਰਨਾਂ ਸਮੇਤ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ ਭਾਰਤ ਦੇ ਚੋਣ ਕਮਿਸ਼ਨ ਅਤੇ ਪਾਰਟੀ ਦੇ ਹੇਠ ਲਿਖੇ ਦਫ਼ਤਰ ਵਿਖੇ ਲਿਖਤੀ ਰੂਪ ਵਿੱਚ ਪੇਸ਼ ਕਰ ਸਕਦਾ ਹੈ।

Election Commission of India, Nirvachan Sadan, Ashoka Road, New Delhi – 110001

ਪਾਰਟੀ ਦਫ਼ਤਰ :-
G.N.I. Medical Sciences Hospital ਦੀ ਉਪਰਲੀ ਮੰਜ਼ਿਲ, ਨਜ਼ਦੀਕ ਬਾਬਾ ਨਾਨਕ ਨਾਥ ਮੰਦਿਰ, VPO ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ 146102

ਡਾ. ਕੁਲਵੰਤ ਸਿੰਘ ਚੱਬੇਵਾਲ — ਪ੍ਰਧਾਨ
ਨਿਰਮਲ ਸਿੰਘ ਹਕੂਮਤਪੁਰੀ — ਉਪ ਪ੍ਰਧਾਨ
ਮੋਬਾਇਲ: 9417081394

## ਪਬਲਿਕ ਨੋਟਿਸ

**ਦਫ਼ਤਰ ਸਰਕਲ ਰੈਵੇਨਿਊ ਅਫਸਰ-ਕਮ-ਨਾਇਬ ਤਹਿਸੀਲਦਾਰ, ਬਰੇਟਾ (ਮਾਨਸਾ)**
**ਨੋਟਿਸ ਬਨਾਮ ਆਮ ਜਨਤਾ**

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਜਗਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਕਿਸ਼ਨਗੜ੍ਹ ਸੇਢਾ ਸਿੰਘ ਵਾਲਾ, ਤਹਿ. ਬੁਢਲਾਡਾ, ਜ਼ਿਲ੍ਹਾ ਮਾਨਸਾ ਨੇ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦੇ ਆਧਾਰ ਕਾਰਡ ਵਿਚ ਮੇਰਾ ਨਾਂਅ ਜਗਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦਰਜ ਹੈ। ਪ੍ਰੰਤੂ ਮਾਲ ਰਿਕਾਰਡ ਵਿਚ ਮੇਰਾ ਨਾਂਅ ਗੁਰਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦਰਜ ਹੈ, ਜੋ ਕਿ ਗਲਤ ਹੈ। ਮੇਰਾ ਨਾਂਅ ਜਗਮੇਲ ਸਿੰਘ ਸਹੀ ਹੈ। ਹੁਣ ਪ੍ਰਾਰਥੀ ਵੱਲੋਂ ਜ਼ਮੀਨ ਦੇ ਮਾਲ ਰਿਕਾਰਡ ਵਿਚ ਆਪਣਾ ਨਾਂਅ ਜਗਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦੀ ਬਜਾਏ ਜਗਮੇਲ ਸਿੰਘ ਉਰਫ ਗੁਰਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦਰੁਸਤ ਕਰਵਾਉਣ ਸੰਬੰਧੀ ਬੇਨਤੀ ਕੀਤੀ ਗਈ ਹੈ।

ਜੇਕਰ ਕਿਸੇ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਕਿਸ਼ਨਗੜ੍ਹ ਸੇਢਾ ਸਿੰਘ ਵਾਲਾ ਦੀ ਜਮ੍ਹਾਂਬੰਦੀ ਵਿਚ ਇਸ ਦਾ ਨਾਂਅ ਜਗਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦੀ ਬਜਾਏ ਜਗਮੇਲ ਸਿੰਘ ਉਰਫ ਗੁਰਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਦਰੁਸਤ ਕੀਤੇ ਜਾਣ ਦੀ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਅਖਬਾਰ ਵਿਚ ਪ੍ਰਕਾਸ਼ਿਤ ਹੋਣ ਤੋਂ 21 (ਇੱਕੀ ਦਿਨਾਂ) ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ 'ਤੇ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤਕਰਤਾ ਦਾ ਨਾਂਅ ਉਕਤ ਮਾਲ ਰਿਕਾਰਡ ਪਿੰਡ ਕਿਸ਼ਨਗੜ੍ਹ ਸੇਢਾ ਸਿੰਘ ਵਾਲਾ ਵਿਚ ਜਗਮੇਲ ਸਿੰਘ ਉਰਫ ਗੁਰਮੇਲ ਸਿੰਘ ਪੁੱਤਰ ਸੁਖਦੇਵ ਸਿੰਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 04.08.2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਸਹੀ/-ਸਰਕਲ ਰੈਵੇਨਿਊ ਅਫਸਰ, (ਨਾਇਬ ਤਹਿਸੀਲਦਾਰ), ਬਰੇਟਾ

ਨੰ: 204/ਰੀਡਰ ਮਿਤੀ : 04.08.2026

# ਸੁਪਰੀਮ ਇੰਟਰਨੈਸ਼ਨਲ ਸਕੂਲ 'ਚ ਮਨਾਇਆ ਤੀਆਂ ਦਾ ਤਿਉਹਾਰ



ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਸੁਪਰੀਮ ਇੰਟਰਨੈਸ਼ਨਲ ਸਕੂਲ ਵਿਖੇ ਸਾਉਣ ਮਹੀਨੇ ਦਾ ਰਵਾਇਤੀ ਤਿਉਹਾਰ 'ਤੀਆਂ' ਡਾਇਰੈਕਟਰ ਮੋਹਨੀਸ਼ ਮਿਸ਼ਾ ਦੀ ਅਗਵਾਈ ਹੇਠ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਜਸਪ੍ਰੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੇ ਸ਼ੁਰੂ ਵਿੱਚ ਤੀਆਂ ਦੇ ਤਿਉਹਾਰ ਦੀ ਪੰਜਾਬੀ ਸੱਭਿਆਚਾਰ ਵਿੱਚ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਤੇ ਵਿਦਿਆਰਥੀਆਂ ਨੂੰ ਪੰਜਾਬੀ ਸਭਿਆਚਾਰਕ ਵਿਰਸੇ ਤੋਂ ਜਾਣੂ ਕਰਾਇਆ ਗਿਆ। ਫਿਰ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ, ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਇਸ ਦੌਰਾਨ ਮਿਸ ਤੀਜ ਵੀ ਚੁਣੀ ਗਈ। ਸਮਾਗਮ ਦਾ ਅੰਤ ਗਿੱਧੇ ਨਾਲ ਕੀਤਾ ਗਿਆ।ਮੁੱਖ ਮਹਿਮਾਨਾਂ ਵੱਲੋਂ ਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਤੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਗਿਆ ਕਿ ਇਹ ਤਿਉਹਾਰ ਪੰਜਾਬੀ ਸੱਭਿਆਚਾਰ ਦਾ ਹਿੱਸਾ ਹਨ, ਜੋ ਸਾਨੂੰ ਆਪਣੇ ਸੱਭਿਆਚਾਰ ਤੇ ਵਿਰਸੇ ਨਾਲ ਜੋੜੀ ਰੱਖਦੇ ਹਨ।

# 80ਵਾਂ ਆਜ਼ਾਦੀ ਦਿਹਾੜਾ ਵੱਖ-ਵੱਖ ਥਾਈਂ ਬੜੇ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ


ਪਟਿਆਲਾ


ਮੁਕਤਸਰ ਸਾਹਿਬ


ਬਠਿੰਡਾ


ਸਮਾਣਾ


ਭਵਾਨੀਗੜ੍ਹ


ਮੁਕਤਸਰ ਸਾਹਿਬ


ਅਜੀਤਵਾਲ


ਮੁਕਤਸਰ ਸਾਹਿਬ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਬੀਤੇ ਦਿਨ 15 ਅਗਸਤ ਨੂੰ ਭਾਰਤ ਦੇਸ਼ ਦਾ 80ਵਾਂ ਆਜ਼ਾਦੀ ਦਿਹਾੜਾ ਦੇਸ਼ ਵਿਦੇਸ਼ ਵਿੱਚ ਬੜੇ ਉਤਸ਼ਾਹ ਤੇ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਇਸੇ ਤਹਿਤ ਪਟਿਆਲਾ ਵਿਖੇ ਕੌਮੀ ਝੰਡਾ ਤਿਰੰਗਾ ਲਹਿਰਾਉਣ ਮੌਕੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ ਰੰਗਲਾ ਪੰਜਾਬ ਸਿਰਜ ਰਹੀ ਹੈ।ਇਸ ਮੌਕੇ ਸ. ਖੁੱਡੀਆਂ ਨੇ ਸ਼ਾਨਦਾਰ ਪਰੇਡ ਦਾ ਨਿਰੀਖਣ ਕੀਤਾ, ਮਾਰਚ ਪਾਸਟ ਤੋਂ ਸਲਾਮੀ ਲਈ ਤੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦੇ ਉਤਰਾਧਿਕਾਰੀਆਂ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਤੇ ਐੱਸ.ਐੱਸ.ਪੀ. ਵਰੁਣ ਸ਼ਰਮਾ ਮੌਜੂਦ ਸਨ।ਸ੍ਰ. ਖੁੱਡੀਆਂ ਨੇ ਦੇਸ਼ ਦੀ ਆਜ਼ਾਦੀ ਲਹਿਰ ਦੇ ਪਰਵਾਨਿਆਂ, ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਊਧਮ ਸਿੰਘ, ਸ਼ਹੀਦ ਮਦਨ ਲਾਲ ਢੀਂਗਰਾ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਲਾਲਾ ਲਾਜਪਤ ਰਾਏ, ਸ਼ਹੀਦ ਦੀਵਾਨ ਸਿੰਘ ਕਾਲੇਪਾਣੀ ਤੇ ਹੋਰ ਆਜ਼ਾਦੀ ਸੰਘਰਸ਼ਾਂ 'ਚ ਹਿੱਸਾ ਲੈਣ ਵਾਲੇ ਆਜ਼ਾਦੀ ਘੁਲਾਟੀਆਂ ਨੂੰ ਆਪਣੀ ਸ਼ਰਧਾਂਜਲੀ ਅਰਪਿਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਦੇਸ਼ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਕੀਤੀਆਂ, ਜਿਸ ਕਰਕੇ ਅਸੀਂ ਅੱਜ ਆਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ।ਇਸ ਦੌਰਾਨ ਪਰੇਡ ਕਮਾਂਡਰ ਡੀ.ਐੱਸ.ਪੀ. ਫਤਹਿ ਸਿੰਘ ਬਰਾੜ ਦੀ ਅਗਵਾਈ ਹੇਠ ਸ਼ਾਨਦਾਰ ਪਰੇਡ ਵਿੱਚ ਸ਼ਾਮਲ 10 ਟੁਕੜੀਆਂ ਤੇ ਵਿਦਿਆਰਥੀਆਂ ਨੇ ਮਾਰਚ ਪਾਸਟ ਕੀਤਾ ਤੇ ਕੈਬਨਿਟ ਮੰਤਰੀ ਨੂੰ ਸਲਾਮੀ ਦਿੱਤੀ। ਇਸ ਤੋਂ ਬਾਅਦ ਮੁੱਖ ਮਹਿਮਾਨ ਨੇ ਇੰਡੀਅਨ ਰੈਡ ਕਰਾਸ ਸੁਸਾਇਟੀ ਪਟਿਆਲਾ 7 ਲਾਭਪਾਤਰੀ ਤੇ ਲੋੜਵੰਦ ਮਹਿਲਾਵਾਂ ਨੂੰ ਸਿਲਾਈ ਮਸ਼ੀਨਾਂ, 6 ਟ੍ਰਾਈਸਾਈਕਲ ਤੇ 1 ਵ੍ਹੀਲਚੇਅਰ ਦੀ ਵੰਡ ਵੀ ਕੀਤੀ।ਇਸ ਮੌਕੇ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ, ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਚੇਅਰਮੈਨ ਇੰਪਰੂਵਮੈਂਟ ਟਰਸਟ ਹਰਪਾਲ ਸਿੰਘ ਵਿਰਕ, ਜਗਦੀਪ ਜੱਗਾ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਚੇਅਰਮੈਨ ਅਸ਼ੋਕ ਸਿਰਸਵਾਲ ਤੇ ਹੋਰ ਆਗੂ ਤੇ ਪਤਵੰਤਿਆਂ ਸਮੇਤ ਵੱਡੀ ਗਿਣਤੀ ਵਿਦਿਆਰਥੀ ਤੇ ਆਮ ਸ਼ਹਿਰੀ ਮੌਜੂਦ ਸਨ।


ਫਰੀਦਕੋਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** : ਆਜ਼ਾਦੀ ਦਿਵਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਮੌਕੇ ਕੌਮੀ ਝੰਡਾ ਲਹਿਰਾਇਆ ਤੇ ਪਰੇਡ ਤੋਂ ਸਲਾਮੀ ਲਈ।80ਵੇਂ ਆਜ਼ਾਦੀ ਦਿਵਸ ਸਮਾਗਮ ਮੌਕੇ ਜ਼ਿਲ੍ਹਾ ਵਾਸੀਆਂ ਨੂੰ ਸੰਦੇਸ਼ ਦਿੰਦਿਆਂ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਸ੍ਰੀ ਮੁਕਤਸਰ ਸਾਹਿਬ ਦੇ ਚਾਲੀ ਮੁਕਤਿਆਂ ਸਮੇਤ ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਸੁਤੰਤਰਤਾ ਸੰਗਰਾਮ ਦੀ ਗਾਥਾ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਸੁਤੰਤਰਤਾ ਸੰਗਰਾਮੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਤ ਵੀ ਕੀਤਾ।ਸਮਾਗਮ ਦੌਰਾਨ ਪਰੇਡ ਕਮਾਂਡਰ ਡੀ.ਐੱਸ.ਪੀ. ਜੋਰਾ ਸਿੰਘ ਕਾਂਗੜਾ ਦੀ ਅਗਵਾਈ ਵਿੱਚ ਪੰਜਾਬ ਪੁਲਸ, ਮਹਿਲਾ ਪੰਜਾਬ ਪੁਲਸ, ਪੰਜਾਬ ਹੋਮ ਗਾਰਡਜ਼, ਐੱਨ.ਸੀ.ਸੀ. ਦੀਆਂ ਟੁੱਕੜੀਆਂ ਤੇ ਵੱਖ-ਵੱਖ ਸਕੂਲਾਂ ਦੀਆਂ ਟੁੱਕੜੀਆਂ ਵੱਲੋਂ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ ਤੇ ਮਾਰਚ ਪਾਸਟ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਤ ਗੀਤ, ਕੋਰੀਓਗ੍ਰਾਫੀ, ਜਿਮਨਾਸਟਿਕ ਤੋਂ ਇਲਾਵਾ ਪ੍ਰਸਿੱਧ ਲੋਕ-ਨਾਚ ਗਿੱਧਾ, ਭੰਗੜਾ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਮੌਕੇ ਵਧੀਆ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀਮਤੀ ਜਸਵਿੰਦਰ ਸ਼ੀਮਰ, ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮਨਿਊ ਰਾਣਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ੍ਰੀ ਸੁਖਜਿੰਦਰ ਸਿੰਘ ਕਾਉਣੀ, ਚੇਅਰਮੈਨ ਪੰਜਾਬ ਸਟੇਟ ਕੰਟੇਨਰ ਵੇਅਰਹਾਊਸਿੰਗ ਕਾਰਪੋਰੇਸ਼ਨ ਸ੍ਰੀ ਰਣਧੀਰ ਸਿੰਘ ਧੀਰਾ ਖੁੱਡੀਆਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ, ਅਧਿਆਪਕ, ਆਮ ਆਦਮੀ ਪਾਰਟ ਦੇ ਆਗੂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਆਦਿ ਹਾਜ਼ਰ ਸਨ।


ਪਟਿਆਲਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਭਾਰਤ ਦੀ ਆਜ਼ਾਦੀ ਲਈ ਵਿੱਢੇ ਗਏ ਸੰਘਰਸ਼ ਤੇ ਅੰਦੋਲਨ ਕਾਰਨ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ। ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਜ਼ਿਆਦਾ ਕੁਰਬਾਨੀਆਂ ਦਿੱਤੀਆਂ ਅਤੇ ਆਜ਼ਾਦੀ ਹਾਸਲ ਕੀਤੀ।ਇਨ੍ਹਾਂ ਗੱਲ੍ਹਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਮੰਤਰੀ ਮਾਲ, ਪੁਨਰਵਾਸ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ ਅਤੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਪੰਜਾਬ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਇਥੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਸ਼ਹੀਦ ਭਗਤ ਸਿੰਘ ਬਹੁ-ਮੰਤਵੀ ਖੇਡ ਸਟੇਡੀਅਮ ਵਿਖੇ ਕੌਮੀ ਤਿਰੰਗਾ ਲਹਿਰਾਉਣ ਉਪਰੰਤ ਬਠਿੰਡਾ ਵਾਸੀਆਂ ਨੂੰ ਆਪਣਾ ਸੰਦੇਸ਼ ਦਿੰਦਿਆਂ ਕੀਤਾ।ਅੱਜ ਦੇ ਸਮਾਗਮ ਦੀ ਸ਼ੁਰੂਆਤ ਕੌਮੀ ਗੀਤ ਵੰਦੇ ਮਾਤਰਮ ਤੋਂ ਸ਼ੁਰੂ ਕੀਤੀ ਗਈ। ਮਾਗਮ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ (ਦਿਹਾਤੀ) ਸ੍ਰੀ ਅਮਿਤ ਰਤਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਪਹਿਲਾਂ ਮੁੱਖ ਮਹਿਮਾਨ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਸ਼ਾਨਦਾਰ ਪਰੇਡ ਦਾ ਨਿਰੀਖਣ ਕੀਤਾ ਤੇ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਤੇ ਪਰੇਡ ਕਮਾਂਡਰ ਡੀ.ਐੱਸ.ਪੀ. ਸ੍ਰੀ ਸਰਬਜੀਤ ਸਿੰਘ ਮੌਜੂਦ ਰਹੇ।ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ।ਸਮਾਗਮ ਦੇ ਅਖੀਰ ਵਿੱਚ ਵੰਦੇ ਮਾਤਰਮ ਕੌਮੀ ਗੀਤ ਚਲਾਇਆ ਗਿਆ।ਇਸ ਮੌਕੇ ਸਰਕਾਰੀ ਸਕੂਲ ਮਾਲ ਰੋਡ ਤੇ ਮਹੰਤ ਗੁਰਬੰਤਾ ਦਾਸ ਸਕੂਲ ਦੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵੱਲੋਂ ਰਾਸ਼ਟਰੀ ਗਾਣ ਪੇਸ਼ ਕੀਤਾ ਗਿਆ।

**ਸਮਾਣਾ (ਗੁਰਪਿਆਰ ਸਿੰਘ ਬੱਲ)** : ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਹਲਕਾ ਸਮਾਣਾ ਦੇ ਸੇਂਟ ਥਰੇਸਾ ਕਾਨਵੈਂਟ ਸਕੂਲ ਵਿਖੇ ਆਜ਼ਾਦੀ ਦਿਵਸ ਬੜੇ ਉਤਸ਼ਾਹ, ਧੂਮ-ਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਇਸ ਉਪਰੰਤ ਰਾਸ਼ਟਰੀ ਗਾਨ ਗਾਇਆ ਗਿਆ।ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਦੀ ਭਾਵਨਾ ਨਾਲ ਭਰਪੂਰ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਸ. ਹਰਚੰਦ ਸਿੰਘ ਬਰਸਟ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।ਸਮਾਗਮ ਵਿੱਚ ਮਾਨਯੋਗ ਜੱਜ ਰਾਜਵਿੰਦਰ ਕੌਰ ਸਮਾਣਾ ਸਿਵਲ ਕੋਰਟ, ਸਕੂਲ ਪ੍ਰਿੰਸੀਪਲ ਸਿਸਟਰ ਰੋਸ਼ਨੀ, ਸਿਸਟਰ ਲਿਉਨਿਸਾ, ਐਡਵੋਕੇਟ ਹਰਤੇਜ ਸਿੰਘ ਸੰਧੂ ਮੈਂਬਰ ਮੈਨੇਜਮੈਂਟ ਕਮੇਟੀ, ਆਸ਼ੀਸ਼ ਮਸੀਹ, ਸ਼ਾਮ ਲਾਲ ਦੱਤ, ਹਜਾਰੀ ਲਾਲ ਜੋਹਰੀ, ਜੈਂਕੀ ਮਹਿਰਾ, ਹਰਿੰਦਰ ਸਿੰਘ ਧਬਲਾਨ ਸਮੇਤ ਸਮੂਹ ਸਕੂਲ ਸਟਾਫ਼, ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

**ਭਵਾਨੀਗੜ੍ਹ (ਰਾਜ ਖੁਰਮੀ)** : ਸਥਾਨਕ ਹੈਰੀਟੇਜ ਪਬਲਿਕ ਸਕੂਲ ਵਿਖੇ 15 ਅਗਸਤ ਦਾ ਆਜ਼ਾਦੀ ਦਿਵਸ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀਆਂ ਤਿਆਰੀਆਂ ਸਕੂਲ ਦੀ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਦੀ ਦੇਖ-ਰੇਖ ਹੇਠ ਕੀਤੀਆਂ ਗਈਆਂ।ਇਸ ਮੌਕੇ ਸਕੂਲ ਦੇ ਹਰ ਕੋਨੇ ਨੂੰ ਤਿਰੰਗੇ ਦੇ ਰੰਗਾਂ ਨਾਲ ਸਜਾਇਆ ਗਿਆ।ਨੌਵੀਂ ਜਮਾਤ ਦੀਆਂ ਵਿਦਿਆਰਥਣਾਂ ਅੰਸ਼ਿਕਾ ਤੇ ਅਵਨੀਤ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।ਪ੍ਰਾਇਮਰੀ ਵਿੰਗ ਦੇ ਬੱਚਿਆਂ ਨੇ ਹੱਥਾਂ ਵਿੱਚ ਤਿਰੰਗੇ ਝੰਡੇ ਫੜ ਕੇ ਤੇ ਤਿਰੰਗੀਆਂ ਟੋਪੀਆਂ ਪਹਿਨ ਕੇ ਦੇਸ਼ ਪ੍ਰਤੀ ਪਿਆਰ ਤੇ ਦੇਸ਼ ਭਗਤੀ ਦਾ ਪ੍ਰਗਟਾਵਾ ਕੀਤਾ।ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ 'ਤੇ ਡਾਂਸ ਪੇਸ਼ ਕੀਤਾ ਤੇ ਦੇਸ਼ ਨਾਲ ਸਬੰਧਤ ਕਵਿਤਾਵਾਂ ਵੀ ਸੁਣਾਈਆਂ।ਇਸ ਦੌਰਾਨ ਬੱਚਿਆਂ ਦੀਆਂ ਪੇਸ਼ਕਾਰੀਆਂ ਨੇ ਹਾਜ਼ਰੀਨ ਦਾ ਮਨ ਮੋਹ ਲਿਆ।ਇਸ ਤੋਂ ਇਲਾਵਾ ਸਕੂਲ ਦੇ ਵਿਦਿਆਰਥੀਆਂ ਨੇ ਭਵਾਨੀਗੜ੍ਹ ਸਟੇਡੀਅਮ ਵਿਖੇ ਕਰਵਾਏ ਗਏ ਰੰਗਾਰੰਗ ਪ੍ਰੋਗਰਾਮ ਵਿੱਚ ਭਾਗ ਲਿਆ।ਸਕੂਲ ਦੇ ਐੱਨ.ਸੀ.ਸੀ. ਵਿਦਿਆਰਥੀਆਂ ਨੇ ਪਰੇਡ ਵਿੱਚ ਸ਼ਮੂਲੀਅਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਸਰਟੀਫਿਕੇਟ ਵੀ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਪ੍ਰਬੰਧਕ ਅਨਿਲ ਮਿੱਤਲ, ਆਸ਼ਿਮਾ ਮਿੱਤਲ ਤੇ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਆਜ਼ਾਦੀ ਦਿਵਸ ਸਾਨੂੰ ਉਨ੍ਹਾਂ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਹੈ, ਜਿਨ੍ਹਾਂ ਦੀ ਬਦੌਲਤ ਦੇਸ਼ ਨੂੰ ਆਜ਼ਾਦੀ ਪ੍ਰਾਪਤ ਹੋਈ।ਸਕੂਲ ਪ੍ਰਬੰਧਕਾਂ ਵੱਲੋਂ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸਮੂਹ ਸ਼ਹੀਦਾਂ ਤੇ ਦੇਸ਼ ਭਗਤਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿਦਿਆਰਥੀਆਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੁਨੇਹਾ ਦਿੱਤਾ ਗਿਆ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ)** : ਸ਼ਹੀਦ ਭਗਤ ਸਿੰਘ ਕਲੱਬ ਮੁਕਤਸਰ ਵੱਲੋਂ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦੀ ਸਮਾਰਕ ਸ਼ਹੀਦ ਭਗਤ ਸਿੰਘ ਚੌਕ ਵਿਖੇ 80ਵਾਂ ਸੁਤੰਤਰਤਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਕਲੱਬ ਦੇ ਪ੍ਰਧਾਨ ਸੰਜੇ ਵਾਲੀਆ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਇੰਚਾਰਜ ਰਾਜੇਸ਼ ਗੋਰਾ ਪਠੇਲਾ ਨੇ ਅਦਾ ਕੀਤੀ।ਪ੍ਰਧਾਨ ਸੰਜੇ ਵਾਲੀਆ ਨੇ ਆਪਣੇ ਸੰਬੋਧਨ ਵਿੱਚ ਸ਼ਹੀਦਾਂ ਨੂੰ ਨਮਨ ਕਰਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਦਾ ਜ਼ਿਕਰ ਕੀਤਾ।ਸਮਾਗਮ ਦੀ ਸ਼ੁਰੂਆਤ ਵੱਖ-ਵੱਖ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਗੀਤ, ਕਵਿਤਾਵਾਂ ਸੁਣਾ ਕੇ ਕੀਤੀ ਗਈ।ਇਸ ਮੌਕੇ ਬੱਚਿਆਂ ਨੂੰ ਇਨਾਮ ਸਾਂਈਂ ਬੁੱਕ ਪਲਾਜ਼ਾ ਦੇ ਮਾਲਕ ਸਤੀਸ਼ ਅਰੋੜਾ ਵੱਲੋਂ ਸਪਾਂਸਰ ਕੀਤੇ ਗਏ ਸਨ, ਜਦਕਿ ਇਨਾਮ ਵੰਡਣ ਦੀ ਰਸਮ ਗੋਰਾ ਪਠੇਲਾ, ਕਲੱਬ ਦੇ ਪ੍ਰਧਾਨ ਸੰਜੇ ਵਾਲੀਆ ਤੇ ਹੋਰਾਂ ਨੇ ਸਾਂਝੇ ਤੌਰ 'ਤੇ ਅਦਾ ਕੀਤੀ।ਲੱਡੂਆਂ ਦਾ ਪ੍ਰਸ਼ਾਦ ਖੀਰੀ ਹਲਵਾਈ ਵੱਲੋਂ ਦਿੱਤਾ ਗਿਆ।ਉੱਥੇ ਹੀ, ਅਸ਼ੋਕ ਫਰੰਟ ਵੱਲੋਂ ਬੱਚਿਆਂ ਨੂੰ ਸਮੋਸੇ ਵੰਡੇ ਗਏ। ਹਲਕਾ ਇੰਚਾਰਜ ਰਾਜੇਸ਼ ਗੋਰਾ ਪਠੇਲਾ ਨੇ ਆਪਣੇ ਵੱਲੋਂ ਕਲੱਬ ਨੂੰ ਪੰਜ ਹਜ਼ਾਰ ਰੁਪਏ ਦੀ ਗ੍ਰਾਂਟ ਦਿੱਤੀ।


ਤਲਵੰਡੀ ਸਾਬੋ

**ਅਜੀਤਵਾਲ (ਨਛੱਤਰ ਸੰਧੂ)** : ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਦੇਸ਼ ਦਾ 80ਵਾਂ ਆਜ਼ਾਦੀ ਦਿਵਸ ਬੜੇ ਹੀ ਉਤਸ਼ਾਹ, ਸ਼ਰਧਾ, ਦੇਸ਼ ਭਗਤੀ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਵੱਧ-ਚੜ੍ਹ ਕੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਨਾਲ ਕੀਤੀ ਗਈ।ਉਪਰੰਤ ਵਿਦਿਆਰਥੀਆਂ ਤੇ ਸਮੂਹ ਸਟਾਫ਼ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਆਜ਼ਾਦੀ ਦੇ ਮਹਾਨ ਯੋਧਿਆਂ ਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਹਾਜ਼ਰ ਸਾਰੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ ਤੇ ਮਾਹੌਲ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸ਼ਿਵਾਨੀ ਅਰੋੜਾ, ਰਮਨ ਅਰੋੜਾ ਨੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਆਜ਼ਾਦੀ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਮਾਗਮ ਦੌਰਾਨ ਸਕੂਲ ਦੇ ਅਧਿਆਪਕਾਂ ਵੱਲੋਂ ਵੀ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਗਿਆ।

**ਭਵਾਨੀਗੜ੍ਹ (ਰਾਜ ਖੁਰਮੀ)** : ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਸਟੇਡੀਅਮ ਵਿਖੇ 15 ਅਗਸਤ ਆਜ਼ਾਦੀ ਦਿਵਸ ਦਾ ਸਮਾਗਮ ਬੜੇ ਉਤਸ਼ਾਹ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਐੱਸਡੀਐੱਮ ਭਵਾਨੀਗੜ੍ਹ ਮਨਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ।ਇਸ ਮੌਕੇ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਭਰਪੂਰ ਗੀਤ, ਸੱਭਿਆਚਾਰਕ ਪੇਸ਼ਕਾਰੀਆਂ ਤੇ ਹੋਰ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੂੰ ਹਾਜ਼ਰ ਦਰਸ਼ਕਾਂ ਵੱਲੋਂ ਖ਼ੂਬ ਸਰਾਹਿਆ ਗਿਆ।ਇਸ ਮੌਕੇ ਐੱਸਡੀਐੱਮ ਨੇ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਤੇ ਆਪਣੇ ਫਰਜ਼ਾਂ ਪ੍ਰਤੀ ਸੁਚੇਤ ਰਹਿਣ ਲਈ ਪ੍ਰੇਰਿਤ ਕੀਤਾ।

**ਭਵਾਨੀਗੜ੍ਹ (ਰਾਜ ਖੁਰਮੀ)** : ਇੱਥੋਂ ਦੇ ਨੇੜਲੇ ਪਿੰਡ ਪੰਨਵਾਂ ਵਿਖੇ ਸੱਤਿਆ ਭਾਰਤੀ ਸਕੂਲ ਵਿੱਚ ਆਜ਼ਾਦੀ ਦਿਵਸ ਉਤਸ਼ਾਹ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਕੁਲਜੀਤ ਸਿੰਘ ਪੰਨਵਾਂ ਸੀਨੀਅਰ ਵਾਈਸ ਪ੍ਰਧਾਨ ਯੂਥ ਕਾਂਗਰਸ ਜ਼ਿਲ੍ਹਾ ਸੰਗਰੂਰ ਵੱਲੋਂ ਅਦਾ ਕੀਤੀ ਗਈ।ਸਮਾਗਮ ਦੌਰਾਨ ਸਾਬਕਾ ਚੇਅਰਮੈਨ ਵਰਿੰਦਰ ਪੰਨਵਾਂ, ਗੁਰਵਿੰਦਰ ਸਿੰਘ ਪੰਨਵਾਂ, ਬਲਾਕ ਯੂਥ ਕਾਂਗਰਸ ਪ੍ਰਧਾਨ, ਬਾਬਾ ਬੰਦਾ ਸਿੰਘ ਬਹਾਦਰ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ, ਮਨਦੀਪ ਸਿੰਘ ਪੰਨਵਾਂ, ਮੈਂਬਰ ਪੰਚਾਇਤ ਜਗਦੀਸ਼ ਦਾਸ, ਹਰਵਿੰਦਰ ਸਿੰਘ ਪੰਨਵਾਂ ਤੋਂ ਇਲਾਵਾ ਸੱਤਿਆ ਭਾਰਤੀ ਸਕੂਲ ਦੇ ਕੋਆਰਡੀਨੇਟਰ, ਪ੍ਰਬੰਧਕ ਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।ਸਮਾਗਮ ਦੇ ਅੰਤ ਵਿੱਚ ਦੇਸ਼ ਦੀ ਏਕਤਾ, ਅਖੰਡਤਾ ਤੇ ਖੁਸ਼ਹਾਲੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

**ਹਠੂਰ (ਨਛੱਤਰ ਸੰਧੂ)** : ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ ਆਜ਼ਾਦੀ ਦਿਵਸ ਤੇ ਪੰਜਾਬੀ ਸੱਭਿਆਚਾਰ ਦੇ ਪ੍ਰਤੀਕ ਤੀਆਂ ਦੇ ਤਿਉਹਾਰ ਨੂੰ ਬੜੇ ਹੀ ਉਤਸ਼ਾਹ ਤੇ ਧੂਮ ਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਕੈਂਪਸ ਵਿੱਚ ਰਾਸ਼ਟਰੀ ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ ਨਾਲ ਕੀਤੀ ਗਈ।ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਭਰਪੂਰ ਕਵਿਤਾਵਾਂ, ਭਾਸ਼ਣ ਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਗਿੱਧੇ ਭੰਗੜੇ ਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਤੀਆਂ ਦੇ ਤਿਉਹਾਰ ਦੌਰਾਨ ਪੰਜਾਬੀ ਪਹਿਰਾਵੇ ਵਿੱਚ ਸਜੀਆਂ ਵਿਦਿਆਰਥਣਾਂ ਨੇ ਗਿੱਧੇ ਤੇ ਲੋਕ ਨਾਚਾਂ ਰਾਹੀਂ ਪੰਜਾਬੀ ਸੱਭਿਆਚਾਰ ਦੀ ਖੂਬਸੂਰਤ ਝਲਕ ਪੇਸ਼ ਕੀਤੀ।ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਤੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਸਾਨੂੰ ਆਪਣੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਿਦਿਆਰਥੀਆਂ ਤੇ ਸਟਾਫ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਵੱਖ-ਵੱਖ ਗਤੀਵਿਧੀਆਂ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** : ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਦੇਸ਼ ਭਗਤ ਕੈਂਪਸ ਵਿਖੇ 80ਵਾਂ ਸੁਤੰਤਰਤਾ ਦਿਵਸ ਬੜੇ ਉਤਸ਼ਾਹ, ਸ਼ਰਧਾ ਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਇਸ ਮੌਕੇ ਡਾ. ਜ਼ੋਰਾ ਸਿੰਘ, ਡਾ. ਤੇਜਿੰਦਰ ਕੌਰ ਨੇ 80ਵੇਂ ਸੁਤੰਤਰਤਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਆਜ਼ਾਦੀ ਦੇ ਮਹੱਤਵ ਨੂੰ ਸਮਝਦਿਆਂ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਸਭ ਨੂੰ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ, ਡਾਕਟਰ ਮਨੀਸ਼ ਜੋਸ਼ੀ ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ, ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ, ਮਾਤਾ ਜਰਨੈਲ ਕੌਰ ਮੈਮੋਰੀਅਲ ਤੀਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾਮੈਡੀਕਲ ਸਾਇੰਸ, ਵਾਈਸ ਪ੍ਰਿੰਸੀਪਲ ਮੈਡਮ ਮਨਜਿੰਦਰ ਕੌਰ, ਸੁਪਰਵਾਈਜ਼ਰ ਦੇਸ਼ ਭਗਤ ਕੈਂਪਸ ਦਿਲਬਾਗ ਸਿੰਘ ਬਾਗੀ, ਸੁਪਰਡੈਂਟ ਦੇਸ਼ ਭਗਤ ਕੈਂਪਸ ਮੇਜਰ ਚੰਦ, ਅਕਾਊਂਟੈਂਟ ਦੇਸ਼ ਭਗਤ ਕੈਂਪਸ ਨਵਦੀਪ ਸਿੰਘ ਤੇ ਸਮੂਹ ਸਟਾਫ ਨੇ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ।

**ਬਾਘਾ ਪੁਰਾਣਾ (ਮਨੀ ਸਿੰਗਲਾ)** : ਕਿਡਜ਼ੀ ਪ੍ਰੀ-ਸਕੂਲ ਬਾਘਾ ਪੁਰਾਣਾ ਵਿਖੇ ਆਜ਼ਾਦੀ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਮੈਨੇਜਮੈਂਟ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਕੀਤੀ ਗਈ।ਇਸ ਮੌਕੇ ਸਕੂਲ ਦੇ ਸਾਰੇ ਵਿਦਿਆਰਥੀ ਤੇ ਅਧਿਆਪਕ ਵੀ ਹਾਜ਼ਰ ਰਹੇ ਅਤੇ ਪੂਰੇ ਮਾਣ ਤੇ ਉਤਸ਼ਾਹ ਨਾਲ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ।ਇਸ ਉਪਰੰਤ ਮਰਹੂਮ ਪ੍ਰਿੰਸੀਪਲ ਗੁਰਦੇਵ ਸਿੰਘ ਜੀ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਪ੍ਰੇਰਨਾਦਾਇਕ ਸੰਦੇਸ਼ ਸਾਂਝਾ ਕਰਦਿਆਂ ਬੱਚਿਆਂ ਨੂੰ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣ ਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੰਦਿਆਂ ਬੱਚਿਆਂ ਨੂੰ ਏਕਤਾ, ਸ਼ਾਂਤੀ, ਭਾਈਚਾਰੇ ਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਪਲੇਅ ਗਰੁੱਪ ਦੇ ਨੰਨ੍ਹੇ ਵਿਦਿਆਰਥੀਆਂ ਵੱਲੋਂ ਮਨਮੋਹਕ ਵੈਲਕਮ ਡਾਂਸ ਨਾਲ ਹੋਈ, ਜਿਸ ਨੇ ਸਭ ਦਾ ਮਨ ਮੋਹ ਲਿਆ।ਕਿਡਜ਼ੀ ਦੇ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ, ਅਨੁਸ਼ਾਸਨ, ਦਇਆ ਤੇ ਦੇਸ਼ ਪ੍ਰਤੀ ਪਿਆਰ ਦੀ ਭਾਵਨਾ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।ਮਾਊਂਟ ਇੰਟਰਨੈਸ਼ਨਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ, ਕਿਡਜ਼ੀ ਦੀ ਕਾਊਂਸਲਰ ਮੈਡਮ ਭਾਵਨਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਬੱਚਿਆਂ ਨੂੰ ਆਜ਼ਾਦੀ ਦੇ ਅਸਲ ਅਰਥ ਨੂੰ ਸਮਝਣ ਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪਛਾਣਨ ਲਈ ਪ੍ਰੇਰਿਤ ਕੀਤਾ।ਪੂਰੇ ਸਮਾਗਮ ਦੀ ਸਟੇਜ ਸੰਚਾਲਨਾ ਬੜੇ ਹੀ ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਮੈਡਮ ਪਾਇਲ ਗਾਬਾ ਤੇ ਮੈਡਮ ਮਨਪ੍ਰੀਤ ਭੱਟੀ ਵੱਲੋਂ ਕੀਤੀ ਗਈ।ਸਮਾਗਮ ਦਾ ਸਮਾਪਨ ਏਕਤਾ, ਮਾਣ, ਕ੍ਰਿਤਜਤਾ ਤੇ ਮਾਤ ਭੂਮੀ ਪ੍ਰਤੀ ਪਿਆਰ ਦੀ ਭਾਵਨਾ ਨਾਲ ਹੋਇਆ।

**ਭਵਾਨੀਗੜ੍ਹ (ਰਾਜ ਖੁਰਮੀ)** : ਸਥਾਨਕ ਰਹਿਬਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਭਵਾਨੀਗੜ੍ਹ ਵਿਖੇ ਆਜ਼ਾਦੀ ਦਿਵਸ ਬੜੇ ਉਤਸ਼ਾਹ ਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਸੰਸਥਾ ਦੇ ਚੇਅਰਮੈਨ ਡਾ. ਐੱਮ. ਐੱਸ. ਖਾਨ ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਉਪਰੰਤ ਰਾਸ਼ਟਰੀ ਗੀਤ ਪੇਸ਼ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਤੇ ਸੰਸਥਾ ਦੇ ਸਟਾਫ਼ ਵੱਲੋਂ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਤੇ ਮਹਾਨ ਸੂਰਮਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਚੇਅਰਮੈਨ ਡਾ. ਐੱਮ. ਐੱਸ. ਖਾਨ ਨੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੰਦਿਆਂ ਨੌਜਵਾਨਾਂ ਨੂੰ ਸਿੱਖਿਆ, ਅਨੁਸ਼ਾਸਨ ਤੇ ਦੇਸ਼ ਸੇਵਾ ਦੇ ਮਾਰਗ 'ਤੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਦੇਸ਼ ਦੀ ਖੁਸ਼ਹਾਲੀ, ਸ਼ਾਂਤੀ ਤੇ ਤਰੱਕੀ ਲਈ ਅਰਦਾਸ ਕੀਤੀ ਗਈ।ਸਮੁੱਚਾ ਸਮਾਗਮ ਦੇਸ਼ਭਗਤੀ ਦੇ ਜਜ਼ਬੇ ਤੇ ਉਤਸ਼ਾਹ ਨਾਲ ਸੰਪੰਨ ਹੋਇਆ।

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)** : ਆਰੀਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਆਰੀਆ ਸਮਾਜ ਦੀਆਂ ਸਮੂਹ ਸੰਸਥਾਵਾਂ ਵੱਲੋਂ ਆਜ਼ਾਦੀ ਦਿਵਸ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਪ੍ਰਧਾਨ ਵਿੱਕੀ ਪਰੋਚਾ ਨੇ ਕੌਮੀ ਤਿਰੰਗਾ ਲਹਿਰਾਇਆ।ਸਮਾਗਮ ਵਿੱਚ ਸਮੂਹ ਸੰਸਥਾਵਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਅਹੁਦੇਦਾਰਾਂ ਤੋਂ ਇਲਾਵਾ ਪ੍ਰਿੰਸੀਪਲ ਤੇ ਸਕੂਲ ਸਟਾਫ਼ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਵਿੱਕੀ ਪਰੋਚਾ ਨੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਸ਼ਹੀਦਾਂ ਦੀਆਂ ਕੁਰਬਾਨੀਆਂ ਤੇ ਲੰਮੇ ਸੰਘਰਸ਼ਾਂ ਸਦਕਾ ਪ੍ਰਾਪਤ ਹੋਈ ਹੈ।ਹਰ ਨਾਗਰਿਕ ਨੂੰ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਮੈਨੇਜਰ ਵੀਰੇਂਦਰ ਆਰੀਆ ਨੇ ਵੀ ਵਿਚਾਰ ਸਾਂਝੇ ਕੀਤੇ।ਇਸ ਮੌਕੇ ਪਵਨ ਗਰਗ, ਦੀਵਾਨ ਚੰਦ ਬਾਂਸਲ, ਸਤੀਸ਼ ਪਾਲ, ਹਰਮੇਲ ਸਿੰਘ ਢੀਂਡਸਾ, ਵਿਕਾਸ ਜਿੰਦਲ, ਰਾਜੇਸ਼ ਆਰੀਆ, ਰਾਜੀਵ ਮੋਹਿਲ ਤੇ ਲੈਫਟੀਨੈਂਟ ਦਰਸ਼ਨ ਸਿੰਘ ਸਮੇਤ ਪਤਵੰਤੇ ਹਾਜ਼ਰ ਸਨ।

**ਮੱਖੂ (ਰਛਪਾਲ ਸਿੰਘ ਸੰਧੂ)** : ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਮੱਖੂ ਵਿਖੇ ਆਜ਼ਾਦੀ ਦਾ ਦਿਹਾੜਾ ਬਹੁਤ ਹੀ ਉਤਸ਼ਾਹ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਤਿਰੰਗਾ ਝੰਡਾ ਲਹਿਰਾਉਣ ਤੋਂ ਬਾਅਦ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ, ਸਕੂਲ ਦੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ ਅਤੇ ਦੇਸ਼ ਭਗਤੀ ਦੇ ਗੀਤ ਗਾਏ ਗਏ।ਇਸ ਮੌਕੇ ਸਤਪਾਲ ਦੂਆ ਮੈਨੇਜਰ, ਸੰਜੀਵ ਠੁਕਰਾਲ ਲੱਕੀ, ਰਾਜੀਵ ਕਪੂਰ, ਅਮਿਤ ਅਰੋੜਾ, ਮੰਜੂ ਸ਼ਰਮਾ, ਪ੍ਰੇਮ ਠੁਕਰਾਲ, ਲਕੇਸ਼ ਗਰੋਵਰ, ਰਿੰਕੂ ਚਾਵਲਾ, ਰਮਨ, ਕੁਨਾਲ ਸ਼ੇਖਰ, ਰੁਦਰ ਰਾਜ ਸ਼ੇਖਰ, ਸ਼ੁਭਮ ਯੋਗਾ ਅਧਿਆਪਕ, ਜਗਦੀਸ਼ ਗਰੋਵਰ, ਇਕਬਾਲ ਸਿੰਘ, ਮੁਖਤਿਆਰ, ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

**ਤਲਵੰਡੀ ਸਾਬੋ (ਜਗਦੀਪ ਗਿੱਲ)** : ਐੱਚਐੱਮਈਐੱਲ ਟਾਊਨਸ਼ਿਪ ਵਿੱਚ 80ਵਾਂ ਆਜ਼ਾਦੀ ਦਿਵਸ ਦੇਸ਼ ਭਗਤੀ ਦੇ ਜਜ਼ਬੇ ਤੇ ਉਤਸ਼ਾਹ ਨਾਲ ਮਨਾਇਆ ਗਿਆ।ਫੇਜ਼-99 ਗਰਾਊਂਡ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਐੱਚਐੱਮਈਐੱਲ ਦੇ ਚੀਫ਼ ਓਪਰੇਟਿੰਗ ਅਫ਼ਸਰ ਸ੍ਰੀ ਐੱਮ. ਬੀ. ਗੋਹਿਲ ਨੇ ਮੁੱਖ ਮਹਿਮਾਨ ਵਜੋਂ ਕੌਮੀ ਝੰਡਾ ਲਹਿਰਾਇਆ।ਇਸ ਮੌਕੇ ਐੱਚਐੱਮਈਐੱਲ ਦੇ ਸਾਰੇ ਵਾਈਸ ਪ੍ਰੈਜ਼ੀਡੈਂਟਸ, ਸੀਨੀਅਰ ਅਧਿਕਾਰੀ, ਕਰਮਚਾਰੀ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ ਤੋਂ ਬਾਅਦ ਸ੍ਰੀ ਗੋਹਿਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਸ਼ਟਰ ਨਿਰਮਾਣ ਵਿੱਚ ਐੱਚਐੱਮਈਐੱਲ ਦੀ ਭੂਮਿਕਾ ਤੇ ਯੋਗਦਾਨ ਬਾਰੇ ਚਾਨਣਾ ਪਾਇਆ।ਉਨ੍ਹਾਂ ਐੱਚਐੱਮਈਐੱਲ ਪਰਿਵਾਰ ਨੂੰ ਜ਼ਿੰਮੇਵਾਰੀ, ਨਵੀਨਤਾ, ਸੁਰੱਖਿਆ ਤੇ ਉੱਤਮਤਾ ਦੀ ਭਾਵਨਾ ਨਾਲ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਜਾਰੀ ਰੱਖਣ ਦਾ ਸੱਦਾ ਦਿੱਤਾ।ਸਮਾਗਮ ਦੌਰਾਨ ਦ ਮਿਲੇਨੀਅਮ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਵਿਦਿਆਰਥੀਆਂ ਦੀਆਂ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਜੋਸ਼ ਤੇ ਉਤਸ਼ਾਹ ਭਰ ਦਿੱਤਾ ਅਤੇ ਸਾਰਿਆਂ ਨੂੰ ਦੇਸ਼ ਪ੍ਰਤੀ ਮਾਣ ਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਪ੍ਰੇਰਿਤ ਕੀਤਾ।ਇਸ ਮੌਕੇ ਐੱਚਐੱਮਈਐੱਲ ਸੁਰੱਖਿਆ ਟੀਮ ਦੇ ਮੈਂਬਰਾਂ ਨੂੰ ਉਨ੍ਹਾਂ ਦੀ ਸਮਰਪਣ ਭਾਵਨਾ ਤੇ ਵਚਨਬੱਧਤਾ ਲਈ ਸਨਮਾਨਤ ਵੀ ਕੀਤਾ ਗਿਆ। ਸਮਾਗਮ ਦੌਰਾਨ ਕਰਮਚਾਰੀਆਂ ਤੇ ਸੁਰੱਖਿਆ ਕਰਮਚਾਰੀਆਂ ਲਈ ਰੱਸਾਕਸ਼ੀ ਮੁਕਾਬਲੇ ਸਮੇਤ ਵੱਖ-ਵੱਖ ਮਨੋਰੰਜਕ ਤੇ ਭਾਗੀਦਾਰੀ ਵਾਲੀਆਂ ਗਤੀਵਿਧੀਆਂ ਵੀ ਕਰਵਾਈਆਂ ਗਈਆਂ।ਸਮਾਗਮ ਦਾ ਸਮਾਪਨ ਤਿਰੰਗੇ ਗੁਬਾਰੇ ਅਸਮਾਨ ਵਿੱਚ ਛੱਡਣ ਤੇ ਮਿਠਾਈ ਵੰਡਣ ਨਾਲ ਹੋਇਆ।ਇਸ ਨਾਲ ਸਮਾਗਮ ਦਾ ਮਾਹੌਲ ਹੋਰ ਵੀ ਖੁਸ਼ੀ ਤੇ ਉਤਸਵ ਨਾਲ ਭਰ ਗਿਆ ਅਤੇ ਇਹ ਦਿਨ ਸਾਰਿਆਂ ਲਈ ਯਾਦਗਾਰ ਬਣ ਗਿਆ।


ਤਲਵੰਡੀ ਸਾਬੋ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜ਼ਾ)** : ਆਜ਼ਾਦੀ ਦਿਵਸ ਮੌਕੇ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਪਾਵਨ ਤੇ ਇਤਿਹਾਸਕ ਨਗਰੀ ਫ਼ਰੀਦਕੋਟ ਵਿੱਚ ਨਹਿਰੂ ਸਟੇਡੀਅਮ ਵਿਖੇ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਰਾਹੁਲ ਚਾਬਾ ਨੇ ਕੌਮੀ ਝੰਡਾ ਲਹਿਰਾਇਆ ਤੇ ਮਾਰਚ ਪਾਸਟ ਤੋਂ ਸਲਾਮੀ ਲਈ।ਇਸ ਮੌਕੇ ਉਨ੍ਹਾਂ ਨਾਲ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਸਮੂਹ ਜ਼ਿਲ੍ਹਾ ਤੇ ਦੇਸ਼ ਵਾਸੀਆਂ ਨੂੰ ਤਹਿ ਦਿਲੋਂ ਨਿੱਘੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਦੌਰਾਨ ਸਭ ਤੋਂ ਜ਼ਿਆਦਾ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਤੇ ਇਸ ਸੰਘਰਸ਼ ਦੌਰਾਨ ਸ਼ਹੀਦ ਹੋਏ ਕੁੱਲ ਆਜ਼ਾਦੀ ਘੁਲਾਟੀਆਂ ਵਿੱਚ ਸਭ ਤੋਂ ਵੱਧ ਯੋਗਦਾਨ ਪੰਜਾਬੀਆਂ ਦਾ ਰਿਹਾ।ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਪੰਜਾਬੀਆਂ ਦੀਆਂ ਕੁਰਬਾਨੀਆਂ ਤੇ ਸਾਡੇ ਮਹਾਨ ਸ਼ਹੀਦਾਂ ਸਦਕਾ ਅੱਜ ਅਸੀਂ ਆਜ਼ਾਦ ਫ਼ਿਜ਼ਾ ਵਿੱਚ ਜ਼ਿੰਦਗੀ ਬਤੀਤ ਕਰ ਰਹੇ ਹਾਂ। ਉਪਰੰਤ ਉਹ ਸ਼ਹੀਦਾਂ ਦੇ ਪਰਿਵਾਰਾਂ ਨੂੰ ਵੀ ਮਿਲੇ ਤੇ ਉਨ੍ਹਾਂ ਦਾ ਹਾਲਚਾਲ ਜਾਣਿਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ।ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਪੀ.ਟੀ ਸ਼ੋਅ, ਰੰਗਾਰੰਗ ਪ੍ਰੋਗਰਾਮ, ਗਿੱਧਾ, ਭੰਗੜਾ ਤੇ ਅਨੇਕਾਂ ਹੋਰ ਲੋਕ ਨਾਚ ਪੇਸ਼ ਕੀਤੇ ਗਏ।ਬੱਚਿਆਂ ਨੂੰ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਤੇ ਹੌਸਲਾਅਫ਼ਜ਼ਾਈ ਲਈ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਤੇਜ ਸਿੰਘ ਖੋਸਾ, ਚੇਅਰਮੈਨ ਇੰਪਰੂਵਮੈਂਟ ਟਰੱਸਟ ਗਗਨਦੀਪ ਸਿੰਘ ਧਾਲੀਵਾਲ, ਚੇਅਰਮੈਨ ਮਾਰਕਿਟ ਕਮੇਟੀ ਅਮਨਦੀਪ ਸਿੰਘ ਬਾਬਾ, ਸੰਦੀਪ ਸਿੰਘ ਧਾਲੀਵਾਲ ਸੂਚਨਾ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਕੇਸ਼ਵ ਗੋਇਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਮਲਹੋਤਰਾ, ਐੱਸ ਪੀ (ਐੱਚ) ਮਨਵਿੰਦਰਬੀਰ ਸਿੰਘ, ਐੱਸ ਪੀ (ਇੰਨ.) ਜੁਗੇਸ਼ਵਰ ਸਿੰਘ ਗੁਰਾਇਆ, ਐੱਸ.ਡੀ.ਐੱਮ. ਪੁਨੀਤ ਸ਼ਰਮਾ, ਬਲਜਿੰਦਰ ਸਿੰਘ ਬੱਬੂ ਪ੍ਰਧਾਨ ਨਗਰ ਕੌਂਸਲ, ਬਲਾਕ ਸੰਮਤੀ ਚੇਅਰਮੈਨ ਸਰਬਜੀਤ ਸਿੰਘ, ਸਾਬਕਾ ਐੱਮ.ਪੀ. ਮੁਹੰਮਦ ਸਦੀਕ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਤੇ ਸਕੂਲਾਂ ਦੇ ਵਿਦਿਆਰਥੀ ਤੇ ਅਧਿਆਪਕ ਆਦਿ ਹਾਜ਼ਰ ਸਨ।


ਜਗਰਾਓਂ


ਫਿਰੋਜ਼ਪੁਰ

**ਤਲਵੰਡੀ ਸਾਬੋ (ਜਗਦੀਪ ਗਿੱਲ)** : ਸੁਤੰਤਰਤਾ ਦਿਵਸ ਤਲਵੰਡੀ ਸਾਬੋ ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਨਾਇਆ ਗਿਆ।ਇਸ ਮੌਕੇ ਐੱਸ.ਡੀ.ਐੱਮ. ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ (ਪੀ.ਸੀ.ਐੱਸ) ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਪਰੇਡ ਦੇ ਨਿਰਖੀਣ ਉਪਰੰਤ ਮਾਰਚ ਪਾਸਟ ਕੀਤਾ ਗਿਆ।ਮੁੱਖ ਮਹਿਮਾਨ ਐੱਸ.ਡੀ.ਐੱਮ. ਸ੍ਰੀਮਤੀ ਵੀਰਪਾਲ ਕੌਰ ਨੇ ਆਪਣੇ ਭਾਸ਼ਣ ਦੌਰਾਨ ਸਭਨਾਂ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਦੇਸ਼ ਵਾਸੀਆਂ ਨੂੰ ਆਪਸੀ ਮਿਲਵਰਤਨ ਨਾਲ ਰਹਿਣ ਤੇ ਇੱਕ ਦੂਜੇ ਨੂੰ ਸਹਿਯੋਗ ਦੇਣ ਦਾ ਸੰਦੇਸ਼ ਦਿੱਤਾ।ਅਜ਼ਾਦੀ ਘੁਲਾਟੀਏ ਪਰਵਾਰਾਂ ਦਾ ਸਨਮਾਨ ਕੀਤਾ ਗਿਆ।ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਤੇ ਦੇਸ਼ ਭਗਤੀ ਨਾਲ ਸਬੰਧਤ ਆਈਟਮਾਂ ਪੇਸ਼ ਕੀਤੀਆਂ ਗਈਆਂ।ਮੁੱਖ ਮਹਿਮਾਨ ਵੱਲੋਂ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ, ਮੋਹਤਵਰ ਸ਼ਖ਼ਸੀਅਤਾਂ ਤੇ ਡਿਊਟੀ ਨਿਭਾਉਣ ਵਾਲੇ ਮੁਲਾਜ਼ਮਾਂ ਨੂੰ ਸਨਮਾਨਤ ਕੀਤਾ ਗਿਆ। ਰਾਸ਼ਟਰੀ ਗਾਣ ਨਾਲ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।ਇਸ ਮੌਕੇ ਜੱਜ ਸਾਹਿਬਾਨ, ਤਹਿਸੀਲਦਾਰ ਰਵਿੰਦਰਜੀਤ ਸਿੰਘ ਕਲੇਰ, ਬੀਡੀਪੀਓ ਤਲਵੰਡੀ ਸਾਬੋ ਸਰਦਾਰ ਹਰਬੰਸ ਸਿੰਘ, ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸਾਨੀਆ ਕਾਮਰਾ, ਡੀ.ਐਸ.ਪੀ ਤਲਵੰਡੀ ਸਾਬੋ, ਥਾਣਾ ਮੁਖੀ ਤਲਵੰਡੀ ਸਾਬੋ, ਕਾਰਜ ਸਾਧਕ ਅਫਸਰ ਵਿਪਨ ਕੁਮਾਰ, ਇੰਸਪੈਕਟਰ ਦਵਿੰਦਰ ਸ਼ਰਮਾ, ਸਰਪੰਚ ਜਸਵਿੰਦਰ ਕੌਰ ਚੌਧਰੀ, ਤਰਸੇਮ ਸਿੰਗਲਾ, ਹਰਜੀਤ ਸਿੰਘ ਸਰਾਂ ਸਮੇਤ ਵਿਭਾਗਾਂ ਦੇ ਅਧਿਕਾਰੀ ਤੇ ਇਲਾਕੇ ਦੀਆਂ ਹੋਰ ਮੋਹਤਵਾਰ ਸ਼ਖ਼ਸੀਅਤਾਂ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਮੰਡਲ ਰੇਲ ਪ੍ਰਬੰਧਕ ਉੱਤਰ ਰੇਲਵੇ ਫ਼ਿਰੋਜ਼ਪੁਰ ਸੰਜੀਵ ਕੁਮਾਰ ਵੱਲੋਂ 80ਵੇਂ ਸੁਤੰਤਰਤਾ ਦਿਵਸ ਦੇ ਅਵਸਰ 'ਤੇ ਮੰਡਲ ਰੇਲ ਪ੍ਰਬੰਧਕ ਦਫ਼ਤਰ ਫ਼ਿਰੋਜ਼ਪੁਰ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਰਾਸ਼ਟਰੀ ਝੰਡਾ ਲਹਿਰਾਉਣ ਤੋਂ ਪਹਿਲਾਂ ਰਾਸ਼ਟਰੀ ਗੀਤ 'ਵੰਦੇ ਮਾਤਰਮ' ਤੇ ਝੰਡਾ ਲਹਿਰਾਉਣ ਤੋਂ ਬਾਅਦ ਰਾਸ਼ਟਰਗਾਨ ਗਾਇਆ ਗਿਆ। ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ ਤੇ ਤਿਰੰਗੇ ਨੂੰ ਸਲਾਮੀ ਦਿੱਤੀ ਗਈ। ਇਸ ਮੌਕੇ ਮੰਡਲ ਰੇਲ ਪ੍ਰਬੰਧਕ ਨੇ ਰੇਲ ਅਧਿਕਾਰੀਆਂ, ਕਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਸੁਤੰਤਰਤਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਤੇ ਆਪਣੇ ਸੰਬੋਧਨ ਵਿੱਚ ਮੰਡਲ ਦੀਆਂ ਵੱਖ-ਵੱਖ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਦੌਰਾਨ ਸਕਾਊਟ ਐਂਡ ਗਾਈਡ ਤੇ ਬਾਲ ਨਿਕੇਤਨ ਸਕੂਲ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤਾਂ ਦੀ ਮਨਮੋਹਕ ਪੇਸ਼ਕਾਰੀ ਦਿੱਤੀ ਗਈ, ਜਿਸ ਨੇ ਸਭ ਨੂੰ ਮੰਤਰਮੁਗਧ ਕਰ ਦਿੱਤਾ। ਬਾਲ ਨਿਕੇਤਨ ਸਕੂਲ ਦੇ ਬੱਚਿਆਂ ਨੇ ਸਵਾਗਤੀ ਗੀਤ ਪੇਸ਼ ਕੀਤਾ। ਇਸ ਤੋਂ ਬਾਅਦ ਮੰਡਲ ਦੀ ਸੱਭਿਆਚਾਰਕ ਟੀਮ ਵੱਲੋਂ ਆਜ਼ਾਦੀ 'ਤੇ ਅਧਾਰਤ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੌਰਾਨ ਉੱਤਰ ਰੇਲਵੇ ਮਹਿਲਾ ਕਲਿਆਣ ਸੰਗਠਨ ਵੱਲੋਂ ਬਾਲ ਨਿਕੇਤਨ ਸਕੂਲ ਵਿੱਚ ਪੜ੍ਹ ਰਹੇ ਹੋਣਹਾਰ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਸੁਤੰਤਰਤਾ ਦਿਵਸ ਸਮਾਰੋਹ ਦਾ ਸਮਾਪਨ ਮੰਡਲ ਪਰਸੋਨਲ ਅਧਿਕਾਰੀ ਬਜਿੰਦਰ ਕੁਮਾਰ ਦੇ ਧੰਨਵਾਦ ਦੇ ਮਤੇ ਨਾਲ ਹੋਇਆ।

**ਜਗਰਾਉਂ (ਅਮਿਤ ਖੰਨਾ)** : ਹਰ ਸਾਲ ਦੀ ਤਰ੍ਹਾਂ ਮਸ਼ੀਨਰੀ ਡੀਲਰਜ਼ ਐਸੋਸੀਏਸ਼ਨ ਨੇ ਪ੍ਰਧਾਨ ਸੁਖਮਿੰਦਰ ਭਸੀਨ, ਸਕੱਤਰ ਦਮਨਦੀਪ ਸਿੰਘ ਤੇ ਉਪ ਪ੍ਰਧਾਨ ਸੁਮਿਤ ਜੈਨ ਦੀ ਅਗਵਾਈ ਹੇਠ ਆਜ਼ਾਦੀ ਦਿਵਸ ਬਹੁਤ ਮਾਣ ਤੇ ਸਤਿਕਾਰ ਨਾਲ ਮਨਾਇਆ।ਝੰਡਾ ਲਹਿਰਾਉਣ ਤੋਂ ਬਾਅਦ, ਸਾਰੇ ਮੈਂਬਰਾਂ ਨੇ ਰਾਸ਼ਟਰੀ ਗੀਤ ਗਾਇਆ।ਸਕੱਤਰ ਦਮਨਦੀਪ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਸਟੇਜ ਦਾ ਸੰਚਾਲਨ ਕੀਤਾ, ਸਾਰੇ ਮੈਂਬਰਾਂ ਨੂੰ ਵੱਖ-ਵੱਖ ਵਿਸ਼ਿਆਂ 'ਤੇ ਜਾਗਰੂਕ ਕੀਤਾ।ਇਸ ਮੌਕੇ ਦੋ ਮਿੰਟ ਦਾ ਮੌਨ ਰੱਖਿਆ ਗਿਆ ਤੇ ਸੰਜੇ ਗੁਪਤਾ ਦੀ ਪਤਨੀ ਅਤੇ ਦਰਸ਼ਨ ਸਿੰਘ ਸਾਗੂ ਦੀ ਯਾਦ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਚੇਅਰਮੈਨ ਜੀਵਨ ਗੁਪਤਾ, ਪ੍ਰਧਾਨ ਸੁਖਮਿੰਦਰ ਭਸੀਨ, ਸਕੱਤਰ ਦਮਨਦੀਪ ਸਿੰਘ, ਉਪ ਪ੍ਰਧਾਨ ਸੁਮਿਤ ਜੈਨ, ਖਜ਼ਾਨਚੀ ਸੋਨੀ ਓਬਰਾਏ, ਚੇਤਨ ਕੁਮਾਰ, ਸੰਜੇ ਗੁਪਤਾ, ਪ੍ਰਸ਼ੋਤਮ ਅਗਰਵਾਲ, ਅਰੁਣ ਗਰਗ, ਅਸ਼ੋਕ ਕੁਮਾਰ, ਸ਼ੀਤੂ ਕੁਮਾਰ, ਜੱਗੀ ਸ਼ਰਮਾ, ਏਕੇ ਗੁਪਤਾ, ਦਿਨੇਸ਼, ਰਾਜਨ ਜੈਨ ਤੇ ਹੋਰ ਮੌਜੂਦ ਸਨ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਨਗਰ ਨਿਗਮ ਪਟਿਆਲਾ ਦੇ ਦਫ਼ਤਰ ਵਿਖੇ 80ਵਾਂ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ।ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਸਮਾਗਮ ਦੌਰਾਨ ਨਿਗਮ ਦੀਆਂ ਬਿਹਤਰ ਸੇਵਾਵਾਂ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਤ ਵੀ ਕੀਤਾ ਗਿਆ।ਸਮਾਗਮ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਤੋਂ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ, ਸ਼ਿਵਰਾਜ ਸਿੰਘ ਵਿਰਕ ਜਰਨਲ ਸੈਕਟਰੀ ਪੰਜਾਬ ਯੂਥ, ਜਸਬੀਰ ਗਾਂਧੀ ਸੀਨੀਅਰ ਆਪ ਆਗੂ, ਰਾਜਿੰਦਰ ਮੋਹਨ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਐੱਸ ਸੀ ਵਿੰਗ ਮੈਂਬਰ ਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਨਗਰ ਨਿਗਮ ਤੋਂ ਡਿਪਟੀ ਮੇਅਰ ਜਗਦੀਪ ਜੱਗਾ, ਐਡੀਸ਼ਨਲ ਕਮਿਸ਼ਨਰ ਸਿਮਰਪ੍ਰੀਤ ਕੌਰ, ਜੁਆਇੰਟ ਕਮਿਸ਼ਨਰ ਮਨਰੀਤ ਰਾਣਾ, ਜੁਆਇੰਟ ਕਮਿਸ਼ਨਰ ਰਵਦੀਪ ਸਿੰਘ, ਸੁਪਰਡੈਂਟ ਰਣਜੀਤਾ ਚਾਵਲਾ, ਭੁਪਿੰਦਰ ਸਿੰਘ ਗੁਰਇਕਬਾਲ ਸਿੰਘ ਕੌਂਸਲਰ, ਗਿਆਨ ਚੰਦ ਕੌਂਸਲਰ ਤੇ ਹੋਰ ਕੌਂਸਲਰ ਸਾਹਿਬਾਨ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕੋਆਰਡੀਨੇਟਰ, ਨਿਗਮ ਅਧਿਕਾਰੀ, ਕਰਮਚਾਰੀ, ਸਕੂਲੀ ਵਿਦਿਆਰਥੀ, ਅਧਿਆਪਕ ਤੇ ਵੱਡੀ ਗਿਣਤੀ 'ਚ ਸ਼ਹਿਰ ਵਾਸੀ ਮੌਜੂਦ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਦੇਸ਼ ਦੀ 80ਵੀਂ ਆਜ਼ਾਦੀ ਦਿਵਸ ਮੌਕੇ ਫਿਰੋਜ਼ਪੁਰ ਕਾਂਗਰਸ ਭਵਨ ਵਿਖੇ ਰਾਸ਼ਟਰੀ ਝੰਡਾ ਲਹਿਰਾ ਕੇ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਦੀ ਰਹਿਨੁਮਾਈ ਹੇਠ ਸੀਨੀਆ ਵਾਈਸ ਪ੍ਰਧਾਨ ਬਲਜੀਤ ਕੌਰ ਬੰਗੜ ਨੇ ਕੀਤੀ। ਸਮਾਗਮ ਦੀ ਸ਼ੁਰੂਆਤ ਤਿਰੰਗਾ ਲਹਿਰਾ ਕੇ ਤੇ ਰਾਸ਼ਟਰਗਾਨ ਨਾਲ ਹੋਈ। ਇਸ ਮੌਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ 15 ਅਗਸਤ ਸਾਨੂੰ ਏਕਤਾ, ਭਾਈਚਾਰੇ ਅਤੇ ਦੇਸ਼ ਸੇਵਾ ਦਾ ਸੁਨੇਹਾ ਦਿੰਦਾ ਹੈ। ਕਾਂਗਰਸ ਪਾਰਟੀ ਹਮੇਸ਼ਾ ਗਾਂਧੀ-ਨਹਿਰੂ ਦੇ ਸਿਧਾਂਤਾਂ 'ਤੇ ਚੱਲਦੇ ਹੋਏ ਦੇਸ਼ ਦੀ ਤਰੱਕੀ ਤੇ ਲੋਕ ਭਲਾਈ ਲਈ ਵਚਨਬੱਧ ਹੈ। ਸਮਾਗਮ ਵਿੱਚ ਆਸ਼ੂ ਬੰਗੜ ਹਲਕਾਂ ਇੰਚਾਰਜ਼ ਫਿਰੋਜ਼ਪੁਰ ਦਿਹਾਤੀ, ਸਤਨਾਮ ਸਿੰਘ ਢਿੱਲੋਂ ਫਰੀਦੇਵਾਲਾ ਦਫ਼ਤਰ ਇੰਚਾਰਜ਼, ਹਰਿੰਦਰ ਸਿੰਘ ਖੋਸਾ ਫਿਰੋਜ਼ਪੁਰ ਫਿਰੋਜ਼ਪੁਰ ਸ਼ਹਿਰੀ, ਕਮਲ ਅਗਰਵਾਲ ਬਲਾਕ ਪ੍ਰਧਾਨ ਮੁੱਦਕੀ, ਕਵਲਪ੍ਰੀਤ ਸਿੰਘ ਬਲਾਕ ਪ੍ਰਧਾਨ ਘੱਲ ਖੁਰਦ, ਗੁਰਭੇਜ ਸਿੰਘ ਟਿੱਬੀ ਸੀਨੀਆਰ ਕਾਂਗਰਸੀ ਆਗੂ, ਜਗਸੀਰ ਸਿੰਘ ਖੋਸਾ ਕੋਟ ਕਰੋੜ ਕਲਾ, ਜੱਥੇਦਾਰ ਮਲਕੀਤ ਸਿੰਘ ਝੋਕ ਹਰੀਹਰ, ਲਖਵਿੰਦਰ ਸਿੰਘ ਜੰਬਰ, ਰਜਨੀਸ਼ ਗੋਇਲ ਕੈਂਟ ਬਲਾਕ ਪ੍ਰਧਾਨ, ਰਾਜਾ ਚੌਧਰੀ ਪ੍ਰਧਾਨ, ਗੁਰਮੀਤ ਸਿੰਘ ਮੱਲੂਵਾਲਾ, ਮਨੀਸ਼ ਸੁਲਹਾਣੀ, ਸੁਲੱਖਣ ਸਿੰਘ ਸੁਲਹਾਣੀ, ਮਨਪ੍ਰੀਤ ਸਿੰਘ ਭੁੱਲਰ, ਗਗਨ ਗਾਮੇ ਵਾਲਾ, ਹਰਦੀਪ ਸਿੰਘ ਬਿੱਟੂ, ਕਰਮਜੀਤ ਸਿੰਘ ਲਵਲੀ, ਅਸ਼ਵਨੀ ਕੁਮਾਰ ਸਮੇਤ ਵੱਡੀ ਗਿਣਤੀ 'ਚ ਕਾਂਗਰਸ ਵਰਕਰ ਤੇ ਹੋਰ ਆਗੂ ਹਜ਼ਰ ਸਨ।


ਹਠੂਰ


ਭਵਾਨੀਗੜ੍ਹ


ਧੂਰੀ


ਮੱਖੂ


ਭਵਾਨੀਗੜ੍ਹ


ਬਾਘਾ ਪੁਰਾਣਾ


ਭਵਾਨੀਗੜ੍ਹ


ਫਿਰੋਜ਼ਪੁਰ

# ਜ਼ਮੀਨੀ ਵਿਵਾਦ ਨੂੰ ਲੈ ਕੇ ਖੂਨੀ ਝੜਪ 'ਚ ਦੋ ਦੀ ਮੌਤ, ਇੱਕ ਗੰਭੀਰ ਜ਼ਖ਼ਮੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਇਥੋਂ ਨੇੜਲੇ ਪਿੰਡ ਪਹੂਵਿੰਡ ਵਿੱਚ ਕਰੀਬ ਡੇਢ ਕਿੱਲਾ ਜ਼ਮੀਨ 'ਤੇ ਕਬਜ਼ੇ ਨੂੰ ਲੈ ਕੇ ਦੋ ਧਿਰਾਂ ਦਰਮਿਆਨ ਹੋਈ ਖੂਨੀ ਝੜਪ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ ਇੱਕ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ।ਘਟਨਾ ਦੌਰਾਨ ਗੋਲੀਬਾਰੀ ਹੋਣ ਕਾਰਨ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ।ਭਿੱਖੀਵਿੰਡ ਪੁਲਸ ਨੇ ਇੱਕ ਧਿਰ ਦੇ ਮ੍ਰਿਤਕ ਸੁਖਰਾਜ ਸਿੰਘ ਦੀ ਪਤਨੀ ਰਾਜਵਿੰਦਰ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਦੂਜੀ ਧਿਰ ਦੀ ਇੱਕ ਔਰਤ ਅਤੇ ਅੱਠ ਵਿਅਕਤੀਆਂ ਸਮੇਤ ਪੰਜ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਰਾਜਵਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦਾ ਪਿੰਡ ਦੇ ਸਾਬਕਾ ਸਰਪੰਚ ਅਮਰਜੀਤ ਸਿੰਘ ਦੀ ਧਿਰ ਨਾਲ ਕਰੀਬ ਡੇਢ ਕਿੱਲਾ ਜ਼ਮੀਨ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ।ਇਸ ਮਾਮਲੇ ਸਬੰਧੀ ਅਦਾਲਤ ਵੱਲੋਂ ਸਟੇਟਸ ਕੋਅ ਦੇ ਹੁਕਮ ਵੀ ਜਾਰੀ ਕੀਤੇ ਹੋਏ ਹਨ ਅਤੇ ਮਾਮਲਾ ਉਪ ਮੰਡਲ ਮੈਜਿਸਟਰੇਟ ਭਿੱਖੀਵਿੰਡ ਦੀ ਅਦਾਲਤ ਵਿੱਚ ਵੀ ਵਿਚਾਰ ਅਧੀਨ ਹੈ।ਰਾਜਵਿੰਦਰ ਕੌਰ ਅਨੁਸਾਰ ਉਕਤ ਜ਼ਮੀਨ ਵਿੱਚ ਉਨ੍ਹਾਂ ਵੱਲੋਂ ਬਾਜਰੇ ਦੀ ਫ਼ਸਲ ਬੀਜੀ ਹੋਈ ਸੀ। ਸ਼ਨੀਵਾਰ ਬਾਅਦ ਦੁਪਹਿਰ ਤਿੰਨ ਵਜੇ ਦੇ ਕਰੀਬ ਦੂਜੀ ਧਿਰ ਦੇ ਕੁਝ ਹਥਿਆਰਬੰਦ ਵਿਅਕਤੀ ਕਥਿਤ ਤੌਰ 'ਤੇ ਫ਼ਸਲ ਵੱਢਣ ਦੀ ਕੋਸ਼ਿਸ਼ ਕਰ ਰਹੇ ਸਨ। ਇਸ ਦੀ ਸੂਚਨਾ ਮਿਲਣ 'ਤੇ ਉਸ ਦਾ ਪਤੀ ਸੁਖਰਾਜ ਸਿੰਘ ਅਤੇ ਪੁੱਤਰ ਹਰਨੂਰ ਸਿੰਘ ਮੌਕੇ 'ਤੇ ਪਹੁੰਚੇ। ਰਾਜਵਿੰਦਰ ਕੌਰ ਨੇ ਦੱਸਿਆ ਕਿ ਕੁੱਝ ਸਮੇਂ ਬਾਅਦ ਮੈਂ ਵੀ ਮੌਕੇ 'ਤੇ ਪੁੱਜੀ।ਉਸ ਨੇ ਪੁਲੀਸ ਨੂੰ ਦੱਸਿਆ ਕਿ ਮੌਕੇ 'ਤੇ ਅਮਰਜੀਤ ਸਿੰਘ, ਉਸ ਦਾ ਭਰਾ ਨਿਰਮਲ ਸਿੰਘ, ਰਣਦੀਪ ਸਿੰਘ ਉਰਫ਼ ਰਾਣਾ, ਸ਼ਰਨਜੀਤ ਸਿੰਘ, ਕੁਲਵੰਤ ਸਿੰਘ ਅਤੇ ਹੋਰ ਵਿਅਕਤੀ ਉੱਥੇ ਮੌਜੂਦ ਸਨ। ਇਨ੍ਹਾਂ ਵਿੱਚੋਂ ਕੁਝ ਵਿਅਕਤੀਆਂ ਕੋਲ ਰਾਈਫ਼ਲਾਂ ਅਤੇ ਪਿਸਤੌਲ ਸਨ।ਰਾਜਵਿੰਦਰ ਕੌਰ ਨੇ ਦੋਸ਼ ਲਗਾਇਆ ਕਿ ਵਿਰੋਧੀ ਧਿਰ ਵੱਲੋਂ ਚਲਾਈ ਗਈ ਗੋਲੀ ਨਾਲ ਉਸ ਦਾ ਪਤੀ ਸੁਖਰਾਜ ਸਿੰਘ ਜ਼ਮੀਨ 'ਤੇ ਡਿੱਗ ਪਿਆ, ਜਦਕਿ ਉਸ ਦੇ ਪੁੱਤਰ ਹਰਨੂਰ ਸਿੰਘ ਦੇ ਖੱਬੇ ਪੱਟ ਵਿੱਚ ਗੋਲੀ ਲੱਗੀ।ਉਸ ਨੇ ਆਪਣੇ ਪਤੀ ਅਤੇ ਪੁੱਤਰ ਨੂੰ ਬਚਾਉਣ ਲਈ ਰੌਲਾ ਪਾਇਆ।ਇਸ ਦੌਰਾਨ ਅਮਰਜੀਤ ਸਿੰਘ, ਦਲਜੀਤ ਕੌਰ ਅਤੇ ਰਣਦੀਪ ਸਿੰਘ ਨੇ ਉਸ ਨਾਲ ਧੱਕਾ-ਮੁੱਕੀ ਕੀਤੀ ਅਤੇ ਹਰਨੂਰ ਸਿੰਘ ਦਾ ਮੋਬਾਈਲ ਫ਼ੋਨ ਵੀ ਖੋਹ ਲਿਆ ਅਤੇ ਗੱਡੀ ਵਿੱਚ ਪਈ ਰਾਈਫ਼ਲ ਸਮੇਤ ਪਿਸਤੌਲ ਜਾਂਦੇ ਹੋਏ ਆਪਣੇ ਨਾਲ ਹੀ ਲੈ ਗਏ । ਘਟਨਾ ਤੋਂ ਬਾਅਦ ਮੌਕੇ 'ਤੇ ਪਹੁੰਚੇ ਗੁਆਂਢੀ ਦੀ ਮਦਦ ਨਾਲ ਸੁਖਰਾਜ ਸਿੰਘ ਅਤੇ ਹਰਨੂਰ ਸਿੰਘ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਮੇਰੇ ਪਤੀ ਸੁਖਰਾਜ ਸਿੰਘ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਪੁਲਸ ਨੇ ਰਾਜਵਿੰਦਰ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਅਮਰਜੀਤ ਸਿੰਘ ਪੁੱਤਰ ਸੁੱਚਾ ਸਿੰਘ, ਨਿਰਮਲ ਸਿੰਘ, ਸ਼ਰਨਜੀਤ ਸਿੰਘ ਪੁੱਤਰ ਕਾਰਜ ਸਿੰਘ, ਕੁਲਵੰਤ ਸਿੰਘ, ਦਲਜੀਤ ਕੌਰ ਪਤਨੀ ਅਮਰਜੀਤ ਸਿੰਘ, ਪਰਮਜੀਤ ਸਿੰਘ ਉਰਫ਼ ਪੰਮਾ ਪੁੱਤਰ ਪਰਗਟ ਸਿੰਘ, ਕਾਲੂ ਪੁੱਤਰ ਅਮਰਜੀਤ ਸਿੰਘ ਅਤੇ ਸਰਬਜੀਤ ਸਿੰਘ ਪੁੱਤਰ ਸੁੱਖਾ ਸਿੰਘ ਵਾਸੀ ਲਾਖਣਾ ਸਮੇਤ ਪੰਜ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ।

# 'ਬਦਲਾਅ ਜ਼ਰੂਰੀ ਹੈ' ਦੇ ਸੱਦੇ ਤਹਿਤ ਚਵਿੰਡਾ ਦੇਵੀ ਵਿਖੇ ਸੀ ਪੀ ਆਈ ਵੱਲੋਂ ਵਿਸ਼ਾਲ ਮਾਰਚ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਬਦਲਾਅ ਜ਼ਰੂਰੀ ਦੇ ਸੱਦੇ ਤਹਿਤ ਹਲਕਾ ਮਜੀਠਾ ਦੇ ਕਸਬਾ ਚਵਿੰਡਾ ਦੇਵੀ ਵਿਖੇ ਸੀਪੀਆਈ ਵੱਲੋਂ ਵਿਸ਼ਾਲ ਇਕੱਠ ਅਤੇ ਰੋਸ ਮਾਰਚ ਕੀਤਾ ਗਿਆ।ਇਸ ਇਕੱਠ ਦੀ ਅਗਵਾਈ ਸੀਪੀਆਈ ਮਜੀਠਾ ਦੇ ਸੈਕਟਰੀ ਬਲਕਾਰ ਸਿੰਘ ਦੁਧਾਲਾ, ਮੱਖਣ ਸਿੰਘ ਲੈਹਰਕਾ ਅਤੇ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਨੇ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਦੁਧਾਲਾ ਨੇ ਕਿਹਾ ਕਿ ਦੇਸ਼ ਨੂੰ ਆਜ਼ਾਦ ਹੋਏ 79 ਸਾਲ ਪੂਰੇ ਹੋ ਚੁੱਕੇ ਹਨ ਅਤੇ 80ਵਾਂ ਸਾਲ ਸ਼ੁਰੂ ਹੋ ਗਿਆ ਹੈ, ਪਰ ਅੱਜ ਵੀ ਦੇਸ਼ ਦੇ ਲੋਕ ਭੁੱਖੇ ਢਿੱਡ ਸੌਣ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਜੇਲ੍ਹਾਂ ਕੱਟੀਆਂ ਅਤੇ ਆਪਣੀਆਂ ਜਾਨਾਂ ਵਾਰ ਦਿੱਤੀਆਂ, ਉਨ੍ਹਾਂ ਦਾ ਇਹ ਸੁਪਨਾ ਨਹੀਂ ਸੀ ਕਿ ਆਜ਼ਾਦੀ ਤੋਂ ਬਾਅਦ ਵੀ ਦੇਸ਼ ਦੇ ਨੌਜਵਾਨ ਰੁਜ਼ਗਾਰ ਦੀ ਭਾਲ ਵਿੱਚ ਘਰੋਂ ਬੇਘਰ ਹੁੰਦੇ ਰਹਿਣਗੇ ਅਤੇ ਵਿਦੇਸ਼ਾਂ ਵਿੱਚ ਜਾ ਕੇ ਧੱਕੇ ਖਾਣਗੇ।ਸੀਪੀਆਈ ਮਜੀਠਾ ਦੇ ਸੈਕਟਰੀ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਅੱਜ ਦਾ ਇਕੱਠ ਸਾਬਤ ਕਰਦਾ ਹੈ ਕਿ ਕਿਰਤੀ, ਕਿਸਾਨ ਅਤੇ ਨੌਜਵਾਨ ਮੌਜੂਦਾ ਰਾਜ ਪ੍ਰਬੰਧ ਤੋਂ ਦੁਖੀ ਹੋ ਚੁੱਕੇ ਹਨ।ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਇਸ ਰਾਜ ਪ੍ਰਬੰਧ ਵਿੱਚ ਬਦਲਾਅ ਲਿਆਉਣ ਅਤੇ ਸਮਾਜਵਾਦੀ ਰਾਜ ਦੀ ਸਿਰਜਣਾ ਲਈ ਆਪਣੀ ਵੋਟ ਦਾ ਇਸਤੇਮਾਲ ਕਰਨਾ ਹੋਵੇਗਾ।ਉਨ੍ਹਾਂ ਪੰਜਾਬ ਅਤੇ ਦੇਸ਼ ਦੀ ਪੁਲਸ ਦੇ ਨੌਜਵਾਨਾਂ ਪ੍ਰਤੀ ਕਥਿਤ ਕਰੂਰਤਾ ਭਰੇ ਵਤੀਰੇ ਦੀ ਵੀ ਨਿੰਦਾ ਕੀਤੀ।ਇਸ ਮੌਕੇ ਸੀਪੀਆਈ ਵੱਲੋਂ 'ਬਦਲਾਅ ਜ਼ਰੂਰੀ ਹੈ' ਦੇ ਸੱਦੇ ਤਹਿਤ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਮਾਰਚ ਦੌਰਾਨ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਲੋਕਾਂ ਨੂੰ ਆਪਣੇ ਹੱਕਾਂ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਰਣਜੀਤ ਜੇਠੂਵਾਲ, ਜਗਦੀਸ਼, ਮੱਖਣ ਸਿੰਘ, ਹੀਰਾ ਸਿੰਘ ਲੈਹਰਕਾ, ਪਿੰਦਰ ਸਿੰਘ ਮੁੱਗੋਸੋਹੀ, ਹਰਜਿੰਦਰ ਸਿੰਘ ਕੱਥੂਨੰਗਲ, ਧਰਮ ਸਿੰਘ ਦੁਧਾਲਾ, ਮੇਜਰ ਸਿੰਘ, ਬਲਵਿੰਦਰ ਸਿੰਘ ਅਬਦਾਲ, ਬੀਰ ਸਿੰਘ ਮੱਤੇਵਾਲ ਅਤੇ ਕੁਲਵਿੰਦਰ ਕੌਰ ਖੁਸ਼ੀਪੁਰ ਸਮੇਤ ਹੋਰਨਾਂ ਆਗੂਆਂ ਨੇ ਵੀ ਸੰਬੋਧਨ ਕੀਤਾ।ਜੋਗਿੰਦਰ ਸਿੰਘ ਚਵਿੰਡਾ ਦੇਵੀ ਨੇ ਇਕੱਠ ਵਿੱਚ ਪਹੁੰਚੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਦਿਵਾਉਣ ਲਈ ਮੌਜੂਦਾ ਰਾਜ ਪ੍ਰਬੰਧ ਵਿੱਚ ਬਦਲਾਅ ਲਿਆਉਣਾ ਬਹੁਤ ਜ਼ਰੂਰੀ ਹੈ।

# ਔਜਲਾ ਨੇ ਰੇਲ ਮੰਤਰੀ ਨੂੰ ਸੌਂਪਿਆ ਮੰਗ ਪੱਤਰ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਲੰਮੇ ਸਮੇਂ ਤੋਂ ਲਟਕ ਰਹੇ ਆਧੁਨਿਕੀਕਰਨ ਤੇ ਮੁੜ ਵਿਕਾਸ ਕਾਰਜ਼ਾਂ ਨੂੰ ਲੈ ਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕੇਂਦਰੀ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੂੰ ਮਿਲ ਕੇ ਮੰਗ ਪੱਤਰ ਸੌਂਪਿਆ। ਔਜਲਾ ਨੇ ਰੇਲ ਮੰਤਰੀ ਤੋਂ ਪ੍ਰਾਜੈਕਟ ਵਿਚ ਤੇਜ਼ੀ ਲਿਆਉਣ ਤੇ ਸਮਾਂਬੱਧ ਢੰਗ ਨਾਲ ਕੰਮ ਸ਼ੁਰੂ ਕਰਵਾਉਣ ਲਈ ਨਿੱਜੀ ਦਖ਼ਲ ਦੀ ਮੰਗ ਕੀਤੀ ਹੈ। ਔਜਲਾ ਨੇ ਪੱਤਰ ਵਿੱਚ ਕਿਹਾ ਕਿ ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਮੁੜ ਵਿਕਾਸ ਦੀ ਯੋਜਨਾ ਸਾਲ 2020 ਵਿਚ ਮਨਜ਼ੂਰ ਕੀਤੀ ਗਈ ਸੀ। ਇਸ ਦਾ ਮਕਸਦ ਸਟੇਸ਼ਨ ਨੂੰ ਹਵਾਈ ਅੱਡੇ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਵਿਸ਼ਵ ਪੱਧਰੀ ਟਰਮੀਨਲ ਵਜੋਂ ਵਿਕਸਤ ਕਰਨਾ ਸੀ ਪਰ ਮਨਜ਼ੂਰੀ ਮਿਲਣ ਦੇ ਕਰੀਬ ਪੰਜ ਸਾਲ ਬਾਅਦ ਵੀ ਇਹ ਪ੍ਰਾਜੈਕਟ 'ਡਿਵੈਲਪਮੈਂਟ ਫੇਜ਼' ਵਿਚ ਹੀ ਅਟਕਿਆ ਹੋਇਆ ਹੈ ਅਤੇ ਜ਼ਮੀਨੀ ਪੱਧਰ 'ਤੇ ਉਮੀਦ ਮੁਤਾਬਕ ਤਰੱਕੀ ਨਜ਼ਰ ਨਹੀਂ ਆ ਰਹੀ। ਔਜਲਾ ਨੇ ਰੇਲ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਪ੍ਰਾਜੈਕਟ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ ਤੇ ਕੰਮ ਜਲਦ ਸ਼ੁਰੂ ਕਰਵਾ ਕੇ ਸਮਾਂਬੱਧ ਢੰਗ ਨਾਲ ਪੂਰਾ ਕਰਵਾਇਆ ਜਾਵੇ।

# ਸਹਿਕਾਰੀ ਖੰਡ ਮਿੱਲ ਸ਼ੇਰੋਂ ਵਿਖੇ ਲੱਗਾ ਪੱਕਾ ਮੋਰਚਾ 88ਵੇਂ ਦਿਨ 'ਚ ਸ਼ਾਮਲ : ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ)- ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 21 ਮਈ ਤੋਂ ਸਹਿਕਾਰੀ ਖੰਡ ਮਿੱਲ ਸ਼ੇਰੋਂ ਵਿਖੇ ਪੱਕਾ ਮੋਰਚਾ ਚੱਲ ਰਿਹਾ ਹੈ।ਇਹ ਮੋਰਚਾ ਕਿਸਾਨ ਜਥੇਬੰਦੀਆਂ ਵੱਲੋਂ ਇਸ ਕਰਕੇ ਲਗਾਇਆ ਗਿਆ ਕਿਉਂਕਿ ਪੰਜਾਬ ਸਰਕਾਰ ਵੱਲੋਂ ਨਵੰਬਰ 2025 ਵਿੱਚ ਸਰਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਤਬਦੀਲ ਕਰ ਦਿੱਤੀ ਗਈ ਸੀ।ਇਸ ਦਾ ਵਿਰੋਧ ਪ੍ਰਗਟ ਕਰਨ ਲਈ ਪਹਿਲਾਂ ਫਰਵਰੀ 2026 ਵਿੱਚ ਮੋਰਚਾ ਲੱਗਾ ਸੀ ਜਿਸ ਦੌਰਾਨ ਕਿਸਾਨ ਆਗੂਆਂ ਨੂੰ ਜੇਲ ਵਿੱਚ ਬੰਦ ਕਰ ਦਿੱਤਾ ਗਿਆ ਸੀ ਅਤੇ ਜਨਤਕ ਦਬਾਅ ਕਾਰਨ ਉਨ੍ਹਾਂ ਨੂੰ ਰਿਹਾਅ ਕਰਨਾ ਪਿਆ ਸੀ।ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਹਰਜਿੰਦਰ ਸਿੰਘ ਟਾਂਡਾ, ਤਰਸੇਮ ਸਿੰਘ ਲੁਹਾਰ, ਜੱਸਾ ਸਿੰਘ ਕੱਦਗਿੱਲ, ਨਛੱਤਰ ਸਿੰਘ ਪੰਨੂ, ਮਨਜੀਤ ਸਿੰਘ ਬੱਗੂ, ਬਲਕਾਰ ਸਿੰਘ ਵਲਟੋਹਾ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸਹਿਕਾਰੀ ਖੰਡ ਮਿੱਲ ਨੂੰ ਆਪਣੀ ਮਰਜ਼ੀ ਨਾਲ ਨਹੀਂ ਵੇਚ ਸਕਦੀ ਕਿਉਂਕਿ ਇਸ ਵਿੱਚ ਕਿਸਾਨਾਂ ਦੇ 60 ਫੀਸਦੀ ਸ਼ੇਅਰ ਹਨ ਜਦੋਂ ਕਿ ਪੰਜਾਬ ਸਰਕਾਰ ਨੇ ਗੈਰ-ਕਾਨੂੰਨੀ ਢੰਗ ਨਾਲ ਬਿਨਾਂ ਕਿਸਾਨਾਂ ਤੋਂ ਕੋਈ ਰਾਏ ਲਿਆਂ ਇਸ ਖੰਡ ਮਿੱਲ ਦੀ ਮਾਲਕੀ ਤਬਦੀਲ ਕਰ ਦਿੱਤੀ ਜੋ ਕਿ ਕਿਸੇ ਵੀ ਕੀਮਤ 'ਤੇ ਮਨਜ਼ੂਰ ਨਹੀਂ।ਉਨ੍ਹਾਂ ਨੇ ਕਿਹਾ ਕਿ ਮੋਰਚੇ ਦੇ ਆਗੂਆਂ ਵੱਲੋਂ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਮੰਗ ਪੱਤਰ ਦੇਣ ਦਾ ਪ੍ਰੋਗਰਾਮ ਉਲੀਕਿਆ ਸੀ ਜਿਸ ਵਿੱਚ ਸਰਵਨ ਸਿੰਘ ਧੁੰਨ, ਹਰਮੀਤ ਸਿੰਘ ਸੰਧੂ ਨੂੰ ਤਾਂ ਮੰਗ ਪੱਤਰ ਦੇ ਦਿੱਤੇ ਗਏ ਸਨ ਪਰ ਮਨਜਿੰਦਰ ਸਿੰਘ ਲਾਲਪੁਰਾ ਹਲਕਾ ਵਿਧਾਇਕ ਖਡੂਰ ਸਾਹਿਬ ਆਪਣੀ ਹੈਂਕੜ ਕਾਰਨ ਮੰਗ ਪੱਤਰ ਲੈਣ ਤੋਂ ਆਨਾਕਾਨੀ ਕਰ ਰਿਹਾ।ਇਸ ਸਬੰਧੀ ਉਸ ਦੇ ਘਰ ਤੱਕ ਸੰਯੁਕਤ ਕਿਸਾਨ ਮੋਰਚਾ ਦੀਆਂ ਧਿਰਾਂ ਵੱਲੋਂ ਰੋਸ ਮਾਰਚ ਕੀਤਾ ਗਿਆ ਸੀ ।ਆਗੂਆਂ ਨੇ ਕਿਹਾ ਕਿ ਜੇਕਰ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਸਾਨਾਂ ਕੋਲੋਂ ਮੰਗ ਪੱਤਰ ਨਾ ਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਮੁੜ ਉਨ੍ਹਾਂ ਦੇ ਘਰ ਵੱਲ ਨੂੰ ਮਾਰਚ ਕੀਤਾ ਜਾਵੇਗਾ ਅਤੇ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਜਸਬੀਰ ਸਿੰਘ ਸਰਹਾਲੀ, ਕਸ਼ਮੀਰ ਸਿੰਘ, ਬਲਜੀਤ ਸਿੰਘ ਢੰਡ, ਗੁਰਵਿਆਲ ਸਿੰਘ ਵਰਨਾਲਾ, ਹਰਭਜਨ ਸਿੰਘ ਚੂਸਲੇਵੜ, ਬਲਵਿੰਦਰ ਸਿੰਘ ਮੁੱਗਾਪਿੰਡ, ਬਲਵੰਤ ਸਿੰਘ ਮੁੱਗਾਪਿੰਡ, ਕੈਪਟਨ ਭਗਵੰਤ ਸਿੰਘ,ਬਾਬਾ ਜਸਵੰਤ ਸਿੰਘ ਚੋਧੀ, ਸੂਬੇਦਾਰ ਜੋਗਿੰਦਰ ਪਾਲ ਸਿੰਘ, ਜਗਰੂਪ ਸਿੰਘ,, ਹਰਭਜਨ ਸਿੰਘ ਖਾਲਸਾ,ਸੁਖਬਾਜ ਸਿੰਘ ਸਿੱਧੂ, ਗੁਰਪ੍ਰਤਾਪ ਸਿੰਘ ਮੁਗਲ ਚੱਕ, ਬਲਦੇਵ ਸਿੰਘ ਕਰਮੂੰਵਾਲਾ, ਪਿਆਰਾ ਸਿੰਘ ਕਰਮੂੰਵਾਲਾ, ਫਤਿਹ ਸਿੰਘ ਜਨ ਸਕੱਤਰ, ਮਾਸਟਰ ਭੁਪਿੰਦਰ ਸਿੰਘ ਮੋਹਨਪੁਰਾ ਅਤੇ ਗੁਰਚਰਨ ਸਿੰਘ ਸਭਰਾ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਦੀ ਮੀਟਿੰਗ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਵੱਲੋਂ ਗੁਰਦਵਾਰਾ ਬਾਬਾ ਰਾਇਆ ਜੀ ਦੇ ਸਥਾਨ ਤੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਵਿੱਚ ਹੇਠ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਲੋਕ ਮੁੱਦਿਆਂ ਨੂੰ ਲੈ ਕੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ ਜੋਨ ਆਗੂ ਰਣਜੀਤ ਸਿੰਘ ਨੇ ਕਿਹਾ ਕਿ 25 ਅਗਸਤ ਨੂੰ ਹਰ ਪਿੰਡ ਵਿੱਚ ਮੋਦੀ ਦੀ ਸਰਕਾਰ ਦੇ ਵਿਰੋਧ ਵਿੱਚ ਪੋਸਟਰ ਲਗਾਏ ਜਾਣਗੇ, 31 ਅਗਸਤ ਨੂੰ ਡੀ ਸੀ ਔਫਿਸ ਧਰਨਾ ਲੱਗੇਗਾ, 14 ਸਤੰਬਰ ਨੂੰ ਮੰਤਰੀਆਂ ਦੇ ਘਰਾਂ ਅੱਗੇ ਪੱਕਾ ਮੋਰਚਾ ਲੱਗੇਗਾ ਜੋ ਕਿ ਕੀਤੇ ਜਾ ਰਹੇ ਹਨ ਜਿਸ ਵਿਚ ਸਾਨੂੰ ਵਧ ਚੜ੍ਹ ਕ ਸਾਥ ਦੇਣ ਦੀ ਜ਼ਰੂਰਤ ਹੈ। ਵਲੰਟੀਆਰ ਵੰਲਟੀਆਰ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਸੈਂਟਰ ਅਤੇ ਕਾਰਪੋਰੇਟ ਘਰਾਣਿਆਂ ਦੀਆਂ ਲੋਕ ਮਾਰੂ ਨੀਤੀਆਂ ਸਾਡੇ ਪੰਜਾਬ ਦੀਆਂ ਖੇਤੀਯੋਗ ਜ਼ਮੀਨਾਂ ਖੋਹ ਕੇ ਅਡਾਨੀ ਅੰਬਾਨੀ ਵਰਗੇ ਸੈਂਟਰ ਦੇ ਦਲਾਲਾਂ ਨੂੰ ਦੇਣ ਦੀ ਸਾਜਿਸ਼ ਹੈ। ਕਿਸਾਨ ਆਗੂ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਵਿਚ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਲਗਾਤਾਰ ਵਧਾ ਕੇ ਪੰਜਾਬ ਦੇ ਕਿਰਤੀ ਕਿਸਾਨਾਂ, ਮਜ਼ਦੂਰਾਂ ਉਪਰ ਮਹਿੰਗਾਈ ਦਾ ਬੋਝ ਪਾਇਆ ਜਾ ਰਿਹਾ ਹੈ ਜਦ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਦਬਿਆ ਪਿਆ ਹੈ। ਝੋਨੇ ਦੇ ਸੀਜ਼ਨ ਵਿੱਚ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਲਗਾਤਾਰ ਵਧ ਰਹੀਆਂ ਹਨ।ਇਸ ਮੌਕੇ ਪ੍ਰੈਸ ਸਕੱਤਰ ਗੁਰਚਰਨ ਸਿੰਘ, ਸੁਰਜੀਤ ਸਿੰਘ, ਸੰਦੀਪ ਸਿੰਘ, ਕੁਲਦੀਪ ਸਿੰਘ, ਰਛਪਾਲ ਸਿੰਘ, ਦੁਰਗਾ ਸਿੰਘ, ਚਰਨਜੀਤ ਸਿੰਘ, ਦਲਬੀਰ ਸਿੰਘ, ਲੱਖਾ ਸਿੰਘ, ਮਿੱਠੂ ਬਾਈ, ਕੁਲਵੰਤ ਸਿੰਘ, ਹਰਦੇਵ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਗੁਰਦੇਵ ਸਿੰਘ, ਸਤੋਖ ਸਿੰਘ, ਕਜ਼ਮੀਰ ਸਿੰਘ ਆਦਿ ਆਗੂ ਹਾਜ਼ਰ ਸਨ।

# ਪਹਿਲੀ ਸਤੰਬਰ ਦੀ ਦਿੱਲੀ ਰੈਲੀ ਮੋਦੀ ਸਰਕਾਰ ਦੀ ਨੀਂਦ ਹਰਾਮ ਕਰੇਗੀ: ਕਾਮਰੇਡ ਦਦੇਹਰ ਸਾਹਿਬ



ਚੋਹਲਾ ਸਾਹਿਬ (ਰਮਨ ਚੱਢਾ):ਭਾਰਤੀ ਕਮਿਊਨਿਸਟ ਪਾਰਟੀ ਦੀ ਇੱਕ ਅਹਿਮ ਮੀਟਿੰਗ ਚੋਹਲਾ ਸਾਹਿਬ ਵਿਖੇ ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਪਰਮਜੀਤ ਸਿੰਘ ਚੋਹਲਾ ਸਾਹਿਬ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਕੇਂਦਰ ਦੀ ਮੋਦੀ ਸਰਕਾਰ ਤੇ ਤਿੱਖੇ ਨਿਸ਼ਾਨੇ ਸਾਧੇ। ਕਾਮਰੇਡ ਦਦੇਹਰ ਸਾਹਿਬ ਨੇ ਕਿਹਾ ਕਿ ਸਾਲ 2014 ਤੋਂ ਜਦੋਂ ਦੀ ਕੇਂਦਰ ਵਿੱਚ ਭਾਜਪਾ ਸਰਕਾਰ ਆਈ ਹੈ, ਦੇਸ਼ ਵਿੱਚ ਘੱਟ-ਗਿਣਤੀਆਂ ਤੇ ਲਗਾਤਾਰ ਹਮਲੇ ਵਧੇ ਹਨ।ਦੂਜੇ ਪਾਸੇ ਨਿੱਤ ਵਰਤੋਂ ਦੀਆਂ ਖਾਣ-ਪੀਣ ਵਾਲੀਆਂ ਚੀਜ਼ਾਂ ਦੀਆਂ ਕੀਮਤਾਂ ਵਿੱਚ ਬੇਤਹਾਸ਼ਾ ਵਾਧਾ ਕਰਕੇ ਮਹਿੰਗਾਈ ਨੂੰ ਅਸਮਾਨੀ ਪਹੁੰਚਾ ਦਿੱਤਾ ਗਿਆ ਹੈ, ਜਿਸ ਨਾਲ ਗਰੀਬ ਅਤੇ ਆਮ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ।ਪਾਰਟੀ ਆਗੂਆਂ ਨੇ ਦੋਸ਼ ਲਾਇਆ ਕਿ ਕੇਂਦਰ ਦੀ ਬੀਜੇਪੀ ਸਰਕਾਰ ਚੋਰ ਮੋਰੀਆਂ ਰਾਹੀਂ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ ਵਿਧਾਨ ਸਭਾਵਾਂ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਹਰਿਆਣਾ, ਬਿਹਾਰ ਅਤੇ ਬੰਗਾਲ ਵਰਗੇ ਰਾਜਾਂ ਵਿੱਚ ਵੋਟਾਂ ਕਟਵਾ ਕੇ ਅਤੇ ਵੋਟਿੰਗ ਮਸ਼ੀਨਾਂ ਵਿੱਚ ਹੇਰਾਫੇਰੀ ਕਰਕੇ ਸੱਤਾ ਹਥਿਆਈ ਗਈ ਹੈ।ਹੁਣ ਭਾਜਪਾ ਦੀ ਮੰਦੀ ਨਜ਼ਰ ਪੰਜਾਬ 'ਤੇ ਹੈ ਅਤੇ ਪੰਜਾਬੀਆਂ ਨੂੰ ਤਰ੍ਹਾਂ-ਤਰ੍ਹਾਂ ਦੇ ਲਾਲਚ ਦਿੱਤੇ ਜਾ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਸੂਝਵਾਨ ਲੋਕ ਕਿਸੇ ਵੀ ਲਾਲਚ ਵਿੱਚ ਨਹੀਂ ਆਉਣਗੇ ਅਤੇ ਕਿਸਾਨ ਅੰਦੋਲਨ ਦੌਰਾਨ ਦਿੱਲੀ ਬਾਰਡਰਾਂ 'ਤੇ ਸ਼ਹੀਦ ਹੋਏ 750 ਕਿਸਾਨਾਂ ਦੀਆਂ ਕੁਰਬਾਨੀਆਂ ਦਾ ਬਦਲਾ ਆਉਂਦੀਆਂ ਚੋਣਾਂ ਵਿੱਚ ਭਾਜਪਾ ਉਮੀਦਵਾਰਾਂ ਦੀਆਂ ਜ਼ਮਾਨਤਾਂ ਜ਼ਬਤ ਕਰਵਾ ਕੇ ਲੈਣਗੇ। ਉਨ੍ਹਾਂ ਐਲਾਨ ਕੀਤਾ ਕਿ ਇਹਨਾਂ ਸਾਰੇ ਲੋਕ-ਮਾਰੂ ਮਸਲਿਆਂ ਨੂੰ ਲੈ ਕੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜੋ ਕੇਂਦਰ ਦੀ ਮੋਦੀ ਸਰਕਾਰ ਦੀ ਨੀਂਦ ਹਰਾਮ ਕਰ ਦੇਵੇਗੀ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਾਮਰੇਡ ਰਜਿੰਦਰ ਸਿੰਘ, ਹਰਵਿੰਦਰ ਸਿੰਘ, ਨਿਸ਼ਾਨ ਸਿੰਘ, ਪਾਲ ਸਿੰਘ, ਜੱਸਾ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

# ਸਮੂਹ ਸਰਕਾਰੀ ਤੇ ਨਿੱਜੀ ਸਕੂਲਾਂ 'ਚ ਸਥਾਨਕ ਛੁੱਟੀ ਦਾ ਐਲਾਨ

**ਧਾਰੀਵਾਲ, ਗੁਰਦਾਸਪੁਰ, ਬਟਾਲਾ (ਮਨਦੀਪ ਵਿੱਕੀ/ਜਨਕ ਮਹਾਜਨ/ਤਰਲੋਕ ਬੱਗਾ. ਡਾ. ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਵੱਲੋਂ ਹੁਕਮ ਜਾਰੀ ਕਰਦਿਆਂ 15 ਅਗਸਤ 2026 ਨੂੰ ਜ਼ਿਲ੍ਹਾ ਗੁਰਦਾਸਪੁਰ ਵਿੱਚ ਸੁਤੰਤਰਤਾ ਦਿਵਸ ਮੌਕੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਲਏ ਗਏ ਭਾਗ ਨੂੰ ਮੁੱਖ ਰੱਖਦੇ ਹੋਏ 17-08-2026 ਨੂੰ ਜ਼ਿਲ੍ਹਾ ਗੁਰਦਾਸਪੁਰ ਅੰਦਰ ਸਮੂਹ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

# ਯੋਗ ਸਾਧਨਾ ਆਸ਼ਰਮ ਛੇਹਰਟਾ ਵਿਖੇ ਮਨਾਇਆ 80ਵਾਂ ਸੁਤੰਤਰਤਾ ਦਿਵਸ



ਅੰਮ੍ਰਿਤਸਰ (ਅਰੋੜਾ) ਯੋਗ ਸਾਧਨਾ ਆਸ਼ਰਮ ਛੇਹਰਟਾ ਵਿਖੇ ਸੁਤੰਤਰਤਾ ਦਿਵਸ ਸਵਾਮੀ ਗੁਰਬਖਸ਼ ਰਾਏ ਮਹਾਰਾਜ ਦੇ ਆਸ਼ੀਰਵਾਦ ਨਾਲ ਯੋਗ ਸਾਧਨ ਆਸ਼ਰਮ ਦੇ ਸੇਵਕ ਰੋਟਰੀ ਕਲੱਬ ਆਸਥਾ ਦੇ ਸਾਬਕਾ ਪ੍ਰਧਾਨ ਅੰਦੇਸ਼ ਭੱਲਾ ਦੀ ਦੇਖ ਰੇਖ ਹੇਠ ਮਨਾਇਆ ਗਿਆ।ਇਸ ਮੌਕੇ ਆਸ਼ਰਮ ਦੇ ਸਮੂਹ ਸਾਧਕ ਅਤੇ ਸੰਗਤ ਨੇ ਇਸ ਰਾਸ਼ਟਰੀ ਸਮਾਗਮ ਵਿੱਚ ਭਾਗ ਲਿਆ। ਰਾਸ਼ਟਰੀ ਤਿਰੰਗਾ ਫਹਿਰਾਉਣ ਦੀ ਰਸਮ ਸਵਾਮੀ ਗੁਰਬਖਸ਼ ਰਾਏ ਜੀ ਮਹਾਰਾਜ ਵੱਲੋਂ ਨਿਭਾਈ ਗਈ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸਵਾਮੀ ਜੀ ਨੇ ਸਾਧਕਾਂ ਨੂੰ ਕਿਹਾ ਕਿ ਸਾਨੂੰ ਆਪਣੇ ਰੋਜ਼ਾਨਾ ਦੇ ਕੰਮਾਂ ਅਤੇ ਪਰਿਵਾਰਕ ਜ਼ਿੰਮੇਵਾਰੀਆ ਦੇ ਨਾਲ ਨਾਲ ਆਪਣੇ ਇਸ਼ਟ ਦੇਵ, ਆਪਣੇ ਦੇਸ਼ ਧਰਮ ਲਈ ਕੁਰਬਾਨ ਹੋਣ ਵਾਲਿਆ ਨੂੰ ਵੀ ਯਾਦ ਰੱਖਣਾ ਚਾਹੀਦਾ ਹੈ।ਆਸ਼ਰਮ ਦੇ ਵੱਲੋਂ ਸਾਰੇ ਸਾਧਕਾਂ ਨੂੰ ਮਿਠਾਈ ਵੰਡੀ ਗਈ।ਇਸ ਮੌਕੇ ਯੋਗ ਸਾਧਨਾ ਆਸ਼ਰਮ ਦੇ ਸੇਵਾਦਾਰ ਵਾਰਡ ਨੰਬਰ 79 ਦੇ ਕੌਂਸਲਰ ਬੌਬੀ, ਵਿਜੇ ਕੁਮਾਰ ਵਡਾਲੀ, ਅਸ਼ਵਨੀ ਐਰੀ, ਗੁਰਸ਼ਰਨ ਸਿੰਘ, ਹਰਦੀਪ ਸਿੰਘ, ਰਾਜਨ, ਰਾਜਿੰਦਰ ਨਈਅਰ, ਨਰੇਸ਼ ਸ਼ਰਮਾ, ਨਰੇਸ਼ ਕੁਮਾਰ ਅਤੇ ਗੁਪਤਾ ਸਮੇਤ ਵੱਡੀ ਗਿਣਤੀ ਵਿੱਚ ਸਾਧਕ ਮੌਜੂਦ ਸਨ।

# ਐੱਸ ਡੀ ਐੱਮ ਲਛਮਣ ਸਿੰਘ ਨੇ ਡੇਰਾ ਬਾਬਾ ਨਾਨਕ ਵਿਖੇ ਲਹਿਰਾਇਆ ਕੌਮੀ ਝੰਡਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਡੇਰਾ ਬਾਬਾ ਨਾਨਕ ਵਿਖੇ ਐੱਸਡੀਐੱਮ ਲਛਮਣ ਸਿੰਘ ਵੱਲੋਂ ਕੌਮੀ ਝੰਡਾ ਲਹਿਰਾਇਆ ਗਿਆ ਤੇ ਪਰੇਡ ਤੋਂ ਸਲਾਮੀ ਲਈ ਗਈ।ਇਸ ਮੌਕੇ ਪੰਜਾਬ ਪੁਲਸ ਦੀ ਟੁਕੜੀ ਤੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਮਾਰਚ ਪਾਸਟ ਵੀ ਕੀਤਾ ਗਿਆ।ਇਸ ਸੁਤੰਤਰਤਾ ਦਿਵਸ ਸਮਾਗਮ ਮੌਕੇ ਬੱਚਿਆਂ ਵੱਲੋਂ ਗਿੱਧਾ, ਭੰਗੜਾ, ਕੋਰੀਓਗ੍ਰਾਫੀ ਤੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ।

ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਪੁੱਜੇ ਜਿਨ੍ਹਾਂ ਨੇ ਸਮੂਹ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਅਤੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਅਤੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲਿਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਇਸ ਮੌਕੇ ਬਲਵਿੰਦਰ ਸਿੰਘ ਹਰੂਵਾਲ ਪ੍ਰਧਾਨ ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ, ਨਾਇਬ ਤਹਿਸੀਲਦਾਰ ਕੁਲਵੰਤ ਸਿੰਘ, ਬੀਡੀਪੀਓ ਸੁਰਜੀਤ ਸਿੰਘ, ਡੀਐੱਸਪੀ ਗੁਰਵਿੰਦਰ ਸਿੰਘ, ਐੱਸਐੱਸਓ ਅਸ਼ੋਕ ਕੁਮਾਰ, ਨਗਰ ਕੌਂਸਲ ਪ੍ਰਧਾਨ ਰਕੇਸ਼ ਕੁਮਾਰ ਬਿੱਟਾ, ਵਪਾਰ ਵਿੰਗ ਦੇ ਚੇਅਰਮੈਨ ਵਿਪਨ ਸੋਨੀ, ਡੇਰਾ ਬਾਬਾ ਨਾਨਕ ਮਾਰਕੀਟ ਕਮੇਟੀ ਦੇ ਚੇਅਰਮੈਨ ਰੇਸ਼ਮ ਸਿੰਘ ਪੱਡਾ, ਕੌਂਸਲਰ ਸਤਪਾਲ, ਫੌਜੀ ਸਤਨਾਮ ਸਿੰਘ ਟਰਪੱਲਾ, ਬਲਾਕ ਪ੍ਰਧਾਨ ਅੰਗਰੇਜ ਸਿੰਘ ਸ਼ਾਹਪੁਰ ਗੁਰਾਇਆ, ਹੀਰਾ ਸਿੰਘ ਸਰਪੰਚ ਪੱਬਾਰਾਲੀ ਖੁਰਦ, ਸਰਪੰਚ ਤੇਜਿੰਦਰ ਸਿੰਘ ਮਾਨ ਸ਼ਾਹਪੁਰ ਜਾਜਨ ਸਮੇਤ ਵੱਡੀ ਗਿਣਤੀ ਵਿੱਚ ਸਕੂਲਾਂ ਦੇ ਬੱਚੇ ਤੇ ਇਲਾਕੇ ਦੇ ਹੋਰ ਮੋਹਤਬਰ ਆਗੂ ਹਾਜ਼ਰ ਸਨ।

# ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ ਬਿਆਸ ਦਰਿਆ 'ਤੇ ਰੋਸ ਪ੍ਰਦਰਸ਼ਨ



**ਬਿਆਸ. (ਪਰਮਜੀਤ ਸਿੰਘ ਰੱਖੜਾ)**-ਬਿਆਸ ਦਰਿਆ ਵਿਖੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਨੇ ਆਪਣੀਆਂ ਕੁਝ ਮੰਗਾਂ ਲਈ ਧਰਨਾ ਦਿੱਤਾ। ਲਖਬੀਰ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਨੇ ਦਿਵਿਆਂਗ ਲੋਕਾਂ ਲਈ ਪੈਨਸ਼ਨ 1500 ਰੁਪਏ ਤੋਂ ਵਧਾ ਕੇ 2500 ਰੁਪਏ ਕਰਨ ਦੀ ਗੱਲ ਕੀਤੀ ਸੀ।ਬੈਕਲਾਗ ਕੋਟੇ ਅਧੀਨ ਨੌਕਰੀਆਂ ਦੀ ਗੱਲ ਵੀ ਕੀਤੀ ਸੀ।ਮਾਨ ਸਰਕਾਰ ਜਦੋਂ ਦੀ ਬਣੀ ਹੈ, ਸਾਡੇ ਨਾਲ ਵਿਤਕਰਾ ਕਰਕੇ ਸਾਨੂੰ ਨਾ ਤਾਂ ਪੈਨਸ਼ਨ ਵਧਾ ਕੇ ਦਿੱਤੀ ਗਈ ਅਤੇ ਨਾ ਹੀ ਸਾਨੂੰ ਸਾਡੇ ਬਣਦੇ ਕੋਟੇ ਅਧੀਨ ਨੌਕਰੀਆਂ ਹੀ ਮਿਲੀਆਂ। ਬਿਆਸ ਦਰਿਆ 'ਤੇ ਬਿਨਾਂ ਪ੍ਰਸ਼ਾਸਨ ਨੂੰ ਦੱਸਿਆ ਅਸੀਂ ਇਹ ਧਰਨਾ ਦਿੱਤਾ ਅਤੇ ਮੰਗ ਕੀਤੀ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਵੀਡੀਓ ਕਾਲ 'ਤੇ ਗੱਲਬਾਤ ਕਰਵਾਈ ਜਾਵੇ ਅਤੇ ਬਣਦੀ ਪੈਨਸ਼ਨ ਅਤੇ ਨੌਕਰੀਆਂ ਮਿਲਣ ਦੀ ਗਰੰਟੀ ਦਿੱਤੀ ਜਾਵੇ।ਜੇਕਰ ਸ਼ਾਮ ਤੱਕ ਸਾਡਾ ਹੱਲ ਨਹੀਂ ਹੁੰਦਾ ਤਾਂ ਬਿਆਸ ਦਰਿਆ ਵਿਖੇ ਆਪਣੀਆਂ ਜਾਨਾਂ ਨੂੰ ਦਾਅ 'ਤੇ ਲਾਇਆ ਜਾਵੇਗਾ। ਐਤਵਾਰ ਦੇਰ ਸ਼ਾਮ ਐੱਸ ਡੀ ਐੱਮ ਬਾਬਾ ਬਕਾਲਾ ਸਾਹਿਬ ਵੱਲੋਂ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਪ੍ਰਧਾਨ ਨੂੰ ਲਿਖਤੀ ਅਤੇ ਗੱਲਬਾਤ ਰਾਹੀਂ ਭਰੋਸਾ ਦਿਵਾਇਆ ਗਿਆ ਅਤੇ ਪੰਜਾਬ ਭਵਨ ਵਿਖੇ ਮਾਨ ਸਰਕਾਰ ਨਾਲ ਜਲਦ ਮੁਲਾਕਾਤ ਕਰਾਏ ਜਾਣ ਦੀ ਗੱਲ ਕਹੀ ਗਈ।

ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਕੁਝ ਸਰਕਾਰੀ ਅਧਿਕਾਰੀਆਂ ਨੂੰ ਨਾਲ ਲੈ ਕੇ ਡੀ ਸੀ ਅੰਮ੍ਰਿਤਸਰ ਨਾਲ ਮੁਲਾਕਾਤ ਕਰਕੇ ਪੰਜਾਬ ਭਵਨ ਦੀ ਮੀਟਿੰਗ ਸੰਬੰਧੀ ਮਿਲਣ ਦਾ ਸਮਾਂ ਲਿਆ ਜਾਵੇਗਾ ਅਤੇ ਆਪਣੀਆਂ ਮੰਗਾਂ ਸੰਬੰਧੀ ਗੱਲਬਾਤ ਕਰਾਂਗੇ।

# ਗਰੀਬ ਮਜ਼ਦੂਰ ਅੱਜ ਵੀ ਆਜ਼ਾਦ ਭਾਰਤ ਦੇ ਗੁਲਾਮ: ਸਤਿੰਦਰ ਕੌਰ ਸੱਤੀ



ਬਟਾਲਾ (ਤਰਲੋਕ ਬੱਗਾ)-ਮਜ਼ਦੂਰਾਂ ਨੂੰ ਕੇਂਦਰ ਤੇ ਸੂਬਾ ਸਰਕਾਰਾਂ ਤੋਂ ਰੋਜ਼ੀ, ਰੋਟੀ ਬਚਾਉਣ ਲਈ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸੰਘਰਸ਼ ਕਰਨ ਦੀ ਲੋੜ ਹੈ, 80ਵੇਂ ਆਜ਼ਾਦੀ ਦਿਹਾੜੇ ਤੇ ਮਜ਼ਦੂਰ ਗਰੀਬ ਅੱਜ ਵੀ ਆਜ਼ਾਦ ਭਾਰਤ ਦੇ ਗੁਲਾਮ ਹਨ।

ਇਹ ਵਿਚਾਰ ਮਿੱਡ ਡੇ ਮੀਲ ਤੇ ਸਫ਼ਾਈ ਵਰਕਰ ਯੂਨੀਅਨ ਆਜ਼ਾਦ ਵੱਲੋਂ ਕੁੱਕ ਬੀਬੀਆਂ ਦੀ ਰੈਲੀ ਨੂੰ ਸੰਬੋਧਨ ਕਰਦੇ ਯੂਨੀਅਨ ਦੇ ਸੂਬਾ ਸਕੱਤਰ ਸਤਿੰਦਰ ਕੌਰ ਸੱਤੀ ਨੇ ਪ੍ਰਗਟਾਏ। ਰੈਲੀ ਨੂੰ ਸੰਬੋਧਨ ਕਰਦੇ ਮਜ਼ਦੂਰ ਮੋਰਚਾ ਦੇ ਸੂਬਾਈ ਆਗੂ ਕਾਮਰੇਡ ਮਨਜੀਤ ਬਟਾਲਾ ਨੇ ਕਿਹਾ ਕਿ ਅਸੀਂ 80 ਸਾਲਾਂ ਬਾਅਦ ਵੀ ਆਜ਼ਾਦ ਭਾਰਤ ਦੇ ਗੁਲਾਮ ਲੋਕ ਹਾਂ। ਸਰਕਾਰੀ ਅਦਾਰਿਆਂ 'ਚ ਕੰਮ ਕਰਨ ਵਾਲੇ ਮਿਡ ਡੇ ਮੀਲ ਕੁੱਕ ਬੀਬੀਆਂ, ਆਸ਼ਾ ਵਰਕਰ, ਆਂਗਣਵਾੜੀ ਵਰਕਰ, ਸਫ਼ਾਈ ਵਰਕਰਾਂ ਤੋਂ ਘੱਟ ਤਨਖਾਹ 'ਤੇ ਕੰਮ ਸਭ ਤੋਂ ਵੱਧ ਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਰਾਜ ਵਿੱਚ ਆਮ ਆਦਮੀ ਤੋਂ ਰੋਜ਼ੀ, ਰੋਟੀ, ਸਿੱਖਿਆ ਖੋਹਣ ਦੀਆਂ ਨੀਤੀਆਂ ਬਣ ਰਹੀਆਂ ਹਨ। ਇਸੇ ਕਾਰਨ ਅੱਜ ਦੇਸ਼ ਅੰਦਰ ਗਰੀਬ ਹੋਰ ਗਰੀਬ ਅਤੇ ਅਮੀਰ ਹੋਰ ਅਮੀਰ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਮੋਦੀ ਦੇ ਰਾਜ ਵਿੱਚ ਆਰ ਐੱਸ ਐੱਸ ਵਾਲੇ ਸਰਕਾਰੀ ਖ਼ਜ਼ਾਨਾ ਅਤੇ ਮੰਦਰਾਂ ਵਿੱਚ ਗੋਲਕਾਂ ਲੁੱਟ ਰਹੇ ਹਨ।ਕੇਂਦਰ ਤੇ ਸੂਬਾ ਸਰਕਾਰਾਂ ਸਿੱਖਿਆ ਤੇ ਸਿਹਤ ਸਹੂਲਤਾਂ ਨੂੰ ਬਰਬਾਦ ਕੀਤਾ ਜਾ ਰਿਹਾ ਹੈ।ਇਸ ਲਈ ਹੁਣ ਲੋਕਾਂ ਨੂੰ ਦੇਸ਼ ਅਤੇ ਆਪਣੇ ਭਵਿੱਖ ਨੂੰ ਬਚਾਉਣ ਲਈ ਜਾਤ ਪਾਤ ਤੇ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸੜਕਾਂ 'ਤੇ ਆਉਣ ਦੀ ਲੋੜ ਹੈ ।

# ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਕੀਤਾ ਜਾਗਰੂਕ



ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਪਿੰਡ ਸ਼ਾਮ ਨਗਰ ਸਥਿਤ ਗੁਰੂ ਖਾਲਸਾ ਹਾਈ ਸਕੂਲ ਵਿਖੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਅਤੇ ਟਰੈਫਿਕ ਐਜੂਕੇਸ਼ਨ ਸੈੱਲ ਜ਼ਿਲ੍ਹਾ ਦਿਹਾਤੀ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਅਤੇ ਟਰੈਫਿਕ ਨਿਯਮਾਂ ਸੰਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਹ ਸੈਮੀਨਾਰ ਸਕੂਲ ਦੇ ਮੁੱਖ ਅਧਿਆਪਕ ਲਖਨਪਾਲ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਦੇ ਇੰਚਾਰਜ ਸਬ-ਇੰਸਪੈਕਟਰ ਬਲਵੰਤ ਸਿੰਘ ਅਤੇ ਟਰੈਫਿਕ ਐਜੂਕੇਸ਼ਨ ਸੈੱਲ ਜ਼ਿਲ੍ਹਾ ਦਿਹਾਤੀ ਦੇ ਇੰਚਾਰਜ ਏਐੱਸਆਈ ਇੰਦਰਮੋਹਨ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਨਸ਼ਾ ਵਿਅਕਤੀ ਦੀ ਸਿਹਤ, ਸਿੱਖਿਆ, ਪਰਿਵਾਰ ਅਤੇ ਭਵਿੱਖ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ। ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਧਿਆਨ ਪੜ੍ਹਾਈ, ਖੇਡਾਂ ਅਤੇ ਚੰਗੀਆਂ ਗਤੀਵਿਧੀਆਂ ਵੱਲ ਕੇਂਦਰਿਤ ਕਰਨਾ ਚਾਹੀਦਾ ਹੈ।ਸਬ-ਇੰਸਪੈਕਟਰ ਬਲਵੰਤ ਸਿੰਘ ਨੇ ਵਿਦਿਆਰਥੀਆਂ ਨੂੰ ਪੁਲਿਸ ਸਾਂਝ ਕੇਂਦਰ ਵੱਲੋਂ ਲੋਕਾਂ ਦੀ ਸਹਾਇਤਾ ਲਈ ਮੁਹੱਈਆ ਕਰਵਾਈਆਂ ਜਾਂਦੀਆਂ ਵੱਖ-ਵੱਖ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਆਲੇ-ਦੁਆਲੇ ਨਸ਼ਿਆਂ ਸਬੰਧੀ ਕੋਈ ਗਤੀਵਿਧੀ ਨਜ਼ਰ ਆਉਂਦੀ ਹੈ ਤਾਂ ਇਸ ਬਾਰੇ ਜ਼ਿੰਮੇਵਾਰ ਵਿਅਕਤੀਆਂ ਜਾਂ ਪੁਲਿਸ ਨੂੰ ਜਾਣਕਾਰੀ ਦੇਣੀ ਚਾਹੀਦੀ ਹੈ।

ਏਐੱਸਆਈ ਇੰਦਰਮੋਹਨ ਸਿੰਘ ਨੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਸੜਕ ਹਾਦਸਿਆਂ ਤੋਂ ਬਚਾਅ ਲਈ ਹਰ ਵਿਅਕਤੀ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ।ਇਸ ਮੌਕੇ ਬਲਜੀਤ ਕੌਰ, ਹਰਲੀਨ ਕੌਰ, ਦੀਪਇੰਦਰ ਸਿੰਘ, ਸੁਪਰੀਤ ਸਿੰਘ, ਉਸਤਤ ਸਿੰਘ, ਸੁੱਖਵਿੰਦਰ ਕੌਰ, ਜਗਰੂਪ ਕੌਰ ਸਟਾਫ ਮੈਂਬਰ ਹਾਜ਼ਰ ਸਨ।

# ਐੱਸ ਡੀ ਐੱਮ ਜਸ਼ਨਜੀਤ ਸਿੰਘ ਨੇ ਬਾਬਾ ਬਕਾਲਾ ਸਾਹਿਬ ਵਿਖੇ ਲਹਿਰਾਇਆ ਕੌਮੀ ਝੰਡਾ



ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)- ਐੱਸ. ਡੀ. ਐੱਮ. ਜਸ਼ਨਜੀਤ ਸਿੰਘ ਨੇ ਸਰਕਾਰੀ ਆਈਟੀਆਈ ਬਾਬਾ ਬਕਾਲਾ ਸਾਹਿਬ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ ।ਇਸ ਮੌਕੇ ਵੱਖ-ਵੱਖ ਸਕੂਲ ਦੇ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ।ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਜਿੱਥੇ ਸਭ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਸੀ ਭਾਈਚਾਰਾ ਕਾਇਮ ਰੱਖਣ ਦੀ ਅਪੀਲ ਕੀਤੀ, ਉਥੇ ਦੇਸ਼ ਭਗਤ ਪਰਿਵਾਰਾਂ ਨੂੰ ਸਨਮਾਨਿਤ ਕੀਤਾ, ਲੋੜਵੰਦ ਬੀਬੀਆਂ ਨੂੰ ਸਿਲਾਈ ਮਸ਼ੀਨਾਂ ਅਤੇ ਅਪਾਹਜਾਂ ਨੂੰ ਟਰਾਈ ਸਾਇਕਲ ਵੰਡੇ ।

ਇਸ ਮੌਕੇ ਜਸਪ੍ਰੀਤ ਸਿੰਘ ਐੱਸ.ਡੀ.ਜੇ.ਐੱਮ., ਮੈਡਮ ਰਮਨਦੀਪ ਕੌਰ, ਮਹਿਕਪ੍ਰੀਤ ਕੌਰ, ਮਿਸ ਮੋਨਿਕਾ (ਤਿੰਨੋਂ ਜੇ. ਐੱਮ. ਆਈ. ਸੀ.), ਡੀ. ਐੱਸ. ਪੀ. ਸੁਖਪਾਲ ਸਿੰਘ, ਥਾਣਾ ਮੁਖੀ ਬਿਆਸ ਗੁਰਵਿੰਦਰ ਸਿੰਘ, ਥਾਣਾ ਮੇਖੀ ਖਿਲਚੀਆਂ ਮੁਖਤਾਰ ਸਿੰਘ, ਲਖਵਿੰਦਰ ਸਿੰਘ ਤਹਿਸੀਲਦਾਰ, ਬਲਜੀਤ ਸਿੰਘ ਗੁਰਾਇਆ ਨਾਇਬ ਤਹਿਸੀਲਦਾਰ ਬਾਬਾ ਬਕਾਲਾ, ਰੁਸਤਮ ਸਿੰਘ ਨਾਇਬ ਤਹਿਸੀਲਦਾਰ ਬਿਆਸ, ਰਣਜੀਤ ਸਿੰਘ ਨਾਇਬ ਤਹਿਸੀਲਦਾਰ ਤਰਸਿੱਕਾ, ਅਨਿਲ ਕੁਮਾਰ ਚੋਪੜਾ ਈ.ਓ. ਨਗਰ ਪੰਚਾਇਤ, ਐਡਵੋਕੇਟ ਜਸਪ੍ਰੀਤ ਸਿੰਘ ਬਾਠ, ਡਾ: ਰਛਪਾਲ ਸਿੰਘ ਬੰਡਾਲਾ, ਪਟਵਾਰੀ ਅੰਗਰੇਜ ਸਿੰਘ ਦੇਵੀਦਾਸਪੁਰਾ, ਜ: ਬਲਦੇਵ ਸਿੰਘ ਬੋਦੇਵਾਲ, ਪ੍ਰਧਾਨ ਗੁਰਦੇਵ ਸਿੰਘ ਆੜ੍ਹਤੀ, ਸਰਵਨਜੀਤ ਸਿੰਘ ਸੰਧੂ, ਸੁਖਵਿੰਦਰ ਸਿੰਘ ਮੱਤੇਵਾਲ, ਸਰਪੰਚ ਸੁਰਿੰਦਰ ਸਿੰਘ ਕੰਗ ਬੁਟਾਰੀ, ਸਰਪੰਚ ਗੁਰਜੀਤ ਸਿੰਘ ਫੱਤੂਵਾਲ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਸਰਪੰਚ ਫਲਵਿੰਦਰ ਸਿੰਘ ਸੋਨੀ, ਕੌਂਸਲਰ ਵਿਸ਼ਾਲ ਮੰਨਣ, ਸਰਪੰਚ ਜੋਧਾ ਸਿੰਘ ਛਾਪਿਆਂਵਾਲੀ, ਪ੍ਰਧਾਨ ਹੀਰਾ ਸਿੰਘ ਭੱਠੇ ਵਾਲੇ, ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਹੀਰਾ ਸਿੰਘ ਜਸਪਾਲ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਮੇਜਰ ਸਿੰਘ ਚੀਮਾਂਬਾਠ, ਮਾ: ਪ੍ਰਸ਼ਾਂਤ ਰਈਆ, ਹਰਜੀਤ ਸਿੰਘ, ਸੁਖਦੇਵ ਸਿੰਘ ਬੱਲ, ਨਵਦੀਪ ਸਿੰਘ ਬਦੇਸ਼ਾ, ਕੰਵਲਜੀਤ ਕੌਰ, ਜਗਰੂਪ ਸਿੰਘ, ਜਗਰੂਪ ਕੌਰ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਸਨ ।

# ਬਚਪਨ ਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਨੇ ਮਨਾਇਆ ਤੀਆਂ ਦਾ ਤਿਉਹਾਰ



ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਬਚਪਨ ਪਲੇ ਸਕੂਲ ਅਜਨਾਲਾ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਵਿਖੇ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਨੂੰ ਦਰਸਾਉਂਦਾ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਰੰਗਾਰੰਗ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਅਤੇ ਲੋਕ-ਪਰੰਪਰਾਵਾਂ ਨਾਲ ਜੁੜੇ ਵੱਖ-ਵੱਖ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਆਪਣੀ ਕਲਾ, ਪ੍ਰਤਿਭਾ ਅਤੇ ਆਤਮ-ਵਿਸ਼ਵਾਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੌਰਾਨ ਕੁੜੀਆਂ ਅਤੇ ਮੁੰਡਿਆਂ ਨੇ ਮਿਲ ਕੇ ਗਿੱਧਾ, ਲੋਕ-ਨਾਚ, ਗੀਤ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਦਾ ਮਨ ਮੋਹ ਲਿਆ।ਗੀਤਿਕਾ ਅਤੇ ਆਲੀਆ ਸ਼ਰਮਾ ਨੇ ਬੜੇ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮੰਚ ਸੰਚਾਲਨ ਕਰਦਿਆਂ ਪੂਰੇ ਸਮਾਗਮ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਇਆ।ਵਿਦਿਆਰਥਣਾਂ ਅਵਨੀਤ ਕੌਰ ਅਤੇ ਇਮਾਨਦੀਪ ਕੌਰ ਨੇ ਤੀਆਂ ਦੇ ਤਿਉਹਾਰ ਦੀ ਮਹੱਤਤਾ ਬਾਰੇ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤਾ।ਉਨ੍ਹਾਂ ਨੇ ਤੀਆਂ ਦੀ ਪੰਜਾਬੀ ਸੱਭਿਆਚਾਰ ਵਿੱਚ ਮਹੱਤਤਾ ਦੇ ਨਾਲ-ਨਾਲ ਕੁੜੀਆਂ ਦੀ ਉੱਚ ਸਿੱਖਿਆ, ਆਤਮ-ਨਿਰਭਰਤਾ ਅਤੇ ਸਮਾਜ ਵਿੱਚ ਉਨ੍ਹਾਂ ਦੀ ਬਰਾਬਰ ਦੀ ਭੂਮਿਕਾ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਸੰਤੋਸ਼ ਬਜਾਜ, ਅਕੈਡਮਿਕ ਹਾਈਟਸ ਪਬਲਿਕ ਸਕੂਲ ਦੇ ਪ੍ਰਿੰਸੀਪਲ ਅੰਸ਼ ਬਜਾਜ, ਬਚਪਨ ਪਲੇ ਸਕੂਲ ਅਜਨਾਲਾ ਦੀ ਪ੍ਰਿੰਸੀਪਲ ਮੋਨਿਕਾ ਖੋਖਰ ਅਤੇ ਸਮੂਹ ਸਟਾਫ਼ ਹਾਜ਼ਰ ਰਿਹਾ।ਸਮੂਹ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਇਸ ਮੌਕੇ ਸੰਤੋਸ਼ ਬਜਾਜ ਨੇ ਕਿਹਾ ਕਿ ਸਕੂਲ ਵਿੱਚ ਤਿਉਹਾਰ ਮਨਾਉਣ ਦਾ ਮੁੱਖ ਉਦੇਸ਼ ਬੱਚਿਆਂ ਨੂੰ ਆਪਣੀ ਅਮੀਰ ਪੰਜਾਬੀ ਸੱਭਿਆਚਾਰਕ ਵਿਰਾਸਤ ਨਾਲ ਜੋੜਨਾ ਹੈ।ਅਜਿਹੀਆਂ ਸਹਿ-ਪਾਠਕ੍ਰਮ ਗਤੀਵਿਧੀਆਂ ਰਾਹੀਂ ਬੱਚਿਆਂ ਵਿੱਚ ਰਚਨਾਤਮਕਤਾ, ਆਤਮ-ਵਿਸ਼ਵਾਸ, ਸਹਿਯੋਗ ਦੀ ਭਾਵਨਾ, ਮੰਚ ਸੰਚਾਲਨ ਦੀ ਕਲਾ ਅਤੇ ਨਵੀਆਂ ਭਾਵਨਾਵਾਂ ਦਾ ਵਿਕਾਸ ਹੁੰਦਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ, ਸਗੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਉਨ੍ਹਾਂ ਨੂੰ ਸੱਭਿਆਚਾਰਕ, ਰਚਨਾਤਮਕ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੋੜਨਾ ਵੀ ਬਹੁਤ ਜ਼ਰੂਰੀ ਹੈ।ਤੀਆਂ ਦੇ ਇਸ ਰੰਗਾਰੰਗ ਸਮਾਗਮ ਨੇ ਸਕੂਲ ਦੇ ਵਿਹੜੇ ਨੂੰ ਪੰਜਾਬੀ ਲੋਕ-ਰੰਗ, ਖੁਸ਼ੀਆਂ ਅਤੇ ਉਤਸ਼ਾਹ ਨਾਲ ਭਰ ਦਿੱਤਾ।ਇਹ ਸਮਾਗਮ ਵਿਦਿਆਰਥੀਆਂ ਲਈ ਨਾ ਸਿਰਫ਼ ਮਨੋਰੰਜਨ ਦਾ ਸਾਧਨ ਬਣਿਆ, ਸਗੋਂ ਉਨ੍ਹਾਂ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਅਤੇ ਆਪਣੀ ਪ੍ਰਤਿਭਾ ਨੂੰ ਮੰਚ 'ਤੇ ਪੇਸ਼ ਕਰਨ ਦਾ ਸੁਨਹਿਰੀ ਮੌਕਾ ਵੀ ਪ੍ਰਦਾਨ ਕਰ ਗਿਆ।

# ਲੋਕ ਭਲਾਈ ਮੰਚ ਨੇ ਮਨਾਇਆ ਆਜ਼ਾਦੀ ਦਿਹਾੜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੋਕ ਭਲਾਈ ਮੰਚ ਪੰਜਾਬ ਦੇ ਅਹੁਦੇਦਾਰਾਂ ਵਲੋਂ ਦੇਸ਼ ਦਾ 80ਵਾਂ ਸਵਤੰਤਰਤਾ ਦਿਵਸ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਸ੍ਰੀ ਗਿਰਧਾਰੀ ਲਾਲ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਵਿਸ਼ਾਲ ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ, ਜਸਬੀਰ ਸਿੰਘ ਗੁਮਾਨਪੁਰਾ, ਵਿਜੇ ਸਿੰਧਰਾ, ਮਾਸਟਰ ਸੁਖਦੇਵ ਸਿੰਘ, ਡਾਕਟਰ ਅਮਰਜੀਤ ਸਿੰਘ ਗਿੱਲ ਅਤੇ ਐਡਵੋਕੇਟ ਮਨਿੰਦਰ ਜੀਤ ਸਿੰਘ ਝਾਮਕਾ ਨੇ ਆਪਣੇ ਵਿਚਾਰ ਪੇਸ਼ ਕੀਤੇ। ਬੁਲਾਰਿਆਂ ਨੇ ਆਜ਼ਾਦੀ ਦੇ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ, ਉਨ੍ਹਾਂ ਦੇ ਸੁਪਨਿਆਂ ਤੇ ਸਾਡੀ ਬਣਦੀ ਜ਼ਿੰਮੇਵਾਰੀ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਸ਼ੁਰੂ ਵਿਚ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਝੰਡਾ ਲਹਿਰਾਉਣ ਦੀ ਰਸਮ ਸਾਥੀ ਬੈਜਨਾਥ ਨੇ ਆਪਣੇ ਕਰ ਕਮਲਾ ਨਾਲ ਕੀਤੀ। ਇਸ ਸਮੇਂ ਉਪਰੋਕਤ ਤੋਂ ਇਲਾਵਾ ਤੀਰਥ ਰਾਮ, ਸੰਦੀਪ ਸਿੰਘ, ਤਰਸੇਮ ਕੁਮਾਰ, ਅਸ਼ਵਨੀ ਕੁਮਾਰ, ਸਤਪਾਲ ਸਿੰਘ ਗਿੱਲ, ਅਮਰੀਕ ਸਿੰਘ, ਨਰੇਸ਼ ਕੁਮਾਰੀ, ਅਮਰੀਕ ਸਿੰਘ ਗਿੱਲ, ਬਲਦੇਵ ਸਿੰਘ, ਗੁਰਨੂਰ ਸਿੰਘ, ਗੁਰਮੀਤ ਸਿੰਘ,ਪਵਨ ਬੇਗਾਨਾ, ਡਾਕਟਰ ਬਲਵਿੰਦਰ ਸਿੰਘ, ਇਕਬਾਲ ਸਿੰਘ ਮੋਹਕਮਪੁਰਾ, ਲਖਵਿੰਦਰ ਸਿੰਘ ਲੱਖਾ, ਦਰਸ਼ਣਾਂ ਰਾਣੀ, ਡਾਕਟਰ ਦਵਿੰਦਰ ਸਿੰਘ, ਸ਼ਿੰਦਰ ਸਿੰਘ, ਸੰਦੀਪ ਕੁਮਾਰ, ਬਿਹਾਰੀ ਲਾਲ ਭਾਰਤੀ, ਮੈਡਮ ਸ਼ੀਲਾ, ਗੋਗਾ ਭਲਵਾਨ, ਸਾਜਨ ਸਿੰਘ ਢਪੱਈ, ਮਾਸਟਰ ਅਵਤਾਰ ਸਿੰਘ ਤੇ ਮਨਦੀਪ ਸਿੰਘ ਆਦਿ ਹਾਜ਼ਰ ਸਨ।

# ਸ਼ੈਲਰ ਤੋਂ ਚੋਰ ਸਰ੍ਹੋਂ ਚੋਰੀ ਕਰਦਾ ਕਾਬੂ

ਗੁਰਦਾਸਪੁਰ, (ਜਨਕ ਮਹਾਜਨ)-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਨਿੱਤ ਛੋਟੀਆਂ-ਮੋਟੀਆਂ ਚੋਰੀਆਂ ਹੋ ਰਹੀਆਂ ਹਨ ਅਤੇ ਇਸ ਨਾਲ ਇਲਾਕੇ ਅੰਦਰ ਦਹਿਸ਼ਤ ਦਾ ਮਾਹੌਲ ਪੈਦਾ ਹੋ ਰਿਹਾ ਹੈ। ਸ਼ੈਲਰ ਮਾਲਕ ਮੋਹਿਤ ਸ਼ਰਮਾ ਵਾਸੀ ਤਾਲਿਬਪੁਰ ਪੰਡੋਰੀ ਨੇ ਦੱਸਿਆ ਕਿ ਉਹ ਦੁਪਹਿਰ ਵੇਲੇ ਆਪਣੀ ਟੀਮ ਸਮੇਤ ਰੋਟੀ ਖਾ ਰਹੇ ਸਨ ਅਤੇ ਨਸ਼ੇੜੀ ਕਿਸਮ ਦੇ ਨੌਜਵਾਨ ਸ਼ੈਲਰ ਵਿਚ ਦਾਖਲ ਹੋ ਕੇ 30 ਕਿੱਲੋ ਸਰ੍ਹੋਂ ਚੋਰੀ ਕਰਕੇ ਭੱਜ ਗਿਆ ਜਦੋਂਕਿ ਸ਼ੈਲਰ ਤੇ ਕੰਮ ਕਰਨ ਵਾਲੇ ਕਰਿੰਦੇ ਨੇ ਉਸ ਨੂੰ ਵੇਖ ਲਿਆ ਤਾਂ ਉਸ ਦਾ ਪਿੱਛਾ ਕਰਕੇ ਬੋਰੀ ਸਮੇਤ ਫੜ ਲਿਆ ਹੈ। ਇਸ ਸਬੰਧੀ ਸ਼ਾਲਾ ਪੁਲਿਸ ਨੂੰ ਮੌਕੇ 'ਤੇ ਫ਼ੋਨ ਕਰਕੇ ਬੁਲਾਇਆ ਗਿਆ ਹੈ ਜਦੋਂਕਿ ਪੁਲਸ ਵੀ ਜਾਂਚ ਕਰ ਰਹੀ ਹੈ। ਮੋਹਿਤ ਸ਼ਰਮਾ ਨੇ ਦੱਸਿਆ ਕਿ ਪਿਛਲੇ ਸਾਲ ਦੀ ਸ਼ੈਲਰ 'ਤੇ ਚੋਰੀ ਹੋਣ ਨਾਲ ਤਿੰਨ-ਚਾਰ ਲੱਖ ਰੁਪਏ ਦਾ ਨੁਕਸਾਨ ਹੋਇਆ ਸੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਸਰਪੰਚ ਕਪਿਲ ਕੁਮਾਰ, ਜੋਤੀ ਸ਼ਰਮਾ, ਸ਼ੰਕਰ ਦਾਸ ਆਦਿ ਨੇ ਇਲਾਕੇ ਅੰਦਰ ਹੋ ਰਹੀਆਂ ਚੋਰੀਆਂ ਨਾਲ ਲੋਕਾਂ ਦਾ ਪੁਲਸ ਪ੍ਰਸ਼ਾਸਨ ਤੋਂ ਵਿਸ਼ਵਾਸ ਟੁੱਟ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਵੱਲੋਂ ਪੰਡੋਰੀ ਮਹੰਤਾਂ ਵੱਲ ਵਿਸ਼ੇਸ਼ ਤੌਰ 'ਤੇ ਨਾਕੇ ਲਗਾਉਣ ਦੀ ਲੋੜ ਹੈ।

# ਮੁਲਾਜ਼ਮ 27 ਦੇ ਸੱਦੇ ਨੂੰ ਸਫ਼ਲ ਬਣਾਉਣ : ਗਰਚਾ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨਾਨ-ਟੀਚਿੰਗ ਅਤੇ ਅਫਸਰ ਐਸੋਸਿਏਸ਼ਨ ਦੇ ਸਾਬਕਾ ਪ੍ਰਧਾਨ ਤੇ ਪੈਂਨਸ਼ਨਰਜ਼ ਐਸੋਸਿਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਗਰਚਾ ਨੇ ਪੰਜਾਬ ਦੀਆਂ ਸਮੂਹ ਯੂਨੀਵਰਸਿਟੀਆਂ, ਸਿੱਖਿਆ ਬੋਰਡ ਤੇ ਪੰਜਾਬ ਦੇ ਕਾਲਜਾਂ ਦੇ ਹਰੇਕ ਵਰਗ ਦੇ ਕਰਮਚਾਰੀਆਂ, ਅਧਿਕਾਰੀਆਂ, ਅਧਿਆਪਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਸਾਂਝਾ ਮੁਲਾਜ਼ਮ ਮੰਚ ਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਦੀ ਸਾਂਝੀ ਸੰਘਰਸ਼ ਕਮੇਟੀ ਵੱਲੋਂ 27 ਅਗਸਤ ਨੂੰ ਜੋ ਮੁਕੰਮਲ ਬੰਦ ਦਾ ਸੱਦਾ ਦਿੱਤਾ ਗਿਆ ਹੈ, ਵਿਚ ਸ਼ਾਮਲ ਹੋਣ ਅਤੇ ਪੂਰਨ ਤੌਰ 'ਤੇ ਕੰਮਕਾਜ਼ ਠੱਪ ਕੀਤਾ ਜਾਵੇ। ਉਨ੍ਹਾਂ ਜਾਰੀ ਬਿਆਨ ਵਿਚ ਕਿਹਾ ਕਿ ਇਹ ਸੰਘਰਸ਼ ਪੰਜਾਬ ਦੇ ਹਰੇਕ ਵਰਗ ਨਾਲ ਸਬੰਧਤ ਕਰਮਚਾਰੀਆਂ, ਅਧਿਕਾਰੀਆਂ, ਅਧਿਆਪਕਾਂ ਦਾ ਸਾਂਝਾ ਸੰਘਰਸ਼ ਹੈ ਅਤੇ ਇਸ ਨੂੰ ਕਾਮਯਾਬ ਕਰਨਾ ਸਾਡਾ ਸਾਰਿਆਂ ਦਾ ਇਖ਼ਲਾਕੀ ਫਰਜ਼ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਤੋਂ ਸਮੁੱਚੇ ਮੁਲਾਜ਼ਮ ਵਰਗ ਨੂੰ ਨਾਰਾਜ਼ ਕੀਤਾ ਤੇ ਸ਼ਾਂਤਮਈ ਰੋਸ ਧਰਨਿਆਂ ਦੌਰਾਨ ਮੁਲਾਜ਼ਮਾਂ ਨੂੰ ਡੰਗਰਾਂ ਵਾਂਗ ਕੁੱਟਿਆ ਤੇ ਇਥੋਂ ਤਕ ਕਿ ਲੇਡੀਜ਼ ਸਟਾਫ ਨੂੰ ਵੀ ਨਹੀਂ ਬਖਸ਼ਿਆ ਗਿਆ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਲਾਜ਼ਮਾਂ ਨੂੰ ਮੁਗਲ ਰਾਜ ਯਾਦ ਕਰਵਾ ਦਿੱਤਾ ਹੈ ਤੇ ਮੁਲਾਜ਼ਮਾਂ ਨੇ ਪਿਛਲੇ ਦਿਨੀਂ 7 ਅਗਸਤ ਨੂੰ ਚੰਡੀਗੜ੍ਹ ਵਿਚ ਮਹਾਂ ਰੈਲੀ ਕਰ ਕੇ ਪੰਜਾਬ ਸਰਕਾਰ ਦੀਆਂ ਚੂਲਾਂ ਹਿਲਾਂ ਦਿੱਤੀਆਂ ਹਨ। ਅਜਿਹੇ ਵਿਚ ਮੁਲਾਜ਼ਮਾਂ ਸਾਥੀਆਂ ਨੂੰ ਅਪੀਲ ਹੈ ਕਿ 7 ਅਗਸਤ ਦੀ ਮਹਾਂ ਰੈਲੀ ਦੀ ਕਾਮਯਾਬੀ ਵਾਂਗ 27 ਅਗਸਤ ਦੇ ਬੰਦ ਨੂੰ ਵੀ ਸਫ਼ਲ ਬਣਾਇਆ ਜਾਵੇ, ਤਾਂ ਜੋ ਸਰਕਾਰ ਨੂੰ ਮੁਲਾਜ਼ਮਾਂ ਦੀ ਤਾਕਤ ਦਾ ਅਹਿਸਾਸ ਕਰਾਇਆ ਜਾਵੇ।

ਗਰਚਾ ਨੇ ਸਾਂਝਾ ਮੁਲਾਜ਼ਮ ਸੰਘਰਸ਼ ਕਮੇਟੀ ਦੇ ਕਨਵੀਨਰ ਸੁਖਚੈਨ ਸਿੰਘ ਖਹਿਰਾ ਸਮੇਤ ਸਮੁੱਚੀ ਲੀਡਰਸ਼ਿਪ ਨੂੰ ਯੂਨੀਵਰਸਿਟੀਆਂ, ਸਿੱਖਿਆਂ ਬੋਰਡ ਤੇ ਕਾਲਜਾਂ ਦਾ ਦੌਰਾ ਕਰਨ ਅਤੇ ਮੁਲਾਜ਼ਮਾਂ, ਅਧਿਕਾਰੀਆਂ ਤੇ ਅਧਿਆਪਕਾਂ ਨੂੰ ਸੰਘਰਸ਼ ਵਿਚ ਸ਼ਾਮਿਲ ਹੋਣ ਲਈ ਪ੍ਰੇਰਿਤ ਕਰਨ ਦੀ ਵੀ ਅਪੀਲ ਕੀਤੀ।

# ਪਿੰਡਾਂ ਦਾ ਸਮੁੱਚਾ ਵਿਕਾਸ ਕਰਨਾ ਹੀ ਸਾਡਾ ਮੁੱਖ ਮਕਸਦ : ਤਲਬੀਰ ਗਿੱਲ



ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਵੱਲੋਂ ਪਿੰਡਾਂ ਦੇ ਵਿਕਾਸ ਨੂੰ ਤਰਜੀਹ ਦੇਣ ਦੇ ਸੰਕਲਪ ਤਹਿਤ ਹਲਕਾ ਮਜੀਠਾ ਦੇ ਪਿੰਡ ਕਲੇਰ ਮਾਂਗਟ ਵਿਖੇ ਇੱਕ ਵਿਸ਼ਾਲ ਇਕੱਤਰਤਾ ਦਾ ਆਯੋਜਨ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਪਿੰਡ ਦੇ ਸਰਪੰਚ ਅਮਰਜੀਤ ਸਿੰਘ ਕਲੇਰ ਨੇ ਕੀਤੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਪਾਰਟੀ ਆਗੂਆਂ, ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਮਸਲੇ ਸੁਣੇ। ਸਭ ਤੋਂ ਪਹਿਲਾਂ ਸਰਪੰਚ ਅਮਰਜੀਤ ਸਿੰਘ ਕਲੇਰ ਨੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪਿੰਡ ਵਿੱਚ ਹੁਣ ਤੱਕ ਕਰਵਾਏ ਗਏ ਵੱਖ-ਵੱਖ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਆਉਣ ਵਾਲੇ ਸਮੇਂ ਵਿੱਚ ਪਿੰਡ ਵਿੱਚ ਹੋਣ ਵਾਲੇ ਨਵੇਂ ਕੰਮਾਂ ਬਾਰੇ ਵੀ ਦੱਸਿਆ। ਸਰਪੰਚ ਨੇ ਕਿਹਾ ਕਿ ਪਿੰਡ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਨੂੰ ਮੁੱਖ ਰੱਖਦੇ ਹੋਏ ਹੀ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ। ਇਸ ਤੋਂ ਬਾਅਦ ਬੋਲਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਹਰੇਕ ਵਾਅਦੇ ਨੂੰ ਪੂਰਾ ਕੀਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਸੜਕਾਂ ਸਮੇਤ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਇਤਿਹਾਸਕ ਕੰਮ ਕੀਤੇ ਹਨ।ਤਲਬੀਰ ਗਿੱਲ ਨੇ ਕਲੇਰ ਮਾਂਗਟ ਪਿੰਡ ਵਿੱਚ ਹੋਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨਾ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਰਜੀਹ ਹੈ।ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸਾਡੀ ਸਰਕਾਰ ਅਤੇ ਪਾਰਟੀ ਦੇ ਸਾਰੇ ਨੁਮਾਇੰਦੇ ਹਮੇਸ਼ਾ ਲੋਕਾਂ ਦੇ ਨਾਲ ਖੜ੍ਹੇ ਹਨ।

ਇਸ ਮੌਕੇ ਸਾਬਕਾ ਸਰਪੰਚ ਨਿਰਮਲ ਸਿੰਘ ਨਾਗ ਨਵੇਂ, ਹਰਭੁਪਿੰਦਰ ਸਿੰਘ ਸ਼ਾਹ, ਸਰਪੰਚ ਰਾਜ ਕੁਮਾਰ ਲੁੱਧੜ, ਸੈਕਟਰੀ ਦਿਲਬਾਗ ਸਿੰਘ, ਜੇਈ ਸੁਖਬੀਰ ਸਿੰਘ ਮਜਵਿੰਡ, ਸੁਰਜੀਤ ਸਿੰਘ, ਹਰਮਨ ਸਿੰਘ, ਜੁਗਰਾਜ ਸਿੰਘ, ਗੁਰਲਾਲ ਸਿੰਘ, ਨੰਬਰਦਾਰ ਗੁਰਦੇਵ ਸਿੰਘ, ਹਰੀ ਸਿੰਘ, ਪ੍ਰੇਮ ਸਿੰਘ, ਧੀਰ ਸਿੰਘ, ਮੰਗਲ ਸਿੰਘ, ਰਣਜੀਤ ਕੌਰ, ਸੋਨੀਆ ਸਮੇਤ ਸਾਰੇ ਪੰਚ, ਬਲਜੀਤ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਹਰਨੇਕ ਸਿੰਘ, ਸਹਿਜਪਾਲ ਸਿੰਘ ਕਲੇਰ, ਨਿੰਦਰ ਸਿੰਘ ਬਾਊ, ਬਲਦੇਵ ਸਿੰਘ ਵਪਾਰੀ, ਭਾਗ ਸਿੰਘ, ਦਿਲਬਾਗ ਸਿੰਘ, ਰਵਿੰਦਰ ਸਿੰਘ, ਜੋਧਾ ਸਿੰਘ, ਗੁਰਦੇਵ ਸਿੰਘ ਬਾਊ, ਨਿਸ਼ਾਨ ਸਿੰਘ, ਦਰਸ਼ਣ ਸਿੰਘ ਕਲੇਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# 80ਵਾਂ ਸੁਤੰਤਰਤਾ ਦਿਵਸ ਉਤਸ਼ਾਹ ਨਾਲ ਮਨਾਇਆ


ਰੂਪਨਗਰ


ਮੁਹਾਲੀ


ਅਲਾਵਲਪੁਰ


ਸ਼ਾਹਕੋਟ


ਮੁਹਾਲੀ

**ਰੂਪਨਗਰ, (ਰਜਿੰਦਰ ਸੈਣੀ)**- ਬਜ਼ੁਰਗਾ ਦੇ ਆਪਣਾ ਘਰ ਹਵੇਲੀ ਕਲਾਂ ਵਿਖੇ ਇੰਨਰਵੀਲ ਕਲੱਬ ਰੂਪਨਗਰ ਵੱਲੋਂ 80ਵਾਂ ਆਜ਼ਾਦੀ ਦਿਵਸ ਅਤੇ ਤੀਆ ਦਾ ਤਿਉਹਾਰ ਬਜ਼ੁਰਗਾ ਨਾਲ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਕੌਮੀ ਤਿਰੰਗਾ ਲਹਿਰਾਉਣ ਦੀ ਰਸਮ ਬਜ਼ੁਰਗਾ ਦੇ ਆਪਣਾ ਘਰ 'ਚ ਰਹਿ ਰਹੇ ਬਜ਼ੁਰਗ ਭੁਪਿੰਦਰ ਸਿੰਘ ਤੇ ਇਨਰਵੀਲ ਕਲੱਬ ਦੀ ਪ੍ਰਧਾਰ ਕੁਸਮ ਸ਼ਰਮਾ ਨੇ ਅਦਾ ਕੀਤੀ। ਸਮਾਗਮ ਆਪਣਾ ਘਰ ਦੀ ਪ੍ਰਬੰਧਕੀ ਕਮੇਟੀ ਟਰੱਸਟ ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਦੀ ਅਗਵਾਈ ਹੇਠ ਹੋਇਆ। ਇਸ ਮੌਕੇ ਦੇਸ਼ ਭਗਤੀ ਅਤੇ ਤੀਆ ਦੇ ਤਿਉਹਾਰ ਸਬੰਧੀ ਪੇਸ਼ ਸ਼ਾਨਦਾਰ ਸਭਿਚਾਰਕ ਪ੍ਰੋਗਰਾਮ ਨੇ ਸਮਾਰੋਹ ਨੂੰ ਬਹੁਤ ਹੀ ਰੋਚਕ ਬਣਾ ਦਿੱਤਾ। ਇਸ ਮੌਕੇ ਤੇ ਬੋਲਦਿਆ ਰਾਜਿੰਦਰ ਸੈਣੀ ਨੇ 80ਵੇਂ ਆਜ਼ਾਦੀ ਦਿਵਸ ਵਧਾਈ ਸਭ ਨਾਲ ਸਾਂਝੀ ਕੀਤੀ ਅਤੇ ਆਜ਼ਾਦੀ ਸਗਰਾਮੀਆ ਨੂੰ ਯਾਦ ਕਰਦੇ ਹੋਏ ਆਪਣੇ ਅਧਿਕਾਰਾ ਦੇ ਨਾਲ ਨਾਲ ਦੇਸ਼ ਪ੍ਰਤੀ ਆਪਣਾ ਫਰਜਾ ਬਾਰੇ ਵੀ ਅਹਿਸਾਸ ਕਰਨ ਤੇ ਜ਼ੋਰ


ਕਪੂਰਥਲਾ

ਦਿੱਤਾ। ਕਲੱਬ ਦੀ ਪ੍ਰਧਾਨ ਕੁਸਮ ਸ਼ਰਮਾ ਇਸ ਸਮੇ ਆਪਣੇ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ।ਸਮਾਰੋਹ ਵਿੱਚ ਇੰਨਰਵੀਲ ਕਲੱਬ ਦੀਆਂ ਸਹੀਦਾਂ ਅਨੁਰੰਦਾਰਾ ਕੁਲਵਿੰਦਰ ਕੌਰ, ਆਸ਼ਿਮਾ ਅਗਰਵਾਲ, ਮੀਨਲ ਵਾਧੁਦੇਵਾ, ਗੁਰਮੀਤ ਕੌਰ ਤੇ ਟਰੱਸਟੀ ਬਲਬੀਰ ਸਿੰਘ, ਅਮਰਜੀਤ ਸਿੰਘ, ਬਲਵਿੰਦਰ ਕੌਰ, ਐਡਵੋਕੇਟ ਰਾਜਿੰਦਰ ਭਨੂਕਾ, ਜਗਦੀਸ਼ ਸਿੰਘ, ਬਹਾਦਰਜੀਤ ਸਿੰਘ ਤੋਂ ਇਲਾਵਾ ਬਜ਼ੁਰਗ ਜਸਵੰਤ ਸਿੰਘ, ਜਿੰਦਰ ਸਿੰਘ ਤੇ ਔਰਤ ਗਿਣਤੀ ਵਿੱਚ ਆਪਣਾ ਘਰ ਦੇ ਬਜ਼ੁਰਗਾ ਪ੍ਰਤਿ ਉਸਾਰੂ ਸੋਚ ਰੱਖਣ ਵਾਲੇ ਪਤਵੰਤੇ ਹਾਜਰ ਸਨ। ਮੁੱਖ ਤੌਰ ਤੇ ਸਰਵਸ੍ਰੀ ਤਰਸੇਮ ਸਿੰਘ, ਤਰਸੇਮ ਲਾਲ, ਤਾਰਾ ਸਿੰਘ, ਜਸਵੀਰ ਕੌਰ ਸਨੇਹ, ਅਸ਼ਵਨੀ ਸਹਿਗਲ, ਕੇ.ਐਲ. ਕਪੂਰ, ਸ਼ਾਮ ਲਾਲ ਗੋਇਲ, ਗੁਰੱਮੁਖ ਸਿੰਘ, ਸੁਖਪ੍ਰੀਤ ਕੌਰ, ਸੀਮਾ ਸੈਣੀ, ਰਾਣੀ ਪੁਰੀ, ਕੰਵਰਜੀਤ ਸੈਣੀ, ਸੁਖਦੇਵ ਸ਼ਰਮਾ, ਸੰਤੋਸ਼ ਕੁਮਾਰ, ਕੁਸ਼ਲ ਕੁਮਾਰ, ਸੁਰਮੁੱਖ ਸਿੰਘ ਆਦਿ ਵੀ ਹਾਜ਼ਰ ਸਨ।

**ਮੁਹਾਲੀ (ਗੁਰਜੀਤ ਬਿੱਲਾ)**- ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਫੇਜ਼-6 ਐਸ ਏ ਐਸ ਮੋਹਾਲੀ ਵਿਖੇ ਦੇਸ਼ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐੱਸ ਐੱਸ ਪੀ ਹਰਮਨਦੀਪ ਸਿੰਘ ਹਾਂਸ ਵੀ ਮੌਜੂਦ ਸਨ।ਮੁੱਖ ਮਹਿਮਾਨ ਨੇ ਪੰਜਾਬ ਅਤੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੰਦਿਆਂ ਆਜ਼ਾਦੀ ਸੰਗਰਾਮ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਸ. ਹਰਭਜਨ ਸਿੰਘ ਈ.ਟੀ.ਓ. ਨੂੰ ਵੀ ਸਨਮਾਨ ਭੇਟ ਕੀਤਾ ਗਿਆ।

**ਅਲਾਵਲਪੁਰ (ਮਦਨ ਬੰਗੜ)**- ਇੰਟਰਨੈਸ਼ਨਲ ਟਰੈਕਟਰ ਲਿਮਿਟਡ ਵਿਖੇ ਆਜ਼ਾਦੀ ਦਿਵਸ ਦੇ ਵਿਸ਼ੇਸ਼ ਮੌਕੇ 'ਤੇ ਕਰਵਾਇਆ ਗਿਆ ਸਮਾਗਮ ਯਾਦਗਾਰ ਹੋ ਨਿਬੜਿਆ। ਡਿਪਟੀ ਮੈਨੇਜਰ ਜਗਦੀਸ਼ ਰਾਣਾ ਦੇ ਵਿਸ਼ੇਸ਼ ਸੱਦੇ 'ਤੇ ਗੁਰਿੰਦਰ ਸਿੰਘ ਗੋਲਡੀ ਅਤੇ ਸੁਖਦੇਵ ਰਜਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੁਸ਼ਿਆਰਪੁਰ ਹਾਈਵੇ ਅਤੇ ਟਰੈਕ ਪਰਵਾਰ ਦੇ ਮੈਂਬਰਾਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ।ਸਮਾਗਮ ਦੀ ਸ਼ੁਰੂਆਤ ਗਾਰਡ ਵੱਲੋਂ ਅਤੁਲ ਸ਼ਰਮਾ ਨੂੰ ਮਾਰਚ ਪਾਸਟ ਅਤੇ ਸਲਾਮੀ ਦੇਣ ਨਾਲ ਹੋਈ। ਇਸ ਮੌਕੇ ਐੱਸ ਡੀ ਮਿੱਤਲ ਵੱਲੋਂ ਹੁਸ਼ਿਆਰਪੁਰ ਹਾਈਵੇ ਅਤੇ ਟਰੈਕ ਪਰਵਾਰ ਦੇ ਅਤੁਲ ਨੂੰ ਆਪਣੀ ਜ਼ਿੰਦਗੀ ਦੇ ਤਜਰਬਿਆਂ 'ਤੇ ਆਧਾਰਿਤ ਕਿਤਾਬਾਂ 'ਸਫ਼ਲਤਾ ਦੀ ਕਹਾਣੀ' ਅਤੇ 'ਕਾਮਯਾਬ ਕਰਮਯੋਗੀ ਦੀ ਜਵਾਨੀ' ਭੇਟ ਕੀਤੀਆਂ ਗਈਆਂ।ਇਸ ਮੌਕੇ ਬਲਜੀਤ ਸਿੰਘ, ਗੁਰਨੂਰ ਸਿੰਘ, ਸੰਜੀਵ ਕੁਮਾਰ, ਡਾ. ਦਵਿੰਦਰ, ਦੀਪ ਸਿੰਘ, ਡਾ. ਜਸਵੰਤ ਸਿੰਘ, ਬਲਵਿੰਦਰ ਗੋਜਰਾ, ਪਰਮਿੰਦਰ ਸਿੰਘ, ਹਰਪ੍ਰੀਤ ਸਿੰਘ, ਸਚਿਨ ਕੁਮਾਰ, ਗੁਰਦੀਪ ਸਿੰਘ, ਅਸ਼ੋਕ ਕੁਮਾਰ, ਰਜਿੰਦਰ ਸਿੰਘ, ਜਸਪਾਲ ਸਿੰਘ, ਤੇਜ ਸਿੰਘ, ਵਰੁਣ ਸੈਣੀ ਅਤੇ ਸੰਜੀਵ ਸੈਣੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।





ਮੁਹਾਲੀ

**ਮੁਹਾਲੀ (ਗੁਰਜੀਤ ਬਿੱਲਾ)**- ਦੇਸ਼ ਦੇ 80ਵੇਂ ਸੁਤੰਤਰਤਾ ਦਿਵਸ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਿਹੜੇ ਵਿੱਚ ਆਜ਼ਾਦੀ ਦਿਹਾੜੇ ਦਾ ਸਮਾਗਮ ਸਾਦੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਗਿਆ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਆਈ ਏ ਐੱਸ (ਰਿਟਾ.) ਨੇ ਕੌਮੀ ਝੰਡਾ ਲਹਿਰਾਇਆ। ਇਸ ਉਪਰੰਤ ਬੋਰਡ ਦੀ ਸੁਰੱਖਿਆ ਗਾਰਡ ਅਤੇ ਮੋਹਾਲੀ ਫੇਜ਼-8 ਤੋਂ ਪਹੁੰਚੀ ਪੁਲਿਸ ਟੁਕੜੀ ਵੱਲੋਂ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ। ਇਸ ਮੌਕੇ ਬੋਰਡ ਦੇ ਸਕੱਤਰ ਸਕੱਤਰ ਸਿੰਘ ਬਲ, ਪੀ ਸੀ ਐੱਸ, ਡਾਇਰੈਕਟਰ, ਉੱਪ-ਸਕੱਤਰ ਸਾਹਿਬਾਨ, ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਅਤੇ ਆਜ਼ਾਦੀ ਸੰਗਰਾਮ ਦੌਰਾਨ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਅਤੇ ਦੇਸ਼ਭਗਤਾਂ ਨੂੰ ਨਮਨ ਕੀਤਾ। ਸਮਾਗਮ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਦੇਸ਼ਭਗਤੀ ਦੇ ਗੀਤ ਪੇਸ਼ ਕੀਤੇ ਗਏ। ਅੰਤ ਵਿੱਚ ਸਕੂਲ ਕੋਆਰਡੀਨੇਸ਼ਨ ਨੇ ਸ਼ਹੀਦਾਂ ਅਤੇ ਦੇਸ਼ਭਗਤਾਂ ਨੂੰ ਨਮਨ ਕਰਦਿਆਂ ਸਮਾਗਮ ਵਿੱਚ ਸ਼ਾਮਲ ਹੋਏ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ।

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਆਜ਼ਾਦੀ ਦੇ ਪਵਿੱਤਰ ਦਿਹਾੜੇ ਮੌਕੇ ਕਪੂਰਥਲਾ ਵਿੱਚ 1947 ਦੀ ਵੰਡ ਦੌਰਾਨ ਸ਼ਹੀਦ ਹੋਏ ਬੇਗੁਨਾਹ ਲੋਕਾਂ ਨੂੰ ਯਾਦ ਕਰਨ ਲਈ ਇੱਕ ਵਿਲੱਖਣ ਅਤੇ ਇਤਿਹਾਸਕ ਪਹਿਲ ਕੀਤੀ ਗਈ। ਅਰਜੁਨ ਐਵਾਰਡੀ, ਉੱਘੇ ਖਿਡਾਰੀ, ਸਮਾਜ ਸੇਵੀ ਅਤੇ ਕਪੂਰਥਲਾ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੱਜਣ ਸਿੰਘ ਚੀਮਾ ਦੀ ਅਗਵਾਈ ਹੇਠ 30 ਕਿਲੋਮੀਟਰ ਦੀ ਦੌੜ ਕਰਵਾਈ ਗਈ, ਜੋ 1947 ਦੇ ਸ਼ਹੀਦਾਂ ਨੂੰ ਸਮਰਪਿਤ ਰਹੀ।ਇਸ ਦੌੜ ਵਿੱਚ 13 ਸਾਲ ਤੋਂ ਲੈ ਕੇ 20 ਅਤੇ 25 ਸਾਲ ਤੱਕ ਦੀ ਉਮਰ ਦੇ ਨੌਜਵਾਨ ਮੁੰਡੇ-ਕੁੜੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਨੌਜਵਾਨਾਂ ਨੇ ਪੂਰੇ ਜੋਸ਼ ਅਤੇ ਜਜ਼ਬੇ ਨਾਲ ਦੌੜ ਵਿੱਚ ਹਿੱਸਾ ਲੈਂਦਿਆਂ ਨਾ ਸਿਰਫ਼ ਖੇਡ ਪ੍ਰਤੀ ਆਪਣਾ ਉਤਸ਼ਾਹ ਦਿਖਾਇਆ, ਸਗੋਂ ਵੰਡ ਦੇ ਦੌਰਾਨ ਆਪਣੀਆਂ ਜਾਨਾਂ ਗੁਆਉਣ ਵਾਲੇ ਲੋਕਾਂ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ।ਸੱਜਣ ਸਿੰਘ ਚੀਮਾ ਨੇ


ਮੋਰਿੰਡਾ

ਕਿਹਾ ਕਿ 30 ਕਿਲੋਮੀਟਰ ਦੀ ਇਹ ਦੌੜ ਕਿਸੇ ਇੱਕ ਖਿਡਾਰੀ ਦੀ ਜਿੱਤ ਜਾਂ ਹਾਰ ਤੱਕ ਸੀਮਿਤ ਨਹੀਂ, ਸਗੋਂ 1947 ਵਿੱਚ ਵੰਡ ਦੀ ਤ੍ਰਾਸਦੀ ਦੌਰਾਨ ਸ਼ਹੀਦ ਹੋਏ ਉਨ੍ਹਾਂ ਸਾਰੇ ਬੇਗੁਨਾਹ ਲੋਕਾਂ ਦੀ ਯਾਦ ਨੂੰ ਸਮਰਪਿਤ ਹੈ, ਜਿਨ੍ਹਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ।ਦੌੜ ਵਿੱਚ ਹਿੱਸਾ ਲੈਣ ਵਾਲੇ ਸਾਰੇ ਨੌਜਵਾਨਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਇਸ ਦੌਰਾਨ ਪਹਿਲੇ ਚਾਰ ਸਥਾਨ ਹਾਸਲ ਕਰਨ ਵਾਲੇ ਨੌਜਵਾਨ ਮੁੰਡੇ-ਕੁੜੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ।

**ਮੁਹਾਲੀ (ਗੁਰਜੀਤ ਬਿੱਲਾ)**- ਭਾਰਤ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਕੋਰਟ ਕੰਪਲੈਕਸ ਐੱਸ ਏ ਐੱਸ ਨਗਰ ਵਿਖੇ ਆਜ਼ਾਦੀ ਦਿਹਾੜਾ ਦੇਸ਼ਭਗਤੀ ਦੀ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਅਤੁਲ ਕਸਾਨਾ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਐੱਸ ਏ ਐੱਸ ਨਗਰ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਨੇ ਨਿਆਂਇਕ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਸਾਰਿਆਂ ਨੂੰ ਉਨ੍ਹਾਂ ਦੇ ਸੁਪਨਿਆਂ ਅਨੁਸਾਰ ਇੱਕ ਨਿਆਂਪੂਰਨ, ਸਮਾਨਤਾ-ਅਧਾਰਿਤ ਅਤੇ ਸਦਭਾਵਨਾ ਵਾਲੇ ਸਮਾਜ ਦੀ ਸਿਰਜਣਾ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਸਰਕਾਰੀ ਹਾਈ ਸਕੂਲ, ਲਾਂਡਰਾਂ ਦੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਅਤੇ ਰਾਸ਼ਟਰ ਗਾਇਨ ਪੇਸ਼ ਕੀਤਾ ਗਿਆ, ਜਿਸ ਨਾਲ ਸਮਾਗਮ ਵਿੱਚ ਦੇਸ਼ਭਗਤੀ ਅਤੇ ਰਾਸ਼ਟਰੀ ਭਾਵਨਾ ਦਾ ਮਾਹੌਲ ਹੋਰ ਗਹਿਰਾ ਹੋ ਗਿਆ। ਉਨ੍ਹਾਂ ਨੇ ਸਮਾਗਮ ਵਿੱਚ ਸ਼ਾਮਲ ਸਾਰੇ ਨਿਆਂਇਕ ਅਧਿਕਾਰੀਆਂ, ਕਰਮਚਾਰੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੇ ਸਰਗਰਮ ਸਹਿਯੋਗ, ਅਨੁਸ਼ਾਸਨ ਅਤੇ ਸਮਰਪਣ ਲਈ ਧੰਨਵਾਦ ਕੀਤਾ।

**ਕਰਤਾਰਪੁਰ (ਹਰਮੇਸ਼ ਦੱਤ)**- 80ਵਾ ਸੁਤੰਤਰਤਾ ਦਿਵਸ ਚੈਰੀਟੇਬਲ ਹੋਸਪਿਟਲ ਕਰਤਾਰਪੁਰ ਵਿਖੇ ਧੂਮ ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਰਾਸ਼ਟਰੀ ਝੰਡਾ ਮੈਡਮ ਸੁਮਨ ਲਤਾ ਕਲਹਣ ਤੇ ਵਿਮਲ ਜੈਨ ਵੱਲੋਂ ਲਹਿਰਾਇਆ ਗਿਆ ਅਤੇ ਰਾਸ਼ਟਰੀ ਗੀਤ ਵੀ ਗਾਇਆ ਗਿਆ। ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਵਿਧਾਇਕ ਦੀ ਪਤਨੀ ਹਰਪ੍ਰੀਤ ਕੌਰ, ਪ੍ਰਧਾਨ ਵਰੁਣ ਬਾਬਾ ਚਰਨਜੀਤ ਸਿੰਘ ਚੰਨੀ, ਜਸਵਿੰਦਰ ਸਿੰਘ ਬਬਲਾ, ਕੌਂਸਲਰ ਰਜਿੰਦਰ ਕੌਰ, ਕੌਂਸਲਰ ਅਮਰਜੀਤ ਕੌਰ, ਕੌਂਸਲਰ ਜਸਲੀਨ ਕੌਰ, ਕੌਂਸਲਰ ਸਤਨਾਮ ਕੌਰ, ਕੌਂਸਲਰ ਜਸਵਿੰਦਰ ਕੌਰ, ਜੋਤੀ ਅਰੋੜਾ, ਕੌਂਸਲਰ ਬਲਵਿੰਦਰ ਸਿੰਘ ਗੋਲਡੀ, ਪ੍ਰਿੰਸ ਅਰੋੜਾ, ਅਨਿਲ ਵਰਮਾ, ਲੋਕ ਗਾਇਕਦਲਵਿੰਦਰ ਦਿਆਲਪੁਰੀ, ਰਜਨੀ ਲਾਂਬਾ, ਸਤੀਸ਼ ਗੁਪਤਾ, ਸੁਰਿੰਦਰ ਅਗਰਵਾਲ, ਜੱਸੀ ਚਾਹਲ, ਜੋਗੇਸ਼ ਸੂਰੀ, ਰਕੇਸ਼ ਅਰੋੜਾ, ਬਲਵੀਰ ਰਾਣਾ, ਅਰਵਿੰਦ ਢੱਡਾ, ਗੁਰਦੀਪ ਸਿੰਘ ਮਿੰਟੂ, ਅਤੇ ਆਪੀ ਚੈਰੀਟੇਬਲ ਹੋਸਪਿਟਲ ਦਾ ਸਟਾਫ ਮੌਜੂਦ ਸਨ।

**ਸ਼ਾਹਕੋਟ (ਗਿਆਨ ਸੈਦਪੁਰੀ)** ਇੱਥੇ ਸਬ-ਡਵੀਜ਼ਨ ਪੱਧਰ 'ਤੇ ਸੁਤੰਤਰਤਾ ਦਿਵਸ ਮਨਾਇਆ ਗਿਆ। ਤਹਿਸੀਲਦਾਰ ਸ਼ਾਹਕੋਟ ਜਸਪਾਲ ਸਿੰਘ ਬਾਜਵਾ ਦੀ ਅਗਵਾਈ ਅਤੇ ਨਾਇਬ ਤਹਿਸੀਲਦਾਰ


ਕਰਤਾਰਪੁਰ

ਲੋਹੀਆਂ ਖਾਸ ਬਲਵਿੰਦਰ ਸਿੰਘ ਦੀ ਦੇਖ- ਰੇਖ ਵਿੱਚ ਕਰਵਾਏ ਗਏ ਸਮਾਗਮ ਵਿੱਚ ਐੱਸ ਡੀ ਐੱਮ ਸ਼ਾਹਕੋਟ ਆਦਿੱਤਿਆ ਗੁਪਤਾ ਨੇ ਝੰਡਾ ਲਹਿਰਾਇਆ। ਸ੍ਰੀ ਗੁਪਤਾ ਨੇ ਆਪਣੇ ਸੰਬੋਧਨ ਦੌਰਾਨ 80ਵੇਂ ਆਜ਼ਾਦੀ ਦਿਹਾੜੇ ਦੀ ਮੁਬਾਰਕਬਾਦ ਦਿੰਦਿਆਂ ਆਜ਼ਾਦੀ ਦੇ ਸੰਘਰਸ਼ ਵਿੱਚ ਕੁਰਬਾਨੀ ਦੇਣ ਵਾਲੇ ਯੋਧਿਆਂ ਨੂੰ ਯਾਦ ਕੀਤਾ।ਉਨ੍ਹਾਂ ਕਿਹਾ ਕਿ ਇਸ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ। ਉਨ੍ਹਾਂ ਸੂਬੇ ਵਿੱਚ ਹੋਏ ਵਿਕਾਸ ਦਾ ਵੀ ਜ਼ਿਕਰ ਕੀਤਾ।ਸਮਾਗਮ ਦੌਰਾਨ ਐਸ.ਡੀ.ਐਮ ਆਦਿੱਤਿਆ ਗੁਪਤਾ ਨੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ। ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਸਕੂਲੋਂ ਬੱਚਿਆਂ ਅਤੇ ਪੁਲੀਸ ਦੇ ਜਵਾਨਾਂ ਵੱਲੋਂ ਕੀਤੇ ਗਏ ਮਾਰਚ ਪਾਸਟ ਤੋਂ ਸਲਾਮੀ ਲਈ।ਇਸ ਮੌਕੇ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਸ਼ਾਹਕੋਟ, ਬੀਬੀ ਰਣਜੀਤ ਕੌਰ ਕਾਕੜ ਕਲਾਂ ਡਾਇਰੈਕਟਰ ਇਨਫੋਟੈਕ ਪੰਜਾਬ, ਸਰਵਣ ਸਿੰਘ ਬੱਲ ਡੀ.ਐਸ.ਪੀ. ਸ਼ਾਹਕੋਟ, ਬਾਬਾ ਸੁਰਜੀਤ ਸਿੰਘ ਸ਼ੈਟੀ ਸੀਚੇਵਾਲ, ਹਰਜਿੰਦਰ ਸਿੰਘ ਸੀਚੇਵਾਲ ਸੰਗਠਨ ਇਨਚਾਰਜ ਆਮ ਆਦਮੀ ਪਾਰਟੀ ਹਲਕਾ ਸ਼ਾਹਕੋਟ ਵਿਸ਼ੇਸ਼ ਤੌਰ 'ਤੇ ਸਮਾਗਮ ਦਾ ਹਿੱਸਾ ਬਣੇ।ਪ੍ਰਬੰਧਕਾਂ ਵੱਲੋਂ ਅਨੇਕਾਂ ਸ਼ਖ਼ਸੀਅਤਾਂ ਨੂੰ ਸਨਮਾਨ ਵੀ ਕੀਤਾ ਗਿਆ।

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਬ-ਡਵੀਜ਼ਨ ਮੋਰਿੰਡਾ ਦਾ ਆਜ਼ਾਦੀ ਦਿਵਸ ਸਮਾਰੋਹ ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖ਼ਾਲਸਾ ਗਰਲਜ਼ ਕਾਲਜ ਮੋਰਿੰਡਾ ਵਿਖੇ ਪੂਰੀ ਸ਼ਰਧਾ, ਉਤਸ਼ਾਹ ਅਤੇ ਕੌਮੀ ਜਜ਼ਬੇ ਨਾਲ ਮਨਾਇਆ ਗਿਆ। ਸਮਾਗਮ ਵਿੱਚ ਐੱਸ ਡੀ ਐੱਮ ਚੇਤਨ ਬੰਗੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਉਨ੍ਹਾਂ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਸਮਾਗਮ ਦੌਰਾਨ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਲੋਕ ਨਾਚ ਗਿੱਧਾ ਤੇ ਭੰਗੜੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਵਿੱਚ ਦਾ ਫੇਰ ਬਦਲਿਆ। ਇਸ ਮੌਕੇ ਆਪਣੇ ਸੰਦੇਸ਼ ਵਿੱਚ ਐੱਸ ਡੀ ਐੱਮ ਚੇਤਨ ਬੰਗੜ ਨੇ ਕਿਹਾ ਕਿ ਅਨੇਕਾਂ ਸ਼ਹੀਦਾਂ ਅਤੇ ਸੁਤੰਤਰਤਾ ਸੰਗਰਾਮੀਆਂ ਦੀਆਂ ਅਦੁੱਤੀ ਕੁਰਬਾਨੀਆਂ ਅਤੇ ਸੰਘਰਸ਼ ਸਦਕਾ ਸਾਡਾ ਦੇਸ਼ ਆਜ਼ਾਦ ਹੋਇਆ ਹੈ। ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੀਆਂ ਸ਼ਖ਼ਸੀਅਤਾਂ, ਸੁਤੰਤਰਤਾ ਸੰਗਰਾਮੀਆਂ, ਵਿਦਿਆਰਥੀਆਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਮੁੱਖ ਮਹਿਮਾਨ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀ ਡੀ ਪੀ ਓ ਲੈਨਿਨ ਗਰਗ, ਤਹਿਸੀਲਦਾਰ ਮੋਰਿੰਡਾ ਪੁਨੀਤ ਬਾਂਸਲ, ਨਾਇਬ ਤਹਿਸੀਲਦਾਰ ਮਨਪ੍ਰੀਤ ਸਿੰਘ, ਪ੍ਰੋ. ਬੀਰਦਵਿੰਦਰ ਸਿੰਘ ਬੱਲਾ ਸਹਿਤ ਹੋਰ ਉੱਚ ਅਧਿਕਾਰੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

## ਲੋਕ ਮਿਲਣੀ ਪ੍ਰੋਗਰਾਮ 'ਚ ਵਿਧਾਇਕ ਲੋਕਾਂ ਦੇ ਰੂਬਰੂ ਹੋਏ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਸਾਢੇ ਚਾਰ ਸਾਲ ਦੀਆਂ ਪ੍ਰਾਪਤੀਆਂ ਅਤੇ ਲੋਕਾਂ ਦੇ ਅਗਲੇਰੇ ਕੰਮਾਂ ਬਾਰੇ ਵਿਚਾਰ




ਵਟਾਂਦਰਾ ਕਰਨ ਦੇ ਲਈ ਪੰਜਾਬ ਭਰ ਵਿੱਚ ਲੋਕ ਮਿਲਣੀ ਪ੍ਰੋਗਰਾਮ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਲੋਕਾਂ ਦਾ ਜਨ- ਸੈਲਾਬ ਉਮੜ ਰਿਹਾ ਹੈ। ਇਸੇ ਲੜੀ ਦੇ ਤਹਿਤ ਪਿੰਡ ਸਫੀਪੁਰ ਅਤੇ ਪਿੰਡ ਨਡਿਆਲੀ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ, ਜਿਸ ਦੇ ਤਹਿਤ ਲੋਕਾਂ ਨੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੇ ਨਾਲ ਵਿਸਥਾਰ ਵਿੱਚ ਵਿਚਾਰ ਹਲਕੇ ਦੇ ਵਿਕਾਸ ਕਾਰਜਾਂ ਸੰਬੰਧੀ ਮਸ਼ਵਰਾ ਕੀਤਾ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਦਾ ਮਕਸਦ ਹੀ ਲੋਕਾਂ ਦੇ ਵਿੱਚ ਜਾਣਾ, ਅਤੇ ਜੋ ਵਾਅਦੇ ਅਸੀਂ ਚੋਣਾਂ ਦੇ ਦੌਰਾਨ ਲੋਕਾਂ ਨਾਲ ਕੀਤੇ ਸਨ ਅਤੇ ਉਸ ਤੋਂ ਬਾਅਦ ਲੋਕਾਂ ਨੇ ਪੂਰੇ ਚਾਵਾਂ ਅਤੇ ਉਤਸ਼ਾਹ ਦੇ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪੰਜਾਬ ਦੀ ਜਿੰਮੇਵਾਰੀ ਸੌਂਪੀ, ਉਸ ਉਪਰੰਤ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਪੂਰੇ ਕੀਤੇ ਗਏ ਹਨ ਇਹਨਾਂ ਬਾਰੇ ਦੱਸਣ ਦੇ ਲਈ ਅਤੇ ਲੋਕਾਂ ਨੂੰ ਹੋਰ ਕੰਮਾਂ ਵਾਸਤੇ ਵਿਚਾਰ ਜਾਨਣ ਦੇ ਲਈ ਇਕੱਠੇ ਹੋ ਰਹੇ ਹਾਂ।

## ਸੰਤ ਖਾਲਸਾ ਫਾਊਂਡੇਸ਼ਨ ਵੱਲੋਂ 60 ਸ਼ਖ਼ਸੀਅਤਾਂ ਦਾ ਸਨਮਾਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸੰਤ ਖਾਲਸਾ ਫਾਊਂਡੇਸ਼ਨ ਵੱਲੋਂ ਆਜ਼ਾਦੀ ਦਿਵਸ ਦੇ ਪਵਿੱਤਰ ਮੌਕੇ ਨੂੰ ਮੁੱਖ ਰੱਖਦਿਆਂ ਸਮਾਜ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਸਿੱਖਿਆ ਖੇਤਰ ਵਿੱਚ ਯੋਗਦਾਨ ਪਾਉਣ ਵਾਲੇ ਅਧਿਆਪਕਾਂ, ਖਿਡਾਰੀਆਂ, ਸਮਾਜ ਸੇਵੀਆਂ, ਧਾਰਮਿਕ ਹਸਤੀਆਂ ਅਤੇ ਪੱਤਰਕਾਰਾਂ ਸਮੇਤ ਕੁੱਲ 60 ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ 18 ਅਧਿਆਪਕਾਂ, 24 ਖਿਡਾਰੀਆਂ, 11 ਸਮਾਜ ਸੇਵੀਆਂ, 2 ਧਾਰਮਿਕ ਹਸਤੀਆਂ ਅਤੇ 5 ਪੱਤਰਕਾਰਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸੰਤ ਖਾਲਸਾ ਫਾਊਂਡੇਸ਼ਨ ਦੇ ਡਾਇਰੈਕਟਰ ਡਾ. ਗੁਰਪ੍ਰੀਤ ਸਿੰਘ ਬਾਠ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੇ ਮੁੱਖ ਮਹਿਮਾਨ ਗਿਆਨੀ ਅਤਰ ਸਿੰਘ ਦਲੇਰ, ਹੈੱਡ ਗ੍ਰੰਥੀ ਗੁਰਦੁਆਰਾ ਜੋਤੀ ਸਰੂਪ ਸ੍ਰੀ ਫ਼ਤਹਿਗੜ੍ਹ ਸਾਹਿਬ ਵੱਲੋਂ ਸਨਮਾਨਿਤ ਸ਼ਖ਼ਸੀਅਤਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ਗਏ। ਇਸ ਮੌਕੇ ਡਾਇਰੈਕਟਰ ਹਰਪ੍ਰੀਤ ਕੌਰ, ਹਰਿੰਦਰ ਸਿੰਘ ਧਾਲੀਵਾਲ ਮੀਤ ਪ੍ਰਧਾਨ, ਜਸ਼ਨਦੀਪ ਕੌਰ ਬਾਠ ਜਨਰਲ ਸਕੱਤਰ, ਚਤਰ ਸਿੰਘ (ਸਤਨਾਮ ਦੀ ਹੱਟੀ), ਅਮਨਦੀਪ ਸਿੰਘ ਡੀਪੀਈ, ਜਗਪਾਲ ਸਿੰਘ ਬੈਂਸ, ਗੁਰਸੇਵਕ ਸਿੰਘ ਸੇਵੀ, ਸੰਜੀਵ ਕੁਮਾਰ ਰਿਟਾਇਰ ਪੰਚਾਇਤ ਅਫ਼ਸਰ, ਲੈਕਚਰਾਰ ਗੁਰਿੰਦਰਜੀਤ ਸਿੰਘ, ਸਾਹਿਲ ਅਰੋੜਾ ਮੋਰਿੰਡਾ, ਜਸਪ੍ਰੀਤ ਸਿੰਘ ਨੈਸ਼ਨਲ ਗੋਲਡ ਮੈਡਲ ਗੱਤਕਾ ਸਿੰਗਲ ਸੋਟੀ, ਮਨਦੀਪ ਸਿੰਘ, ਅਮਨਦੀਪ ਸਿੰਘ ਲਾਡੀ, ਕੁਲਵੀਰ ਸਿੰਘ, ਪਰਮਜੀਤ ਸਿੰਘ ਡੀ ਪੀ ਈ, ਬਿਕਰਮ ਸਿੰਘ, ਗੁਰਮੀਤ ਕੌਰ, ਸਰਬਜੀਤ ਕੌਰ, ਕਿਰਨਦੀਪ ਕੌਰ ਆਦਿ ਹਾਜ਼ਰ ਸਨ।

## ਐੱਨ ਆਰ ਆਈ ਹੇਅਰ ਭਰਾਵਾਂ ਨੇ ਨੰਬਰਦਾਰ ਯੂਨੀਅਨ ਨੂੰ 11 ਹਜ਼ਾਰ ਸਹਾਇਤਾ ਵਜੋਂ ਦਿੱਤੇ

**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਦੀ ਇੱਕ ਵਿਸ਼ੇਸ਼ ਮੀਟਿੰਗ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ ਤਹਿਸੀਲ ਦਫਤਰ ਵਿਖੇ ਹੋਈ। ਜਿਸ ਵਿੱਚ ਉਚੇਚੇ ਤੌਰ 'ਤੇ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੱਧ ਉਚੇਚੇ ਤੌਰ 'ਤੇ ਪਹੁੰਚੇ । ਇਸ ਮੌਕੇ ਨੰਬਰਦਾਰਾਂ ਦੀਆਂ ਹੱਕੀ



ਮੰਗਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ । ਉਹਨਾਂ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਨੰਬਰਦਾਰਾਂ ਨਾਲ 2022 ਦੀਆਂ ਵੋਟਾਂ ਮੌਕੇ ਸਰਕਾਰ ਵੱਲੋਂ ਕੀਤੇ ਵਾਅਦੇ ਪੂਰੇ ਕੀਤੇ ਜਾਣ । ਮੀਟਿੰਗ ਵਿੱਚ ਜਸਵਿੰਦਰ ਸਿੰਘ ਹੇਅਰ ਦੇ ਸਪੁੱਤਰ ਐਨ.ਆਰ.ਆਈ ਜਸਦੀਪ ਸਿੰਘ ਹੇਅਰ ਅਤੇ ਲਖਵੀਰ ਸਿੰਘ ਹੇਅਰ ਤਹਿਸੀਲ ਦਫਤਰ ਨਕੋਦਰ ਵਿਖੇ ਪਹੁੰਚੇ ਅਤੇ ਉਹਨਾਂ ਨੇ ਨੰਬਰਦਾਰ ਯੂਨੀਅਨ ਵੱਲੋਂ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਕਿਉਂਕਿ ਉਹਨਾਂ ਦਾ ਪਰਿਵਾਰ ਵੀ ਪਿਛਲੇ ਕਾਫੀ ਸਮੇਂ ਤੋਂ ਸਮਾਜ ਸੇਵਾ ਦੇ ਕੰਮਾਂ ਨੂੰ ਵੱਧ ਚੜ੍ਹ ਕੇ ਹਿੱਸਾ ਪਾ ਰਿਹਾ ਹੈ।ਇਸ ਮੌਕੇ ਉਹਨਾਂ ਨੰਬਰਦਾਰ ਯੂਨੀਅਨ ਨੂੰ 11 ਹਜ਼ਾਰ ਰੁਪਏ ਸਹਾਇਤਾ ਵਜੋਂ ਦਿੱਤੇ ਅਤੇ ਅੱਗੇ ਤੋਂ ਵੀ ਹੋਰ ਸਹਾਇਤਾ ਕਰਨ ਦਾ ਵਾਅਦਾ ਕੀਤਾ । ਇਸ ਮੌਕੇ ਯੂਨੀਅਨ ਦੇ ਆਗੂਆਂ ਵੱਲੋਂ ਐਨ.ਆਰ.ਆਈ ਭਰਾਵਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਰਾਜ ਕੁਮਾਰ ਮਹਿਮੀ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਗੁਰਦੇਵ ਸਿੰਘ ਮਾਲੜੀ, ਗੁਰਮਿੰਦਰ ਸਿੰਘ ਕੈਂਥ, ਰਾਜ ਬਹਾਦਰ ਸਿੰਘ ਤੂਰ, ਰਤਨ ਰਾਏ ਨਕੋਦਰ, ਬਨਾਰਸੀ ਦਾਸ, ਜੁਗਰਾਜ ਸਿੰਘ, ਵਿਨੇ ਕੁਮਾਰ, ਬਲਜੀਤ ਸਿੰਘ ਲਿੱਤਰਾਂ, ਕੁਲਰਾਜ ਸਿੰਘ, ਮਲਕੀਤ ਸਿੰਘ ਆਲੇਵਾਲੀ ਆਦਿ ਹਾਜ਼ਰ ਸਨ ।

## ਬੱਸ ਦੀ ਲਪੇਟ 'ਚ ਆਉਣ ਨਾਲ ਡਲਿਵਰੀ ਬੁਆਏ ਦੀ ਮੌਤ

**ਜਲੰਧਰ (ਇਕਬਾਲ ਸਿੰਘ ਉੱਭੀ)**- ਸਥਾਨਕ ਅਲਾਸਕਾ ਚੌਂਕ ਤੋਂ ਮਦਨ ਫਲੋਰ ਮਿੱਲ ਚੌਂਕ ਵਲ ਜਾ ਰਹੇ ਡਲਿਵਰੀ ਬੁਆਏ ਦੀ ਨਿੱਜੀ ਕੰਪਨੀ ਦੀ ਲਪੇਟ ਵਿਚ ਆਉਣ ਨਾਲ ਮੌਤ ਹੋ ਗਈ। ਗੱਲਬਾਤ ਦੌਰਾਨ ਤਫਤੀਸ਼ ਅਫਸਰ ਵਿਜੈ ਕੁਮਾਰ ਥਾਣਾ ਨਵੀਂ ਬਾਰਾਂਦਰੀ ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਅਰੁਣ ਪਾਠਕ, ਵਾਸ਼ੀ ਤੇਜ ਮੋਹਨ ਨਗਰ ਬਸਤੀ ਸ਼ੇਖ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੇਹ ਨੂੰ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ ਅਤੇ ਬੱਸ ਨੂੰ ਕਬਜ਼ੇ ਵਿਚ ਲੈਣ ਉਪਰੰਤ ਪੁਲਿਸ ਵੱਲੋਂ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਰੂਰਲ ਬਲਦੇਵ ਨਗਰ 'ਚ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਨੌਜਵਾਨ ਵੱਲੋਂ ਪਹਿਲਾ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਨੇ ਦੱਸਿਆ ਕਿ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ 'ਆਪ' ਦੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਆਬਜ਼ਰਵਰ ਵਕੀਲ ਮਲਕੀਤ ਸਿੰਘ ਚੋਪੜਾ ਅਤੇ ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਐਨ ਪੀ ਰਾਣਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨਾਂ ਵੱਲੋਂ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ ਗਈ। ਇਸ ਮੌਕੇ ਉਹਨਾਂ ਦੱਸਿਆ ਕਿ ਆਏ ਹੋਏ ਮਹਿਮਾਨਾ ਦਾ ਕ੍ਰਿਕਟ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਮਲਕੀਤ ਸਿੰਘ ਚੋਪੜਾ ਇੰਚਾਰਜ ਮਾਲਵਾ ਜੋਨ ਲੀਗਲ ਵਿੰਗ (ਪੰਜਾਬ) ਅਬਜਰਵਰ ਹਲਕਾ ਸ੍ਰੀ ਚਮਕੌਰ ਸਾਹਿਬ ਐੱਨ ਪੀ ਰਾਣਾ ਚੇਅਰਮੈਨ ਮਾਰਕਿਟ ਕਮੇਟੀ ਮੋਰਿੰਡਾ, ਕੁਲਵੰਤ ਸਿੰਘ ਬਲਾਕ ਪ੍ਰਧਾਨ ਸੁਰਤਾਪੁਰ, ਮਾਸਟਰ ਕਮਲ ਸਿੰਘ ਸਾਬਕਾ ਮੀਡੀਆ ਇੰਚਾਰਜ, ਸਵਰਨ ਸਿੰਘ ਜਟਾਣਾ ਮੀਡੀਆ ਇੰਚਾਰਜ, ਸੰਜੇ ਕੁਮਾਰ ਪੰਚ ਪਿੰਡ ਸਲਾਹ ਪੁਰ, ਰਾਹੁਲ ਸ਼ਰਮਾ ਮੋਰਿੰਡਾ ਬ੍ਰਾਹਮਣ ਬੋਰਡ ਚੇਅਰਮੈਨ ਅਤੇ ਸੁਰਿੰਦਰ ਕੌਰ ਮੋਰਿੰਡਾ ਆਦਿ ਵੀ ਹਾਜ਼ਰ ਸਨ।

## ਸੀਚੇਵਾਲ ਨੇ ਸਿੱਖ ਭਾਈਚਾਰੇ ਦੀਆਂ ਦੋ ਸ਼ਖ਼ਸੀਅਤਾਂ ਨੂੰ ਭਾਰਤ ਰਤਨ ਦੇਣ ਦੀ ਕੀਤੀ ਮੰਗ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਰਲੀਮੈਂਟ ਦੇ ਸਮਾਪਤ ਹੋਏ ਮੌਨਸੂਨ ਸ਼ੈਸ਼ਨ 'ਤੇ ਟਿੱਪਣੀ ਕਰਦਿਆ ਕਿਹਾ ਕਿ ਸ਼ੈਸ਼ਨ ਨੇ ਨਿਰਾਸ਼ ਕੀਤਾ ਹੈ। ਉਹਨਾਂ ਕਿਹਾ ਕਿ ਇਸ ਸਦਨ ਦੇ ਵਾਰ-ਵਾਰ ਠੱਪ ਰਹਿਣ ਕਾਰਨ ਪੰਜਾਬ ਨਾਲ ਸਬੰਧਤ ਕਈ ਅਹਿਮ ਅਤੇ ਸੰਵੇਦਨਸ਼ੀਲ ਮੁੱਦੇ ਪਾਰਲੀਮੈਂਟ ਵਿੱਚ ਉਠਾਉਣ ਤੋਂ ਰਹਿ ਗਏ। ਉਨ੍ਹਾਂ ਕਿਹਾ ਕਿ ਸਦਨ ਦੀ ਕਾਰਵਾਈ ਪ੍ਰਭਾਵਿਤ ਹੋਣ ਨਾਲ ਜਿੱਥੇ ਲੋਕਤੰਤਰਿਕ ਪ੍ਰਕਿਰਿਆ ਨੂੰ ਨੁਕਸਾਨ ਪਹੁੰਚਿਆ ਹੈ, ਉੱਥੇ ਹੀ ਦੇਸ਼ ਦੇ ਲੋਕਾਂ ਦਾ ਕੀਮਤੀ ਪੈਸਾ ਵੀ ਬਰਬਾਦ ਹੋ ਰਿਹਾ ਹੈ।ਸੰਤ ਸੀਚੇਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਮੌਨਸੂਨ ਸੈਸ਼ਨ ਦੌਰਾਨ ਕੁੱਲ 20 ਸਵਾਲ ਪੁੱਛੇ, ਜਿਨ੍ਹਾਂ ਵਿੱਚ ਜ਼ਿਆਦਾਤਰ ਲਿਖਤੀ ਸਵਾਲ ਸਨ। ਦੋ ਸਵਾਲ ਜ਼ੁਬਾਨੀ ਤੌਰ 'ਤੇ ਪੁੱਛੇ ਜਾਣੇ ਸਨ, ਪਰ ਸਦਨ ਦੀ ਕਾਰਵਾਈ ਨਾ ਚੱਲ ਸਕਣ ਕਾਰਨ ਇਹ ਵੀ ਨਹੀਂ ਪੁੱਛੇ ਜਾ ਸਕੇ। ਉਨ੍ਹਾਂ ਵੱਲੋਂ 13 ਕੇਂਦਰੀ ਮੰਤਰਾਲਿਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਤੇ ਸਵਾਲ ਪੁੱਛੇ ਗਏ ਸੀ। ਸੰਤ ਸੀਚੇਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਸਿੱਖ ਕੌਮ ਦੀਆਂ ਦੋ ਮਹਾਨ ਸ਼ਖ਼ਸ਼ੀਅਤਾਂ ਭਾਈ ਘੱਨਈਆ ਜੀ ਅਤੇ ਭਗਤ ਪੂਰਨ ਸਿੰਘ ਜੀ ਨੂੰ ਉਨ੍ਹਾਂ ਦੀਆਂ ਨਿਸ਼ਕਾਮ ਮਨੁੱਖੀ ਸੇਵਾਵਾਂ ਦੇ ਮੱਦੇਨਜ਼ਰ ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਨਾਲ ਸਨਮਾਨਤ ਕਰਨ ਦੀ ਮੰਗ ਵੀ ਗੰਭੀਰਤਾ ਨਾਲ ਉਠਾਈ। ਇਸ ਤੋਂ ਇਲਾਵਾ ਸਪੈਸ਼ਲ ਮੈਂਸ਼ਨ ਰਾਹੀਂ ਛੋਟੀਆਂ ਨਦੀਆਂ ਅਤੇ ਕੁਦਰਤੀ ਸੋਰਤਾਂ ਨੂੰ ਨਾਜਾਇਜ਼ ਕਬਜ਼ਿਆਂ ਤੋਂ ਬਚਾਉਣ ਦਾ ਮੁੱਦਾ ਵੀ ਪਾਰਲੀਮੈਂਟ ਵਿੱਚ ਰੱਖਿਆ ਗਿਆ।ਸੰਤ ਸੀਚੇਵਾਲ ਨੇ ਕਿਹਾ ਕਿ ਪਾਰਲੀਮੈਂਟ ਲੋਕਾਂ ਦੇ ਮੁੱਦੇ ਉਠਾਉਣ ਅਤੇ ਸਰਕਾਰ ਤੋਂ ਜਵਾਬਦੇਹੀ ਯਕੀਨੀ ਬਣਾਉਣ ਦਾ ਸਭ ਤੋਂ ਵੱਡਾ ਮੰਚ ਹੈ। ਇਸ ਲਈ ਸਾਰੇ ਧਿਰਾਂ ਨੂੰ ਚਾਹੀਦਾ ਹੈ ਕਿ ਉਹ ਸਦਨ ਦੀ ਕਾਰਵਾਈ ਸੁਚਾਰੂ ਢੰਗ ਨਾਲ ਚੱਲਣ ਦੇਣ, ਤਾਂ ਜੋ ਪੰਜਾਬ ਸਮੇਤ ਦੇਸ਼ ਭਰ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਾਰਲੀਮੈਂਟ ਵਿੱਚ ਉਠਾਇਆ ਜਾ ਸਕੇ।



## ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਸੈਮੀਨਾਰ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਜਲੰਧਰ ਵਿਖੇ ਰਾਸ਼ਟਰੀ ਲਾਇਬ੍ਰੇਰੀਅਨ ਦਿਵਸ ਮੌਕੇ ਲਾਇਬ੍ਰੇਰੀ ਦੇ ਸਾਧਨਾਂ ਅਤੇ ਆਧੁਨਿਕ ਸੂਚਨਾ ਸੇਵਾਵਾਂ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਲਾਇਬ੍ਰੇਰੀ ਦੀ ਵਰਤੋਂ ਕਰਨ ਵਾਲਿਆਂ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਅਕਾਦਮਿਕ ਪੜ੍ਹਾਈ ਅਤੇ ਖੋਜ ਖੇਤਰ ਵਿਚ ਲਾਇਬ੍ਰੇਰੀ ਦੀ ਮਹੱਤਤਾ ਦੇ ਨਾਲ-ਨਾਲ ਲਾਇਬ੍ਰੇਰੀ ਦੇ ਵੱਖ-ਵੱਖ ਔਜ਼ਾਰ, ਡਿਜੀਟਲ ਸਾਧਨਾਂ, ਆਨਲਾਈਨ ਡਾਟਾਬੇਸ ਅਤੇ ਸੂਚਨਾ ਪ੍ਰਾਪਤੀ ਦੀਆਂ ਤਕਨੀਕਾਂ 'ਤੇ ਕੇਂਦਰਿਤ ਸੀ। ਸੈਸ਼ਨ ਦੌਰਾਨ ਇਸ ਗੱਲ 'ਤੇ ਚਾਨਣਾ ਪਾਇਆ ਗਿਆ ਕਿ ਵਿਦਿਆਰਥੀ ਅਤੇ ਖੋਜਕਰਤਾ ਅਕਾਦਮਿਕ ਸਿੱਖਿਆ, ਖੋਜ, ਅਸਾਈਨਮੈਂਟਾਂ ਅਤੇ ਪੇਸ਼ੇਵਰ ਵਿਕਾਸ ਲਈ ਇਨ੍ਹਾਂ ਸਾਧਨਾਂ ਦੀ ਵਰਤੋਂ ਕਿਵੇਂ ਪ੍ਰਭਾਵਸ਼ਾਲੀ ਢੰਗ ਨਾਲ ਕਰ ਸਕਦੇ ਹਨ। ਇਸ ਮੌਕੇ ਭਾਰਤ ਵਿੱਚ ਲਾਇਬ੍ਰੇਰੀ ਵਿਗਿਆਨ ਦੇ ਪਿਤਾਮਾ ਡਾ. ਐੱਸ. ਆਰ. ਰੰਗਾਨਾਥਨ ਦੇ ਜਨਮ ਦਿਨ ਅਤੇ ਲਾਇਬ੍ਰੇਰੀ ਵਿਗਿਆਨ ਦੇ ਖੇਤਰ ਵਿੱਚ ਉਨ੍ਹਾਂ ਦੇ ਬਹੁਮੁੱਲੇ ਯੋਗਦਾਨ ਨੂੰ ਵੀ ਯਾਦ ਕੀਤਾ ਗਿਆ। ਲਾਇਬ੍ਰੇਰੀ ਇੰਚਾਰਜ ਡਾ. ਕਿਰਨਜੀਤ ਕੌਰ ਬਾਲੀ ਨੇ ਵੱਖ-ਵੱਖ ਲਾਈਬ੍ਰੇਰੀ ਸੇਵਾਵਾਂ, ਟੂਲਜ਼ ਅਤੇ ਡਾਟਾਬੇਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਡੀਨ ਮੁਖੀ ਅਤੇ ਪ੍ਰੋਫ਼ੈਸਰ ਸਹਿਬਾਨ ਵੀ ਹਾਜ਼ਰ ਸਨ।

## ਡੀ ਆਈ ਜੀ ਪਰਮਿੰਦਰ ਸਿੰਘ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- 15 ਅਗਸਤ ਨੂੰ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ਆਈ ਟੀ ਬੀ ਪੀ ) ਦੇ ਡੀ ਆਈ ਜੀ ਪਰਮਿੰਦਰ ਸਿੰਘ ਨੂੰ ਉਨ੍ਹਾਂ ਦੇ ਜੱਦੀ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੈਂਕੜੇ ਨਮ ਅੱਖਾਂ ਨੇ ਅੰਤਿਮ ਵਿਦਾਈ ਦਿੱਤੀ। ਚਰਨ ਗੰਗਾ ਸ਼ਮਸ਼ਾਨਘਾਟ ਵਿਖੇ ਹੋਏ ਅੰਤਿਮ ਸੰਸਕਾਰ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਦੇ ਅਧਿਕਾਰੀਆਂ,



ਆਈ.ਟੀ.ਬੀ.ਪੀ. ਦੇ ਸੀਨੀਅਰ ਅਧਿਕਾਰੀਆਂ, ਜਵਾਨਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਾਮਲ ਹੋ ਕੇ ਸਵ.ਪਰਮਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਆਈ ਟੀ ਬੀ ਪੀ ਦੇ ਜਵਾਨਾਂ ਵੱਲੋਂ ਪੂਰੇ ਸਨਮਾਨ ਨਾਲ ਉਨ੍ਹਾਂ ਨੂੰ ਸਲਾਮੀ ਦਿੱਤੀ ਗਈ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਦੇਸ਼ ਦੀ ਸੇਵਾ ਅਤੇ ਸੁਰੱਖਿਆ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਨੌਜਵਾਨਾਂ ਦੀ ਹਮੇਸ਼ਾ ਵੱਡੀ ਭੂਮਿਕਾ ਰਹੀ ਹੈ।ਸੰਸਕਾਰ ਮੌਕੇ ਆਈ ਟੀ ਬੀ ਪੀ ਦੇ ਸੀਨੀਅਰ ਅਧਿਕਾਰੀਆਂ ਤੇ ਜਵਾਨਾਂ ਨੇ ਆਪਣੇ ਸਾਥੀ ਅਧਿਕਾਰੀ ਦੀ ਸ਼ਹਾਦਤ ਵਰਗੀ ਸਮਰਪਿਤ ਸੇਵਾ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨੇ ਵੀ ਸਵ.ਪਰਮਿੰਦਰ ਸਿੰਘ ਦੀ ਮ੍ਰਿਤਕ ਦੇਹ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮਾਹੌਲ ਗਮਗੀਨ ਰਿਹਾ ਤੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਅਤੇ ਇਲਾਕਾ ਵਾਸੀਆਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ। ਸਵ.ਪਰਮਿੰਦਰ ਸਿੰਘ ਵੱਲੋਂ ਦੇਸ਼ ਦੀ ਸੁਰੱਖਿਆ ਅਤੇ ਸੇਵਾ ਲਈ ਨਿਭਾਈਆਂ ਗਈਆਂ ਜ਼ਿੰਮੇਵਾਰੀਆਂ ਨੂੰ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

## ਲਸੂੜੀ 'ਚ 61ਵਾਂ ਭੰਡਾਰਾ ਸ਼ਰਧਾ ਨਾਲ ਕਰਵਾਇਆ



**ਸ਼ਾਹਕੋਟ (ਗਿਆਨ ਸੈਦਪੁਰੀ)**- ਦੁਰਗਾ ਭਜਨ ਮੰਡਲੀ ਵੱਲੋਂ ਪਿੰਡ ਦੇ ਸਹਿਯੋਗ ਨਾਲ 61ਵਾਂ ਭੰਡਾਰਾ ਸ਼ਰਧਾ ਅਤੇ ਧੂਮਧਾਮ ਨਾਲ ਕਰਵਾਇਆ ਗਿਆ। ਸਵੇਰ ਵੇਲੇ ਪੰਡਿਤ ਪੀ ਐੱਲ ਸ਼ਰਮਾ ਦੀ ਅਗਵਾਈ ਵਿੱਚ ਹਵਨ ਹੋਇਆ। ਦੁਪਹਿਰ ਵੇਲੇ ਸ਼ੁਰੂ ਹੋਇਆ ਲੰਗਰ ਸ਼ਾਮ ਤੱਕ ਚੱਲਦਾ ਰਿਹਾ। ਸ਼ਾਮ ਛੇ ਵਜੇ ਸ਼ੋਭਾ ਯਾਤਰਾ ਆਰੰਭ ਆਰੰਭ ਹੋਈ।ਯਾਤਰਾ ਨੇ ਪੂਰੇ ਲਸੂੜੀ ਪਿੰਡ ਦਾ ਗੇੜਾ ਲਾਇਆ। ਇਸ ਸ਼ੋਭਾ ਯਾਤਰਾ ਵਿੱਚ ਸੰਗਤਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।

## ਸੂਬਾ ਪੱਧਰੀ ਧਰਨਾ ਭਲਕੇ

**ਕਪੂਰਥਲਾ (ਮਨਜੀਤ ਮਾਨ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੀ ਮੀਟਿੰਗ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਦੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ। ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨੋਟ ਰਾਹੀਂ ਸੂਬਾ ਪ੍ਰੈੱਸ ਸਕੱਤਰ ਸੰਜੀਵ ਕੌਂਡਲ ਨੇ ਦਿੱਤੀ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਯੂਨੀਅਨ ਵੱਲੋਂ ਸੀਵਰੇਜ ਬੋਰਡ ਦੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਯੂਨੀਅਨ ਵੱਲੋਂ 18 ਅਗਸਤ ਨੂੰ ਸੀਵਰੇਜ ਬੋਰਡ ਦੇ ਮੁੱਖ ਦਫ਼ਤਰ ਚੰਡੀਗੜ੍ਹ ਦੇ ਸਾਹਮਣੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ। ਸੀਵਰੇਜ ਬੋਰਡ ਦੇ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਲਾਗੂ ਕਰਨਾ, ਰਿਟਾਇਰ ਹੋਏ ਕਰਮਚਾਰੀਆਂ ਨੂੰ ਇਕ ਸਾਲ ਤੋਂ ਬਕਾਏ ਨਹੀਂ ਦਿੱਤੇ ਗਏ ਹ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ, ਕੱਚੇ ਮੁਲਾਜ਼ਮਾਂ ਨੂੰ ਘੱਟੋ ਘੱਟ 30 ਹਜ਼ਾਰ ਰੁਪਏ ਤਨਖਾਹ ਦਿੱਤੀ ਜਾਵੇ, ਡੈੱਥ ਕੇਸ ਦੇ ਮੁਲਾਜ਼ਮਾਂ ਨੂੰ ਨੌਕਰੀ ਦਿੱਤੀ ਜਾਵੇ , ਮਹਿਕਮੇ ਵਿਚ ਰੈਗੂਲਰ ਭਰਤੀ ਕੀਤੀ ਜਾਵੇ ਹਨ। ਯੂਨੀਅਨ ਵੱਲੋਂ ਫੈਸਲਾ ਕੀਤਾ ਗਿਆ ਕਿ ਜਲ ਸਪਲਾਈ ਸੈਨੀਟੇਸ਼ਨ ਮੰਤਰੀ ਹਰਦੀਪ ਮੁੰਡੀਆਂ ਦੇ ਹਲਕੇ ਵਿੱਚ ਰੈਲੀ 9/9/2026 ਨੂੰ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ, ਸੂਬਾ ਕੈਸ਼ੀਅਰ ਬਲਜਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਰਾਜ ਮੌੜ, ਸਤਨਾਮ ਸਿੰਘ ਤਰਨਤਾਰਨ , ਸਤਨਾਮ ਸਿੰਘ ਗੁਰਦਾਸਪੁਰ, ਲਖਵਿੰਦਰ ਖਾਨਪੁਰ, ਰਾਮ ਲੁਭਾਇਆ, ਦਰਸ਼ਨ ਮਾਨਸਾ, ਅਮਰਜੀਤ ਹੁਸ਼ਿਆਰਪੁਰ, ਰਣਜੀਤ ਰੋਪੜ, ਪੁਸ਼ਪਿੰਦਰ, ਜਲੰਧਰ , ਹਰਪ੍ਰੀਤ ਲੁਧਿਆਣਾ ਅਤੇ ਰਾਜਨ ਕੁਮਾਰ ਜਲੰਧਰ ਆਦਿ ਮੈਂਬਰ ਹਾਜ਼ਰ ਹੋਏ।

# ਕੈਬਨਿਟ ਮੰਤਰੀ ਵੱਲੋਂ 170 ਸ਼ਖ਼ਸੀਅਤਾਂ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**- 80ਵੇਂ ਸੁਤੰਤਰਤਾ ਦਿਵਸ ਮੌਕੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਵਲੋਂ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਵਾਲੀਆਂ 170 ਸ਼ਖਸੀਅਤਾਂ ਦਾ ਪ੍ਰਸ਼ੰਸਾ ਪੱਤਰਾਂ ਤੇ ਮੈਡਲਾਂ ਨਾਲ ਸਨਮਾਨ ਕੀਤਾ ਗਿਆ। ਕੈਬਨਿਟ ਮੰਤਰੀ ਮੋਹਿੰਦਰ ਭਗਤ ਵਲੋਂ ਦਫ਼ਤਰ ਕਮਿਸ਼ਨਰ ਪੁਲਿਸ, ਜਲੰਧਰ ਤੋਂ ਮਹਿਲਾ ਕਾਂਸਟੇਬਲ ਅਮਨਦੀਪ ਕੌਰ, ਸੀਨੀਅਰ ਕਾਂਸਟੇਬਲ ਰਾਕੇਸ਼ ਕੁਮਾਰ, ਮੁੱਖ ਸਿਪਾਹੀ ਰਾਕੇਸ਼ ਮੋਹਨ, ਸੀਨੀਅਰ ਕਾਂਸਟੇਬਲ ਰਾਜਵੀਰ ਕੌਰ, ਏ ਐੱਸ ਆਈ ਬਲਵੰਤ ਸਿੰਘ, ਸੀਨੀਅਰ ਕਾਂਸਟੇਬਲ ਲਵਪ੍ਰੀਤ ਸਿੰਘ, ਮੁੱਖ ਸਿਪਾਹੀ ਬਿੰਨੀ ਕੁਮਾਰੀ, ਕਾਂਸਟੇਬਲ ਕਰਨਬੀਰ ਸਿੰਘ, ਸੀਨੀਅਰ ਕਾਂਸਟੇਬਲ ਲਖਵੀਰ ਕਾਲੀਆ, ਕਾਂਸਟੇਬਲ ਅਨਮੋਲ, ਮਹਿਲਾ ਸੀਨੀਅਰ ਕਾਂਸਟੇਬਲ ਅਰਸ਼ਦੀਪ ਕੌਰ, ਏ ਐੱਸ ਆਈ ਟ੍ਰੈਫਿਕ ਸਟਾਫ਼ ਹਰਪ੍ਰੀਤ ਸਿੰਘ, ਐੱਸ ਆਈ ਲਖਵੀਰ ਸਿੰਘ, ਏ ਐੱਸ ਆਈ ਬ੍ਰਿਜ ਮੋਹਨ, ਐੱਸ ਆਈ ਸਪੈਸ਼ਲ ਬਰਾਂਚ ਦਲਵਿੰਦਰ ਸਿੰਘ, ਵਾਟਰ ਕੋਰੀਅਰ ਨਿਰਮਲ ਸਿੰਘ, ਏ ਐੱਸ ਆਈ ਅਵਤਾਰ ਸਿੰਘ, ਮਹਿਲਾ ਸਿਪਾਹੀ ਗੁਰਵਿੰਦਰ ਕੌਰ ਅਤੇ ਸਿਪਾਹੀ ਵਿਕਰਮ ਸਿੰਘ ਸਨਮਾਨ ਕੀਤਾ ਗਿਆ।

ਇਸੇ ਤਰ੍ਹਾਂ ਕੈਬਨਿਟ ਮੰਤਰੀ ਵਲੋਂ ਦਫ਼ਤਰ ਸੀਨੀਅਰ ਪੁਲਿਸ ਕਪਤਾਨ ਜਲੰਧਰ (ਦਿਹਾਤੀ) ਤੋਂ ਐੱਸ ਆਈ ਸਤੀਸ਼ ਕੁਮਾਰ, ਏ ਐੱਸ ਆਈ ਰਾਜੇਸ਼ ਕੁਮਾਰ ਤੇ ਵਿਜੈ ਕੁਮਾਰ, ਮੁੱਖ ਸਿਪਾਹੀ ਪਰਵਿੰਦਰ ਸਿੰਘ, ਸੀਨੀਅਰ ਸਿਪਾਹੀ ਜਗਜੀਤ ਸਿੰਘ, ਸੁਖਪਾਲ ਸਿੰਘ ਤੇ ਚਰਨਜੀਤ ਸਿੰਘ, ਵਿਜੀਲੈਂਸ ਬਿਊਰੋ ਰੇਂਜ ਜਲੰਧਰ ਤੋਂ ਸੀਨੀਅਰ ਸਿਪਾਹੀ ਜਸਵਿੰਦਰ ਸਿੰਘ, ਅਭਿਨਾਸ਼ ਮਹੇ, ਉਪ ਜ਼ਿਲ੍ਹਾ ਅਟਾਰਨੀ ਜ਼ੇਬਾ ਖਾਲਿਦ, ਸਹਾਇਕ ਜ਼ਿਲ੍ਹਾ ਅਟਾਰਨੀ ਵਿਕਾਸ ਸਭਰਵਾਲ ਤੇ ਡਿਪਟੀ ਡੀ ਏ ਸਵਿੰਦਰ ਸੈਣੀ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਰਾਮ ਮੂਰਤੀ, ਡਿਪਟੀ ਡਾਇਰੈਕਟਰ ਬਾਗਬਾਨੀ ਨਰਿੰਦਰ ਪਾਲ, ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ, ਜ਼ਿਲ੍ਹਾ ਟਾਊਨ ਪਲਾਨਰ ਹਰਪ੍ਰੀਤ ਸਿੰਘ ਬਾਜਵਾ, ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਸਿਮਰਜੋਤ, ਡਿਪਟੀ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਕਮਾਂਡਰ ਬਲਜਿੰਦਰ ਸਿੰਘ ਵਿਰਕ, ਸਹਾਇਕ ਚੇਂਜ ਅਫ਼ਸਰ ਰਾਜਨ ਸ਼ਰਮਾ, ਮੈਡੀਕਲ ਅਫ਼ਸਰ ਡਾ. ਭੂਮਿਕਾ ਭੋਲਾ ਚੰਦਰਾ, ਸੁਪਰਡੰਟ ਸਿਹਤ ਰਾਕੇਸ਼ ਕੁਮਾਰ, ਡਾ. ਬੇਅੰਤ ਸਿੰਘ, ਸਰਜਨ ਡਾ.ਅਭਿਸ਼ੇਕ ਸੱਚਰ, ਸਿਹਤ ਵਿਭਾਗ ਦੇ ਕੁਲਵਿੰਦਰ ਸਿੰਘ ਟਾਂਡੀ, ਅਨਿਲ ਕੁਮਾਰ, ਪਲਾਟੂਨ ਸਰਜੈਂਟ ਅਸ਼ੋਕ ਕੁਮਾਰ, ਸੈਕਟਰ ਵਾਰਡਨ ਰਾਮ ਸਿੰਘ, ਲੇਖਾ ਅਫ਼ਸਰ ਸੰਜੇ ਅਰੋੜਾ, ਸੀਨੀਅਰ ਲੇਖਾਕਾਰ ਰਵਿੰਦਰ ਕੁਮਾਰ, ਡਿਪਟੀ ਕਮਿਸ਼ਨਰ ਦਫ਼ਤਰ ਤੋਂ ਸੀਨੀਅਰ ਸਹਾਇਕ ਮਨੀਸ਼ ਸੈਣੀ, ਜੂਨੀਅਰ ਸਹਾਇਕ ਬਲਦੇਵ ਰਾਜ ਤੇ ਹਨੀ ਬਾਂਸਲ, ਕਲਰਕ ਕਿਰਨ ਲਤਾ ਤੇ ਸੀਮਾ, ਇਸਮਾਇਲ, ਤਿਲਕ ਰਾਜ, ਦੁਰਯੋਧਨ ਲਾਲ, ਵਿਨੋਦ ਕੁਮਾਰ, ਜਗਦੀਸ਼ ਕੁਮਾਰ, ਜਗੀਰ ਕੌਰ, ਰੂਬੀ ਬਾਲਮ, ਉਪ ਮੰਡਲ ਮੈਜਿਸਟਰੇਟ ਜਲੰਧਰ-2 ਤੋਂ ਰੀਡਰ ਓਪਿੰਦਰ ਕਟਾਰੀਆ, ਇਲੈਕਸ਼ਨ ਕਲਰਕ ਮਨਜਿੰਦਰ ਸਿੰਘ, ਗੁਰਪ੍ਰੀਤ ਮਾਹੀ ਤੇ ਉਪ ਮੰਡਲ ਮੈਜਿਸਟਰੇਟ



ਆਦਮਪੁਰ ਤੋਂ ਜ਼ਿਲ੍ਹਾ ਕੋਆਰਡੀਨੇਟਰ ਵੰਦਨਾ, ਕਲਰਕ ਜਸਪ੍ਰੀਤ ਸਿੰਘ ਤੇ ਲਖਵਿੰਦਰ ਸਿੰਘ, ਪਟਵਾਰੀ ਅਵਨੀਰ ਕੌਰ, ਜ਼ਿਲ੍ਹਾ ਮਾਲ ਦਫ਼ਤਰ ਤੋਂ ਕਾਨੂੰਨਗੋ ਵਰਿੰਦਰ ਸਿੰਘ, ਪਟਵਾਰੀ ਬਲਜੀਤ ਸਿੰਘ, ਜ਼ਿਲ੍ਹਾ ਤਕਨੀਕੀ ਕੋਆਰਡੀਨੇਟਰ ਤੋਂ ਨੈਟਵਰਕ ਇੰਜੀਨੀਅਰ ਪੰਕਜ ਸ਼ਰਮਾ, ਜ਼ਿਲ੍ਹਾ ਆਈ.ਟੀ.ਮੈਨੇਜਰ ਅਨਿਲ ਕੁਮਾਰ, ਜ਼ਿਲ੍ਹਾ ਬਿਊਰੋ ਰੋਜ਼ਗਾਰ ਤੋਂ ਸੀਨੀਅਰ ਸਹਾਇਕ ਦਲਬੀਰ ਸਿੰਘ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਡਾਟਾ ਐਂਟਰੀ ਓਪਰੇਟਰ ਜਸਜੀਤ ਕੌਰ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਫ਼ਤਰ ਤੋਂ ਆਈ ਟੀ ਮੈਨੇਜਰ ਕ੍ਰਿਤਿਕਾ ਠਾਕੁਰ, ਡੀ ਐੱਫ ਐੱਮ. ਕੋਮਲ, ਡੀ ਐੱਮ ਪੇਡਾ ਸ਼ੁਭਕਰਮਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਤੋਂ ਕਲਰਕ ਸੁਰਿੰਦਰ ਕੁਮਾਰ, ਜ਼ਿਲ੍ਹਾ ਕੋਆਰਡੀਨੇਟਰ ਜਸਪ੍ਰੀਤ ਕੌਰ, ਪ੍ਰਭਜੋਤ ਸਿੰਘ, ਨਗਰ ਨਿਗਮ ਜਲੰਧਰ ਤੋਂ ਸਹਾਇਕ ਕਮਿਸ਼ਨਰ-1-ਕਮ-ਮਰਦਮਸ਼ੁਮਾਰੀ ਚਾਰਜ ਅਫ਼ਸਰ ਰਾਜੇਸ਼ ਖੋਖਰ, ਸਹਾਇਕ ਕਮਿਸ਼ਨਰ-2-ਕਮ ਮਰਦਮਸ਼ੁਮਾਰੀ ਚਾਰਜ ਅਫ਼ਸਰ ਵਿਕਰਾਂਤ ਵਰਮਾ, ਅਤੇ ਨਿਗਰਾਨ ਇੰਜੀਨੀਅਰ-ਕਮ-ਮਰਦਮਸ਼ੁਮਾਰੀ ਚਾਰਜ ਅਫ਼ਸਰ ਰਜਨੀਸ਼ ਡੋਗਰਾ, ਨਿਗਰਾਨ-ਕਮ-ਮਰਦਮਸ਼ੁਮਾਰੀ ਚਾਰਜ ਅਫ਼ਸਰ ਜਸਪਾਲ , ਏ ਡੀ ਐੱਫ ਓ ਮਨਿੰਦਰ ਸਿੰਘ, ਸੈਨੇਟਰੀ ਇੰਸਪੈਕਟਰ ਵਿਕਰਾਂਤ ਸਿੱਧੂ, ਬਾਗਬਾਨੀ ਐਕਸਪਰਟ ਦਲੀਪ, ਪੀ ਏ ਟੂ ਕਮਿਸ਼ਨਰ ਵਿਨੋਦ ਕੁਮਾਰ, ਰਾਹੁਲ, ਸੋਮਨਾਥ ਪਿੰਕਾ, ਡੀ ਪੀ ਈ ਰਾਜਵਿੰਦਰ ਕੌਰ, ਸਾਇੰਸ ਅਧਿਆਪਕਾ ਪ੍ਰਿਅੰਕਾ, ਵਿਕਰਮ ਮਲਹੋਤਰਾ ਤੇ ਅਨੂੰ ਬਾਲਾ, ਐੱਸ ਐੱਸ ਮਿਸਟਰੈਸ ਨੀਸ਼ਾ ਭਗਤ, ਕੰਪਿਊਟਰ ਟੀਚਰ ਜਸਰੀਨ ਕੌਰ, ਸਾਇੰਸ ਅਧਿਆਪਕਾ ਪ੍ਰਿਅੰਕਾ ਤੇ ਅਮਨਦੀਪ ਕੌਰ, ਮੇਟ ਲਖਵੀਰ ਸਿੰਘ, ਜੂਨੀਅਰ ਇੰਜੀਨੀਅਰ ਆਨੰਦ ਤੇ ਯਕਸ਼ ਕੱਕੜ, ਜੂਨੀਅਰ ਸਹਾਇਕ ਪਵਨ ਕੁਮਾਰ, ਡਰਾਫ਼ਟਮੈਨ ਅਮਨ ਅਵਸਥੀ, ਸੀਨੀਅਰ ਸਹਾਇਕ ਗੁਰਇਕਬਾਲ ਸਿੰਘ, ਅੰਗਰੇਜ਼ੀ ਅਧਿਆਪਕਾ ਮੀਨੂੰ, ਰਿਸਰਚ ਕੋਆਰਡੀਨੇਟਰ ਡਾ.ਹਰਪ੍ਰੀਤ ਕੌਰ, ਵੈਟਰਨਰੀ ਅਫ਼ਸਰ ਡਾ.ਰਵਿੰਦਰ ਕੌਰ ਤੇ ਡਾ. ਹਰਸ਼ ਸ਼ਵੇਤਾ, ਚੋਣ ਕਲਰਕ ਪੂਜਾ ਚਾਵਲਾ ਤੇ ਵਿਸ਼ਾਲ, ਸਰਵੇਅਰ ਰੌਸ਼ਨ ਲਾਲ, ਡੀ.ਪੀ.ਈ. ਸੁਲਿੰਦਰ ਸਿੰਘ, ਪ੍ਰਿੰਸੀਪਲ ਰਾਜੀਵ ਹਾਂਡਾ, ਜੂਨੀਅਰ ਸਹਾਇਕ ਰਾਜੀਵ ਕੁਮਾਰ, ਕਲਰਕ ਜਗਮੋਹਨ, ਅੰਗਰੇਜ਼ੀ ਅਧਿਆਪਕ ਨਰਿੰਦਰ, ਯੋਗਾ ਲਵਰ ਸੰਸਥਾ ਤੋਂ ਨੀਰੂ ਬਾਲਾ, ਸਮਾਜ ਸੇਵਕ ਪ੍ਰੋ. ਐੱਮ.ਪੀ.ਸਿੰਘ, ਦਰਸ਼ਨ ਕਪੂਰ, ਪ੍ਰੋ.ਪੁਸ਼ਪਾਲ ਸਿੰਘ, ਮੁਹੰਮਦ ਜ਼ੁਬੇਰ, ਸ਼ੈਂਕੀ ਭਗਤ, ਬਲਜੀਤ ਕੌਰ, ਮਨੀਸ਼ ਕਰਲੂਪਿਆ, ਰਾਕੇਸ਼ ਕੁਮਾਰ, ਰਾਜਿੰਦਰ, ਜਸਵਿੰਦਰ ਕੌਰ, ਗੁਰਵਿੰਦਰ ਸਿੰਘ, ਯਸ਼ਰਾਜ ਸੰਗੇਤਰਾ, ਪਰਮਜੀਤ ਲਾਲ, ਭਵਯਾ ਬਤਰਾ, ਸ਼ੋਭਾ ਕੁਮਾਰੀ, ਵਿਨੋਦ ਕੁਮਾਰ, ਜੈਪਾਲ, ਸਿਮਰਨਜੀਤ ਸਿੰਘ, ਸੁਸ਼ਮਾ ਰਾਣੀ, ਨਗੀਨਾ, ਕੀਮਤੀ ਲਾਲ, ਸੰਜੀਵ ਕੁਮਾਰ, ਸਪਨਾ ਤੁਲੀ, ਐੱਸ.ਐੱਸ.ਏ ਸੁਨੀਲ ਟੰਡਨ, ਸੰਜੇ ਕੁਮਾਰ, ਤਰੁਨ ਗੋਇਲ, ਕਥਕ ਕੋਰੀਓਗ੍ਰਾਫਰ ਮਿੱਕੀ ਵਰਮਾ, ਵਾਰੀਅਰ ਐੱਨ ਜੀ ਓ ਅਜੈ ਸ਼ਰਮਾ, ਮਜ਼ਬੂਤ ਇਰਾਦੇ ਫਾਊਂਡੇਸ਼ਨ ਦੇ ਨੁਮਾਇੰਦੇ, ਪ੍ਰਿੰਸੀਪਲ ਮਧੂ ਸ਼ਰਮਾ, ਸੀਨੀਅਰ ਸਿਟੀਜ਼ਨ ਕੁੰਦਨ ਸਿੰਘ ਮਦਾਨ, ਖਿਡਾਰੀ ਹਰਨਾਜ ਕੌਰ, ਯੂਥ ਪ੍ਰਧਾਨ ਰਜਕ ਮਸੀਹ, ਚੰਦਰੇਸ਼ ਬਖਸ਼ੀ, ਚੇਅਰਮੈਨ ਸਰਵ ਸੁੱਖ ਸੇਵਾ ਮਿਸ਼ਨ ਅਰਵਿੰਦਰ ਸ਼ਰਮਾ, ਅਮਨਦੀਪ, ਖਿਡਾਰੀ ਰਘੂ ਸ਼ਿਵਮ ਸ਼ਰਮਾ, ਸਮਾਜ ਸੇਵਕ ਐੱਸ.ਕੇ.ਕਪੂਰ, ਐਨਥਨੀ ਮਸੀਹ, ਪੂਨਮ ਭੱਟੀ, ਜੌਹਨ ਮਸੀਹ, ਰਾਘਵ ਜੈਨ, ਗਊਸ਼ਾਲਾ ਸੇਵਕ ਨਿਧੀ ਪੁਰੀ, ਸ਼ੈਲਜਾ ਕਪੂਰ ਕਪਲਿਸ਼, ਲੱਕੀ ਮਲਹੋਤਰਾ, ਪ੍ਰੋ.ਅਰਿੰਦਰ ਸਿੰਘ, ਚਰਨ ਦਾਸ ਸੰਧੂ, ਡਾ.ਮਹਿੰਦਰ ਸੰਧੂ, ਸਮਾਜ ਸੇਵੀਕਾ ਡਾ.ਪ੍ਰੀਤੀ ਸੋਢੀ, ਜਸਮੇਲ ਸਿੰਘ, ਗੁਰਪ੍ਰੀਤ ਸਿੰਘ, ਮਨੀ ਲਾਲ, ਈ.ਟੀ.ਟੀ. ਅਧਿਆਪਕ ਅਰਸ਼ਵੀਰ ਸਿੰਘ ਅਤੇ ਰਜਨੀ ਬਾਲਾ ਦਾ ਪ੍ਰਸ਼ੰਸਾ ਪੱਤਰਾਂ ਤੇ ਮੈਡਲਾਂ ਨਾਲ ਸਨਮਾਨ ਕੀਤਾ ਗਿਆ

# 80ਵਾਂ ਆਜ਼ਾਦੀ ਦਿਵਸ ਧੂਮ-ਧਾਮ ਨਾਲ ਮਨਾਇਆ


ਭੋਗਪੁਰ


ਕਰਤਾਰਪੁਰ


ਭੋਗਪੁਰ


ਜੇਜੋਂ ਦੋਆਬਾ


ਫਿਲੌਰ


ਕਰਤਾਰਪੁਰ


ਡੇਰਾਬੱਸੀ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਲੜੋਆ (ਭੋਗਪੁਰ) ਵਿਖੇ ਸਵਤੰਤਰ ਦਿਵਸ ਦੀ 80ਵੀਂ ਵਰੇਗੰਢ 'ਦੀ ਲੜੋਆ ਵੈਲਫੇਅਰ ਟਰੱਸਟ (ਰਜਿ. )' ਅਤੇ ਪਿੰਡ ਵਾਸੀਆਂ ਵਲੋਂ ਸਾਂਝੇ ਤੌਰ 'ਤੇ ਮਨਾਈ ਗਈ ਜਿਸ ਵਿਚ ਨੰਬਰਦਾਰ ਸਤਪਾਲ ਸਿੰਘ, ਸੂਬੇਦਾਰ ਸ਼ਾਮ ਸਿੰਘ ਸੱਗੀ, ਇੰਜੀ . ਗੁਰਮੇਲ ਸਿੰਘ ਸੈਣੀ (ਪ੍ਰਧਾਨ ਵੈਲਫੇਅਰ ਟਰੱਸਟ ਲੜੋਆ) ਵਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ । ਜਿਸ ਵਿਚ ਮਾ. ਪੰਜਾਬ ਸਿੰਘ, ਬੀਬੀ ਰਾਜਵਿੰਦਰ ਕੌਰ, ਹਰਜੀਤ ਸਿੰਘ, ਸੁਰਜੀਤ ਸਿੰਘ, ਜਤਿੰਦਰ ਕੁਮਾਰ, ਦਲਜੀਤ ਸਿੰਘ, ਕੈਪਟਨ ਗੁਰਵਿੰਦਰਾ ਸਿੰਘ, ਜਤਿੰਦਰ ਸਿੰਘ, ਬ੍ਰਹਮਦੱਤ ਸ਼ਰਮਾ, ਪਰਮਜੀਤ ਸਿੰਘ ਸੈਣੀ, ਸਰਪੰਚ ਅਮਰਜੀਤ ਸਿੰਘ , ਪਰਮਜੀਤ ਸਿੰਘ (ਪੰਮਾ ), ਪ੍ਰਭਜੋਤ ਸਿੰਘ, ਕੁਲਦੀਪ ਸਿੰਘ, ਇੰਦਰਜੀਤ ਸਿੰਘ, ਪਰਵਿੰਦਰ ਸਿੰਘ, ਹਰਪ੍ਰੀਤ ਸਿੰਘ, ਆਰੀਅਨ ਤੇ ਬੱਚੇ ਸ਼ਾਮਿਲ ਹੋਏ ।


ਕਰਤਾਰਪੁਰ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ, ਕਰਤਾਰਪੁਰ ਨੇ ਆਜ਼ਾਦੀ ਦਿਵਸ ਮਨਾਉਣ ਲਈ ਇੱਕ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ। ਸਕੂਲ ਦੇ ਬੱਚਿਆਂ ਨੇ ਦੇਸ਼ ਦੇ ਸ਼ਹੀਦਾਂ ਨੂੰ ਯਾਦ ਕੀਤਾ ਅਤੇ ਆਜ਼ਾਦੀ ਦੀ ਮਹੱਤਤਾ ਬਾਰੇ ਭਾਸ਼ਣ ਦਿੱਤੇ। ਆਜ਼ਾਦੀ ਦਿਵਸ ਕਵਿਤਾਵਾਂ ਗਾ ਕੇ ਅਤੇ ਸਕਿੱਟਾਂ ਪੇਸ਼ ਕਰਕੇ ਮਨਾਇਆ ਗਿਆ। ਡੀ ਐੱਸ ਪੀ ਨਰਿੰਦਰ ਸਿੰਘ ਔਜਲਾ, ਐੱਸ ਐੱਚ ਓ ਰਮਨਦੀਪ ਸਿੰਘ, ਸਬ-ਤਹਿਸੀਲਦਾਰ ਰਮੇਸ਼ ਕੌਲ, ਐੱਮ ਸੀ ਜਤਿਨ ਸ਼ਰਮਾ, ਖੇਡ ਮੁੱਖੀ ਗਗਨਦੀਪ ਅਤੇ ਆਮ ਆਦਮੀ ਪਾਰਟੀ ਦੇ ਚੇਅਰਮੈਨ ਚਰਨਜੀਤ ਸਿੰਘ ਨੇ ਇਸ ਸਮਾਗਮ ਦੀ ਸ਼ੋਭਾ ਵਧਾਈ।ਆਪਣੇ ਭਾਸ਼ਣ ਵਿੱਚ, ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਕੰਵਲਜੀਤ ਕੌਰ ਨੇ ਸਾਡੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਨਾਇਕਾਂ ਦੇ ਯੋਗਦਾਨ ਨੂੰ ਯਾਦ ਕੀਤਾ। ਸਕੂਲ ਦੇ ਚੇਅਰਪਰਸਨ ਸੁਰਿੰਦਰ ਕੌਰ ਅਤੇ ਡਾ. ਚਰਨ ਸਿੰਘ ਨੇ ਸਾਰਿਆਂ ਨੂੰ ਆਜ਼ਾਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਅਤੇ ਸਮੂਹ ਸਟਾਫ਼ ਮੈਂਬਰ ਵੀ ਮੌਜੂਦ ਸਨ।

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਕਿਡਜ਼ੋਨ ਸਕੂਲ ਭੋਗਪੁਰ ਵਿਖੇ ਨੰਨੇਮੁੰਨੇ ਬੱਚਿਆਂ ਨੇ ਆਜ਼ਾਦੀ ਦਾ ਦਿਹਾੜਾ


ਆਦਮਪੁਰ

ਬੜੀ ਧੂਮ ਧਾਮ ਨਾਲ ਮਨਾਇਆ। ਕਿਡਜ਼ੋਨ ਪਲੇ ਸਕੂਲ ਦੇ ਵਿੱਚ ਨੰਨੇ ਮੁੰਨੇ ਬੱਚੇ ਤਿਰੰਗੇ ਰੂਪੀ ਡਰੈੱਸ ਵਿੱਚ ਆਏ ਅਤੇ ਸਭ ਨੇ ਮਿਲ ਕੇ ਤਿਰੰਗੇ ਝੰਡੇ ਨੂੰ ਲਹਿਰਾਇਆ ਤੇ ਰਾਸ਼ਟਰੀ ਗੀਤ ਗਾਏ। ਇਸ ਮੌਕੇ ਡਾਇਰੈਕਟਰ ਜਗਜੀਤ ਸਿੰਘ ਨੇ ਸਭ ਬੱਚਿਆਂ ਨੂੰ ਦੱਸਿਆ ਕਿ ਇਹ ਦਿਨ ਸਾਡੇ ਲਈ ਬਹੁਤ ਹੀ ਮਹੱਤਵਪੂਰਨ ਹੈ। ਇਸ ਮੌਕੇ ਆਜ਼ਾਦੀ ਦੇ ਦਿਹਾੜੇ ਤੋਂ ਬਾਅਦ ਸਭ ਨੂੰ ਮਠਿਆਈ ਵੰਡੀ ਗਈ। ਅਧਿਆਪਕ ਸੰਦੀਪ ਕੁਮਾਰ, ਨਵਜੋਤ ਕੌਰ, ਜਸਪ੍ਰੀਤ ਕੌਰ, ਸਿਮਰਨ, ਜੋਤੀ ਧਾਲੀਵਾਲ, ਜਸਵੰਤ ਕੌਰ, ਬਲਵਿੰਦਰ ਕੌਰ, ਪਰਮਵੀਰ ਸਿੰਘ ਅਤੇ ਹਰਪ੍ਰੀਤ ਕੌਰ ਸਭ ਨੇ ਮਿਲ ਕੇ ਆਜ਼ਾਦੀ ਦੇ ਇਸ ਦਿਹਾੜੇ ਤੇ ਵੰਦੇ ਮਾਤਰਮ, ਜਨ ਗਨ ਮਨ ਅਤੇ ਆਜ਼ਾਦੀ ਨਾਲ ਸਬੰਧਿਤ ਗੀਤ ਗਾਏ ਅਤੇ ਬੱਚਿਆਂ ਨਾਲ ਮਿਲ ਕੇ ਡਾਂਸ ਕੀਤਾ। ਮੈਡਮ ਕੁਲਦੀਪ ਕੌਰ ਨੇ ਸਭ ਬੱਚਿਆਂ ਨੂੰ ਇਸ ਦਿਨ ਦੀ ਬਹੁਤ ਬਹੁਤ ਵਧਾਈ ਦਿੱਤੀ।

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਭਾਰਤ ਦੇ 80ਵੇਂ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਸਮਾਗਮ ਪੁਲਿਸ ਲਾਈਨ ਗਰਾਊਂਡ, ਤਰਨ ਤਾਰਨ ਵਿਖੇ ਦੇਸ਼ ਭਗਤੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਵਿਧਾਇਕ ਹਲਕਾ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਕੌਮੀ ਝੰਡਾ ਲਹਿਰਾਉਣ ਉਪਰੰਤ ਰਾਸ਼ਟਰੀ ਗੀਤ ਪੇਸ਼ ਕੀਤਾ ਗਿਆ ਅਤੇ ਸਮੁੱਚਾ ਮਾਹੌਲ ਦੇਸ਼ ਭਗਤੀ ਦੀ ਭਾਵਨਾ ਨਾਲ ਭਰ ਗਿਆ। ਇਸ ਮੌਕੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਦੁਆਰਾ ਪਰੇਡ ਦਾ ਨਿਰੀਖਣ ਕੀਤਾ ਅਤੇ ਵੱਖ-ਵੱਖ ਟੁਕੜੀਆਂ ਵੱਲੋਂ ਪੇਸ਼ ਕੀਤੀ ਗਈ ਸ਼ਾਨਦਾਰ ਪਰੇਡ ਤੋਂ ਸਲਾਮੀ ਲਈ। ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ, ਪੁਲਿਸ ਵਿਭਾਗ ਦੇ ਅਧਿਕਾਰੀਆਂ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ, ਲੋਕ ਨੁਮਾਇੰਦਿਆਂ, ਸਕੂਲਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੇ ਅੰਤ ਵਿੱਚ ਦੇਸ਼ ਦੀ ਏਕਤਾ, ਅਖੰਡਤਾ ਅਤੇ ਖੁਸ਼ਹਾਲੀ ਲਈ ਸਾਰਿਆਂ ਵੱਲੋਂ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ।


ਡੇਰਾਬੱਸੀ


ਸੁਲਤਾਨਪੁਰ ਲੋਧੀ

**ਫਿਲੌਰ, (ਨਿਰਮਲ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਦੇਸ਼ ਦੀ ਮਹਾਨ ਸ਼ਖਸ਼ੀਅਤ ਡਾ: ਭੀਮ ਰਾਓ ਅੰਬੇਡਕਰ ਜੀ ਨੂੰ ਉਹਨਾਂ ਦੇ ਅਨੁਆਈਆਂ ਵੱਲੋਂ ਆਜ਼ਾਦੀ ਦਿਹਾੜੇ ਤੇ ਡਾ: ਅੰਬੇਦਕਰ ਚੌਂਕ ਵਿਖੇ ਉਹਨਾਂ ਦੇ ਬੁੱਤ ਤੇ ਫੁੱਲ ਮਲਾਵਾਂ ਭੇਂਟ ਕਰਕੇ ਉਹਨਾਂ ਨੂੰ ਯਾਦ ਕੀਤਾ ਅਤੇ ਦੇਸ਼ ਵਾਸੀਆਂ ਨੂੰ ਉਹਨਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਲਈ ਅਪੀਲ ਕੀਤੀ। ਇਸ ਮੌਕੇ ਤੇ ਸਰਬ ਸ਼੍ਰੀ ਰਾਜਾ ਸੰਧੂ ਪ੍ਰਧਾਨ, ਤਾਰਾ ਚੰਦ ਜੱਖੂ, ਮਨੋਜ ਕੁਮਾਰ, ਪਰਮਜੀਤ ਸਿੰਘ, ਚਮਨ ਲਾਲ, ਡਾਕਟਰ ਬਲਜੀਤ, ਅਤੇ ਉਹਨਾਂ ਦੇ ਸਾਥੀ ਹਾਜ਼ਰ ਸਨ।

**ਕਰਤਾਰਪੁਰ (ਹਰਮੇਸ਼ ਦੱਤ)**- ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਵੱਲੋਂ 80ਵੇਂ ਆਜ਼ਾਦੀ ਦਿਹਾੜੇ ਮੌਕੇ ਜੰਗ-ਏ-ਆਜ਼ਾਦੀ ਯਾਦਗਾਰ ਵਿਖੇ ਦੇਸ਼ ਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ। ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਹ ਆਜ਼ਾਦੀ ਸਾਨੂੰ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਸਦਕਾ ਪ੍ਰਾਪਤ ਹੋਈ ਹੈ, ਜਿਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਵੱਲੋਂ ਡਾ. ਬੀ.ਆਰ. ਅੰਬੇਡਕਰ ਚੌਕ ਜਲੰਧਰ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪ੍ਰਤਿਮਾ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਐੱਸ ਡੀ ਐੱਮ. ਸ਼ਾਇਰੀ ਮਲਹੋਤਰਾ, 'ਆਪ' ਆਗੂ ਨਿਤਿਨ ਕੋਹਲੀ ਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।


ਕਪੂਰਥਲਾ

**ਫਿਲੌਰ (ਨਿਰਮਲ)**- ਪੰਜਾਬ ਪੁਲਿਸ ਅਕੈਡਮੀ ਫਿਲੌਰ ਵਿਖੇ 80ਵਾਂ ਸੁਤੰਤਰਤਾ ਦਿਵਸ ਮਨਾਇਆ ਗਿਆ।ਇਸ ਮੌਕੇ ਧੰਨਪ੍ਰੀਤ ਕੌਰ ਡਾਇਰੈਕਟਰ ਪੰਜਾਬ ਪੁਲਿਸ ਅਕੈਡਮੀ ਫਿਲੌਰ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਡਾਇਰੈਕਟਰ ਪੰਜਾਬ ਪੁਲਿਸ ਅਕੈਡਮੀ ਫਿਲੌਰ ਵੱਲੋਂ ਇਸ ਮੌਕੇ ਦੱਸਿਆ ਗਿਆ ਕਿ ਸਾਡੇ ਸਾਰਿਆਂ ਲਈ ਇਹ ਇੱਕ ਬਹੁਤ ਹੀ ਮਹੱਤਵਪੂਰਨ ਦਿਨ ਹੈ ਜਦੋਂ ਅਸੀਂ ਆਪਣੇ ਆਜ਼ਾਦੀ ਘੁਲਾਟੀਆਂ ਦੀਆਂ ਮਹਾਨ ਕੁਰਬਾਨੀਆਂ ਨੂੰ ਯਾਦ ਕਰਦੇ ਹਾਂ ਜਿਨ੍ਹਾਂ ਕਰਕੇ ਸਾਡੇ ਦੇਸ਼ ਦੀ ਸਿਰਜਨਾ ਇੱਕ ਪ੍ਰਭੁੱਸਤਾ ਸੰਪੰਨ ਅਤੇ ਸ਼ਾਂਤੀਪੂਰਨ ਦੇਸ਼ ਵਜੋਂ ਸੰਭਵ ਹੋਈ। ਸਾਡਾ ਤਿਰੰਗਾ ਨਾ ਕੇਵਲ ਸਾਨੂੰ ਆਜ਼ਾਦੀ ਪ੍ਰਦਾਨ ਕਰਦਾ ਹੈ ਸਗੋਂ ਸਾਡੇ ਪਾਸੋਂ ਜਵਾਬਦੇਹੀ ਦੀ ਵੀ ਮੰਗ ਕਰਦਾ ਹੈ।ਇਸ ਆਜ਼ਾਦੀ ਦੇ ਦਿਹਾੜੇ ਤੇ ਅਕਾਦਮੀ ਦੇ ਅਫ਼ਸਰ ਸਾਹਿਬਾਨ, ਫੈਕਲਟੀ ਮੈਂਬਰ, ਸਟਾਫ ਅਤੇ ਟ੍ਰੇਨੀਜ਼ ਵੀ ਇਸ ਮੌਕੇ ਹਾਜ਼ਰ ਰਹੇ।

**ਕਰਤਾਰਪੁਰ (ਹਰਮੇਸ਼ ਦੱਤ)**- ਆਜ਼ਾਦੀ ਦੀ 80ਵੀਂ ਵਰ੍ਹੇਗੰਢ ਮੌਕੇ ਸੰਤ ਬਾਬਾ ਉਂਕਾਰ ਨਾਥ ਸੀਨੀਅਰ ਸੈਕੰਡਰੀ ਸਕੂਲ ਕਾਲਾ ਬਾਹੀਆਂ (ਜਲੰਧਰ) ਵਿਖੇ ਕੌਮੀ ਝੰਡਾ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਸੰਸਥਾ ਦੇ ਚੇਅਰਮੈਨ ਸਤਨਾਮ ਸਿੰਘ ਬਾਹੀਆ, ਪ੍ਰਧਾਨ ਚਰਨਾ ਰਾਮ ਅਤੇ ਕਮੇਟੀ ਮੈਂਬਰਾਂ ਵੱਲੋਂ ਦੇਸ ਵਾਸੀਆਂ, ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀ। ਸਕੂਲ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਆਜ਼ਾਦੀ ਦਿਵਸ ਮੌਕੇ ਦੇਸ਼ ਭਗਤੀ ਆਧਾਰਿਤ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਮੈਡਮ ਅਵਰਿੰਦਰ ਕੌਰ ਅਤੇ ਮੈਡਮ ਨੀਲਮ ਰਾਣੀ ਵੱਲੋਂ ਸਟੇਜ ਸਕੱਤਰ ਦੀ ਸੇਵਾ ਬਾਖੂਬੀ ਨਿਭਾਈ ਗਈ। ਇਸ ਮੌਕੇ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਅਮਰੀਕ ਸਿੰਘ ਅਤੇ ਪ੍ਰਿੰਸੀਪਲ ਮੈਡਮ ਕੁਲਵਿੰਦਰ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਤਨਾਮ ਸਿੰਘ ਬਾਹੀਆ, ਚਰਨਾ ਰਾਮ, ਮਹਿੰਦਰ ਸਿੰਘ, ਗੇਂਦੀ ਰਾਮ, ਜਗੀਰ ਸਿੰਘ, ਗੁਰਦਾਵਰ ਸਿੰਘ, ਰਵਿੰਦਰ ਪਾਲ, ਅਮਰੀਕ ਸਿੰਘ, ਕੁਲਵਿੰਦਰ ਕੌਰ, ਮੈਡਮ ਰਾਜ ਰਾਣੀ , ਮੈਡਮ ਸੁਮਨ, ਮੈਡਮ ਵੀਨਾ ਕੁਮਾਰੀ, ਮੈਡਮ ਕੰਵਲਜੀਤ ਕੌਰ, ਮੈਡਮ ਨਿਤਿਕਾ ਕਮਲ, ਮੈਡਮ ਗੀਟਾ, ਮੈਡਮ ਸੰਦੀਪ, ਮੈਡਮ ਪਿੰਕੀ, ਮੈਡਮ ਸਵੀਟੀ, ਮੈਡਮ ਬਲਜੀਤ, ਮੈਡਮ ਕਮਲਜੀਤ, ਮੈਡਮ ਸੁਨੀਤਾ, ਮੈਡਮ ਕਿਰਨ , ਮੈਡਮ ਜਸਵੀਰ, ਮੈਡਮ ਸਿਮਰਨ, ਮੈਡਮ ਨਗੀਤਾ, ਮੈਡਮ ਨੁਸਰਤ, ਮੈਡਮ ਨੇਹਾ, ਮੈਡਮ ਗਗਨ, ਗੁਰਦਿਆਲ ਸਿੰਘ, ਮੋਨੀਕਾ ਤੇ ਵਿਦਿਆਰਥੀ ਹਾਜ਼ਰ ਸਨ।

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ )**- 80ਵੇਂ ਆਜ਼ਾਦੀ ਦਿਹਾੜੇ ਮੌਕੇ ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੌਮੀ ਝੰਡਾ ਲਹਿਰਾਇਆ ਤੇ ਪਰੇਡ ਦਾ ਨਿਰੀਖਣ ਕਰਦਿਆਂ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਦੇਸ਼-ਵਿਦੇਸ਼ ਵਿੱਚ ਵੱਸਦੇ ਭਾਰਤੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੰਦਿਆਂ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੇ ਪਰਵਾਰਾਂ ਨੂੰ ਸਨਮਾਨਿਤ ਕਰਨ ਤੋਂ ਇਲਾਵਾ ਲੋੜਵੰਦਾਂ ਨੂੰ ਟਰਾਈਸਾਈਕਲ, ਵ੍ਹੀਲਚੇਅਰ ਅਤੇ ਸਿਲਾਈ ਮਸ਼ੀਨਾਂ ਵੀ ਵੰਡੀਆਂ। ਇਸ ਮੌਕੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਵਿਧਾਇਕ ਬਲਕਾਰ ਸਿੰਘ, ਏ ਡੀ ਜੀ ਪੀ ਨਾਗੇਸ਼ਵਰ ਰਾਓ, ਡਵੀਜ਼ਨਲ ਕਮਿਸ਼ਨਰ ਰਾਮਵੀਰ ਸਿੰਘ, ਜ਼ਿਲ੍ਹਾ ਤੇ ਸੈਸ਼ਨ ਜੱਜ ਪ੍ਰਿਯਾ ਸੂਦ, ਮੇਅਰ ਵਿਨੀਤ ਧੀਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।


ਜਲੰਧਰ

**ਕਪੂਰਥਲਾ (ਮਨਜੀਤ ਮਾਨ)**- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸ਼ੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਸੈਕਟਰੀ ਸਸੰਜੀਵ ਕੁਮਾਰ, ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ ਦੀ ਅਗਵਾਈ ਹੇਠ ਦੇਸ਼ ਦਾ 80ਵਾਂ ਆਜ਼ਾਦੀ ਦਿਵਸ ਮਨਾਇਆ ਗਿਆ। ਜਿਸ ਵਿੱਚ ਝੰਡਾ ਲਹਿਰਾਉਣ ਦੀ ਰਸਮ ਪ੍ਰਧਾਨ ਸ਼ੀਤਲ ਸਿੰਘ ਸੰਘਾ ਵੱਲੋਂ ਕੀਤੀ ਗਈ ਅਤੇ ਰਾਸ਼ਟਰੀ ਗਾਇਨ ਕਰਕੇ ਸਲਾਮੀ ਦਿੱਤੀ ਗਈ ਇਸ ਮੌਕੇ ਪ੍ਰਧਾਨ ਸ਼ੀਤਲ ਸਿੰਘ ਸੰਘਾ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਅੱਜ ਦੇ ਵਿਦਿਆਰਥੀ ਦੇਸ਼ ਦਾ ਭਵਿੱਖ ਹਨ।ਇਸ ਲਈ ਸਖਤ ਮਿਹਨਤ ਅਤੇ ਇਮਾਨਦਾਰੀ ਨਾਲ ਚੰਗੇ ਨਾਗਰਿਕ ਬਣੋ। ਡਾਇਰੈਕਟਰ ਡਾ.ਰਾਮ ਮੂਰਤੀ ਨੇ ਦੇਸ਼ ਦੀ ਆਜ਼ਾਦੀ ਦੀ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਨੂੰ ਪ੍ਰਣਾਮ ਕਰਨਾ ਚਾਹੀਦਾ ਹੈ ਜਿਨਾਂ ਦੇ ਸਦਕੇ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਇਸ ਮੌਕੇ ਆਜ਼ਾਦੀ ਦੀਆਂ ਸਾਰਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸ਼ੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਸੈਕਟਰੀ ਸੰਜੀਵ ਕੁਮਾਰ, ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।


ਨਕੋਦਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਦੇਸ਼ ਦੀ ਆਜ਼ਾਦੀ ਦੇ ਪਵਿੱਤਰ ਦਿਹਾੜੇ ਮੌਕੇ ਡੇਰਾਬੱਸੀ ਵਿੱਚ ਸੁਤੰਤਰਤਾ ਦਿਵਸ ਪੂਰੇ ਉਤਸ਼ਾਹ, ਦੇਸ਼ਭਗਤੀ ਅਤੇ ਜੋਸ਼ ਨਾਲ ਮਨਾਇਆ ਗਿਆ। ਸਰਕਾਰੀ ਕਾਲਜ ਡੇਰਾਬੱਸੀ ਅਤੇ ਨਗਰ ਕੌਂਸਲ ਡੇਰਾਬੱਸੀ ਵਿਖੇ ਕਰਵਾਏ ਸਮਾਗਮਾਂ ਵਿੱਚ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਰਕਾਰੀ ਕਾਲਜ ਡੇਰਾਬੱਸੀ ਵਿਖੇ ਐੱਸ ਡੀ ਐੱਮ ਵੱਲੋਂ ਤਿਰੰਗਾ ਲਹਿਰਾਇਆ ਗਿਆ। ਇਸ ਮੌਕੇ ਦੇਸ਼ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਸਮੂਹ ਇਲਾਕਾ ਵਾਸੀਆਂ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਨਮਨ ਕੀਤਾ ਗਿਆ।

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਦੀ ਜੀ ਐਨ ਡੀ ਪਬਲਿਕ ਹਾਈ ਸਕੂਲ ਵਿਖੇ ਸਕੂਲ ਮੁਖੀ ਨੀਲਮ ਸ਼ਰਮਾ ਦੀ ਰਹਿਨੁਮਾਈ ਹੇਠ ਸਮੂਹ ਸਕੂਲ ਸਟਾਫ਼ ਤੇ ਬੱਚਿਆਂ ਦੇ ਸਹਿਯੋਗ ਨਾਲ ਅਜ਼ਾਦੀ ਦਿਵਸ ਨੂੰ ਸਮਰਪਿਤ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਅਜ਼ਾਦੀ ਦਿਹਾੜੇ ਤੇ ਸਕੂਲ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾ ਕੇ ਆਪਣੇ ਦੇਸ਼ ਭਗਤਾਂ ਨੂੰ ਯਾਦ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਤੀਆਂ ਦੇ ਤਿਉਹਾਰ ਵੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਗਿੱਧਾ ਭੰਗੜਾ ਤੇ ਸਕਿਟਾਂ ਪੇਸ਼ ਕੀਤੀਆਂ ਗਈਆਂ। ਸਕੂਲ ਮੁਖੀ ਮੈਡਮ ਨੀਲਮ ਸ਼ਰਮਾ ਨੇ ਕਿਹਾ ਕਿਹਾ ਕਿ ਅਸੀਂ ਆਪਣੇ ਸ਼ਹੀਦਾਂ ਵੱਲੋਂ ਕੀਤੀਆ ਕੁਰਬਾਨੀਆਂ ਨੂੰ ਭੁੱਲਦੇ ਜਾ ਰਹੇ ਹਾਂ ਪਰ ਅਸੀਂ ਅੱਜ ਆਪਣੇ ਸ਼ਹੀਦਾਂ ਵੱਲੋਂ ਕੀਤੀਆ ਕੁਰਬਾਨੀਆਂ ਕਰਕੇ ਹੀ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਸਕੂਲ ਦੇ ਸਮੂਹ ਸਕੂਲ ਸਟਾਫ਼ ਤੋਂ ਇਲਾਵਾ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਕੂਲ ਬੱਚਿਆਂ ਵੱਲੋਂ ਕੀਤੀਆਂ ਗਈਆਂ ਪੇਸ਼ਕਾਰੀਆਂ ਸ਼ਲਾਘਾਯੋਗ ਸਨ।


ਹੁਸ਼ਿਆਰਪੁਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨਗਰ ਕੌਂਸਲ ਨੂਰਮਹਿਲ ਵਿਖੇ 80 ਵਾਂ ਅਜ਼ਾਦੀ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ ਨੇ ਝੰਡੇ ਦੀ ਰਸਮ ਅਦਾ ਕੀਤੀ।ਪੁਲਿਸ ਵਲੋਂ ਤਿਰੰਗੇ ਨੂੰ ਸਲਾਮੀ ਦਿੱਤੀ ਗਈ। ਸ਼ਿਵਾ ਪਬਲਿਕ ਹਾਈ ਸਕੂਲ ਨੂਰਮਹਿਲ ਦੇ ਬੱਚਿਆਂ ਨੇ ਰਾਸ਼ਟਰਪਤੀ ਗੀਤ ਗਾ ਕੇ ਚਾਰ ਚੰਨ ਲਗਾਏ।ਇਸ ਸਮੇਂ ਸ਼ਹਿਰ ਵਾਸੀਆਂ ਅਤੇ ਕੌਂਸਲਰਾਂ ਨੇ ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਲਈ ਪ੍ਰਣ ਲਿਆ। ਇਸ ਮੌਕੇ ਤੇ ਕੌਂਸਲਰ ਕੁਲਦੀਪ ਕੁਮਾਰ, ਸੋਨੂੰ ਠੇਕੇਦਾਰ, ਜੰਗ ਬਹਾਦਰ ਕੋਹਲੀ, ਪ੍ਰਿਅੰਕਾ ਮਿਸ਼ਰ, ਰਕੇਸ਼ ਕਲੇਰ, ਸੁੱਖਵਿੰਦਰ ਕੌਰ, ਮਮਤਾ ਬਾਲੂ, ਦਿਨੇਸ਼ ਸੰਧੂ, ਰਜਨੀ ਕੋਹਲੀ, ਰਾਜਨ, ਸਿਵਾ ਅਤੇ ਸਰਪੰਚ ਸੰਘੇ ਜਗੀਰ ਕਸ਼ਮੀਰੀ ਲਾਲ, ਹੰਸ ਰਾਜ ਅਤੇ ਪੱਤਰਕਾਰ ਭਾਈਚਾਰਾ ਆਦਿ ਸ਼ਹਿਰ ਵਾਸੀ ਹਾਜ਼ਰ ਸਨ।

**ਨਕੋਦਰ (ਮਨਜੀਤ ਮਾਨ)** ਐਸ ਡੀ ਐਮ ਸਿਮਰਨਜੀਤ ਸਿੰਘ ਵੱਲੋਂ ਝੰਡਾ ਲਹਿਰਾਇਆ ਗਿਆ ਅਤੇ ਸਬ ਡਵੀਜ਼ਨ ਨਕੋਦਰ ਦੇ ਚੰਗੀਆਂ ਸੇਵਾਵਾਂ ਨਿਵਾਉਣ ਵਾਲੇ ਨੰਬਰਦਾਰ ਮਲਕੀਤ ਸਿੰਘ ਅਤੇ ਜਗਦੀਸ਼ ਸਿੰਘ ਨੂੰ ਸਨਮਾਨਤ ਕੀਤਾ ਗਿਆ । ਪੰਜਾਬ ਨੰਬਰਦਾਰ ਯੂਨੀਅਨ ਰਜਿ 643 ਦੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਹਰਕੰਵਲ ਸਿੰਘ ਮੁੰਧ ਅਤੇ ਤਹਿਸੀਲ ਪ੍ਰਧਾਨ ਨਕੋਦਰ ਸਰਜੀਤ ਸਿੰਘ ਹੇਅਰ ਅਤੇ ਬਲਜੀਤ ਸਿੰਘ ਲਿੱਤਰਾਂ, ਕਸ਼ਮੀਰ ਸਿੰਘ, ਰਤਨ ਰਾਏ ਅਤੇ ਹੋਰ ਨੰਬਰਦਾਰਾਂ ਵੱਲੋਂ ਐੱਸ ਡੀ ਐੱਮ ਸਿਮਰਨਜੀਤ ਸਿੰਘ ਤੇ ਡੀ ਐਸ ਪੀ ਓਂਕਾਰ ਸਿੰਘ ਬਰਾੜ ਨੂੰ ਸੁਤੰਤਰਤਾ ਦਿਵਸ ਦੀਆਂ ਬਹੁਤ ਬਹੁਤ ਮੁਬਾਰਕਾਂ ਤੇ ਨੰਬਰਦਾਰਾਂ ਨੂੰ ਸਨਮਾਨਤ ਕਰਨ ਤੇ ਧੰਨਵਾਦ ਕੀਤਾ ।

**ਆਦਮਪੁਰ (ਪਰਮਜੀਤ ਸਿੰਘ)**- ਦੇਸ਼ ਦੇ 80ਵੇ ਆਜ਼ਾਦੀ ਦਿਵਸ ਦੇ ਪਾਵਨ ਮੌਕੇ 'ਤੇ ਵਿਧਾਨ ਸਭਾ ਹਲਕਾ ਆਦਮਪੁਰ ਦੇ ਪਿੰਡ ਵਿਚ ਸੰਤ ਰਾਮ ਪਬਲਿਕ ਸਕੂਲ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ। ਇਸ ਮੌਕੇ ਜਗਦੀਸ਼ ਕੁਮਾਰ ਜੱਸਲ ਕਨਵੀਨਰ ਭਾਰਤੀ ਜਨਤਾ ਪਾਰਟੀ ਆਦਮਪੁਰ ਨੇ ਕੌਮੀ ਝੰਡਾ ਲਹਿਰਾਇਆ। ਸਕੂਲ ਦੇ ਬਚਿਆਂ ਨੇ ਰਾਸ਼ਟਰੀ ਗੀਤ ਗਾਇਆ। ਬੱਚਿਆਂ ਵੱਲੋਂ ਪੇਸ਼ ਕੀਤੇ ਗਏ ਦੇਸ਼ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।ਸਟੇਜ ਦੀ ਸੇਵਾ ਮਨਦੀਪ ਜੌਹਲ ਨੇ ਬਾਖੂਬੀ ਨਿਭਾਈ। ਇਸ ਤੋਂ ਇਲਾਵਾ ਮੈਡਮ ਬਖਸ਼ੀਸ਼ ਕੌਰ ਪ੍ਰਿੰਸੀਪਲ, ਵਿਜੈ ਕੁਮਾਰ ਰਾਣਾ ਮੰਡਲ ਪ੍ਰਧਾਨ ਅਲਾਵਾਲਪੁਰ, ਡਾਕਟਰ ਭੁਪਿੰਦਰ ਕੁਮਾਰ ਕੋਆਰਡੀਨੇਟਰ ਬਸਪਾ, ਮਦਨ ਲਾਲ ਬੈਂਸ ਸਾਬਕਾ ਬੀ ਡੀ ਪੀ ਓ, ਸੌਦਾਗਰ ਸਿੰਘ ਪੰਚਾਇਤ ਮੈਂਬਰ , ਮਲਕੀਤ ਸਿੰਘ, ਰਹਿਮਤਅਲੀ ਕੁੱਕੜ ਪਿੰਡ, ਵਿਨੋਦ ਕੁਮਾਰ, ਪੂਜਾ ਮੈਡਮ, ਜਸਪ੍ਰੀਤ ਮੈਡਮ, ਕੁਲਜੀਤ ਮੈਡਮ, ਰਾਜਵੰਤ ਮੈਡਮ, ਸੰਦੀਪ ਮੈਡਮ ਤੋਂ ਇਲਾਵਾ ਬਹੁਤ ਬੱਚਿਆਂ ਦੇ ਮਾਤਾ ਪਿਤਾ ਤੇ ਬੱਚੇ ਹਾਜ਼ਰ ਸਨ।

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਨਿਗਮ ਵਿਖੇ 80ਵਾਂ ਆਜ਼ਾਦੀ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਵਿਚ ਨਗਰ ਨਿਗਮ ਦੇ ਵੱਖ-ਵੱਖ ਅਧਿਕਾਰੀਆਂ, ਕਰਮਚਾਰੀਆਂ ਅਤੇ ਯੂਨੀਅਨਾ ਦੇ ਪ੍ਰਧਾਨਾ, ਅਹੁਦੇਦਾਰਾਂ ਅਤੇ ਵੱਖ-ਵੱਖ ਮਿਊਂਸਪਲ ਕੌਂਸਲਰਾਂ ਵਲੋਂ ਭਾਗ ਲਿਆ ਗਿਆ। ਸਵੇਰੇ 07:58 ਵਜੇ ਨਗਰ ਨਿਗਮ ਵਿਖੇ ਮੇਅਰ ਪਰਵੀਨ ਲਤਾ ਸੈਣੀ ਵਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਸਕੂਲ ਹੁਸ਼ਿਆਰਪੁਰ ਦੇ ਬੱਚਿਆ ਵਲੋਂ ਰਾਸ਼ਟਰੀ ਗੀਤ ਦਾ ਗੁਣਗਾਣ ਕੀਤਾ ਗਿਆ। ਇਸ ਸਮਾਗਮ ਦੌਰਾਨ ਨਗਰ ਨਿਗਮ ਵਲੋਂ ਸ਼ਹਿਰ ਵਾਸੀਆਂ ਦੇ ਨਾਮ ਸੰਦੇਸ਼ ਦਿੰਦੇ ਹੋਏ ਸ਼ਹਿਰ ਵਾਸੀਆਂ ਨੂੰ ਆਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੱਤੀਆ। ਇਸ ਮੌਕੇ ਕਮਿਸ਼ਨਰ ਨਗਰ ਨਿਗਮ ਬਾਲਾ ਮੱਟੂ, ਸੰਯੁਕਤ ਕਮਿਸ਼ਨਰ ਸਤੀਸ਼ ਸੈਣੀ, ਸਹਾਇਕ ਕਮਿਸ਼ਨਰ ਕੁਲਦੀਪ ਸਿੰਘ, ਨਿਗਮ ਇੰਜੀਨੀਅਰ ਹਰਪ੍ਰੀਤ ਸਿੰਘ, ਕੌਂਸਲਰ ਰਜੇਸ਼ਵਰ ਦਿਆਲ ਬੱਬੀ, ਕੌਂਸਲਰ ਮੀਨਾ ਕੁਮਾਰੀ, ਕੌਂਸਲਰ ਜਸਵੰਤ ਰਾਏ, ਕੌਂਸਲਰ ਤੀਰਥ ਰਾਮ, ਕੌਂਸਲਰ ਤਨੀਸ਼ਾ ਸ਼ਰਮਾ, ਕੌਂਸਲਰ ਜਸਪਾਲ ਚੇਚੀ, ਕੌਂਸਲਰ ਦਰਿਪਣ ਸੈਣੀ, ਕੌਂਸਲਰ ਰਜਨੀ ਕੌਰ, ਕੌਂਸਲਰ ਕਟੋਚ, ਕੌਂਸਲਰ ਸੁਖਵਿੰਦਰ ਕੌਰ, ਵਾਰਡ ਨੰਬਰ 46 ਤੋਂ ਅਜੈ ਕੁਮਾਰ ਵਰਮਾ, ਜਸਵਿੰਦਰ ਕੌਰ, ਕੌਂਸਲਰ ਪਰਮਜੀਤ ਕੌਰ, ਕੌਂਸਲਰ ਰਾਜ ਰਾਣੀ ਅਤੇ ਕੌਂਸਲਰ ਨਰਿੰਦਰ ਕੌਰ ਵੀ ਇਸ ਸਮਾਗਮ ਵਿਚ ਉਚੇਚੇ ਤੌਰ 'ਤੇ ਹਾਜ਼ਰ ਸਨ।

**ਜਲੰਧਰ (ਸ਼ੈਲੀ ਐਲਬਰਟ)**- ਤਿਰੰਗੇ ਦੇ ਰੰਗਾਂ ਵਿੱਚ ਡੁੱਬਿਆ ਤੇ 'ਹਰ ਘਰ ਤਿਰੰਗਾ' ਦੀ ਭਾਵਨਾ ਨਾਲ ਰੰਗਿਆ ਹੋਇਆ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਭਾਰਤ ਦਾ 80ਵਾਂ ਆਜ਼ਾਦੀ ਦਿਵਸ ਮਨਾਇਆ। ਜਸ਼ਨਾਂ ਨੇ ਦੇਸ਼ ਦੇ ਆਜ਼ਾਦੀ ਘੁਲਾਟੀਆਂ ਅਤੇ ਹਥਿਆਰਬੰਦ ਬਲਾਂ ਦੀ ਹਿੰਮਤ ਨੂੰ ਸ਼ਰਧਾਂਜਲੀ ਦਿੱਤੀ ਅਤੇ ਅੱਜ ਦੇ ਨੌਜਵਾਨਾਂ ਨੂੰ ਉਸ ਵਿਰਾਸਤ ਨੂੰ ਅੱਗੇ ਵਧਾਉਣ ਦੀ ਉਨ੍ਹਾਂ ਦੀ ਜ਼ਿੰਮੇਵਾਰੀ ਦੀ ਯਾਦ ਦਿਵਾਈ।ਜਸ਼ਨਾਂ ਦੀ ਸ਼ੁਰੂਆਤ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਦੁਆਰਾ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ। ਸਮਾਰੋਹ ਤੋਂ ਬਾਅਦ ਇੱਕ ਰਸਮੀ ਮਾਰਚ, ਇੱਕ ਜੀਵੰਤ ਲਾਈਵ ਬੈਂਡ ਪ੍ਰਦਰਸ਼ਨ, ਅਤੇ ਐੱਨ ਸੀ ਸੀ ਗਾਰਡ ਆਫ਼ ਆਨਰ ਦੁਆਰਾ ਇੱਕ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਜਿਸ ਪਲ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਪੂਰੇ ਕੈਂਪਸ ਵਿੱਚ ਰਾਸ਼ਟਰੀ ਗੀਤ ਗੂੰਜਿਆ, ਉਸ ਨੇ ਮੌਜੂਦ ਸਾਰਿਆਂ ਨੂੰ ਦੇਸ਼ ਪ੍ਰਤੀ ਮਾਣ ਅਤੇ ਡੂੰਘੀ ਸ਼ਰਧਾ ਨਾਲ ਭਰ ਦਿੱਤਾ।


ਜਲੰਧਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਡੇਰਾਬੱਸੀ ਵਿਖੇ ਦੇਸ਼ ਦਾ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ, ਸ਼ਾਨੋ-ਸ਼ੌਕਤ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸਮਾਰੋਹ ਵਿੱਚ ਕਾਲਜ ਦੇ ਵਿਦਿਆਰਥੀਆਂ, ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਦੇਸ਼ ਦੇ ਸ਼ਹੀਦਾਂ ਨੂੰ ਆਪਣੀ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਸਮਾਰੋਹ ਦੀ ਆਰੰਭਤਾ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਦੇ ਵਾਈਸ ਚੇਅਰਮੈਨ ਡਾ. ਕਪਿਲ ਕਤਿਆਲ ਵੱਲੋਂ ਰਾਸ਼ਟਰੀ ਝੰਡਾ (ਤਿਰੰਗਾ) ਲਹਿਰਾਉਣ ਦੀ ਰਸਮ ਨਾਲ ਹੋਈ। ਤਿਰੰਗਾ ਲਹਿਰਾਉਣ ਤੋਂ ਬਾਅਦ ਰਾਸ਼ਟਰੀ ਗਾਨ ਗਾਇਆ ਗਿਆ, ਜਿਸ ਨਾਲ ਪੂਰਾ ਕੈਂਪਸ ਦੇਸ਼-ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ?ਸਮਾਰੋਹ ਦਾ ਸਮਾਪਨ ਅਤਿਅੰਤ ਖੁਸ਼ੀ, ਉਤਸ਼ਾਹ ਅਤੇ ਦੇਸ਼-ਭਗਤੀ ਦੇ ਜਜ਼ਬੇ ਨਾਲ ਹੋਇਆ। ਇਸ ਸਮਾਗਮ ਨੇ ਕਾਲਜ ਦੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਦੇਸ਼ ਪ੍ਰਤੀ ਮਾਣ, ਏਕਤਾ ਅਤੇ ਦੇਸ਼-ਪ੍ਰੇਮ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਸਮਾਗਮ ਦੇ ਅੰਤ ਵਿੱਚ ਸਾਰਿਆਂ ਨੂੰ ਮਿਠਾਈ ਵੀ ਵੰਡੀ ਗਈ।


ਮੋਹਾਲੀ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸ਼ਾਹਪੁਰ ਅਤੇ ਮਕਸੂਦਾਂ ਕੈਂਪਸ, ਸੀ ਟੀ ਪਬਲਿਕ ਸਕੂਲ ਅਤੇ ਸੀਟੀ ਵਰਲਡ ਸਕੂਲ ਵਿੱਚ ਆਜ਼ਾਦੀ ਦਿਵਸ ਦੇਸ਼ ਭਗਤੀ, ਉਤਸ਼ਾਹ ਅਤੇ ਰਾਸ਼ਟਰੀ ਮਾਣ ਨਾਲ ਮਨਾਇਆ ਗਿਆ। 'ਹਰ ਘਰ ਤਿਰੰਗਾ' ਮੁਹਿੰਮ ਅਤੇ 'ਵੰਦੇ ਮਾਤਰਮ' ਦੇ 150 ਸਾਲ ਪੂਰੇ ਹੋਣ ਦੇ ਮੌਕੇ 'ਤੇ ਵਿਦਿਆਰਥੀਆਂ, ਐਨ ਸੀ ਸੀ ਕੈਡਿਟਾਂ, ਅਧਿਆਪਕਾਂ ਅਤੇ ਸਟਾਫ ਨੇ ਆਜ਼ਾਦੀ ਘੁਲਾਟੀਆਂ ਦੁਆਰਾ ਦਿੱਤੀ ਕੁਰਬਾਨੀ ਨੂੰ ਨਮਨ ਕੀਤਾ।ਸੀ ਟੀ ਗਰੁੱਪ ਸ਼ਾਹਪੁਰ ਕੈਂਪਸ ਵਿੱਚ ਸੈਂਕੜੇ ਵਿਦਿਆਰਥੀਆਂ ਨੇ ਇਨਸਾਨੀ ਭਾਰਤੀ ਨਕਸ਼ਾ ਤਿਆਰ ਕਰਕੇ ਰਾਸ਼ਟਰੀ ਏਕਤਾ ਅਤੇ ਅਖੰਡਤਾ ਦਾ ਸ਼ਾਨਦਾਰ ਸੰਦੇਸ਼ ਦਿੱਤਾ। ਵੱਖ-ਵੱਖ ਦੇਸ਼ ਭਗਤੀ ਗਤੀਵਿਧੀਆਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਉਤਸ਼ਾਹਪੂਰਨ ਬਣਾਇਆ।ਮਕਸੂਦਾਂ ਕੈਂਪਸ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ ਗਿਆ, ਜਿਸ ਉਪਰੰਤ ਰਾਸ਼ਟਰੀ ਗੀਤ ਅਤੇ ਐਨ ਸੀ ਸੀ ਪਰੇਡ ਹੋਈ। ਇਸ ਮੌਕੇ ਫੈਕਲਟੀ ਮੈਂਬਰ ਅਤੇ ਵਿਦਿਆਰਥੀ ਮੌਜੂਦ ਰਹੇ।ਸਮਾਗਮ ਦਾ ਸਮਾਪਨ 'ਰਾਸ਼ਟਰ ਪਹਿਲਾਂ' ਦੀ ਭਾਵਨਾ, ਰਾਸ਼ਟਰੀ ਮਾਣ ਅਤੇ ਇੱਕਜੁੱਟ ਭਾਰਤ ਦੇ ਸੰਕਲਪ ਨਾਲ ਹੋਇਆ।


ਨੂਰਮਹਿਲ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਆਜ਼ਾਦੀ ਦਿਹਾੜੇ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਦੇਸ਼ ਭਗਤਾਂ, ਆਜ਼ਾਦੀ ਘੁਲਾਟੀਆਂ ਅਤੇ ਭਾਰਤੀ ਸੈਨਿਕਾਂ ਦਾ ਰੂਪ ਧਾਰਨ ਕੀਤਾ।ਕੁਝ ਵਿਦਿਆਰਥੀ ਝਾਂਸੀ ਦੀ ਰਾਣੀ, ਸ਼ਹੀਦ ਭਗਤ ਸਿੰਘ ਅਤੇ ਕਰਤਾਰ ਸਿੰਘ ਸਰਾਭਾ ਦੇ ਰੂਪ ਵਿੱਚ ਨਜ਼ਰ ਆਏ, ਜਦਕਿ ਕੁਝ ਵਿਦਿਆਰਥੀਆਂ ਨੇ ਭਾਰਤੀ ਸੈਨਿਕਾਂ ਦਾ ਰੂਪ ਧਾਰਿਆ। ਇਸ ਗਤੀਵਿਧੀ ਮੈਡਮ ਮਮਤਾ ਦੀ ਅਗਵਾਈ ਅਤੇ ਮੈਡਮ ਮਨਜੀਤ, ਮੈਡਮ ਚੰਚਲ ਪਰਮਜੀਤ, ਪ੍ਰਿਟੀ ਅਤੇ ਮੈਡਮ ਹਰਸ਼ ਦੀ ਦੇਖ ਰੇਖ 'ਚ ਆਯੋਜਿਤ ਕੀਤੀ ਗਈ, ਜਦਕਿ ਐੱਮ ਡੀ ਮੈਡਮ ਨਵਦੀਪ ਕੌਰ ਢਿੱਲੋਂ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ ਨਨਕਾਣਾ ਸਾਹਿਬ ਖ਼ਾਲਸਾ ਸਕੂਲ 'ਚ ਆਜ਼ਾਦੀ ਦਿਵਸ ਮਨਾਇਆ।

**ਜਲੰਧਰ (ਸ਼ੈਲੀ ਐਲਬਰਟ)**- ਭਾਰਤ ਸਰਕਾਰ ਦੇ ਨਿਰਦੇਸ਼ਾਂ ਹੇਠ, ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਪੀ ਜੀ ਅੰਗਰੇਜ਼ੀ ਵਿਭਾਗ ਤੇ ਐੱਨ ਐੱਸ ਐੱਸ ਯੂਨਿਟ ਨੇ ਆਜ਼ਾਦੀ ਦਿਵਸ ਦੀ ਪੂਰਵ ਸੰਧਿਆ 'ਤੇ ਇੱਕ ਭਾਸ਼ਣ ਮੁਕਾਬਲੇ ਦਾ ਆਯੋਜਨ ਕਰਕੇ ਆਜ਼ਾਦੀ ਸੰਘਰਸ਼ ਦੇ ਸ਼ਹੀਦਾਂ ਅਤੇ ਵੰਡ ਦੇ ਪੀੜਤਾਂ ਨੂੰ ਯਾਦ ਕੀਤਾ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਨੇ ਆਜ਼ਾਦੀ ਘੁਲਾਟੀਆਂ ਅਤੇ ਵੰਡ ਦੇ ਪੀੜਤਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਸਾਡੇ ਪੁਰਖਿਆਂ ਦੀਆਂ ਅਣਕਹੀਆਂ ਕਹਾਣੀਆਂ ਅੱਗੇ ਲਿਆਉਂਦੇ ਹਨ। ਇਸ ਸਮਾਗਮ ਦੀ ਆਰੰਭਤਾ ਰਜਿਸਟਰਾਰ ਡਾ. ਹਰਜੀਤ ਸਿੰਘ ਨੇ ਕੀਤੀ, ਜਿਨ੍ਹਾਂ ਨੇ ਆਜ਼ਾਦੀ ਅਤੇ ਵੰਡ ਦੇ ਸੰਘਰਸ਼ ਦੌਰਾਨ ਕੀਤੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ, ਦੇਸ਼ ਭਗਤੀ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦੇ ਆਦਰਸ਼ਾਂ ਦੀ ਵਕਾਲਤ ਕੀਤੀ। ਐਨ.ਐਸ.ਐਸ. ਦੇ ਮੁੱਖ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਦੇ ਕੁੱਲ 25 ਬੁਲਾਰਿਆਂ ਨੇ ਭਾਸ਼ਣ ਮੁਕਾਬਲੇ ਵਿੱਚ ਭਾਗ ਲਿਆ। ਜੱਜਾਂ, ਡਾ. ਰੰਜੂ ਮਹਾਜਨ ਅਤੇ ਹਰਸ਼ਵੀਰ ਅਰੋੜਾ ਨੇ ਅਰਸ਼ਪ੍ਰੀਤ ਕੌਰ, ਸਿਮਰਨ ਅਤੇ ਵੰਸ਼ਿਕਾ ਚੌਹਾਨ ਨੂੰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਐਲਾਨਿਆ।


ਜਲੰਧਰ

**ਸੁਲਤਾਨਪੁਰ ਲੋਧੀ (ਹਨੀ)**- ਨਨਕਾਣਾ ਸਾਹਿਬ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਜ਼ਾਦੀ ਦਿਵਸ ਬੜੇ ਹੀ ਉਤਸ਼ਾਹ, ਦੇਸ਼ ਭਗਤੀ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਡਾਇਰੈਕਟਰ ਇੰਜ. ਹਰਨਿਆਮਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰਿੰਸੀਪਲ ਨਿਧੀ ਸਾਂਗੋਤਰਾ ਨੇ ਪਹੁੰਚੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀ ਮਹੱਤਤਾ, ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਅਤੇ ਦੇਸ਼ ਪ੍ਰਤੀ ਆਪਣੇ ਫਰਜ਼ਾਂ ਬਾਰੇ ਪ੍ਰੇਰਨਾਦਾਇਕ ਸੰਦੇਸ਼ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਮਾਨਦਾਰੀ, ਮਿਹਨਤ ਅਤੇ ਅਨੁਸ਼ਾਸਨ ਨਾਲ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਸਕੂਲ ਦਾ ਸਮੁੱਚਾ ਵਾਤਾਵਰਨ ਦੇਸ਼ ਭਗਤੀ ਦੇ ਜਜ਼ਬੇ ਨਾਲ ਰੰਗਿਆ ਹੋਇਆ ਨਜ਼ਰ ਆਇਆ। ਡਾਇਰੈਕਟਰ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਦੇਸ਼ ਦੇ ਜ਼ਿੰਮੇਵਾਰ, ਇਮਾਨਦਾਰ ਅਤੇ ਮਿਹਨਤੀ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ ਵਿਖੇ 80 ਵਾਂ ਆਜ਼ਾਦੀ ਦਿਵਸ ਬਹੁਤ ਹੀ ਉਤਸ਼ਾਹ, ਦੇਸ਼ ਭਗਤੀ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਕਾਲਜ ਦੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਕਾਲਜ ਇੰਚਾਰਜ ਜੌਹਲ ਵੱਲੋਂ ਰਾਸ਼ਟਰੀ ਤਿਰੰਗਾ ਲਹਿਰਾਉਣ ਦੀ ਰਸਮ ਨਾਲ ਕੀਤੀ ਗਈ। ਝੰਡਾ ਲਹਿਰਾਉਣ ਤੋਂ ਤੁਰੰਤ ਬਾਅਦ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਇੱਕ ਸੁਰ ਵਿੱਚ ਰਾਸ਼ਟਰੀ ਗਾਣ ਦਾ ਗਾਇਨ ਕੀਤਾ ਗਿਆ, ਜਿਸ ਨਾਲ ਪੂਰਾ ਕੈਂਪਸ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ।ਇਸ ਮੌਕੇ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਾਲਜ ਇੰਚਾਰਜ ਜੌਹਲ ਨੇ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ ਅਤੇ ਦੇਸ਼ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।

**ਅਲਾਵਲਪੁਰ (ਮਦਨ ਬੰਗੜ)**- ਸ਼ਹੀਦ ਦਲਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਕੋਹਾ ਜਲੰਧਰ ਵਿਖੇ ਦੇਸ਼ ਦਾ 80ਵਾਂ ਆਜ਼ਾਦੀ ਦਿਵਸ ਬੜੀ ਧੂਮਧਾਮ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਸ਼ੇਸ਼


ਕਪੂਰਥਲਾ

ਸਮਾਗਮ ਵਿੱਚ ਮਿਊਂਸੀਪਲ ਕਾਰਪੋਰੇਸ਼ਨ ਜਲੰਧਰ ਦੇ ਸੀਨੀਅਰ ਡਿਪਟੀ ਮੇਅਰ ਸਰਦਾਰ ਬਲਬੀਰ ਸਿੰਘ ਬਿੱਟੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਤਿਰੰਗਾ ਲਹਿਰਾਇਆ।ਸਮਾਗਮ ਵਿੱਚ ਸਕੂਲ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਇਲਾਕੇ ਦੀਆਂ ਮੋਹਤਬਰ ਸ਼ਖ਼ਸੀਅਤਾਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਪ੍ਰਿੰਸੀਪਲ ਨੇ ਸਕੂਲ ਦੇ ਵਿਹੜੇ ਵਿੱਚ ਪਹੁੰਚੇ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਜੀ ਆਇਆਂ ਆਖਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਲ ਸਬੰਧਤ ਕਵਿਤਾਵਾਂ, ਗੀਤਾਂ ਅਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਦੇਸ਼ਭਗਤੀ ਦਾ ਜਜ਼ਬਾ ਪੈਦਾ ਕਰ ਦਿੱਤਾ।ਸਮਾਗਮ ਦੇ ਅੰਤ ਵਿੱਚ ਸਕੂਲ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਦੌਰਾਨ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਲੈਕਚਰਾਰ ਸੁਖਚਰਨ ਕੁਮਾਰ ਨੇ ਬਾਖੂਬੀ ਨਿਭਾਈ।


ਜਲੰਧਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਤੰਜਲੀ ਯੋਗ ਪਰਿਵਾਰ ਡੇਰਾਬੱਸੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਮਿਊਨਿਟੀ ਸੈਂਟਰ, ਡੇਰਾਬੱਸੀ ਵਿਖੇ 80ਵਾਂ ਸੁਤੰਤਰਤਾ ਦਿਵਸ ਅਤੇ ਤੀਜ ਮਹੋਤਸਵ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਇੰਚਾਰਜ ਨਵੀਨ ਚੰਦ ਫੁਲੇਰਾ ਨੇ ਕੀਤੀ। ਇਸ ਸਮਾਗਮ ਵਿੱਚ ਲਗਭਗ 250 ਲੋਕਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਪ੍ਰੋਗਰਾਮ ਦੇ ਪਹਿਲੇ ਚਰਨ ਵਿੱਚ ਸਵੇਰ ਦੀ ਸਮੂਹਿਕ ਯੋਗ ਕਲਾਸ ਦਾ ਆਯੋਜਨ ਕੀਤਾ ਗਿਆ। ਯੋਗਾਭਿਆਸ ਤੋਂ ਬਾਅਦ ਰਾਸ਼ਟਰੀ ਝੰਡਾ ਲਹਿਰਾਇਆ ਗਿਆ ਅਤੇ ਸਾਰੇ ਹਾਜ਼ਰ ਸਾਧਕਾਂ ਨੇ ਮਿਲ ਕੇ ਰਾਸ਼ਟਰੀ ਗਾਣ ਗਾਇਆ। ਇਸ ਦੇ ਨਾਲ ਹੀ ਵੱਖ-ਵੱਖ ਯੋਗ ਪ੍ਰਤੀਯੋਗਤਾਵਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਸਾਧਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਨੇ ਮਨਮੋਹਕ ਨ੍ਰਿਤ, ਗੀਤ ਅਤੇ ਸੰਗੀਤ ਦੀਆਂ ਪੇਸ਼ਕਾਰੀਆਂ ਦੇ ਕੇ ਸਭ ਦਾ ਮਨ ਮੋਹ ਲਿਆ। ਹਾਜ਼ਰ ਸਾਧਕਾਂ ਨੇ ਵੀ ਉਤਸ਼ਾਹ ਨਾਲ ਨ੍ਰਿਤ ਵਿੱਚ ਭਾਗ ਲਿਆ ਅਤੇ ਪ੍ਰੋਗਰਾਮ ਦਾ ਭਰਪੂਰ ਆਨੰਦ ਮਾਣਿਆ। ?ਇਸ ਮੌਕੇ ਪੂਰਵ ਵਿਧਾਇਕ ਐੱਨ ਕੇ ਸ਼ਰਮਾ ਵਿਸ਼ੇਸ਼ ਤੌਰ 'ਤੇ ਪ੍ਰੋਗਰਾਮ ਵਿੱਚ ਪਹੁੰਚੇ। ?ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਜ਼ਿਲ੍ਹਾ ਇੰਚਾਰਜ ਸੁਖਵਿੰਦਰ ਸਿੰਘ, ਤਹਿਸੀਲ ਇੰਚਾਰਜ ਹਰੀਸ਼ ਸਿੰਘ, ਸੀਨੀਅਰ ਵਰਕਰ ਅਨਿਲ ਕੁਮਾਰ ਸ਼ਰਮਾ, ਸੋਹਨ ਲਾਲ, ਪ੍ਰੇਮ ਸਾਗਰ ਵਰਮਾ ਅਤੇ ਸਵਰਨ ਸਿੰਘ ਸਮੇਤ ਸਾਰੇ ਯੋਗ ਅਧਿਆਪਕਾਂ ਅਤੇ ਵਰਕਰਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ।


ਜਲੰਧਰ

**ਅਲਾਵਲਪੁਰ (ਮਦਨ ਬੰਗੜ)**- ਨਗਰ ਕੌਂਸਲ ਅਲਾਵਲਪੁਰ ਦੇ ਦਫ਼ਤਰ ਵਿਖੇ ਦੇਸ਼ ਦਾ 80ਵਾਂ ਸੁਤੰਤਰਤਾ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਨੀਲਮ ਰਾਣੀ ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਪੁਲਿਸ ਬਲ ਦੀ ਟੁਕੜੀ ਵੱਲੋਂ ਕੌਮੀ ਝੰਡੇ ਨੂੰ ਸਲਾਮੀ ਦਿੱਤੀ ਗਈ। ਪੁਲਿਸ ਚੌਂਕੀ ਅਲਾਵਲਪੁਰ ਦੇ ਇੰਚਾਰਜ ਐੱਸ ਆਈ ਰਵਿੰਦਰ ਸਿੰਘ ਵੀ ਪੁਲਿਸ ਪਾਰਟੀ ਸਮੇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਵੱਖ ਵਖ ਸਕੂਲਾਂ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ, ਕਵਿਤਾ ਅਤੇ ਕੋਰੀਓਗ੍ਰਾਫੀ ਰਾਹੀਂ ਦੇਸ਼ ਆਏ ਹੋਏ ਮਹਿਮਾਨਾਂ ਦਾ ਦਿਲ ਜਿੱਤ ਲਿਆ। ਸਮਾਗਮ ਦੌਰਾਨ ਹਾਜ਼ਰ ਸਮੂਹ ਕੌਂਸਲਰਾਂ, ਅਧਿਕਾਰੀਆਂ, ਕਰਮਚਾਰੀਆਂ ਅਤੇ ਸਫ਼ਾਈ ਸੇਵਕਾਂ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਯਾਦ ਕੀਤਾ। ਇਸ ਮੌਕੇ ਕੌਂਸਲਰ ਰਚਨਾ, ਕ੍ਰਿਸ਼ਨਾ ਦੇਵੀ, ਰਾਜ ਰਾਣੀ, ਕਵਿਤਾ, ਪੰਕਜ ਸ਼ਰਮਾ, ਨਰੇਸ਼, ਸਾਬਕਾ ਕੌਂਸਲਰ ਰਮੇਸ਼ ਕੁਮਾਰ, ਨਰਿੰਦਰ ਸ਼ਰਮਾ, ਪਰਮਜੀਤ, ਮਨਦੀਪ ਕੁਮਾਰ, ਵਿਕਰਮ, ਅਸ਼ਵਨੀ ਸ਼ਰਮਾ, ਹੰਸ ਰਾਜ ਭੈਰੋ, ਸੰਜੀਵ ਖੋਸਲਾ, ਦੇਸ ਰਾਜ, ਪ੍ਰੇਮ, ਮੰਗਲ ਲਾਲ, ਧਰਮਪਾਲ, ਨਿਰਮਲ ਬੌਸ, ਕੀਰਤੀ, ਪਾਰੁਲ, ਰੇਨੂਕਾ, ਨਵੀਨ ਰਾਣਾ, ਦੀਪਕ, ਸੁਖਜਿੰਦਰ, ਸੋਨੀ ਕੁਮਾਰ, ਬਲਦੇਵ, ਰਾਜਿੰਦਰ, ਕੈਪਟਨ ਜਗਜੀਤ, ਸਫ਼ਾਈ ਸੇਵਕ ਪ੍ਰਸ਼ਾਂਤ ਅਤੇ ਅਨੇ ਸਮੇਤ ਨਗਰ ਕੌਂਸਲ ਦੇ ਹੋਰ ਕਰਮਚਾਰੀ ਹਾਜ਼ਰ ਸਨ। ਸਮਾਗਮ ਦੌਰਾਨ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਸਾਰਿਆਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਦਾ ਸੰਦੇਸ਼ ਦਿੱਤਾ ਗਿਆ।

**ਜਲੰਧਰ (ਦਵਿੰਦਰ ਸਿੰਘ ਉੱਭੀ)**- ਸਥਾਨਕ ਕਾਂਗਰਸ ਭਵਨ ਵਿਖੇ 80 ਵਾਂ ਆਜ਼ਾਦੀ ਦਿਹਾੜਾ ਮਨਾਇਆ ਗਿਆ । ਇਸ ਮੌਕੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵਿਧਾਇਕ ਅਤੇ ਜ਼ਿਲ੍ਹਾ ਪ੍ਰਧਾਨ ਦਿਹਾਤੀ, ਰਜਿੰਦਰ ਬੇਰੀ ਪ੍ਰਧਾਨ ਜ਼ਿਲ੍ਹਾ ਸ਼ਹਿਰੀ, ਵਲੋਂ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਹਾਜ਼ਰੀ ਵਿੱਚ ਤਿਰੰਗਾ ਝੰਡਾ ਲਹਿਰਾਇਆ ਗਿਆ।ਇਸ ਮੌਕੇ ਤੇ ਪਹੁੰਚੇ ਕਾਂਗਰਸੀ ਅਹੁਦੇਦਾਰਾਂ ਨੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਬੁਲਾਰਿਆਂ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਕਾਂਗਰਸੀ ਨੇਤਾਵਾਂ ਨੇ ਕੁਰਬਾਨੀਆਂ ਦਿੱਤੀਆਂ।ਇਸ ਮੌਕੇ ਵਿਧਾਇਕ ਬਾਵਾ ਹੈਨਰੀ ਜੂਨੀਅਰ, ਹਲਕਾ ਇੰਚਾਰਜ ਕਰਤਾਰਪੁਰ ਸਾਬਕਾ ਐਸ ਪੀ ਰਜਿੰਦਰ ਸਿੰਘ, ਸੁਰਿੰਦਰ ਕੌਰ ਹਲਕਾ ਇੰਚਾਰਜ ਜਲੰਧਰ ਵੈਸਟ, ਰਾਜੇਸ਼ ਜਿੰਦਲ ਟੋਨੂੰ , ਰਛਪਾਲ ਜੱਖੂ, ਜਗਜੀਤ ਕੰਬੋਜ, ਸੁਰੇਸ਼ ਗੁਲਾਟੀ, ਵਿਪਨ ਕੁਮਾਰ, ਜਗਦੀਪ ਸਿੰਘ ਸੋਢੀ ਸੰਧਰ, ਅਨੁਰਾਧਾ ਬੰਗਾ, ਅੰਗਦ ਦੱਤਾ, ਨਰੇਸ਼ ਵਰਮਾ, ਅਰੁਣ ਰਤਨ, ਐਡਵੋਕੇਟ ਸੰਦੀਪ ਕੁਮਾਰ, ਬਲਰਾਜ ਠਾਕੁਰ, ਡਾ. ਜਸਲੀਨ ਸੇਠੀ, ਨਵਦੀਪ ਜਰੇਵਾਲ, ਦੀਨਾ ਨਾਥ ਪ੍ਰਧਾਨ, ਪ੍ਰਭਦਿਆਲ ਭਗਤ, ਵਿਕਰਮ ਸ਼ਰਮਾ, ਅਸ਼ਵਨੀ ਜੰਗਰਾਲ, ਬਚਨ ਲਾਲ, ਸੰਜੀਵ ਦੁਆ, ਬ੍ਰਹਮ ਦੇਵ ਸਹੋਤਾ, ਅਸ਼ਵਨੀ ਸੋਂਧੀ, ਕੀਮਤੀ ਸੈਣੀ, ਅਕਸ਼ਵੰਤ ਖੋਸਲਾ, ਯਸ਼ ਪਾਲ, ਜਾਬਰ ਖਾਨ, ਸੰਜੇ ਸੋਨਕਰ, ਦਰਸ਼ਨ ਸਿੰਘ ਪਹਿਲਵਾਨ, ਰਾਜਿੰਦਰ ਨੀਟਾ, ਰਵਿੰਦਰ ਸਿੰਘ ਲਾਡੀ, ਯਸ਼ ਪਹਿਲਵਾਨ, ਰਮੇਸ਼ ਕੁਮਾਰ, ਮੰਨਾ ਗੋਬਿੰਦਗੜ੍ਹ, ਹੁਸਨ ਲਾਲ, ਕੁਲਦੀਪ ਸ਼ਰਮਾ, ਅਸ਼ਵਨੀ ਸ਼ਰਮਾ, ਤਿਲਕ ਰਾਜ, ਅਸ਼ੋਕ ਹੰਸ, ਕੁਲਬਰਨ ਸਿੰਘ, ਮੁਖਤਿਆਰ ਅਹਿਮਦ, ਸਮੀਰ ਚਿਸ਼ਤੀ, ਗੁਲਸ਼ਨ ਮਿੱਡਾ, ਅਰੁਣ ਸਹਿਗਲ, ਕਿਸ਼ਨ ਲਾਲ ਮੱਟੂ, ਹਰਸ਼ ਰਾਣਾ ਵਰਮਾ, ਮੀਨੂ ਬੱਗਾ, ਪਲਵੀ , ਮਨਜੀਤ ਕੌਰ, ਗੁਰਮੀਤ ਜੱਸੀ, ਸ਼ਬਨਮ, ਪ੍ਰੇਮ ਸੈਣੀ, ਸੁਰਿੰਦਰ ਪਪਾ, ਰਣਜੀਤ ਰਾਣੋ, ਆਸ਼ਾ ਰਾਣੀ, ਮਹਿੰਦਰ ਪਾਲ ਸਿੰਘ ਟੁਰਨਾ, ਸੁਰਿੰਦਰਜੀਤ ਚੱਠਾ, ਰਾਕੇਸ਼ ਬੰਟੀ, ਹਰਪਾਲ ਸੰਧੂ ਮੌਜੂਦ ਸਨ ।

**ਦਸੂਹਾ (ਕਰਨੈਲ ਮਾਂਗਟ)**- ਪੰਚਾਇਤ ਸੰਮਤੀ ਸਟੇਡੀਅਮ ਦਸੂਹਾ ਵਿਖੇ 80ਵਾਂ ਸਵਤੰਤਰਤਾ ਦਿਵਸ ਬੜੀ ਹੀ ਧੂਮ-ਧਾਮ ਅਤੇ ਸ਼ਰਧਾ ਨਾਲ ਨਾਲ ਮਨਾਇਆ ਗਿਆ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਐਸ ਡੀ ਐਮ ਦਸੂਹਾ ਕੰਵਲਜੀਤ ਸਿੰਘ ਵੱਲੋਂ ਅਦਾ ਕੀਤੀ ਗਈ । ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ, ਐੱਨ ਸੀ ਸੀ ਤੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਮਾਰਚ ਪਾਸਟ ਕੀਤਾ ਤੇ ਸਲਾਮੀ ਦਿੱਤੀ। ਇਸ ਮੌਕੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਰੰਗਾਂ-ਰੰਗ ਪ੍ਰੋਗਰਾਮ ਪੇਸ਼ ਕੀਤਾ ਤੇ ਦੇਸ਼ ਭਗਤੀ ਦੇ ਗੀਤ ਗਾਏ। ਇਸ ਮੌਕੇ ਤੇ ਐੱਸ ਡੀ ਐੱਮ ਕੰਵਲਜੀਤ ਸਿੰਘ ਮੁੱਖ ਮਹਿਮਾਨ ਨੇ ਕਿਹਾ ਕਿ ਭਾਰਤ ਦੇਸ਼ ਇੱਕ ਸਭ ਤੋਂ ਵੱਡਾ ਲੋਕਤਾਂਤਰਿਕ ਦੇਸ਼ ਹੈ ਜਿੱਥੇ ਕਿ ਵੱਖ-ਵੱਖ ਧਰਮਾਂ ਦੇ ਲੋਕ ਰਹਿੰਦੇ ਹਨ ਤੇ ਸਭ ਧਰਮਾਂ ਦਾ ਸਤਿਕਾਰ ਕੀਤਾ ਜਾਂਦਾ ਹੈ। ਇਸ ਮੌਕੇ ਤੇ ਤਹਿਸੀਲਦਾਰ ਹਿਰਦੇਪਾਲ ਸਿੰਘ, ਕਮਲਜਿੰਦਰ ਸਿੰਘ ਕਾਰਜਸਾਧਕ ਅਫਸਰ, ਉਦੇਪਾਲ ਸਿੰਘ ਬੀ ਡੀ ਪੀ ਓ ਦਸੂਹਾ, ਡੀਐਸਪੀ ਦਸੂਹਾ ਹਰਗੁਰਦੇਵ ਸਿੰਘ, ਐਸ ਐਚ ਓ ਦਲਜੀਤ ਸਿੰਘ, ਜਸਵਿੰਦਰ ਸਿੰਘ ਬਿੱਟੂ ਉਡਰਾ, ਭੁਪਿੰਦਰ ਸਿੰਘ ਚੀਮਾ, ਅਮਰਜੀਤ ਸਿੰਘ, ਐੱਸ ਐੱਮ ਓ ਮਨਮੋਹਨ ਸਿੰਘ ਤੇ ਅਲੱਗ ਅਲੱਗ ਸਕੂਲਾਂ ਦੇ ਵਿਦਿਆਰਥੀਆਂ ਜਿਨਾਂ ਨੇ ਰੰਗਾਂ ਦਾ ਪ੍ਰੋਗਰਾਮ ਪੇਸ਼ ਕੀਤਾ ਉਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਦਿੱਤਾ ਗਿਆ ਤੇ ਮਿਠਾਈਆਂ ਵੰਡੀਆਂ ਗਈਆ।

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ


ਸੁਲਤਾਨਪੁਰ ਲੋਧੀ

ਯੂਨੀਵਰਸਿਟੀ ਵਿਖੇ ਦੇਸ਼ ਦੀ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਦੇਸ਼ ਭਗਤੀ, ਉਤਸ਼ਾਹ ਅਤੇ ਜੋਸ਼ੋ-ਖਰੋਸ਼ ਨਾਲ ਮਨਾਈ ਗਈ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਸਮੂਹ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਤੇ ਕਰਮਚਾਰੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਅਣਗਿਣਤ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਦਾ ਨਤੀਜਾ ਹੈ। ਇਸ ਮੌਕੇ ਗਰੁੱਪ ਦੇ ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਅਤੇ ਵਾਈਸ ਪ੍ਰੈਜ਼ੀਡੈਂਟ ਸ੍ਰੀਮਤੀ ਜੈਸਿਕਾ ਦੁੱਗਲ ਬਾਹਰਾ ਵੀ ਮੌਜੂਦ ਸਨ। ਰਿਆਤ ਬਾਹਰਾ ਗਰੁੱਪ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਵੀ ਆਜ਼ਾਦੀ ਸੰਗਰਾਮ ਦੇ ਮਹਾਨ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਨਮਨ ਕੀਤਾ।ਸਮਾਗਮ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਰਿਹਾ।


ਗੁਰਾਇਆ


ਅਲਾਵਲਪੁਰ


ਡੇਰਾਬੱਸੀ


ਅਲਾਵਲਪੁਰ


ਜਲੰਧਰ


ਦਸੂਹਾ

## ਜਨਮ ਦਿਨ ਮੁਬਾਰਕ


ਅਗਮ ਸਿੰਘ ਕੈਨੇਡਾ


ਸਹਿਜਪ੍ਰੀਤ ਸਿੰਘ ਬਿਆਸ

# ਇੰਜੀ: ਸੰਜੀਵ ਸਿੰਘ ਸੈਣੀ ਸਟੇਟ ਐਵਾਰਡ ਨਾਲ ਸਨਮਾਨਤ

**ਡੇਰਾਬੱਸੀ (ਸੰਜੀਵ ਸਿੰਘ ਸੈਣੀ)**- ਆਜ਼ਾਦੀ ਦਿਹਾੜੇ ਮੌਕੇ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਅਤੇ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ 27 ਉੱਘੀਆਂ ਸ਼ਖ਼ਸੀਅਤਾਂ ਨੂੰ 'ਸਟੇਟ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚ ਮੋਹਾਲੀ ਜ਼ਿਲ੍ਹੇ ਵਿੱਚ ਪੈਂਦੇ ਡੇਰਾਬੱਸੀ ਹਲਕੇ ਦੇ ਵਾਸੀ ਉੱਘੇ ਲੇਖਕ ਅਤੇ ਕਾਲਮਨਵੀਸ ਸੰਜੀਵ ਸਿੰਘ ਸੈਣੀ ਨੂੰ ਸਾਹਿਤਕ ਖੇਤਰ



ਵਿੱਚ ਪਾਏ ਵਡਮੁੱਲੇ ਯੋਗਦਾਨ ਲਈ 'ਪੰਜਾਬ ਸਰਕਾਰ ਪ੍ਰਮਾਣ ਪੱਤਰ-2026' ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਸੰਜੀਵ ਸਿੰਘ ਸੈਣੀ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਜੀਵਨ ਨੂੰ ਸਹੀ ਦਿਸ਼ਾ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਵਿਸ਼ੇਸ਼ ਸ਼ਲਾਘਾ ਕੀਤੀ ਗਈ। ਉਨ੍ਹਾਂ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਲਿਖੀ ਕਿਤਾਬ 'ਯੁੱਧ ਨਸ਼ਿਆਂ ਵਿਰੁੱਧ–ਨਸ਼ਾ ਨਸ ਤੇ ਜਵਾਨੀ' ਨੂੰ ਵੀ ਖਾਸ ਤੌਰ 'ਤੇ ਸਰਾਹਿਆ ਗਿਆ।ਸੈਣੀ ਹੁਣ ਤੱਕ 9 ਕਿਤਾਬਾਂ ਲਿਖ ਚੁੱਕੇ ਹਨ ਅਤੇ ਅਖ਼ਬਾਰਾਂ ਰਾਹੀਂ ਸਮਾਜ ਨੂੰ ਸੇਧ ਦੇਣ ਵਾਲੇ ਲੇਖ ਲਗਾਤਾਰ ਲਿਖਦੇ ਆ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੈਗਜ਼ੀਨ 'ਪੰਖੜੀਆਂ' ਅਤੇ 'ਪ੍ਰਾਇਮਰੀ ਸਿੱਖਿਆ' ਵਿੱਚ ਵੀ ਉਨ੍ਹਾਂ ਦੀਆਂ ਰਚਨਾਵਾਂ ਨੂੰ ਵਿਸ਼ੇਸ਼ ਸਥਾਨ ਮਿਲਿਆ ਹੈ।

# ਪ੍ਰਗਤੀਸ਼ੀਲ ਤੇ ਧਰਮ ਨਿਰਪੱਖ ਤਾਕਤਾਂ ਫਾਸ਼ੀਵਾਦ ਜਾਤੀ ਹਮਲਿਆਂ ਵਿਰੁੱਧ ਇੱਕਮੁੱਠ ਹੋਣ : ਵੀ ਐੱਸ ਨਿਰਮਲ

**ਫਗਵਾੜਾ (ਗਿਆਨ ਸੈਦਪੁਰੀ)**- ਸੈਂਟਰ ਫਾਰ ਦਲਿਤ ਰਾਈਟਸ ਮੂਵਮੈਂਟ ਦੇ ਜਨਰਲ ਸਕੱਤਰ ਕਾਮਰੇਡ ਵਿਜੇਂਦਰ ਸਿੰਘ ਨਿਰਮਲ ਨੇ ਜਾਰੀ ਕੀਤੇ ਇੱਕ ਲਿਖਤੀ ਬਿਆਨ ਵਿੱਚ ਬੀਤੀ ਦਿਨੀ ਹਲਵਾਰਾ ਵਿੱਚ ਲੀਲਾ ਮੈਦਾਨ ਵਿੱਚ ਕਰਵਾਈ ਗਈ 'ਸ਼ੁੱਧੀਕਰਨ' ਰਸਮ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪ੍ਰਧਾਨ ਅਤੇ ਵਿਰੋਧੀ ਧਿਰ ਦੇ ਦੇ ਨੇਤਾ ਮਲਿਕ ਅਰਜਨ ਖੜਗੇ ਵੱਲੋਂ ਇੱਕ ਰੈਲੀ ਨੂੰ ਸੰਬੋਧਨ ਕੀਤਾ ਗਿਆ। ਉਸ ਤੋਂ ਬਾਅਦ ਸੰਘੀ ਪੱਖੀ ਸੰਗਠਨ 'ਸ੍ਰੀ ਰਾਮ ਸੈਨਾ' ਵੱਲੋਂ ਸ਼ੁੱਧੀਕਰਨ ਦੀ ਰਸਮ ਕੀਤੀ ਗਈ। ਛੂਤ-ਛਾਤ ਦੀ ਇਹ ਕਾਰਵਾਈ ਪਹਿਲਾਂ ਤੋਂ ਯੋਜਨਾਬੱਧ ਤਰੀਕੇ ਨਾਲ ਜਾਣ ਬੁੱਝ ਕੇ ਅੰਜਾਮ ਦਿੱਤੀ ਗਈ ਹੈ। ਇਹ ਸਿਰਫ ਇੱਕ ਦਲਿਤ ਨੇਤਾ ਦਾ ਅਪਮਾਨ ਨਹੀਂ ਸਗੋਂ ਇਹ ਜਚਾਉਣ ਲਈ ਕੀਤੀ ਗਈ ਕਿ ਦਲਿਤ ਆਪਣੇ ਹੀ ਦੇਸ਼ ਵਿੱਚ ਪ੍ਰਦੂਸ਼ਤ ਹਨ। ਸੈਂਟਰ ਫਾਰ ਦਲਿਤ ਰਾਈਟਸ ਮੂਵਮੈਂਟ ਦੀ ਮੰਗ ਹੈ ਕਿ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ (ਅੱਤਿਆਚਾਰ ਰੋਕੂ) ਐਕਟ 1989 ਤਹਿਤ ਉਕਤ ਕਾਰਾ ਕਰਨ ਵਾਲਿਆਂ ਵਿਰੁੱਧ ਐੱਫ ਆਈ ਆਰ ਦਰਜ ਕਰ ਕੇ ਗ੍ਰਿਫ਼ਤਾਰ ਕੀਤਾ ਜਾਵੇ। ਕਾਮਰੇਡ ਨਿਰਮਲ ਨੇ ਕਿਹਾ ਕਿ ਕਾਂਗਰਸੀ ਆਗੂ ਖੜਗੇ ਨੇ ਸੰਸਦ ਵਿੱਚ ਦਿੱਤੇ ਬਿਆਨ ਵਿੱਚ ਛੂਤ-ਛਾਤ ਦੇ ਢੰਗ ਨੂੰ ਖ਼ਤਮ ਕਰਨ ਦੀ ਜੋ ਗੱਲ ਆਖੀ ਹੈ, ਸੈਂਟਰ ਫਾਰ ਦਲਿਤ ਰਾਈਟਸ ਮੂਵਮੈਂਟ ਉਸ ਦੀ ਹਮਾਇਤ ਕਰਦੀ ਹੈ।



ਮੂਵਮੈਂਟ ਆਗੂ ਨੇ ਕਿਹਾ ਕਿ ਇਹ ਕੋਈ ਇੱਕਲੀ ਘਟਨਾ ਨਹੀਂ ਹੈ। ਭਾਜਪਾ ਦੇ ਰਾਜ ਵਿੱਚ ਦਲਿਤ ਨੇਤਾ ਦੇ ਪੈਰਾਂ ਦੇ ਨਿਸ਼ਾਨ ਵੀ ਦੂਸ਼ਿਤ ਮੰਨੇ ਜਾਂਦੇ ਹਨ। ਸੱਤਾਧਾਰੀ ਭਾਜਪਾ-ਆਰ ਐਸ ਐਸ ਗੱਠਜੋੜ ਦੀ ਫਿਰਕੂ ਧਰੁਵੀਕਰਨ ਅਤੇ ਮਨੂਸਿਮਰਤੀ ਦੀ ਵਕਾਲਤ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਰਣਨੀਤੀ ਦਾ ਹਿੱਸਾ ਹੈ। ਸੰਵਿਧਾਨਕ ਸੁਰੱਖਿਆ ਪ੍ਰਬੰਧਾਂ ਨੂੰ ਯੋਜਨਾਬੱਧ ਤਰੀਕੇ ਨਾਲ ਕਮਜ਼ੋਰ ਕੀਤਾ ਗਿਆ ਹੈ। ਅੱਤਿਆਚਾਰ ਰੋਕੂ ਕਾਨੂੰਨ ਨੂੰ ਵੀ ਨਿਰਜੀਵ ਕੀਤਾ ਹੋਇਆ ਹੈ। ਇਸੇ ਦਾ ਨਤੀਜਾ ਹੈ ਕਿ ਪੂਰੇ ਭਾਰਤ ਵਿੱਚ ਦਲਿਤਾਂ 'ਤੇ ਅੱਤਿਆਚਾਰਾਂ ਵਿੱਚ ਬੇਤਹਾਸ਼ਾ ਵਾਧਾ ਹੋਇਆ ਹੈ। ਜਬਰਦਸਤੀ ਜ਼ਮੀਨੀ ਹੜੱਪਣ, ਜਨਤਕ ਅਪਮਾਨ, ਦਲਿਤ ਔਰਤਾਂ ਨਾਲ ਬਲਾਤਕਾਰ ਅਤੇ ਭੀੜ ਲਿੰਚਿੰਗ ਲਗਾਤਾਰ ਵਧ ਰਹੇ ਹਨ। ਸਥਾਪਨਾ ਅਤੇ ਪਰਿਵਾਰ ਦੇ ਤਹਿਤ ਕਾਨੂੰਨ ਦੇ ਰਾਜ ਸਾਧਨ ਬਣਾਇਆ ਗਿਆ ਹੈ। ਐੱਸ ਸੀ ਐੱਸ ਟੀ ਐਕਟ ਕਾਗਜ਼ਾਂ ਵਿੱਚ ਹੀ ਮੌਜੂਦ ਹੈ। ਜਾਂਚ ਵੇਲੇ ਇਸ ਨੂੰ ਤਰਕ ਮੰਡਲ ਕੇ ਪੇਸ਼ ਕੀਤਾ ਜਾਂਦਾ ਹੈ। ਕਾਮਰੇਡ ਵੀ ਐੱਸ ਨਿਰਮਲ ਨੇ ਇਹ ਕਹਿੰਦਿਆਂ ਆਪਣੀ ਗੱਲ ਖ਼ਤਮ ਕੀਤੀ ਕਿ ਸੈਂਟਰ ਫਾਰ ਦਲਿਤ ਰਾਈਟਸ ਮੂਵਮੈਂਟ ਅਤੇ ਹਰ ਦਲਿਤ, ਆਦਿਵਾਸੀ ਤੇ ਬਹੁਜਨ ਨਾਲ ਖੜ੍ਹਾ ਹੈ, ਜਿਨ੍ਹਾਂ ਨੂੰ ਅਪਮਾਨ ਸਹਿਣ ਲਈ ਮਜਬੂਰ ਕੀਤਾ ਜਾਂਦਾ ਹੈ। ਉਨ੍ਹਾਂ ਨੇ ਲੋਕ ਤੰਤਰੀ ਧਰਮ ਨਿਰਪੱਖ ਅਤੇ ਪ੍ਰਗਤੀਸ਼ੀਲ ਤਾਕਤਾਂ ਨੂੰ ਇਸ ਫਾਸ਼ੀਵਾਦੀ ਜਾਤੀ ਹਮਲੇ ਵਿਰੁੱਧ ਇੱਕ ਮੁੱਠ ਹੋਣ ਦਾ ਸੱਦਾ ਦਿੱਤਾ।


ਡੇਰਾ ਸਿਰਸਾ ਪ੍ਰੇਮੀਆਂ ਵੱਲੋਂ ਪਿੰਡ ਮੋਹਲੀ ਵਿਖੇ ਵਾਤਾਵਰਣ ਨੂੰ ਸ਼ੁੱਧ ਤੇ ਹਰਿਆ-ਭਰਿਆ ਬਣਾਉਣ ਲਈ 300 ਬੂਟੇ ਲਗਾਏ ਗਏ। (ਫੋਟੋ ਅਤੇ ਵੇਰਵਾ : ਅਵਤਾਰ ਕਲੇਰ ਬੰਗਾ)

## ਕੈਬਨਿਟ ਮੰਤਰੀ ਭਗਤ ਸਿੰਘ ਦੀ ਸ਼ਹੀਦੀ ਯਾਦਗਾਰ 'ਤੇ ਹੋਏ ਨਤਮਸਤਕ

**ਬੰਗਾ (ਅਵਤਾਰ ਕਲੇਰ)**- ਆਜ਼ਾਦੀ ਦਿਵਸ ਦੇ ਮੌਕੇ 'ਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ, ਸਕੂਲ ਸਿੱਖਿਆ, ਸੂਚਨਾ ਤੇ ਲੋਕ ਸੰਪਰਕ ਅਤੇ ਸਥਾਨਕ ਸਰਕਾਰ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਪਿੰਡ ਖਟਕੜ ਕਲਾਂ ਵਿਖੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਪਿਤਾ ਸ. ਕਿਸ਼ਨ ਸਿੰਘ ਦੀਆਂ ਬਣੀਆਂ ਯਾਦਗਾਰਾਂ ਵਿਖੇ ਨਤਮਸਤਕ ਹੋਣ ਲਈ ਪੁੱਜੇ। ਉਨ੍ਹਾਂ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਫੁੱਲ ਮਾਲਾ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ।



ਇਸ ਮੌਕੇ 'ਤੇ ਵਿਧਾਇਕ ਬੰਗਾ ਸੁਖਵਿੰਦਰ ਕੁਮਾਰ ਸੁੱਖੀ, ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਐਸ.ਐਸ.ਪੀ. ਤੁਸ਼ਾਰ ਗੁਪਤਾ, ਵਾਈਸ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸਤਨਾਮ ਸਿੰਘ ਜਲਵਾਹਾ ਅਤੇ ਡਿਵੈਲਪਮੈਂਟ ਕੁਲਜੀਤ ਸਰਹਾਲ ਅਤੇ ਹੋਰ ਪਤਵੰਤੇ ਹਾਜ਼ਰ ਸਨ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਅਹੁਦੇ ਦੀ ਸਹੁੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਚੁੱਕੀ।

# ਸੁਖਬੀਰ ਵੱਲੋਂ ਰਾਜਵੰਤ ਸਿੰਘ ਮਾਹਲਾ, ਰਣਜੀਤ ਸਿੰਘ ਭਾਊ ਤੇ ਐਡਵੋਕੇਟ ਵਿਜੇ ਧੀਰ ਦਾ ਸਨਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਰੱਖੇ ਗਏ ਸਨਮਾਨ ਸਮਾਰੋਹ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਨਵ ਨਿਯੁਕਤ ਕੌਮੀ ਮੀਤ ਪ੍ਰਧਾਨ ਰਾਜਵੰਤ



ਸਿੰਘ ਮਾਹਲਾ, ਰਣਜੀਤ ਸਿੰਘ ਭਾਊ ਅਤੇ ਐਡਵੋਕੇਟ ਵਿਜੇ ਧੀਰ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ, ਚਰਨਜੀਤ ਸਿੰਘ ਝੰਡੇਆਣਾ, ਮਨਜੀਤ ਸਿੰਘ ਧੰਮੂ, ਗੋਵਰਧਨ ਪੋਪਲੀ, ਸੁਖਚੈਨ ਸਿੰਘ ਰਾਮੂਵਾਲੀਆ, ਨਰਿੰਦਰਪਾਲ ਸਿੰਘ ਸਹਾਰਨ, ਯੂਥ ਆਗੂ ਸੁਖਬੀਰ ਸਿੰਘ ਗਿੱਲ, ਜੋਏਦੀਪ ਸ਼ਰਮਾ ਹਾਜ਼ਰ ਸਨ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਦੂਰਅੰਦੇਸ਼ੀ ਸੋਚ ਸਦਕਾ ਮੋਗਾ ਹਲਕੇ ਨੂੰ ਜੋ ਤਿੰਨ ਮੀਤ ਪ੍ਰਧਾਨ ਦਿੱਤੇ ਹਨ ਉਨ੍ਹਾਂ ਵਿੱਚ ਰਣਜੀਤ ਸਿੰਘ ਭਾਊ ਉਹ ਸ਼ਖ਼ਸੀਅਤ ਹਨ ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਨੂੰ ਸਮਰਪਿਤ ਹੀ ਨਹੀਂ ਲਾਇਆ ਸਗੋਂ ਉਹ ਕੌਮਾਂਤਰੀ ਪੱਧਰ ਦੀ ਨੈਸਲੇ ਫੈਕਟਰੀ ਦੇ ਪ੍ਰਧਾਨ ਵੀ ਰਹੇ। ਇਸ ਦੇ ਨਾਲ ਹੀ ਰਾਜਵੰਤ ਸਿੰਘ ਮਾਹਲਾ ਜੋ ਕਿ ਨੈਸਲੇ ਫੈਕਟਰੀ ਵਿੱਚ ਹੁੰਦਿਆਂ ਆਪਣੇ ਕਾਮਿਆਂ ਦੀ ਅਵਾਜ਼ ਨੂੰ ਬੁਲੰਦ ਕਰਦੇ ਹਨ ਅਤੇ ਜੇਕਰ ਤੀਸਰੇ ਨਿਯੁਕਤ ਕੀਤੇ ਕੌਮੀ ਮੀਤ ਪ੍ਰਧਾਨ ਐਡਵੋਕੇਟ ਵਿਜੇ ਧੀਰ ਦੀ ਗੱਲ ਕਰੀਏ ਤਾਂ ਉਹ ਨੈਸ਼ਨਲ ਪੱਧਰ ਦੇ ਮਜ਼ਦੂਰ ਆਗੂ ਹਨ ਤੇ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਮਜ਼ਦੂਰਾਂ ਦੇ ਹੱਕਾਂ ਲਈ ਲੜਦਿਆਂ ਲਗਾਇਆ ਅਤੇ ਇਹ ਵੀ ਮੋਗਾ ਜ਼ਿਲ੍ਹੇ ਨੂੰ ਵੱਡਾ ਮਾਣ ਉਨ੍ਹਾਂ ਨੇ ਇਹ ਦਿਵਾਇਆ ਕਿ ਉਹ ਆਲ ਇੰਡੀਆ ਮਜ਼ਦੂਰ ਯੂਨੀਅਨ ਦੇ ਮੁਢਲੇ ਮੈਂਬਰਾਂ ਵਿੱਚੋਂ ਇੱਕ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵੀ ਨੰਨਿਹ ਫਾਇਨਸ, ਗੁਰਸੇਵ ਸਿੰਘ ਰਾਮੂਵਾਲਾ, ਦਿਲਬਾਗ ਸਿੰਘ ਬਿੱਟੂ, ਹਰਪਾਲ ਸਿੰਘ ਮੱਕੜ, ਦਵਿੰਦਰ ਸਿੰਘ ਪੀਏ, ਗੁਰਪ੍ਰੀਤ ਸਿੰਘ ਹੈਪੀ, ਸੁਖਚੈਨ ਸਿੰਘ ਰਾਮੂਵਾਲੀਆ, ਬਲਜੀਤ ਸਿੰਘ ਡਰੋਲੀ ਭਾਈ, ਕੁਲਦੀਪ ਸਿੰਘ ਦੀਪਾ ਸਰਕਲ ਪ੍ਰਧਾਨ, ਜਸਪਾਲ ਸਿੰਘ ਡੱਗੋ, ਲਖਵੀਰ ਸਿੰਘ ਖੋਸਾ, ਪਰਮਜੀਤ ਸਿੰਘ ਨੰਗਲ, ਪਰਮਿੰਦਰ ਸਿੰਘ ਸਰੂਰੀ, ਹਰਬੰਸ ਸਿੰਘ ਖਹਿਰਾ, ਸੁਰਜੀਤ ਸਿੰਘ ਭੁੱਲਾ, ਸੁਨੀਲ ਚਾਟਲੇ, ਹਰਪ੍ਰੀਤ ਭਮ, ਵਿੱਕੀ ਸਹੋਤਾ, ਜਰਨੈਲ ਸਿੰਘ ਖੁਡੀਆ, ਪਰਮਿੰਦਰ ਸਿੰਘ ਖੁਹ ਵਾਲੇ, ਦਵਿੰਦਰ ਸ਼ਰਮਾ, ਜਸਵੀਰ ਝਿਰੀ, ਬਲਵੀਰ ਐਮ ਸੀ, ਹਰਪ੍ਰੀਤ ਸਿੰਘ ਖੀਵਾ, ਮੇਹਰਬਾਨ ਸਿੰਘ ਬਿੱਟੂ ਵਿੱਕੀ ਸਹੋਤਾ, ਗੁਰਜੰਟਪਾਲ ਸਿੰਘ, ਨੈਬ ਸਿੰਘ ਬਿੱਟੂ ਆਦਿ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਅਮਰਗੜ੍ਹ**- ਅਮਰਗੜ੍ਹ ਹਲਕੇ ਵਿੱਚ ਤੀਆਂ ਦੇ ਪਵਿੱਤਰ ਤਿਉਹਾਰ 'ਤੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਕਰਵਾਏ ਗਏ ਤੀਆਂ ਦੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਉਤਸ਼ਾਹ ਨਾਲ ਲਿਆ ਹਿੱਸਾ। ਰੰਗ-ਬਿਰੰਗੇ ਪਾਰੰਪਰਿਕ ਪਹਿਰਾਵੇ, ਲੋਕ ਗੀਤਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਪੂਰਾ ਪ੍ਰੋਗਰਾਮ ਪੰਜਾਬੀ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਪ੍ਰੋਗਰਾਮ ਵਿੱਚ ਔਰਤਾਂ ਨੇ ਤੀਜ ਦੇ ਨਾਲ-ਨਾਲ ਪੰਜਾਬ ਸਰਕਾਰ ਦੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਬਾਰੇ ਵੀ ਚਰਚਾ ਕੀਤੀ।

ਔਰਤਾਂ ਨੇ ਕਿਹਾ ਕਿ ਪਹਿਲੀ ਵਾਰ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਲੋੜਾਂ ਅਤੇ ਆਰਥਿਕ ਸਨਮਾਨ ਨਾਲ ਜੁੜੇ ਮੁੱਦਿਆਂ ਨੂੰ ਸਰਕਾਰ ਦੀਆਂ ਨੀਤੀਆਂ ਵਿੱਚ ਇੰਨੀ ਮੁੱਖਤਾ ਮਿਲੀ ਹੈ। ਜੁਲਾਈ 2026 ਵਿੱਚ ਸ਼ੁਰੂ ਹੋਈ ਇਸ ਯੋਜਨਾ ਤਹਿਤ ਯੋਗ ਔਰਤਾਂ ਨੂੰ ਮਹੀਨਾਵਾਰ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਮੌਕੇ ਵਿਧਾਇਕ ਗੱਜਣਮਾਜਰਾ ਨੇ ਕਿਹਾ ਕਿ ਤੀਆਂ ਕੇਵਲ ਇੱਕ ਤਿਉਹਾਰ ਨਹੀਂ, ਸਗੋਂ ਪੰਜਾਬ ਦੀਆਂ ਧੀਆਂ ਅਤੇ ਔਰਤਾਂ ਦੀਆਂ ਖੁਸ਼ੀਆਂ, ਸਨਮਾਨ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੁੜਿਆ ਤਿਉਹਾਰ ਹੈ। ਪ੍ਰੋਗਰਾਮ ਵਿੱਚ ਔਰਤਾਂ ਦਾ ਉਤਸ਼ਾਹ ਅਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਇਸ ਗੱਲ ਦਾ ਸੰਕੇਤ ਰਹੀ ਕਿ ਅਮਰਗੜ੍ਹ ਦੀਆਂ ਔਰਤਾਂ ਹੁਣ ਸਿਰਫ਼ ਤਿਉਹਾਰ ਮਨਾਉਣ ਤੱਕ ਸੀਮਤ ਨਹੀਂ, ਸਗੋਂ ਪੰਜਾਬ ਦੀ ਰਾਜਨੀਤੀ ਅਤੇ ਆਪਣੇ ਭਵਿੱਖ ਨੂੰ ਲੈ ਕੇ ਵੀ ਪੂਰੀ ਤਰ੍ਹਾਂ ਜਾਗਰੂਕ ਹਨ। ਤੀਜ ਸਮਾਗਮ ਨੇ ਇੱਕ ਵਾਰ ਫਿਰ ਇਹ ਸੰਦੇਸ਼ ਦਿੱਤਾ ਕਿ ਅਮਰਗੜ੍ਹ ਵਿੱਚ ਔਰਤਾਂ ਦੀ ਭਾਗੀਦਾਰੀ ਹੁਣ ਸਮਾਜਿਕ ਸਮਾਗਮਾਂ ਤੋਂ ਅੱਗੇ ਵਧ ਕੇ ਵਿਕਾਸ ਅਤੇ ਰਾਜਨੀਤਿਕ ਬਦਲਾਅ ਦੀ ਮਜ਼ਬੂਤ ਆਵਾਜ਼ ਬਣ ਰਹੀ ਹੈ।

## ਆਜ਼ਾਦੀ ਦਿਵਸ ਮੌਕੇ ਐੱਸ ਐੱਮ ਓ ਸਨਮਾਨਤ

**ਦਸੂਹਾ (ਕਰਨੈਲ ਮੰਗਾਣਾ)**- 80ਵੇਂ ਆਜ਼ਾਦੀ ਦਿਵਸ ਦੇ ਮੌਕੇ 'ਤੇ ਐੱਸ ਡੀ ਐੱਮ ਦਸੂਹਾ ਕਵਲਜੀਤ ਸਿੰਘ ਵੱਲੋਂ ਸਿਵਲ ਹਸਪਤਾਲ ਦਸੂਹਾ ਦੇ ਸੀਨੀਅਰ ਮੈਡੀਕਲ ਅਫਸਰ (ਐੱਸ ਐੱਮ ਓ) ਡਾ. ਮਨਮੋਹਨ ਸਿੰਘ



ਨੂੰ ਹਸਪਤਾਲ ਵਿੱਚ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸਿਹਤ ਸੇਵਾਵਾਂ ਅਤੇ ਮਰੀਜ਼ਾਂ ਦੀ ਬਿਹਤਰ ਦੇਖ ਭਾਲ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਕਵਲਜੀਤ ਸਿੰਘ ਨੇ ਡਾ. ਮਨਮੋਹਨ ਸਿੰਘ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿਵਲ ਹਸਪਤਾਲ ਦਸੂਹਾ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਡਾ. ਮਨਮੋਹਨ ਸਿੰਘ ਅਤੇ ਸਮੁੱਚੇ ਹਸਪਤਾਲ ਸਟਾਫ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਮਰਪਣ ਭਾਵਨਾ ਨਾਲ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ।

## ਸਾਲਾਨਾ ਜਾਗਰਣ ਕਰਵਾਇਆ

**ਨੂਰਮਹਿਲ (ਬਲ ਕ੍ਰਿਸ਼ਨ ਬਾਲੀ)**- ਮਾਂ ਦੁਰਗਾ ਸਲਾਨਾ ਜਾਗਰਣ ਪਿੰਡ ਭੰਡਾਲ ਹਿੰਮਤ-ਭੰਡਾਲ ਬੂਟਾ ਵੱਲੋਂ ਪਿੰਡ ਦੀ ਸਮੂਹ ਪੰਚਾਇਤ, ਐਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਮਾਤਾ ਜਵਾਲਾ ਜੀ ਦੀ ਜੋਤ ਜਵਾਲਾ ਜੀ ਮੰਦਿਰ ਤੋਂ ਲਿਆਂਦੀ ਗਈ ਜਿੱਥੇ ਹਜ਼ਾਰਾਂ ਗਿਣਤੀ ਵਿਚ ਸਮੂਹ ਭਗਤਾਂ ਨੇ ਮੱਥਾ ਟੇਕਿਆ। ਇਸ ਜਾਗਰਣ ਤੇ ਗਾਇਕ ਅਨੀਸ਼ਾ ਵਾਲੀਆ ਐਂਡ ਪਾਰਟੀ ਵੱਲੋਂ ਮਾਤਾ ਦੀਆਂ ਭੇਟਾਂ ਦਾ ਗੁਣਗਾਣ ਪੇਸ਼ ਕਰਕੇ ਹਾਜ਼ਰੀ ਲਗਾਈ। ਅੰਤ ਵਿਚ ਬੱਬੂ ਕੰਟੀਆ ਵੱਲੋਂ ਤਾਰਾ ਰਾਣੀ ਦੀ ਕਥਾ ਕੀਤੀ ਗਈ।



ਕੰਜਕਾਂ ਪੂਜਾ ਦੀ ਆਰੰਭਤਾ ਕੀਤੀ ਗਈ। ਅਖੀਰ ਵਿੱਚ ਮਾਂ ਦੁਰਗਾ ਸਲਾਨਾ ਜਾਗਰਣ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

## ਤੀਆਂ ਦਾ ਤਿਉਹਾਰ ਮਨਾਇਆ

**ਨਕੋਦਰ (ਮਨਜੀਤ ਮਾਨ)**- ਪਿੰਡ ਹੁੰਦਲ ਚੱਕਾਂ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪਿੰਡ ਦੀਆਂ ਮੁਟਿਆਰਾਂ ਤੇ ਵਿਆਹੀਆਂ ਹੋਈਆਂ ਧੀਆਂ ਨੇ ਇਸ ਮੌਕੇ



ਵਿੱਚ ਸ਼ਿਰਕਤ ਕੀਤੀ ਤੇ ਪੁਰਾਤਨ ਰਿਵਾਇਤੀ ਵਿਰਸੇ ਨੂੰ ਸੰਭਾਲਦਿਆਂ ਤੀਆਂ ਦਾ ਆਨੰਦ ਮਾਣਿਆ। ਉਨ੍ਹਾਂ ਨੇ ਪੀਘਾਂ ਝੂਟੀਆਂ, ਬੋਲੀਆਂ ਤੇ ਗਿੱਧੇ ਨਾਲ ਰੌਣਕਾਂ ਲਾਈਆਂ। ਸਮੂਹ ਨਗਰ ਨਿਵਾਸੀਆਂ ਤੇ ਨਗਰ ਪੰਚਾਇਤ ਵੱਲੋਂ ਇਸ ਸਮਾਗਮ ਦਾ ਪ੍ਰਬੰਧ ਕੀਤਾ ਗਿਆ। ਪਿੰਡ ਦੀਆਂ ਧੀਆਂ ਵੱਲੋਂ ਨਗਰ ਨਿਵਾਸੀਆਂ ਦੇ ਇਸ ਉੱਦਮ ਲਈ ਖੂਬ ਪ੍ਰਸ਼ੰਸਾ ਕੀਤੀ ਗਈ। ਇਸ ਮੇਲੇ ਵਿੱਚ ਨਗਰ ਨਿਵਾਸੀਆਂ ਨੇ ਖੂਬ ਆਨੰਦ ਮਾਣਿਆ।

# ਸੁਤੰਤਰਤਾ ਦਿਵਸ ਮੌਕੇ ਦੇਸ਼ ਭਗਤੀ ਨਾਲ ਭਰਪੂਰ ਪ੍ਰੋਗਰਾਮ ਕਰਵਾਇਆ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ



ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਸਦਕਾ ਸੁਤੰਤਰਤਾ ਦਿਵਸ ਬੜੇ ਹੀ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਰਿਟਾਇਰਡ ਪੰਜਾਬ ਹੋਮ ਗਾਰਡ ਧਰਮ ਚੰਦ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਧਰਮ ਚੰਦ ਸਿੰਘ ਵੱਲੋਂ ਪੰਜਾਬ ਹੋਮ ਗਾਰਡ ਵਿੱਚ 34 ਸਾਲ ਦੀ ਲੰਬੀ ਅਤੇ ਸਮਰਪਿਤ ਸੇਵਾ ਨਿਭਾਈ ਗਈ ਹੈ। ਸਕੂਲ ਵੱਲੋਂ ਉਨ੍ਹਾਂ ਨੂੰ ਸਨਮਾਨਤ ਕਰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦਾ ਮਾਣ ਵੀ ਪ੍ਰਦਾਨ ਕੀਤਾ ਗਿਆ। ਉਨ੍ਹਾਂ ਵੱਲੋਂ ਤਿਰੰਗਾ ਲਹਿਰਾ ਕੇ ਦੇਸ਼ ਦੀ ਆਨ-ਬਾਨ-ਸ਼ਾਨ ਨੂੰ ਸਲਾਮ ਕੀਤਾ ਗਿਆ। ਜਸਮਾਗਮ ਦੀ ਸ਼ੁਰੂਆਤ ਝੰਡਾ ਲਹਿਰਾਉਣ ਦੀ ਰਸਮ ਨਾਲ ਕੀਤੀ ਗਈ, ਜਿਸ ਉਪਰੰਤ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਦੇਸ਼ ਭਗਤੀ ਗੀਤ ਅਤੇ ਡਾਂਸ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਇੰਟਰ ਹਾਊਸ ਕੋਰੀਓਗ੍ਰਾਫੀ ਕੰਪੀਟੀਸ਼ਨ ਵੀ ਕਰਵਾਇਆ ਗਿਆ, ਜਿਸ ਦਾ ਮੁੱਖ ਵਿਸ਼ਾ ਸਮਾਜਿਕ ਸਰੋਕਾਰ ਰਿਹਾ। ਵਿਦਿਆਰਥੀਆਂ ਵੱਲੋਂ ਕੋਰੀਓਗ੍ਰਾਫੀ ਰਾਹੀਂ ਵੱਖ-ਵੱਖ ਮਹੱਤਵਪੂਰਨ ਸਮਾਜਿਕ ਮੁੱਦਿਆਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਪ੍ਰਭਾਵਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਬਾਰੇ ਸੋਚਣ ਲਈ ਵੀ ਪ੍ਰੇਰਿਤ ਕੀਤਾ। ਸਕੂਲ ਵੱਲੋਂ ਜੇਤੂ ਵਿਦਿਆਰਥੀਆਂ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ।

# ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਟਾਂਡਾ ਉੜਮੁੜ (ਜਸਵੀਰ ਕਾਜਲ)**- ਸੰਤ ਬਾਬਾ ਤਰਲੋਕ ਸਿੰਘ ਦੀ ਰਹਿਨੁਮਾਈ ਹੇਠ ਚਲਦੇ ਸੰਤ ਮਾਝਾ ਸਿੰਘ ਕਰਮਜੋਤ ਕਾਲਜ ਫਾਰ ਵੂਮੈਨ ਮਿਆਣੀ ਦੀ ਕਾਰਜਕਾਰੀ ਪ੍ਰਿੰਸੀਪਲ ਡਾ. ਸ਼ਿਵਾਨੀ ਦੀ ਅਗਵਾਈ ਹੇਠ ਕਾਲਜ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥਣਾਂ ਨੇ ਪੰਜਾਬੀ ਲੋਕ ਵਿਰਸੇ ਨਾਲ ਸਬੰਧਤ ਵੱਖ-ਵੱਖ ਮੁਕਾਬਲਿਆਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਵਿਚ ਵੱਧ-ਚੜ੍ਹ ਕੇ ਭਾਗ ਲਿਆ।ਤੀਆਂ ਦੇ ਤਿਉਹਾਰ ਮੌਕੇ ਵਿਦਿਆਰਥਣਾਂ ਲਈ ਸੇਵੀਆਂ ਵੱਟਣ, ਪਰਾਂਦਾ ਪਾਉਣ, ਫੁਲਕਾਰੀ ਕੱਢਣ ਅਤੇ ਮਹਿੰਦੀ ਲਗਾਉਣ ਆਦਿ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥਣਾਂ ਨੇ ਪੰਜਾਬ ਦੀਆਂ ਪੁਰਾਤਨ ਰਵਾਇਤਾਂ ਅਤੇ ਲੋਕ ਕਲਾਵਾਂ ਨੂੰ ਬੜੇ ਉਤਸ਼ਾਹ ਨਾਲ ਪੇਸ਼ ਕੀਤਾ।ਜ ਇਸ ਦੌਰਾਨ ਬੀ ਏ, ਬੀ ਸੀ ਏ ਤੇ ਬੀ ਕਾਮ ਦੀਆਂ ਵਿਦਿਆਰਥਣਾਂ ਵੱਲੋਂ ਗਰੁੱਪ ਡਾਂਸ ਅਤੇ ਸੋਲੋ ਡਾਂਸ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਕੋਰੀਓਗ੍ਰਾਫੀ ਦੀਆਂ ਵੱਖ-ਵੱਖ ਆਈਟਮਾਂ ਵੀ ਪੇਸ਼ ਕੀਤੀਆਂ ਗਈਆਂ। ਇਸ ਮੁਕਾਬਲੇ ਦੌਰਾਨ ਬੀ ਸੀ ਏ ਭਾਗ ਪਹਿਲਾ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੂੰ 'ਮਿਸ ਫ੍ਰੈਸ਼ਰ' ਦੇ ਖਿਤਾਬ ਨਾਲ ਨਿਵਾਜਿਆ ਗਿਆ, ਜਦਕਿ ਬੀ ਏ ਭਾਗ ਦੂਜਾ ਦੀ ਵਿਦਿਆਰਥਣ ਮਨਮੀਤ ਕੌਰ ਨੇ 'ਮਿਸ ਤੀਜ' ਦਾ ਖਿਤਾਬ ਹਾਸਲ ਕੀਤਾ।

# ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦਾ ਜਨਮ ਦਿਹਾੜਾ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ



ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਟਾਂਡਾ ਵਾਲਿਆਂ ਦੇ ਇਨਟਰਨੇਸ਼ਲ ਢਾਡੀ ਜੱਥੇ ਨੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਭਾਈ ਰਜਿੰਦਰ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੁੱਚਾ ਸਿੰਘ ਜੀ ਜਵੱਦੀ ਟਕਸਾਲ ਵਾਲਿਆਂ ਨੇ ਹੰਸਾਲੀ ਵਾਲੇ ਬਾਬਾ ਜੀ ਦੁਆਰਾ ਕੀਤੇ ਸਮਾਜ ਸੇਵੀ ਕੰਮਾਂ ਬਾਰੇ ਸੰਗਤਾਂ ਨੂੰ ਵਿਸਥਾਰ ਸਾਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਕੁਲਦੀਪ ਸਿੰਘ, ਭਾਈ ਸਰੂਪ ਸਿੰਘ, ਬਾਬਾ ਦੀਪ ਸਿੰਘ ਜੀ ਕਵੀਸ਼ਰੀ ਜੱਥਾ, ਭਾਈ ਸਾਹਿਬ ਸਿੰਘ ਜੀ, ਭਾਈ ਬਲਵਿੰਦਰ ਸਿੰਘ, ਭਾਈ ਗੁਰਸੇਵਕ ਸਿੰਘ ਜੀ ਰਾਜਪੁਰਾ, ਭਾਈ ਗੁਰਚਰਨ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਹਰਬਖਸ਼ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਨੇ ਕੀਰਤਨ, ਕਥਾ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ।

## ਅੰਤਰਰਾਸ਼ਟਰੀ ਯੁਵਕ ਦਿਵਸ ਮਨਾਇਆ

**ਮਾਹਿਲਪੁਰ (ਸਤਨਾਮ)**- ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਦੇ ਐੱਨ ਐੱਸ ਐੱਸ ਯੂਨਿਟ ਵਲੋਂ ਅੰਤਰ ਰਾਸ਼ਟਰੀ ਯੁਵਕ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਬੁਲਾਰਿਆਂ ਵਜੋਂ ਵਿਜੇ



ਬੰਬੇਲੀ, ਜੈ ਗੋਪਾਲ ਧੀਮਾਨ ਅਤੇ ਬਲਜਿੰਦਰ ਮਾਨ ਨੇ ਸ਼ਿਰਕਤ ਕੀਤੀ।ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਸਮਾਜ ਦੇ ਸੁਧਾਰ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਸ੍ਰੀ ਵਿਜੇ ਬੰਬੇਲੀ ਨੇ ਵਿਦਿਆਰਥੀਆ ਨੂੰ ਵਾਤਾਵਰਨ ਦੀ ਸਾਂਭ ਸੰਭਾਲ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਸੱਦਾ ਦਿੱਤਾ। ਇਸ ਮੌਕੇ ਜੈ ਗੋਪਾਲ ਧੀਮਾਨ ਨੇ ਵਿਦਿਆਰਥੀਆਂ ਨੂੰ ਆਪਣੇ ਹੱਕਾਂ ਅਧਿਕਾਰਾਂ ਲਈ ਲਾਮਬੰਦ ਹੋਣ ਦਾ ਸੱਦਾ ਦਿਤਾ। ਸਾਹਿਤਕਾਰ ਬਲਜਿੰਦਰ ਮਾਨ ਨੇ ਵਿਦਿਆਰਥੀਆਂ ਨੂੰ ਦੇਸ਼ ਦੇ ਭਵਿੱਖ ਦੱਸਦਿਆਂ ਕਿਹਾ ਕਿ ਅਕਾਦਮਿਕ ਸਿੱਖਿਆ ਦੇ ਨਾਲ ਨਾਲ ਵੱਧ ਤੋਂ ਵੱਧ ਅਧਿਐਨ ਕਰਨ ਅਤੇ ਸਹਿ ਗਤੀਵਿਧੀਆਂ ਵਿੱਚ ਹਿੱਸਾ ਲੈ ਕੇ ਹਿ ਵਿਦਿਆਰਥੀ ਜੀਵਨ ਦਾ ਸਰਬਪੱਖੀ ਵਿਕਾਸ ਹੋ ਸਕਦਾ ਹੈ। ਇਸ ਮੌਕੇ ਐਨ ਐਸ ਐਸ ਦੇ ਇੰਚਾਰਜ ਡਾ ਬਲਵੀਰ ਕੌਰ ਅਤੇ ਡਾ ਰਜਿੰਦਰ ਪ੍ਰਸਾਦ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ।

## 80ਵੇਂ ਆਜ਼ਾਦੀ ਦਿਹਾੜੀ ਮੌਕੇ ਕੌਮੀ ਝੰਡਾ ਲਹਿਰਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਜੇਲ੍ਹਾਂ, ਪ੍ਰਵਾਸੀ ਭਾਰਤੀ ਅਤੇ ਸੰਸਦੀ ਕਾਰਜ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਸਥਾਨਕ ਪੁਲਿਸ ਲਾਈਨ ਗਰਾਊਂਡ ਵਿਖੇ 80ਵੇਂ ਆਜ਼ਾਦੀ ਦਿਹਾੜੀ ਮੌਕੇ ਕੌਮੀ ਝੰਡਾ



ਲਹਿਰਾਉਂਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸਾਂਝੇ ਹੰਭਲੇ ਮਾਰਨੇ ਚਾਹੀਦੇ ਹਨ ਜਿਸ ਲਈ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਯਕੀਨੀ ਬਣਾਈ ਜਾਵੇਗੀ ਤਾਂ ਜੋ ਦੇਸ਼ ਦੇ ਮਹਾਨ ਸ਼ਹੀਦਾਂ ਵਲੋਂ ਸੰਜੋਏ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕੇ।ਆਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਅਤੇ ਪਰੇਡ ਦੇ ਨਿਰੀਖਣ ਉਪਰੰਤ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਵਿਚ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਰ ਖੇਤਰ ਅਤੇ ਹਰ ਵਰਗ ਲਈ ਲਾਮਿਸਾਲ ਵਿਕਾਸ ਅਤੇ ਭਲਾਈ ਦੇ ਕਾਰਜਾਂ ਨੂੰ ਅਮਲੀਜਾਮਾ ਪਹਿਨਾਇਆ ਗਿਆ ਹੈ।

# ਜੰਗਲਾਤ ਵਰਕਰਜ਼ ਯੂਨੀਅਨ ਵੱਲੋਂ ਰੈਲੀ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜੰਗਲਾਤ ਵਰਕਰਜ਼ ਯੂਨੀਅਨ ਹੁਸ਼ਿਆਰਪੁਰ ਦੇ ਪ੍ਰਧਾਨ ਸਤਨਾਮ ਸਿੰਘ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਲਏ ਫੈਸਲੇ ਮੁਤਾਬਕ ਵਣ ਵਿਭਾਗ 'ਚ ਕੰਮ ਕਰਦੇ ਵਰਕਰਾਂ ਦੀਆਂ ਜਾਇਜ਼ ਮੰਗਾਂ ਲਾਗੂ ਕਰਾਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਹਲਕਾ ਦਿੜਬਾ ਵਿਖੇ 18 ਅਗਸਤ ਨੂੰ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਹਿਯੋਗ ਨਾਲ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਗਾਇਆ ਜਾਵੇਗਾ। ਇਸ ਰੋਸ ਰੈਲੀ ਵਿੱਚ ਵਣ ਮੰਡਲ ਹੁਸ਼ਿਆਰਪੁਰ ਤੋਂ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਉਹਨਾਂ ਦੱਸਿਆ ਕਿ ਸਮੁੱਚੇ ਪੰਜਾਬ ਵਿੱਚ ਵਰਕਰਾਂ ਨੂੰ 4-5 ਮਹੀਨਿਆਂ ਤੋਂ ਲਗਾਤਾਰ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਜਿਸ ਕਰਕੇ ਗ੍ਰਹਸਤੀ ਜੀਵਨ ਚਲਾਉਣ ਵਿੱਚ ਅਨੇਕਾਂ ਪ੍ਰਕਾਰ ਦੀਆਂ ਔਂਕੜਾਂ ਆ ਰਹੀਆਂ ਹਨ। ਜਥੇਬੰਦੀ ਨੇ ਚੇਤਾਵਨੀ ਦਿੱਤੀ ਗਈ ਜੇਕਰ ਸੋਮਵਾਰ ਤੱਕ ਮੰਗ ਪੱਤਰ ਅਨੁਸਾਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 18 ਅਗਸਤ ਨੂੰ ਵਿੱਤ ਮੰਤਰੀ ਦੇ ਵਿਧਾਨ ਸਭਾ ਹਲਕਾ ਦਿੜਬਾ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਾਇਆ ਜਾਵੇਗਾ।

# 80ਵਾਂ ਸੁਤੰਤਰਤਾ ਦਿਵਸ ਦੇਸ਼-ਭਗਤੀ ਦੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ

**ਜਲੰਧਰ (ਨ ਜ਼ ਸ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਜਲੰਧਰ ਵਿਖੇ 80ਵਾਂ ਸੁਤੰਤਰਤਾ ਦਿਵਸ ਦੇਸ਼-ਭਗਤੀ ਦੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਇਸ ਇਤਿਹਾਸਕ ਮੌਕੇ 'ਤੇ ਅਧਿਆਪਕਾਂ, ਸਟਾਫ ਅਤੇ ਵਿਦਿਆਰਥੀਆਂ ਦੇ ਇਕੱਠੇ ਹੋਣ ਨਾਲ ਕੈਂਪਸ ਦੇਸ਼-ਭਗਤੀ ਅਤੇ ਰਾਸ਼ਟਰੀ ਮਾਣ ਦੀ ਭਾਵਨਾ ਨਾਲ ਗੂੰਜ ਉੱਠਿਆ। ਜੀ ਐੱਨ ਡੀ ਯੂ ਕਾਲਜ ਜਲੰਧਰ ਦੇ ਓ.ਐਸ.ਡੀ. ਪ੍ਰੋਫੈਸਰ ਡਾ. ਨਵਜੋਤ ਨੇ ਅਧਿਆਪਕਾਂ, ਸਟਾਫ ਅਤੇ ਵਿਦਿਆਰਥੀਆਂ ਦੀ ਮੌਜੂਦਗੀ ਵਿੱਚ ਰਾਸ਼ਟਰੀ ਝੰਡਾ ਲਹਿਰਾਇਆ। ਤਿਰੰਗਾ ਲਹਿਰਾਏ ਜਾਣ ਸਮੇਂ ਸਭ ਨੇ ਪੂਰੇ ਸਤਿਕਾਰ ਨਾਲ ਖੜ੍ਹ ਕੇ ਰਾਸ਼ਟਰੀ ਗੀਤ ਗਾਇਆ। ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰੋਫੈਸਰ ਡਾ. ਨਵਜੋਤ ਨੇ ਸਾਰਿਆਂ ਨੂੰ ਸੁਤੰਤਰਤਾ ਦਿਵਸ ਦੀਆਂ ਨਿੱਘੀਆਂ ਵਧਾਈਆਂ ਦਿੱਤੀਆਂ ਅਤੇ ਆਜ਼ਾਦੀ, ਏਕਤਾ, ਅਨੁਸ਼ਾਸਨ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰਾਸ਼ਟਰ-ਨਿਰਮਾਣ ਵਿੱਚ ਸਕਾਰਾਤਮਕ ਯੋਗਦਾਨ ਪਾਉਣ ਅਤੇ ਲੋਕਤੰਤਰ, ਸਮਾਨਤਾ ਤੇ ਆਪਸੀ ਸਦਭਾਵਨਾ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਉਤਸ਼ਾਹਿਤ ਕੀਤਾ। ਇਹ ਸਮਾਗਮ ਜੀ ਐੱਨ ਡੀ ਯੂ ਕਾਲਜ ਪਰਿਵਾਰ ਦੀ ਉਨ੍ਹਾਂ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਸੀ ਜੋ ਇੱਕ ਮਜ਼ਬੂਤ ਅਤੇ ਪ੍ਰਗਤੀਸ਼ੀਲ ਭਾਰਤ ਦੀ ਨੀਂਹ ਰੱਖਦੇ ਹਨ। ਪ੍ਰੋਗਰਾਮ ਦੀ ਸਮਾਪਤੀ ਦੇਸ਼-ਭਗਤੀ ਦੇ ਜੋਸ਼ ਅਤੇ ਰਾਸ਼ਟਰ ਦੇ ਵਿਕਾਸ ਤੇ ਤਰੱਕੀ ਵਿੱਚ ਯੋਗਦਾਨ ਪਾਉਣ ਦੇ ਨਵੇਂ ਸੰਕਲਪ ਨਾਲ ਹੋਈ।

# ਪਰਾਧੀਨਤਾ ਦਾ ਅੰਤ, ਬੇਗਮਪੁਰੇ ਦਾ ਸੰਕਲਪ ਯਾਤਰਾ ਹੁਸ਼ਿਆਰਪੁਰ ਪਹੁੰਚਣ 'ਤੇ ਭਰਵਾਂ ਸਵਾਗਤ



**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰੇ ਦਾ ਸੰਕਲਪ' ਗੁਰੂ ਰਵਿਦਾਸ ਸਨਮਾਨ ਯਾਤਰਾ ਵੱਖ ਵੱਖ ਵਿਧਾਨ ਸਭਾ ਹਲਕਿਆਂ, ਸ਼ਹਿਰਾਂ ਤੋਂ ਹੁੰਦੀ ਹੋਈ ਹੁਸ਼ਿਆਰਪੁਰ ਪਹੁੰਚੀ ਜਿਥੇ ਸ੍ਰੀ ਗੁਰੂ ਰਵਿਦਾਸ ਮੰਦਿਰ ਅਸਲਾਮਾਬਾਦ ਵਿਖੇ ਭਾਰੀ ਗਿਣਤੀ ਵਿੱਚ ਹਾਜ਼ਰ ਇਲਾਕੇ ਦੀਆਂ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਅਤੇ ਸਿਰੋਪੇ ਭੇਟ ਕਰਕੇ ਨਿੱਘਾ ਤੇ ਭਰਪੂਰ ਸਵਾਗਤ ਕੀਤਾ।ਡਾ. ਕਰੀਮਪੁਰੀ ਨੇ ਕਿਹਾ ਇਤਿਹਾਸਕ ਸ੍ਰੀ ਗੁਰੂ ਰਵਿਦਾਸ ਮੰਦਿਰ ਤੁਗਲਕਾਬਾਦ ਦਿੱਲੀ ਤੋਂ ਸ਼ੁਰੂ ਹੋਈ 'ਪ੍ਰਾਧੀਨਤਾ ਦਾ ਅੰਤ ਬੇਗਮਪੁਰੇ ਦਾ ਸੰਕਲਪ' ਯਾਤਰਾ ਪੰਜਾਬ ਅੰਦਰ 2027 ਵਿੱਚ ਬੇਗਮਪੁਰੇ ਦੀ ਸਰਕਾਰ ਬਣਾਉਣ ਲਈ ਮੀਲ ਪੱਥਰ ਸਾਬਿਤ ਹੋਵੇਗੀ। ਉਨਾਂ ਕਿਹਾ ਸੰਗਤਾਂ ਦਾ ਉਮੜਿਆ ਜਨ ਸੈਲਾਬ ਨੇ ਸ੍ਰੀ ਗੁਰੂ ਰਵਿਦਾਸ ਜੀ ਦੀ ਚਰਨ ਛੋਹ ਪ੍ਰਾਪਤ ਮਿੱਟੀ ਦੇ ਦਰਸ਼ਨ ਕਰਕੇ ਸੰਕਲਪ ਲਿਆ ਕਿ 'ਕਸਮ ਮਿੱਟੀ ਦੀ ਖਾਂਦੇ ਹਾਂ ਗੁਰੂ ਘਰ ਉਥੇ ਹੀ ਬਣਾਵਾਗੇ'। ਕਰੀਮਪੁਰੀ ਨੇ ਕਿਹਾ 2027 ਵਿੱਚ ਗੁਰੂ ਸਾਹਿਬ ਅਤੇ ਸੰਗਤਾਂ ਆਸਰੀਵਾਦ ਦੇਣ ਬੇਗਮਪੁਰੇ ਦੇ ਆਸੇ ਦਾ ਰਾਜ ਲਿਆ ਕੇ ਭਾਜਪਾ ਤੇ ਆਪ ਵਲੋਂ ਤੋੜਿਆ ਤੁਗਲਕਾਬਾਦ ਗੁਰੂ ਘਰ ਉਥੇ ਹੀ ਬਣਾਵਾਂਗੇ। ਇਸ ਮੌਕੇ ਪਰਜਾਪਤੀ ਅਜੀਤ ਸਿੰਘ ਭੈਣੀ ਸਟੇਟ ਕੁਆਡੀਨੇਟਰ, ਠੇਕੇਦਾਰ ਹਰਭਜਨ ਸਿੰਘ ਬਜਹੇੜੀ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਚੋਧਰੀ ਗੁਰਨਾਮ ਸਿੰਘ ਜੋਨ ਇੰਚਾਰਜ ਪੰਜਾਬ, ਇੰਜੀ.ਜਸਵੰਤ ਰਾਏ ਦਫਤਰ ਇੰਚਾਰਜ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜਿਲਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਚੱਬੇਵਾਲ, ਮਦਨ ਸਿੰਘ ਬੈਂਸ ਇੰਚਾਰਜ ਹੁਸ਼ਿਆਰਪੁਰ, ਸੋਮ ਨਾਥ ਬੈਂਸ, ਯਸ਼ ਭੱਟੀ ਪ੍ਰਧਾਨ ਚੱਬੇਵਾਲ, ਇੰਜੀ.ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਸਰਪੰਚ ਬਲਵੀਰ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ, ਬੀ ਆਰ ਬੱਧਣ ਮੈਨੇਜਰ, ਮੁੱਖੀ ਰਾਮ ਰੱਲ ਕੌਂਸਲਰ, ਹਰਜੀਤ ਲਾਡੀ, ਪਾਲੀ ਬੇਗਮਪੁਰੀਆ, ਐਡਵੋਕੇਟ ਧਰਮਿੰਦਰ ਦਾਦਰਾ, ਇੰਜੀ. ਸੱਤਪਾਲ ਭਾਰਦਵਾਜ, ਇੰਜੀ. ਇੰਦਰ ਜੀਤ ਬੱਧਣ, ਪ੍ਰੋਫੈਸਰ ਮੇਜਰ ਸਿੰਘ, ਲੈਕਚਰਾਰ ਲਖਵਿੰਦਰ ਰਾਮ, ਡਾ. ਸੁਰਿੰਦਰ ਕੁਮਾਰ, ਕਸ਼ਮੀਰ ਲੱਧੜ, ਲੈਕਚਰਾਰ ਪੂਰਨ ਸਿੰਘ, ਹੈੱਡ ਮਾਸਟਰ ਸੁਰਿੰਦਰ ਕੁਮਾਰ, ਡਾ. ਚਰਨਜੀਤ ਸਿੰਘ, ਬਲਵਿੰਦਰ ਕੁਮਾਰ, ਬੀਬੀ ਮਹਿੰਦਰ ਕੌਰ, ਦਰਸ਼ਨਾਂ ਦੇਵੀ ਰੇਖਾ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਏ ਐਸ ਆਈ ਨਿਯੁਕਤ ਹੋਣ 'ਤੇ ਤਰੱਕੀ ਦੇ ਲਗਾਏ ਸਟਾਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਜੇਕਰ ਇਨਸਾਨ ਚ ਆਪਣੀ ਜ਼ਿੰਦਗੀ ਵਿੱਚ ਕਿਸੇ ਮੁਕਾਮ ਨੂੰ ਹਾਸਲ ਕਰਨਾ ਜਜ਼ਬਾ ਹੋਵੇ ਤਾਂ ਉਹ ਆਪਣੀ ਮਿਹਨਤ ਦੇ ਸਹਾਰੇ ਆਖਰ ਇੱਕ ਨਾ ਇਕ ਦਿਨ ਆਪਣੇ ਮੁਕਾਮ ਨੂੰ ਹਾਸਲ ਕਰ ਹੀ ਲੈਂਦਾ ਹੈ।ਜਿਸ ਨਾਲ ਉਸ ਨੂੰ ਆਪਣੀ ਕੀਤੀ ਮਿਹਨਤ ਤੇ ਬੜਾ ਮਾਣ ਮਹਿਸੂਸ ਹੁੰਦਾ ਹੈ। ਇਹ



ਵਿਚਾਰ ਸਿਟੀ ਪੁਲਸ ਥਾਣਾ ਮੋਰਿੰਡਾ ਦੇ ਇੰਚਾਰਜ ਇੰਸਪੈਕਟਰ ਗਗਨਦੀਪ ਸਿੰਘ ਨੇ ਆਪਣੇ ਥਾਣੇ ਦੇ ਇੱਕ ਹੌਲਦਾਰ ਏ ਐਸ ਆਈ ਨਿਯੁਕਤ ਹੋਣ ਤੇ ਯੁਵਰਾਜ ਸ਼ਰਮਾ ਦੇ ਮੋਢਿਆਂ ਤੇ ਸਟਾਰ ਲਗਾਉਂਦਿਆਂ ਪ੍ਰਗਟ ਕੀਤੇ। ਇਸ ਮੌਕੇ ਉਹਨਾਂ ਕਿਹਾ ਕਿ ਐੱਸ ਐੱਸ ਪੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੁਵਰਾਜ ਸ਼ਰਮਾ ਨੂੰ ਹੈਡ ਕਾਂਸਟੇਬਲ ਤੋਂ ਏ ਐਸ ਆਈ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਏ ਐਸ ਆਈ ਅੰਗਰੇਜ਼ ਸਿੰਘ, ਏ ਐਸ ਆਈ ਵਿਸ਼ਾਲ ਕੁਮਾਰ, ਹੈਡ ਮੁਣਸ਼ੀ ਰਵਿੰਦਰ ਸਿੰਘ ਅਤੇ ਹੈਡ ਕਾਂਸਟੇਬਲ ਪ੍ਰਿਤਪਾਲ ਸਿੰਘ ਸਮੇਤ ਹੋਰ ਵੀ ਮੁਲਾਜ਼ਮ ਹਾਜ਼ਰ ਸਨ।



ਸ਼ਹਿਰ ਦੇ ਕਾਈਨੌਰ ਚੌਕ (ਲਾਈਟਾਂ ਵਾਲਾ ਚੌਕ) ਵਿੱਚ ਨੌਜਵਾਨਾਂ ਵੱਲੋਂ ਸਾਵਣ ਦੇ ਪਵਿੱਤਰ ਮਹੀਨੇ ਦੀ ਖੁਸ਼ੀ ਵਿੱਚ ਕੜੀ ਚਾਵਲ ਅਤੇ ਲੱਸੀ ਦਾ ਅਟੁੱਟ ਲੰਗਰ ਚਲਾਇਆ ਗਿਆ। ਇਸ ਮੌਕੇ ਗਗਨ ਅਰੋੜਾ ਗੋਲਡੀ, ਦੀਪਕ ਚਾਵਲਾ ਸੋਨੂੰ, ਮਲਕੀਤ ਸਿੰਘ, ਸਨੂੰ ਦੱਤ, ਰਿਸ਼ੂ ਸੂਦ, ਗਗਨ ਵਰਮਾ, ਗਿਆਨ ਸਿੰਘ, ਰਾਮਕ੍ਰਿਸ਼ਨ, ਸੈਂਪੀ, ਸਤੀਸ਼ ਅਰੋੜਾ, ਵਿਜੇ ਮਾਲੜਾ ਯੂ ਕੇ,ਸਮਰਥ ਅਰੋੜਾ, ਵੱਲੋਂ ਲੰਗਰ ਵਿੱਚ ਸੇਵਾ ਨਿਭਾਈ ਗਈ। (ਫੋਟੋ ਅਤੇ ਵੇਰਵਾ: ਨਿਹਾਲ ਸਿੰਘ ਕਲਸੀ ਮੋਰਿੰਡਾ)

# ਵਿਧਾਇਕ ਵੱਲੋਂ ਅਮਨਦੀਪ ਸਿੰਘ ਮਾਂਗਟ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਆਮ ਆਦਮੀ ਪਾਰਟੀ ਵੱਲੋਂ ਨਗਰ ਕੌਂਸਲ ਸ੍ਰੀ ਚਮਕੌਰ ਸਾਹਿਬ ਦੇ ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ ਨੂੰ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਸੰਗਠਨ ਇੰਚਾਰਜ ਨਿਯੁਕਤ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਸ੍ਰੀ ਚਮਕੌਰ ਸਾਹਿਬ ਦੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੇ ਅਮਨਦੀਪ ਸਿੰਘ ਮਾਂਗਟ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਡਾਕਟਰ ਚਰਨਜੀਤ ਸਿੰਘ ਨੇ ਆਪਣੀ ਹਾਈ ਕਮਾਨ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਮਨਦੀਪ ਸਿੰਘ ਮਾਂਗਟ ਨੂੰ ਪਾਰਟੀ ਵੱਲੋਂ ਦਿੱਤੀ ਗਈ ਵੱਡੀ ਜਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਯੋਗਦਾਨ ਪਾਉਣਗੇ। ਇਸ ਮੌਕੇ 'ਤੇ ਅਮਨਦੀਪ ਸਿੰਘ ਮਾਂਗਟ ਨੇ ਪਾਰਟੀ ਵੱਲੋਂ ਸਨਮਾਨ ਦੇਣ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਤੇ ਪੰਜਾਬ ਯੂਥ ਵਾਈਸ ਪ੍ਰਧਾਨ ਵੀਰ ਦਵਿੰਦਰ ਸਿੰਘ ਬੱਲਾ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਹੋਰਨਾਂ ਤੋਂ ਇਲਾਵਾ ਪ੍ਰੋਫੈਸਰ ਬੀਰ ਦਵਿੰਦਰ ਸਿੰਘ ਬੱਲਾਂ, ਨਵਦੀਪ ਸਿੰਘ ਟੋਨੀ,ਪ੍ਰਧਾਨ ਅਤੇ ਸੀਨੀਅਰ ਆਪ ਆਗੂ ਜਗਪਾਲ ਸਿੰਘ ਜੌਲੀ,ਹਰਜਿੰਦਰ ਸਿੰਘ ਛਿੱਬਰ ਅਮ੍ਰਿਤਪਾਲ ਸਿੰਘ ਖੱਟੜਾ,ਦਵਿੰਦਰ ਸਿੰਘ, ਚੇਅਰਮੈਨ ਸਿਕੰਦਰ ਸਿੰਘ ਸਹੇੜੀ, ਜਗਤਾਰ ਸਿੰਘ ਸਹੇੜੀ, ਤੇਜਿੰਦਰ ਸਿੰਘ ਬਿੱਲੂ ਸਾਬਕਾ ਸਰਪੰਚ ਕਲਾਰਾਂ, ਮਹਿਲਾ ਵਿੰਗ ਦੀ ਪ੍ਰਧਾਨ ਅੰਮ੍ਰਿਤਪਾਲ ਕੌਰ ਨਾਗਰਾ, ਚੇਅਰਮੈਨ ਮਨਜੀਤ ਕੌਰ, ਚੇਅਰਮੈਨ ਅਮਰੀਕ ਸਿੰਘ ਸਮੇਤ ਹੋਰ ਵੀ ਵਲੰਟੀਅਰ ਆਦਿ ਹਾਜ਼ਰ ਸਨ।

# ਸਮਾਜ ਸੇਵਾ ਦੀ ਮਿਸਾਲ ਬਣ ਚੁੱਕੇ ਹਨ ਲਾਇਨ ਗੁਰਦੀਪ ਸਿੰਘ ਕੰਗ : ਚੱਬੇਵਾਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਫਗਵਾੜਾ ਦੀ ਸੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਲਾਇਨਜ ਕਲੱਬ ਫਗਵਾੜਾ ਪ੍ਰਾਈਡ ਵਲੋਂ ਭਾਰਤ ਦੇ 80ਵੇਂ ਸੁਤੰਤਰਤਾ ਦਿਵਸ ਮੌਕੇ 99ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕਲੱਬ ਦੇ ਚਾਰਟਰ ਪ੍ਰਧਾਨ ਅਤੇ ਡਿਸਟ੍ਰਿਕਟ ਚੇਅਰਮੈਨ (ਯੂਥ) ਲਾਇਨ ਗੁਰਦੀਪ ਸਿੰਘ ਕੰਗ ਐੱਮ ਜੇ ਐੱਫ ਦੀ ਅਗਵਾਈ ਹੇਠ ਕੰਗ ਇੰਟਰਪ੍ਰਾਈਜ਼ਿਜ ਸੈਂਟਰਲ ਟਾਊਨ ਫਗਵਾੜਾ ਵਿਖੇ ਆਯੋਜਿਤ ਕੀਤਾ ਗਿਆ।



ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਡਾ. ਰਾਜਕੁਮਾਰ ਚੱਬੇਵਾਲ ਮੈਂਬਰ ਲੋਕਸਭਾ ਅਤੇ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਵਿਧਾਨ ਸਭਾ ਫਗਵਾੜਾ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਡਿਪਟੀ ਮੇਅਰ ਵਿੱਕੀ ਸੂਦ, ਐਂਟੀ ਕੁਰੱਪਸ਼ਨ ਫੋਰਮ ਦੇ ਸਾਬਕਾ ਜਿਲ੍ਹਾ ਪ੍ਰਧਾਨ ਚੰਦਰ ਸ਼ੇਖਰ ਖੁੱਲਰ, ਸਮਾਜ ਸੇਵਕ ਬੱਬੂ ਮਨੀਲਾ, ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਮਚਲ ਅਤੇ ਸਰਪ੍ਰਸਤ ਲਾਇਨ ਐਸ.ਪੀ. ਬਸਰਾ ਸ਼ਾਮਲ ਹੋਏ। ਡਾ. ਰਾਜਕੁਮਾਰ ਚੱਬੇਵਾਲ ਨੇ 25 ਲੋੜਵੰਦ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸਮੂਹ ਹਾਜਰੀਨ ਨੂੰ ਆਜਾਦੀ ਦਿਵਸ ਦੀਆਂ ਸ਼ੁੱਭ ਇੱਛਾਵਾਂ ਦੇਣ ਉਪਰੰਤ ਕਿਹਾ ਕਿ ਲਾਇਨ ਗੁਰਦੀਪ ਸਿੰਘ ਕੰਗ ਵਲੋਂ ਆਯੋਜਿਤ ਇਸ ਸਮਾਗਮ 'ਚ ਸ਼ਾਮਲ ਹੋ ਕੇ ਉਹਨਾਂ ਨੂੰ ਬੜੀ ਖੁਸ਼ੀ ਮਹਿਸੂਸ ਹੋ ਰਹੀ ਹੈ ਕਿਉਂਕਿ ਉਹ ਸਮਾਜ ਸੇਵਾ ਦੇ ਖੇਤਰ ਵਿੱਚ ਇੱਕ ਮਿਸਾਲ ਬਣ ਚੁੱਕੇ ਹਨ। ਇਸ ਮੌਕੇ ਲਾਇਨਜ ਕਲੱਬ ਫਗਵਾੜਾ ਪ੍ਰਾਈਡ ਦੇ ਕੈਸ਼ੀਅਰ ਲਾਇਨ ਸਤਵਿੰਦਰ ਸਿੰਘ ਭਮਰਾ, ਪੀ ਆਰ ਓ. ਲਾਇਨ ਵਰੁਣ ਵਧਵਾ ਤੋਂ ਇਲਾਵਾ ਲਾਇਨ ਵਿਪਨ ਸ਼ਰਮਾ, ਲਾਇਨ ਜਤਿੰਦਰ ਸਹਿਦੇਵ, ਲਾਇਨ ਗੌਰਵ ਕਪੂਰ, ਲਾਇਨ ਪਵਨ ਕੁਮਾਰ, ਲਾਇਨ ਸ਼ੁਭਮ ਕਲੂਚਾ, ਪਵਨ ਕਲੂਚਾ, ਲਾਇਨ ਵਿਜੇ ਕੁਮਾਰ, ਲਾਇਨ ਵਿਨੇ ਕੁਮਾਰ ਬਿੱਟੂ, ਲਾਇਨ ਸਤਵਿੰਦਰ ਜਸਵਾਲ, ਲਾਇਨ ਸ਼ਾਮ ਸੁੰਦਰ ਅਰੋੜਾ, ਮਨੀਸ਼ ਕਨੌਂਜੀਆ, ਪ੍ਰਮੋਦ ਜੋਸ਼ੀ, ਸਤੀਸ਼ ਬੱਗਾ, ਮਾਸਟਰ ਵਰਿੰਦਰ ਸਿੰਘ ਕੰਬੋਜ, ਹਰਵਿੰਦਰ ਸਿੰਘ ਸਿੱਧੂ, ਚੇਤਨ ਅਰੋੜਾ, ਸਤਪਾਲ ਅਤੇ ਅਮਰਜੀਤ ਬਘਾਣਾ ਆਦਿ ਹਾਜ਼ਰ ਸਨ।


